12-SEP-PAGE-1.qxd 9/11/2023 10:28 PM Page 1


ਮੰਗਲਵਾਰ, 12 ਸਤੰਬਰ, 2023

27 ਭਾਦੋਂ { ਨਾਨਕਸ਼ਾਹੀ 555, ਬਿਕਰਮੀ 2080

ਜਿਲਦ/VOL. : 72

ਅੰਕ/NO. : 102

# ਨਵਾਂ ਜ਼ਮਾਨਾ

DAILY NAWAN ZAMANA • TUESDAY, 12 SEPTEMBER, 2023

ਜਲੰਧਰ

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12



**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV


### ਟੂਰਿਜ਼ਮ ਸੰਮੇਲਨ ਤੇ ਟਰੈਵਲ ਮਾਰਟ ਦਾ ਸ਼ਾਨਦਾਰ ਆਗਾਜ਼

# ਪੰਜਾਬ ਨੂੰ ਰੰਗਲਾ ਬਣਾਉਣ ਲਈ ਭਗਵੰਤ ਮਾਨ ਦਾ ਵੱਡਾ ਹੰਭਲਾ

## ਫ਼ਿਰੋਜ਼ਪੁਰ 'ਚ ਸਾਰਾਗੜ੍ਹੀ ਯਾਦਗਾਰ ਨੂੰ ਮੁਕੰਮਲ ਕਰਨ ਤੇ ਅੰਮ੍ਰਿਤਸਰ 'ਚ ਸੈਲੀਬ੍ਰੇਸ਼ਨ ਡੈਸਟੀਨੇਸ਼ਨ ਸਥਾਪਤ ਕਰਨ ਦਾ ਕੀਤਾ ਐਲਾਨ




ਪਹਿਲੇ ਟੂਰਿਜ਼ਮ ਸੰਮੇਲਨ ਤੇ ਟਰੈਵਲ ਮਾਰਟ ਦੇ ਉਦਘਾਟਨੀ ਸਮਾਰੋਹ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਦਾ ਮੰਨਣਾ ਹੈ

**ਮੋਹਾਲੀ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਸੂਬੇ ਦੇ ਲੋਕਾਂ ਦੀ ਮਿਸ਼ਨਰੀ ਭਾਵਨਾ ਨਾਲ ਸੇਵਾ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਨੂੰ ਆਲਮੀ ਸੈਰ-ਸਪਾਟਾ ਸਥਾਨ ਵਜੋਂ ਵਿਕਸਤ ਕਰਨ ਦਾ ਐਲਾਨ ਕੀਤਾ ਹੈ। ਇਥੇ ਐਮਿਟੀ ਯੂਨੀਵਰਸਿਟੀ 'ਚ ਕਿ ਸਰਕਾਰਾਂ ਆਉਂਦੀਆਂ-ਜਾਂਦੀਆਂ ਰਹਿੰਦੀਆਂ ਹਨ, ਪਰ ਲੋਕਾਂ ਦੀ ਭਲਾਈ ਲਈ ਸ਼ੁਰੂ ਕੀਤੇ ਕੰਮਾਂ ਨੂੰ ਸਭ ਤੋਂ ਵੱਧ ਤਰਜੀਹ ਜ਼ਰੂਰ ਮਿਲੇ ਤਾਂ ਕਿ ਤੁਹਾਨੂੰ ਲੋਕਾਂ ਦੀਆਂ ਦੁਆਵਾਂ ਤੇ ਸ਼ੁੱਭ ਇੱਛਾਵਾਂ ਮਿਲਣ। ਭਗਵੰਤ ਮਾਨ ਨੇ ਕਿਹਾ ਕਿ ਉਹ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰ ਕੇ ਉਨ੍ਹਾਂ ਦੇ ਹੱਥਾਂ 'ਚ ਟਿਫ਼ਨ

● ਬਾਕੀ ਸਫ਼ਾ 2 'ਤੇ

## ਨਿਤਿਸ਼ ਵੱਲੋਂ ਚੌਟਾਲਿਆਂ ਤੇ ਅਕਾਲੀਆਂ ਨੂੰ ਗੰਢਣ ਦੇ ਯਤਨ

**ਕੈਥਲ** : ਆਮ ਚੋਣਾਂ ਤੋਂ ਪਹਿਲਾਂ ਆਪਣੇ ਖੇਮੇ ਨੂੰ ਮਜ਼ਬੂਤ ਕਰਨ 'ਚ ਲੱਗੇ ਆਪੋਜ਼ੀਸ਼ਨ ਪਾਰਟੀਆਂ ਦੇ ਗੱਠਜੋੜ 'ਇੰਡੀਆ' ਦੇ ਸੂਤਰਧਾਰ ਤੇ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਅਕਾਲੀਆਂ ਤੇ ਚੌਟਾਲਿਆਂ ਨੂੰ ਆਪਣੇ ਨਾਲ ਰਲਾਉਣ ਦੇ ਜਤਨ ਤੇਜ਼ ਕਰ ਦਿੱਤੇ ਹਨ। ਸਾਬਕਾ ਉਪ ਪ੍ਰਧਾਨ ਮੰਤਰੀ ਤਾਊ ਦੇਵੀ ਲਾਲ ਦੀ ਜੈਯੰਤੀ 'ਤੇ 25 ਸਤੰਬਰ ਨੂੰ ਹਰਿਆਣਾ ਦੇ ਕੈਥਲ ਜ਼ਿਲ੍ਹੇ 'ਚ ਹੋਣ ਜਾ ਰਹੀ ਸਨਮਾਨ ਰੈਲੀ 'ਚ 'ਇੰਡੀਆ' ਦੇ ਕਈ ਦਲ ਸ਼ਾਮਲ ਹੋਣਗੇ। ਅਕਾਲੀ ਦਲ ਦੇ ਪ੍ਰਧਾਨ

● ਬਾਕੀ ਸਫ਼ਾ 2 'ਤੇ

## ਗੋਧਰਾ ਕਾਂਡ ਦੁਹਰਾਇਆ ਜਾ ਸਕਦੈ : ਊਧਵ ਠਾਕਰੇ

**ਜਲਗਾਓਂ** : ਸ਼ਿਵ ਸੈਨਾ (ਊਧਵ ਬਾਲਾਸਾਹਿਬ ਠਾਕਰੇ) ਦੇ ਪ੍ਰਧਾਨ ਤੇ ਮਹਾਰਾਸ਼ਟਰ ਦੇ ਸਾਬਕਾ ਮੁੱਖ ਮੰਤਰੀ ਊਧਵ ਠਾਕਰੇ ਨੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਖ਼ਬਰਦਾਰ ਕੀਤਾ ਕਿ 2024 ਵਿਚ ਲੋਕ ਸਭਾ ਚੋਣਾਂ ਦੇ ਮੌਕੇ ਅਯੁੱਧਿਆ 'ਚ ਰਾਮ ਮੰਦਰ ਦੇ ਉਦਘਾਟਨ ਤੋਂ ਬਾਅਦ ਸਿਆਸੀ ਲਾਹਾ ਲੈਣ ਲਈ ਗੋਧਰਾ ਕਾਂਡ ਵਰਗੇ ਦੰਗੇ ਭੜਕਾਏ ਜਾ ਸਕਦੇ ਹਨ। ਚੇਤੇ ਰਹੇ ਅਯੁੱਧਿਆ ਵਿਚ ਵਿਵਾਦਤ ਢਾਂਚੇ ਨੂੰ ਢਾਹੁਣ ਤੋਂ ਬਾਅਦ ਸਾਬਰਮਤੀ ਐੱਕਸਪ੍ਰੈੱਸ ਰਾਹੀਂ ਪਰਤ ਰਹੇ ਕਾਰ ਸੇਵਕਾਂ ਦੇ ਡੱਬੇ ਨੂੰ 27 ਫਰਵਰੀ 2002 ਨੂੰ ਗੁਜਰਾਤ ਦੇ ਗੋਧਰਾ ਸਟੇਸ਼ਨ 'ਤੇ ਹਮਲਾ ਕਰਕੇ ਅੱਗ ਲਾ ਦਿੱਤੀ ਗਈ ਸੀ, ਜਿਸ ਵਿਚ 59 ਕਾਰ ਸੇਵਕ ਮਾਰੇ ਗਏ ਸਨ। ਉਸ

● ਬਾਕੀ ਸਫ਼ਾ 2 'ਤੇ

## ਅਸੰਬਲੀ ਚੋਣਾਂ ਟਾਲਣ ਦੀ ਸਾਜ਼ਿਸ਼ : ਪ੍ਰਸ਼ਾਂਤ ਭੂਸ਼ਣ

**ਬੇਂਗਲੁਰੂ** : ਸੁਪਰੀਮ ਕੋਰਟ ਦੇ ਉੱਘੇ ਵਕੀਲ ਅਤੇ ਮਨੁੱਖੀ ਅਧਿਕਾਰ ਕਾਰਕੁਨ ਪ੍ਰਸ਼ਾਂਤ ਭੂਸ਼ਣ ਨੇ ਸੋਮਵਾਰ ਦੋਸ਼ ਲਾਇਆ ਕਿ ਕੇਂਦਰ ਸਰਕਾਰ ਪੰਜ ਰਾਜਾਂ 'ਚ ਹੋਣ ਵਾਲੀਆਂ ਅਸੰਬਲੀ ਚੋਣਾਂ ਨੂੰ ਮੁਲਤਵੀ ਕਰਨ ਦੇ ਇਰਾਦੇ ਨਾਲ 'ਇੱਕ ਦੇਸ਼-ਇੱਕ ਚੋਣ' ਦਾ ਪ੍ਰਚਾਰ ਕਰ ਰਹੀ ਹੈ। ਮੱਧ ਪ੍ਰਦੇਸ਼, ਰਾਜਸਥਾਨ, ਛੱਤੀਸਗੜ੍ਹ, ਤਿਲੰਗਾਨਾ ਅਤੇ ਮਿਜ਼ੋਰਮ 'ਚ ਇਸ ਸਾਲ ਦੇ ਅੰਤ 'ਚ ਅਸੰਬਲੀ ਚੋਣਾਂ ਹੋਣੀਆਂ ਹਨ। ਭੂਸ਼ਣ ਨੇ ਇਥੇ ਪੱਤਰਕਾਰਾਂ ਨੂੰ ਕਿਹਾ- ਭਾਰਤ ਵਰਗੇ ਸੰਸਦੀ ਲੋਕਤੰਤਰ 'ਚ 'ਇੱਕ ਦੇਸ਼, ਇੱਕ ਚੋਣ' ਨੂੰ ਲਾਗੂ ਨਹੀਂ ਕੀਤਾ ਜਾ ਸਕਦਾ, ਕਿਉਂਕਿ ਸਾਡੇ ਦੇਸ਼ 'ਚ ਸਰਕਾਰ ਆਪਣੇ ਕਾਰਜਕਾਲ ਦੇ ਅੱਧ

● ਬਾਕੀ ਸਫ਼ਾ 2 'ਤੇ

## ਦੀਵਾਲੀ ਤੋਂ ਪਹਿਲਾਂ ਕੇਜਰੀਵਾਲ ਵੱਲੋਂ ਪਟਾਕਿਆਂ 'ਤੇ ਪਾਬੰਦੀ

**ਨਵੀਂ ਦਿੱਲੀ** : ਦਿੱਲੀ ਸਰਕਾਰ ਨੇ ਦੀਵਾਲੀ ਤੋਂ ਪਹਿਲਾਂ ਰਾਜਧਾਨੀ 'ਚ ਪਟਾਕਿਆਂ 'ਤੇ ਪਾਬੰਦੀ ਲਾ ਦਿੱਤੀ ਹੈ। ਸਰਕਾਰ ਨੇ ਪਟਾਕਿਆਂ ਦੇ ਉਤਪਾਦਨ, ਵਿਕਰੀ, ਸਟੋਰ ਕਰਨ 'ਤੇ ਰੋਕ ਲਾ ਦਿੱਤੀ ਹੈ। ਅਰਵਿੰਦ ਕੇਜਰੀਵਾਲ ਸਰਕਾਰ ਨੇ ਸਰਦੀਆਂ 'ਚ ਹੋਣ ਵਾਲੇ ਪ੍ਰਦੂਸ਼ਣ ਦਾ ਹਵਾਲਾ ਦੇ ਕੇ ਇਹ ਫੈਸਲਾ ਕੀਤਾ ਹੈ। ਪਿਛਲੇ ਸਾਲ ਵੀ ਦਿੱਲੀ ਸਰਕਾਰ ਨੇ ਪਟਾਕਿਆਂ 'ਤੇ ਪਾਬੰਦੀ ਲਾਈ ਸੀ। ਦਿੱਲੀ ਦੇ ਵਾਤਾਵਰਣ ਮੰਤਰੀ ਗੋਪਾਲ ਰਾਏ ਨੇ ਸੋਮਵਾਰ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਦਿੱਲੀ ਪੁਲਸ ਨੂੰ ਸ਼ਹਿਰ 'ਚ ਪਾਬੰਦੀ ਨੂੰ ਸਖਤੀ ਨਾਲ ਲਾਗੂ ਕਰਨ ਲਈ ਨਿਰਦੇਸ਼ ਜਾਰੀ ਕੀਤੇ ਜਾਣਗੇ।

ਦਿੱਲੀ ਸਰਕਾਰ ਪਿਛਲੇ ਤਿੰਨ ਸਾਲਾਂ ਤੋਂ ਹਰ ਤਰ੍ਹਾਂ ਦੇ ਪਟਾਕਿਆਂ 'ਤੇ ਪਾਬੰਦੀ ਲਗਾਉਣ ਦੇ ਅਮਲ 'ਤੇ ਚੱਲ ਰਹੀ ਹੈ। ਗੋਪਾਲ ਰਾਏ ਨੇ ਕਿਹਾ- ਅਸੀਂ ਪਿਛਲੇ 5-6 ਸਾਲਾਂ 'ਚ ਦਿੱਲੀ ਦੀ ਵਾਯੂ ਗੁਣਵੱਤਾ 'ਚ ਕਾਫ਼ੀ ਸੁਧਾਰ ਦੇਖ ਰਹੇ ਹਾਂ, ਪਰ ਸਾਨੂੰ ਇਸ 'ਚ ਹੋਰ ਸੁਧਾਰ ਕਰਨਾ ਹੋਵੇਗਾ, ਇਸ ਲਈ ਇਸ ਸਾਲ ਵੀ ਪਟਾਕਿਆਂ 'ਤੇ ਪਾਬੰਦੀ ਲਾਉਣ ਦਾ ਫੈਸਲਾ ਕੀਤਾ ਹੈ। ਪਿਛਲੇ ਸਾਲ ਸਰਕਾਰ ਨੇ ਐਲਾਨ ਕੀਤਾ ਸੀ ਕਿ ਦੀਵਾਲੀ 'ਤੇ ਸ਼ਹਿਰ 'ਚ ਪਟਾਕੇ ਚਲਾਉਣ 'ਤੇ 6 ਮਹੀਨੇ ਤੱਕ ਦੀ ਕੈਦ ਅਤੇ 200 ਰੁਪਏ ਦਾ ਜੁਰਮਾਨਾ ਹੋ ਸਕਦਾ ਹੈ। ਗੋਪਾਲ ਰਾਏ ਨੇ ਕਿਹਾ, 'ਇਸ ਵਾਰ ਪੂਰੀਆਂ ਸਰਦੀਆਂ ਦੇ ਮੌਸਮ 'ਚ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਸਰਕਾਰ ਨੇ ਵਿੰਟਰ ਐਕਸ਼ਨ ਪਲਾਨ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।'

## ਖਾਲਿਸਤਾਨੀ ਰਾਇਸ਼ੁਮਾਰੀ 'ਚ ਵੱਡੀ ਸ਼ਮੂਲੀਅਤ ਦਾ ਦਾਅਵਾ

**ਟੋਰੰਟੋ** : ਕੈਨੇਡਾ 'ਚ ਖਾਲਿਸਤਾਨੀ ਰਾਇਸ਼ੁਮਾਰੀ 'ਚ ਸਿੱਖਾਂ ਵੱਲੋਂ ਵੱਡੀ ਗਿਣਤੀ 'ਚ ਸ਼ਮੂਲੀਅਤ ਦਾ ਦਾਅਵਾ ਕੀਤਾ ਗਿਆ ਹੈ, ਜਦਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਸੇ ਦਿਨ ਆਪਣੇ ਹਮਰੁਤਬਾ ਜਸਟਿਨ ਟਰੂਡੋ ਨੂੰ ਉਨ੍ਹਾ ਦੇ ਮੁਲਕ 'ਚ ਭਾਰਤ ਵਿਰੋਧੀ ਗਤੀਵਿਧੀਆਂ ਬਾਰੇ ਆਪਣੀਆਂ ਚਿੰਤਾਵਾਂ ਤੋਂ ਜਾਣੂ ਕਰਵਾਇਆ ਸੀ। ਭਾਰਤ ਵਿਚ ਸਿੱਖਾਂ ਲਈ ਵੱਖਰੇ ਮੁਲਕ ਖਾਲਿਸਤਾਨ ਦੇ ਸਮਰਥਨ ਲਈ ਵੋਟਿੰਗ ਐਤਵਾਰ ਨੂੰ ਬ੍ਰਿਟਿਸ਼ ਕੋਲੰਬੀਆ ਸੂਬੇ ਦੇ ਸਰੀ ਵਿਚ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਵਿਖੇ ਹੋਈ, ਜਿੱਥੇ ਜੂਨ ਵਿਚ ਇਸ ਦੇ ਸਾਬਕਾ ਪ੍ਰਧਾਨ ਹਰਦੀਪ ਸਿੰਘ ਨਿੱਝਰ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। 'ਗਲੋਬਲ ਨਿਊਜ਼' ਚੈਨਲ ਨੇ ਰਿਪੋਰਟ ਦਿੱਤੀ ਕਿ ਪਾਬੰਦੀਸ਼ੁਦਾ ਸਿਖਸ ਫਾਰ ਜਸਟਿਸ (ਐੱਸ ਐੱਫ ਜੇ), ਜਿਸ ਨੇ ਰਾਇਸੁਮਾਰੀ ਕਰਵਾਈ ਨੇ, ਕਿਹਾ ਕਿ ਇਸ ਸਮਾਗਮ 'ਚ 1,00000 ਤੋਂ ਵੱਧ ਲੋਕ ਸ਼ਾਮਲ ਹੋਏ। ਮਤਦਾਨ ਤੋਂ ਸਾਫ ਹੈ ਕਿ ਖਾਲਿਸਤਾਨ ਦਾ ਮਾਮਲਾ ਸਿੱਖਾਂ ਲਈ ਬੜਾ ਭਾਵਨਾਤਮਕ ਹੈ। ਇਹ ਵੋਟਿੰਗ ਸਰੀ ਦੇ ਸਕੂਲ 'ਚ ਹੋਣੀ ਸੀ, ਪਰ ਸੰਬੰਧਤ ਵਸਨੀਕਾਂ ਵੱਲੋਂ ਪੋਸਟਰ ਉੱਤੇ ਹਥਿਆਰਾਂ ਦੀਆਂ ਤਸਵੀਰਾਂ ਸਕੂਲ ਪ੍ਰਬੰਧਕਾਂ ਦੇ ਧਿਆਨ 'ਚ ਲਿਆਉਣ ਤੋਂ ਬਾਅਦ ਇਸ ਨੂੰ ਰੱਦ ਕਰ ਦਿੱਤਾ ਗਿਆ।

## ਐਡੀਟਰਜ਼ ਗਿਲਡ ਦੇ ਮੈਂਬਰਾਂ ਦੀ ਰਾਹਤ 'ਚ ਵਾਧਾ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਦੋ ਭਾਈਚਾਰਿਆਂ ਦਰਮਿਆਨ ਦੁਸ਼ਮਣੀ ਨੂੰ ਭੜਕਾਉਣ ਸਮੇਤ ਹੋਰ ਅਪਰਾਧਾਂ ਲਈ ਦਰਜ ਦੋ ਐੱਫ ਆਈ ਆਰਜ਼ ਸੰਬੰਧੀ ਐਡੀਟਰਜ਼ ਗਿਲਡ ਆਫ ਇੰਡੀਆ ਦੇ ਚਾਰ ਮੈਂਬਰਾਂ ਵਿਰੁੱਧ ਕੋਈ ਕਾਰਵਾਈ ਕਰਨ ਤੋਂ ਰੋਕਣ ਦੇ ਆਪਣੇ ਹੁਕਮ ਨੂੰ 15 ਸਤੰਬਰ ਤੱਕ ਵਧਾ ਦਿੱਤਾ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਕਿਹਾ ਕਿ ਉਹ ਐਡੀਟਰਜ਼ ਗਿਲਡ ਦੀ ਪਟੀਸ਼ਨ 'ਤੇ 6 ਸਤੰਬਰ ਨੂੰ ਦਿੱਤੇ ਆਦੇਸ਼ ਨੂੰ ਸ਼ੁੱਕਰਵਾਰ ਤੱਕ ਵਧਾ ਰਹੀ ਹੈ ਤੇ ਮਾਮਲੇ ਦੀ ਅਗਲੀ ਸੁਣਵਾਈ ਸ਼ੁੱਕਰਵਾਰ ਨੂੰ ਹੀ ਹੋਵੇਗੀ।

## ਗੁਰਦੁਆਰਾ ਨਾਢਾ ਸਾਹਿਬ ਤੋਂ ਗੁਰਬਾਣੀ ਕੀਰਤਨ ਦਾ ਸਿੱਧਾ ਪ੍ਰਸਾਰਨ ਸ਼ੁਰੂ

**ਪੰਚਕੂਲਾ** : ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੋਮਵਾਰ ਤੋਂ ਪੰਚਕੂਲਾ ਦੇ ਗੁਰਦੁਆਰਾ ਨਾਢਾ ਸਾਹਿਬ ਤੋਂ ਰੋਜ਼ਾਨਾ ਦੁਨੀਆ ਭਰ 'ਚ ਇਸ ਦਾ ਸਿੱਧਾ ਪ੍ਰਸਾਰਨ ਸ਼ੁਰੂ ਕਰ ਦਿੱਤਾ ਹੈ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਚ ਐੱਸ ਜੀ ਐੱਮ ਸੀ) ਦੇ ਕਾਰਜਕਾਰੀ ਜਨਰਲ ਸਕੱਤਰ ਰਮਨੀਕ ਸਿੰਘ ਨੇ ਕਿਹਾ, 'ਕਮੇਟੀ ਦਾ ਚਾਰਜ ਸੰਭਾਲਣ ਤੋਂ ਬਾਅਦ ਸਾਡਾ ਪਹਿਲਾ ਫੈਸਲਾ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ ਤੋਂ ਸਿੱਧਾ ਪ੍ਰਸਾਰਨ ਸ਼ੁਰੂ ਕਰਨ ਦਾ ਹੈ, ਜੋ ਸੋਮਵਾਰ ਤੋਂ ਸ਼ੁਰੂ ਹੋ ਗਿਆ ਹੈ। ਗੁਰਬਾਣੀ ਦਾ ਹੁਣ ਵਿਸ਼ਵ ਪੰਜਾਬੀ

● ਬਾਕੀ ਸਫ਼ਾ 2 'ਤੇ

## ਨੋਵਾਕ ਜੋਕੋਵਿਚ ਨੇ ਜਿੱਤਿਆ ਯੂ ਐੱਸ ਓਪਨ



**ਨਿਊ ਯਾਰਕ** : ਨੋਵਾਕ ਜੋਕੋਵਿਚ ਨੇ ਕਰੀਬ ਪੌਣੇ ਦੋ ਘੰਟੇ ਚੱਲੇ ਅਮਰੀਕਾ ਓਪਨ ਫਾਇਨਲ 'ਚ ਦਾਨਿਲ ਮੇਦਵੇਦੇਵ ਨੂੰ ਹਰਾ ਕੇ ਰਿਕਾਰਡ 24ਵਾਂ ਸਿੰਗਲਜ਼ ਗ੍ਰੈਂਡਸਲੈਮ ਜਿੱਤ ਲਿਆ। ਲੱਗਭੱਗ ਇੱਕ ਵਰਗੀ ਸ਼ੈਲੀ 'ਚ ਖੇਡਣ ਵਾਲੇ ਦੋਵੇਂ ਖਿਡਾਰੀਆਂ ਵਿਚਾਲੇ ਮੁਕਾਬਲਾ ਰੌਚਕ ਰਿਹਾ। ਦਰਸ਼ਕਾਂ ਨੇ ਇਸ ਦਾ ਪੂਰਾ ਮਜ਼ਾ ਲਿਆ ਅਤੇ ਜਿੱਤਣ ਤੋਂ ਬਾਅਦ ਜੋਕੋਵਿਚ ਕੋਰਟ 'ਤੇ ਹੀ ਬੈਠ ਗਏ ਅਤੇ ਦਰਸ਼ਕਾਂ ਦਾ ਸ਼ੁਕਰੀਆ ਕੀਤਾ। ਜੋਕੋਵਿਚ ਨੇ 6-3, 7-6 ਤੇ 6-3 ਨਾਲ ਜਿੱਤ ਦਰਜ ਕੀਤੀ। ਜਿੱਤ ਤੋਂ ਬਾਅਦ ਉਨ੍ਹਾ ਕਿਹਾ ਕਿ ਮੈਂ ਕਦੀ ਸੋਚਿਆ ਵੀ ਨਹੀਂ ਸੀ ਕਿ ਇੱਥੇ ਖੜੇ ਹੋ ਕੇ 24ਵੇਂ ਗ੍ਰੈਂਡਸਲੈਮ ਬਾਰੇ ਗੱਲ ਕਰਾਂਗਾ। ਉਨ੍ਹਾ ਗ੍ਰੈਂਡਸਲੈਮ ਜਿੱਤਣ ਦੇ ਮਾਮਲੇ 'ਚ ਆਸਟਰੇਲੀਆ ਦੀ ਸਾਬਕਾ ਟੈਨਿਸ ਸਟਾਰ ਮਾਰਗਿਟ ਕੋਰਟ ਦੀ ਬਰਾਬਰੀ ਕਰ ਲਈ ਹੈ। ਜੋਕੋਵਿਚ 24ਵੇਂ ਗ੍ਰੈਂਡਸਲੈਮ ਨਾਲ ਮਰਦਾਂ ਦੇ ਸਿੰਗਲ ਮੁਕਾਬਲੇ 'ਚ ਸਭ ਤੋਂ ਜ਼ਿਆਦਾ ਟਾਇਟਲ ਜਿੱਤਣ ਵਾਲੇ ਖਿਡਾਰੀ ਬਣ ਗਏ ਹਨ। ਜੋਕੋਵਿਚ ਦਾ ਇਹ ਚੌਥਾ ਯੂ ਐੱਸ ਓਪਨ ਟਾਇਟਲ ਹੈ। ਉਨ੍ਹਾ ਇਸ ਤੋਂ ਪਹਿਲਾਂ 2011, 2015 ਅਤੇ 2018 'ਚ ਯੂ ਐੱਸ ਓਪਨ ਖਿਤਾਬ ਜਿੱਤਿਆ ਸੀ।

## ਅੱਜ-ਨਾਮਾ

ਫੜਿਆ ਪੁਲਸ ਨੇ ਲੀਡਰ ਕੀ ਆਂਧਰਾ ਦਾ,
ਸਿਆਸਤ ਦਿੱਲੀ ਦੀ ਗਈ ਹੈ ਹਿੱਲ ਬੇਲੀ।
ਲੱਗ ਗਏ ਦੋਸ਼ ਕੁਰੱਪਸ਼ਨ ਦੇ ਬਹੁਤ ਵੱਡੇ,
ਲੱਥੂਗੀ ਕਹਿੰਦੇ ਹਨ ਵਾਲ ਦੀ ਛਿੱਲ ਬੇਲੀ।
ਵਾਹਵਾ ਤਿੱਖੀ ਵਕੀਲਾਂ ਦੀ ਟੀਮ ਨਿਕਲੀ,
ਚਾਰਾਜ਼ੋਈ ਲਈ ਲਾਉਣ ਨੂੰ ਟਿੱਲ ਬੇਲੀ।
ਸਿੱਕੇਬੰਦ ਜਿਹਾ ਕਹਿੰਦੇ ਨੇ ਕੇਸ ਬਣਿਆ,
ਪੁੱਟਿਆ ਜਾਣਾ ਨਾ ਕਿਤੋਂ ਵੀ ਕਿੱਲ ਬੇਲੀ।
ਲੋਕ ਸਭਾ ਲਈ ਨੇੜੇ ਆ ਚੋਣ ਆਉਂਦੀ,
ਜੁੜਨਾ ਉਹਦੇ ਵੀ ਨਾਲ ਆ ਕੇਸ ਬੇਲੀ।
ਕੀ-ਕੀ ਰੰਗ ਵਿਖਾਉਂਦੀ ਆ ਰਾਜਨੀਤੀ,
ਟੱਡ ਕੇ ਅੱਖੀਆਂ ਵੇਖ ਰਿਹਾ ਦੇਸ ਬੇਲੀ।

-ਤੀਸ ਮਾਰ ਖਾਂ

## ਭਾਰਤ ਨੇ ਜੀ-20 ਸੰਮੇਲਨ 'ਤੇ 4100 ਕਰੋੜ ਤੋਂ ਜ਼ਿਆਦਾ ਕੀਤੇ ਖਰਚ

**ਨਵੀਂ ਦਿੱਲੀ** : ਜੀ-20 ਸੰਮੇਲਨ 2023 ਖ਼ਤਮ ਹੋ ਗਿਆ। ਇਸ ਸੰਮੇਲਨ ਲਈ ਭਾਰਤ ਸਰਕਾਰ ਨੇ ਵੱਡੀ ਰਕਮ ਖਰਚ ਕੀਤੀ। ਸਰਕਾਰੀ ਰਿਕਾਰਡ ਅਨੁਸਾਰ 9 ਤੇ 10 ਸਤੰਬਰ ਨੂੰ ਹੋਏ ਇਸ ਸਮਿਟ 'ਚ 4100 ਕਰੋੜ ਰੁਪਏ ਤੋਂ ਵੱਧ ਦਾ ਖਰਚ ਹੋਇਆ ਹੈ। ਰਿਕਾਰਡ ਅਨੁਸਾਰ ਇਸ ਖਰਚ ਨੂੰ ਮੋਟੇ ਤੌਰ 'ਤੇ ਕਰੀਬ 12 ਕੈਟਾਗਰੀਆਂ 'ਚ ਵੰਡਿਆ ਗਿਆ, ਜਿਸ 'ਚ ਸੁਰੱਖਿਆ ਵਿਵਸਥਾ, ਸੜਕਾਂ ਦੀ ਸਫ਼ਾਈ, ਫੁੱਟਪਾਥਾਂ ਦਾ ਰੱਖ-ਰਖਾਅ ਤੇ ਰੌਸ਼ਨੀਆਂ ਦਾ ਇੰਤਜ਼ਾਮ ਸ਼ਾਮਲ ਹੈ। ਸਾਲ 2023-24 ਦੇ ਬਜਟ 'ਚ ਜੀ-20 ਸੰਮੇਲਨ ਦੀ ਪ੍ਰਧਾਨਗੀ ਲਈ 990 ਕਰੋੜ ਰੁਪਏ ਰੱਖੇ ਗਏ ਸਨ। ਇਸ ਤਰ੍ਹਾਂ ਸਹੀ ਮਾਇਨੇ 'ਚ ਹੋਇਆ ਚਰਚ ਬਜਟ ਰਕਮ ਤੋਂ ਕਰੀਬ ਚਾਰ ਗੁਣਾਂ ਜ਼ਿਆਦਾ ਹੈ। ਸਰਕਾਰ ਨੇ ਇਸ ਆਯੋਜਨ ਲਈ ਦਿੱਲੀ ਦੇ ਸੁੰਦਰੀਕਰਨ 'ਤੇ ਵੱਡੀ ਰਕਮ ਖਰਚ ਕੀਤੀ।




12-SEP-PAGE-1.qxd 9/11/2023 10:29 PM Page 2



## ਡਾ. ਬੀ ਐੱਸ ਸੰਧੂ ਸਕੂਲ ਦੇ ਖਿਡਾਰੀਆਂ ਨੇ ਜ਼ੋਨਲ ਖੇਡਾਂ 'ਚ ਗੱਡੇ ਜਿੱਤ ਦੇ ਝੰਡੇ



**ਦੇਵੀਗੜ੍ਹ/ਪਟਿਆਲਾ (ਵਿਜੇ ਕੁਮਾਰ ਸ਼ਰਮਾ)**-ਹਾਲ ਹੀ ਵਿੱਚ ਹੋਈਆਂ ਜ਼ੋਨ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਡਾ. ਬੀ ਐੱਸ ਸੰਧੂ ਮੈਮੋਰੀਅਲ ਪਬਲਿਕ ਸਕੂਲ ਘੜਾਮ ਰੋਡ ਜੁਲਾਹਖੇੜੀ ਦੇ ਖਿਡਾਰੀਆਂ ਨੇ ਭਾਗ ਲੈਂਦਿਆਂ ਰੱਸਾਕਸ਼ੀ ਖੇਡ ਮੁਕਾਬਲਿਆਂ ਵਿੱਚ ਅੰਡਰ-14 ਲੜਕੀਆਂ ਨੇ ਚਾਂਦੀ ਦਾ ਤਮਗਾ, ਅੰਡਰ-17 ਲੜਕੀਆਂ ਨੇ ਚਾਂਦੀ ਦਾ ਤਮਗਾ, ਅੰਡਰ-21 ਲੜਕੀਆਂ ਨੇ ਚਾਂਦੀ ਦਾ ਤਮਗਾ ਹਾਸਲ ਕੀਤਾ। ਇਸੇ ਤਰ੍ਹਾਂ ਰੱਸਾਕਸ਼ੀ ਖੇਡ ਮੁਕਾਬਲਿਆਂ ਵਿੱਚ ਅੰਡਰ-14 ਲੜਕਿਆਂ ਨੇ ਸੋਨੇ ਦਾ ਅਤੇ ਅੰਡਰ-21 ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ। ਦੂਸਰੇ ਪਾਸੇ ਖ਼ੋ-ਖ਼ੋ ਅੰਡਰ-17 ਲੜਕਿਆਂ ਨੇ ਕਾਂਸੇ ਦਾ ਤਮਗਾ ਹਾਸਲ ਕੀਤਾ। ਮੌਕੇ 'ਤੇ ਮੌਜੂਦ ਅਧਿਕਾਰੀਆਂ ਵੱਲੋਂ ਇਨ੍ਹਾਂ ਖਿਡਾਰੀਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਰਜਿੰਦਰ ਕੌਰ ਸੰਧੂ ਤੇ ਚੇਅਰਮੈਨ ਹਰਦੀਪ ਸਿੰਘ ਸੰਧੂ ਨੇ ਇਨ੍ਹਾਂ ਖਿਡਾਰੀਆਂ ਅਤੇ ਇਨ੍ਹਾਂ ਦੇ ਸਪੋਰਟਸ ਇੰਚਾਰਜ ਅਵਤਾਰ ਸਿੰਘ ਤੇ ਕੁਲਵੰਤ ਕੁਮਾਰ ਨੂੰ ਜਿੱਤ ਦੀ ਵਧਾਈ ਦਿੱਤੀ ਅਤੇ ਸੁਨਹਿਰੇ ਭਵਿੱਖ ਲਈ ਸ਼ੁੱਭ-ਕਾਮਨਾਵਾ ਦਿੱਤੀਆਂ।

## ਡਾ. ਅੰਬੇਡਕਰ ਮਿਸ਼ਨ ਸੁਸਾਇਟੀ ਨੇ ਬੱਚਿਆਂ ਨੂੰ ਸਟੇਸ਼ਨਰੀ ਵੰਡੀ



**ਸਮਰਾਲਾ (ਸੁਰਜੀਤ ਸਿੰਘ)**-ਡਾ. ਭੀਮ ਰਾਓ ਅੰਬੇਡਕਰ ਮਿਸ਼ਨ ਸਮਰਾਲਾ ਵੈੱਲਫੇਅਰ ਸੁਸਾਇਟੀ ਵੱਲੋਂ ਗੁਰੂ ਰਵਿਦਾਸ ਮੰਦਰ ਢਿੱਲੋਂ ਮੁਹੱਲਾ ਸਮਰਾਲਾ ਵਿੱਚ ਚੱਲ ਰਹੇ ਟਿਊਸ਼ਨ ਸੈਂਟਰ ਵਿੱਚ ਸੰਸਥਾ ਦੇ ਅਹੁਦੇਦਾਰਾਂ ਸਰਪ੍ਰਸਤ ਚਰਨਜੀਤ ਸਿੰਘ, ਪ੍ਰਧਾਨ ਧਰਮਜੀਤ ਸਿੰਘ, ਕੈਸ਼ੀਅਰ ਸਤਵਿੰਦਰ ਸਿੰਘ, ਸਲਾਹਕਾਰ ਸੇਵਾ ਸਿੰਘ ਐੱਮ ਸੀ, ਮੈਂਬਰ ਸਿਕੰਦਰ ਸਿੰਘ, ਜੈ ਰਾਮ, ਜੋਗਿੰਦਰ ਸਿੰਘ ਨੇ ਬੱਚਿਆਂ ਨੂੰ ਕਾਪੀਆਂ, ਪੈੱਨ, ਪੈਨਸਲਾਂ, ਟੌਫੀਆ ਤੇ ਹੋਰ ਸਾਮਾਨ ਵੰਡਿਆ। ਸ੍ਰੀ ਸੇਵਾ ਸਿੰਘ ਐੱਮ ਸੀ ਸਾਹਬ ਵੱਲੋਂ ਕਰਨਦੀਪ ਸਿੰਘ ਪਿੰਡ ਬੌਂਦਲੀ ਕਲਾਸ ਸੱਤਵੀਂ ਸਰਕਾਰੀ ਸਕੂਲ ਪਿੰਡ ਮੁਸ਼ਕਾਬਾਦ ਕੁਸ਼ਤੀ ਮੁਕਾਬਲੇ ਵਿੱਚੋਂ ਫਸਟ ਆਉਣ ਤੇ ਜਸਪ੍ਰੀਤ ਕੌਰ ਟਿਊਸ਼ਨ ਮੈਡਮ ਨੂੰ ਵਿਸ਼ੇਸ਼ ਤੌਰ 'ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਸੇਵਾ ਸਿੰਘ ਐੱਮ ਸੀ ਨੇ ਕਿਹਾ ਕਿ ਗਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਪੜ੍ਹਾਉਣ ਤੇ ਖੇਡਾਂ ਵਿੱਚ ਮੱਲਾਂ ਮਾਰਨ ਲਈ ਉਤਸ਼ਾਹਤ ਕੀਤਾ ਜਾਵੇਗਾ ਤੇ ਸੰਸਥਾ ਵੱਲੋਂ ਅਜਿਹੇ ਬੱਚਿਆਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾਵੇਗੀ। ਅੰਤ 'ਚ ਪ੍ਰਧਾਨ ਧਰਮਜੀਤ ਸਿੰਘ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ।

## ਰੁਦਰਮ ਥੀਏਟਰ ਅਕੈਡਮੀ ਹੋਲੀ ਹਾਰਟ ਸਕੂਲ ਦੇ ਵਿਦਿਆਰਥੀਆਂ ਨੂੰ ਸਿਖਾਏਗੀ ਥਿਏਟਰ ਦੇ ਗੁਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਨੇ ਹਾਲ ਹੀ ਵਿੱਚ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ, ਡਾਇਰੈਕਟਰ ਨਿਤਿਨ ਜਿੰਦਲ ਤੇ ਐਗਜ਼ੀਕਿਊਟਿਵ ਡਾਇਰੈਕਟਰ ਰਾਕੇਸ਼ ਬਾਂਸਲ ਦੀ ਅਗਵਾਈ ਹੇਠ ਮੁੰਬਈ ਤੋਂ ਰੁਦਰਮ ਥੀਏਟਰ ਅਕੈਡਮੀ (ਆਰ.ਟੀ.ਏ.) ਦੇ ਸਹਿਯੋਗ ਨਾਲ ਥੀਏਟਰ ਤੇ ਡਰਾਮਾ ਸਬੰਧੀ ਇੱਕ ਗਤੀਸ਼ੀਲ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਆਰ.ਟੀ.ਏ. ਦੇ ਸੰਸਥਾਪਕ ਨਿਕੁੰਜ ਨਯਨਾ ਪ੍ਰਸਿੱਧ ਅਭਿਨੇਤਾ ਤੇ ਨਾਟਕ ਵਿਭਾਗ ਦੇ ਮੁਖੀ ਵਰੁਣ ਤਮਟਾਨ ਬਾਲੀਵੁੱਡ ਪੋਰਟਫੋਲੀਓ ਦੇ ਨਾਲ ਵਿਦਿਆਰਥੀਆਂ ਨੂੰ ਮਨੁੱਖੀ ਜੀਵਨ 'ਚ ਥੀਏਟਰ ਤੇ ਡਰਾਮੇ ਦੀ ਮਹੱਤਤਾ ਸਬੰਧੀ ਚਾਨਣਾ ਪਾਇਆ। ਇਸ ਮੌਕੇ ਪਰਫਾਰਮਿੰਗ ਆਰਟਸ ਦੇ ਨਿਰਦੇਸ਼ਕ ਗੌਰਵ ਮਾਥੁਰ ਤੇ ਐਜੂਫਿਊਚਰ ਦੇ ਸੰਸਥਾਪਕ ਚੇਅਰਮੈਨ ਸੁਨੀਲ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ ਦੀਆਂ ਸਿਫਾਰਸ਼ਾਂ ਦੇ ਅਨੁਸਾਰ ਗੁਰਪ੍ਰੀਤ ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ, ਆਰ.ਟੀ.ਏ. ਨਾਲ ਭਾਈਵਾਲੀ ਰਾਹੀਂ ਇਨ੍ਹਾਂ ਹੁਨਰਾਂ ਨੂੰ ਆਪਣੇ ਪਾਠਕ੍ਰਮ ਵਿੱਚ ਜੋੜਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਰ.ਟੀ.ਏ. ਦੇ ਨਾਲ ਇਹ ਸਹਿਯੋਗ ਨਾ ਸਿਰਫ ਵਿਦਿਆਰਥੀਆਂ ਨੂੰ ਅਨਮੋਲ ਨਾਟਕੀ ਸੂਝ ਨਾਲ ਭਰਪੂਰ ਬਣਾਉਂਦਾ ਹੈ, ਸਗੋਂ ਉਨ੍ਹਾਂ ਦੇ ਕਲਾਤਮਕ ਵਿਕਾਸ ਲਈ ਇੱਕ ਅਸਾਧਾਰਨ ਪਲੇਟਫਾਰਮ ਵੀ ਪ੍ਰਦਾਨ ਕਰਦਾ ਹੈ।

## ਸ੍ਰੀਰਾਮ ਕਾਲਜ ਡੱਲਾ 'ਚ ਪ੍ਰਸਾਰ ਭਾਸ਼ਣ ਕਰਵਾਇਆ



**ਜਗਰਾਓਂ (ਨਛੱਤਰ ਸੰਧੂ)**-ਸ੍ਰੀਰਾਮ ਕਾਲਜ ਡੱਲਾ ਵਿਖੇ ਕਾਲਜ ਦੀ ਮੈਨੇਜਮੈਂਟ ਕਮੇਟੀ ਤੇ ਪ੍ਰਿੰਸੀਪਲ ਪ੍ਰੋ: ਸਤਵਿੰਦਰ ਕੌਰ ਦੀ ਰਹਿਨੁਮਾਈ ਹੇਠ ਅੰਤਰਰਾਸ਼ਟਰੀ ਸਾਖਰਤਾ ਦਿਵਸ ਨੂੰ ਮੁੱਖ ਰੱਖਦੇ ਹੋਏ ਪ੍ਰਸਾਰ ਭਾਸ਼ਣ ਕਰਵਾਇਆ ਗਿਆ, ਜਿਸ ਲਈ ਪ੍ਰੋ: ਹਰਵਿੰਦਰ ਸਿੰਘ ਜਸ਼ ਸਹਾਇਕ ਪ੍ਰੋਫੈਸਰ, ਕਾਲਜ ਬਾਬਾ ਜੋਰਾਵਰ ਸਿੰਘ ਸਰਕਾਰੀ ਕਾਲਜ ਰਾਏਕੋਟ ਰਿਸੋਰਸ ਪਰਸਨ ਵਜੋਂ ਪਹੁੰਚੇ, ਜਿਨ੍ਹਾਂ ਨੇ ਪੰਜਾਬੀ ਭਾਸ਼ਾ, ਸਾਹਿਤਕ ਤੇ ਸੱਭਿਆਚਾਰ ਨੂੰ ਆਪਣੇ ਭਾਸ਼ਣ ਦਾ ਵਿਸ਼ਾ ਬਣਾਇਆ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕੀਤਾ। ਅੰਤ ਵਿੱਚ ਪ੍ਰਿੰਸੀਪਲ ਸ੍ਰ: ਸਤਵਿੰਦਰ ਕੌਰ ਦੁਆਰਾ ਪ੍ਰੋ: ਹਰਵਿੰਦਰ ਸਿੰਘ ਜੋਸ਼ੀ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨਾਲ ਬਹੁਮੁੱਲੇ ਵਿਚਾਰ ਸਾਂਝੇ ਕੀਤੇ। ਸਟੇਜ ਸਕੱਤਰ ਦੀ ਭੂਮਿਕਾ ਡਾ: ਪਰਮਿੰਦਰ ਕੌਰ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਵਿਧਾਇਕ ਡਾ. ਅਰੋੜਾ ਦੀ ਅਗਵਾਈ ਹੇਠ ਮੱਲ੍ਹੀਆਂ 'ਚ ਸਮਾਗਮ



**ਮੋਗਾ (ਅਮਰਜੀਤ ਬੱਬਰੀ)**-ਮੋਗਾ ਜ਼ਿਲ੍ਹੇ ਦੇ ਪਿੰਡ ਮੱਲ੍ਹੀਆਂ ਵਾਲਾ ਮੋਗਾ-1 ਵਿੱਚ ਆਪ ਪਾਰਟੀ ਦੇ ਵਲੰਟੀਅਰਾਂ ਵੱਲੋਂ ਸਮਾਗਮ ਕੀਤਾ ਗਿਆ, ਜਿਸ ਵਿਚ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵਿਸ਼ੇਸ਼ ਤੌਰ 'ਤੇ ਪੁੱਜੇ, ਜਿਨ੍ਹਾਂ ਦਾ ਪਾਰਟੀ ਆਗੂਆ ਤੇ ਵਲੰਟੀਅਰਾਂ ਨੇ ਸੁਆਗਤ ਕੀਤਾ। ਇਸ ਮੌਕੇ ਹਲਕਾ ਕੋਆਡੀਨੇਟਰ ਅਮਨਦੀਪ ਸਿੰਘ, ਬਲਾਕ ਇੰਚਾਰਜ਼ ਨਛੱਤਰ ਸਿੰਘ ਮੱਲ੍ਹੀਂ, ਸਰਕਲ ਇੰਚਾਰਜ਼, ਬਲਾਕ ਇੰਚਾਰਜ ਦੀਪ ਦਾਰਾਪੁਰ ਮੋਗਾ-2, ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਕੁਲਵਿੰਦਰ ਤਾਰੇਵਾਲਾ ਆਦਿ ਪਾਰਟੀ ਵਲੰਟੀਅਰ ਤੇ ਪਿੰਡ ਵਾਸੀ ਹਾਜ਼ਰ ਸਨ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨਾਲ ਪਾਰਟੀ ਵਲੰਟੀਅਰਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦਾ ਮੌਕੇ 'ਤੇ ਹੱਲ ਕਰਨ ਲਈ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਾਰਟੀ ਵਲੰਟੀਅਰਾਂ ਨੂੰ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਬਣਾਈਆਂ ਜਾ ਰਹੀਆਂ ਸਕੀਮਾਂ ਤੇ ਯੋਜਨਾਵਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਅੱਜ ਹਰ ਵਰਗ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਖੁਸ਼ ਹਨ, ਜਿਸ ਕਾਰਨ ਲੋਕ ਧੜਾਧੜ ਪਾਰਟੀ ਵਿੱਚ ਜੁੜ ਰਹੇ ਹਨ। ਉਨ੍ਹਾਂ ਮੱਲ੍ਹੀਆਂ ਵਾਲਾ ਵਿਖੇ ਪਾਰਟੀ ਵਲੰਟੀਅਰਾਂ ਵੱਲੋਂ ਸਮਾਗਮ ਦਾ ਆਯੋਜਨ ਕਰਕੇ ਉਨ੍ਹਾਂ ਨੂੰ ਦਿੱਤੇ ਗਏ ਮਾਨ ਸਨਮਾਨ ਲਈ ਧੰਨਵਾਦ ਕੀਤਾ। ਇਸ ਮੌਕੇ ਪਾਰਟੀ ਦੇ ਮਿਹਨਤੀ ਵਰਕਰਾਂ ਤੇ ਵਲੰਟੀਆਂ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ।

## ਬਿਜਲੀ ਦੀ ਸਪਲਾਈ ਨਾ-ਮਾਤਰ ਹੋਣ ਦੀ ਸੁਖਬੀਰ ਬਾਦਲ ਨੇ ਜਤਾਈ ਚਿੰਤਾ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਖੇਤਾਂ ਵਿੱਚ ਮੋਟਰਾਂ ਦੀ ਬਿਜਲੀ ਦੇ ਸਪਲਾਈ ਨਾ-ਮਾਤਰ ਹੋਣ ਕਰਕੇ ਖੇਤਾਂ ਵਿੱਚ ਖੜਾ ਝੋਨਾ ਸੁੱਕਣ ਲੱਗਿਆ ਹੈ, ਜਿਸ ਦੀ ਸਾਬਕਾ ਉੱਪ ਮੁੱਖ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਰਸਤੇ ਵਿੱਚ ਜਾਂਦੇ ਹੋਏ ਪਿੰਡ ਚੱਕ ਅੱਤਰ ਸਿੰਘ ਵਾਲਾ ਦੇ ਖੇਤਾਂ ਵਿੱਚ ਰੁਕ ਕੇ ਚਿੰਤਾ ਪ੍ਰਗਟ ਕੀਤੀ। ਸੁਖਬੀਰ ਸਿੰਘ ਬਾਦਲ ਨੇ ਕਿਤੇ ਜਾਂਦੇ ਸਮੇਂ ਖੇਤਾਂ ਵਿਚ ਰੁੱਕ ਕੇ ਝੋਨੇ ਵਾਲੇ ਖੇਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਚਿੰਤਾ ਪ੍ਰਗਟ ਕਰਦੇ ਕਰਦੇ ਕਿਹਾ ਕਿ ਖੇਤਾਂ ਨੂੰ ਸਿਰਫ਼ ਇੱਕ ਜਾਂ ਦੋ ਘੰਟੇ ਬਿਜਲੀ ਮਿਲ ਰਹੀ ਹੈ, ਜਿਸ ਕਾਰਨ ਪਾਣੀ ਨਾ ਹੋਣਣ ਕਰਕੇ ਝੋਨਾ ਬਿਲਕੁੱਲ ਸੁੱਕਣ ਲੱਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਅਜਿਹੇ ਹਾਲਾਤ ਰਹੇ ਤਾਂ ਹਾਲਾਤ ਫਿਰ ਵਿਗੜ ਜਾਣਗੇ। ਉਨ੍ਹਾਂ ਕਿਹਾ ਪੰਜਾਬ ਦਾ ਮੁੱਖ ਮੰਤਰੀ ਇਹ ਦਾਅਵੇ ਕਰ ਰਿਹਾ ਸੀ ਕਿ ਬਿਜਲੀ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ, ਪ੍ਰੰਤੂ ਅੱਜ ਹਾਲਾਤ ਕੁੱਝ ਹੋਰ ਹਨ। ਉਨ੍ਹਾਂ ਕਿਹਾ ਨਾ ਤਾਂ ਖੇਤਾਂ ਨੂੰ ਬਿਜਲੀ ਮਿਲ ਰਹੀ ਹੈ, ਬਲਕਿ ਘਰਾਂ ਵਿੱਚ ਵੀ ਵੱਡੇ-ਵੱਡੇ ਕੱਟ ਲੱਗ ਰਹੇ ਹਨ। ਉਨ੍ਹਾਂ ਕਿਹਾ ਕਿ ਪਾਣੀ ਨਾ ਹੋਣ ਕਰਕੇ ਨਹਿਰਾਂ ਸੂਏ ਸੁੱਕੇ ਪਏ ਹਨ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਇਸ ਪਾਸੇ ਧਿਆਨ ਦਿੱਤਾ ਜਾਵੇ।

# ਦਿੱਗਜ਼ ਹਸਤੀਆਂ ਵੱਲੋਂ ਨਿਵੇਕਲੇ ਉਪਰਾਲੇ ਲਈ ਸਰਕਾਰ ਦੀ ਸ਼ਲਾਘਾ

**ਮੋਹਾਲੀ** : ਸੈਰ-ਸਪਾਟਾ ਖੇਤਰ ਦੇ ਦਿੱਗਜ਼ਾਂ ਅਤੇ ਨਾਮਵਰ ਸ਼ਖ਼ਸੀਅਤਾਂ ਨੇ ਪੰਜਾਬ 'ਚ ਪਹਿਲੀ ਵਾਰ 'ਟੂਰਿਜ਼ਮ ਸਮਿਟ ਐਂਡ ਟਰੈਵਲ ਮਾਰਟ' ਕਰਵਾਉਣ ਲਈ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਨਿਵੇਕਲੇ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ। ਸੰਮੇਲਨ ਦੌਰਾਨ ਪ੍ਰਸਿੱਧ ਕਮੇਡੀਅਨ ਕਪਿਲ ਸ਼ਰਮਾ ਨੇ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੀਆਂ ਜਾ ਰਹੀਆਂ ਲੀਹੋਂ ਹਟਵੀਆਂ ਪਹਿਲਕਦਮੀਆਂ ਦੀ ਪ੍ਰਸ਼ੰਸਾ ਕੀਤੀ। ਕਪਿਲ ਸ਼ਰਮਾ ਨੇ ਕਿਹਾ ਕਿ ਸੂਬਾ ਸਰਕਾਰ ਦਾ ਇਹ ਸੰਮੇਲਨ ਕਰਵਾਉਣ ਦਾ ਫੈਸਲਾ ਬਹੁਤ ਸ਼ਲਾਘਾਯੋਗ ਹੈ, ਕਿਉਂ ਜੋ ਇਸ ਨਾਲ ਸੂਬੇ 'ਚ ਸੈਰ-ਸਪਾਟੇ ਨੂੰ ਵੱਡਾ ਹੁਲਾਰਾ ਮਿਲੇਗਾ। ਉਨ੍ਹਾ ਕਿਹਾ ਕਿ ਇਹ ਉਪਰਾਲਾ ਸੂਬੇ ਨੂੰ ਕੌਮਾਂਤਰੀ ਸੈਰ-ਸਪਾਟੇ ਦੇ ਨਕਸ਼ੇ 'ਤੇ ਉਭਾਰਨ ਵਿੱਚ ਸਹਾਈ ਸਿੱਧ ਹੋਵੇਗਾ। ਉਹਨਾ ਕਿਹਾ ਕਿ ਸੂਬਾ ਸਰਕਾਰ ਦਾ ਇਹ ਕਦਮ ਸਾਡੇ ਨੌਜਵਾਨਾਂ 'ਚ ਸੂਬੇ ਦੇ ਗੌਰਵਮਈ ਵਿਰਸੇ ਤੇ ਇਤਿਹਾਸ ਦਾ ਪਾਸਾਰ ਕਰਨ ਵਿਚ ਮਦਦਗਾਰ ਹੋਵੇਗਾ। ਇਸ ਸੰਮੇਲਨ 'ਚ ਸ਼ਿਰਕਤ ਕਰਨ ਦਾ ਮੌਕਾ ਦੇਣ ਲਈ ਮੁੱਖ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਪ੍ਰਸਿੱਧ ਕਮੇਡੀਅਨ ਨੇ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਆਪਣੀਆਂ ਸੇਵਾਵਾਂ ਦੇਣ ਦੀ ਪੇਸ਼ਕਸ਼ ਵੀ ਕੀਤੀ।

ਉੱਘੇ ਫਿਲਮਕਾਰ ਬੌਬੀ ਬੇਦੀ ਨੇ ਕਿਹਾ ਕਿ ਮਨੋਰੰਜਨ ਜਗਤ ਨਾਲ ਪੰਜਾਬ ਦਾ ਗੂੜ੍ਹਾ ਨਾਤਾ ਹੈ, ਕਿਉਂ ਜੋ ਨਾਮੀ ਫਿਲਮਕਾਰ, ਅਦਾਕਾਰ ਅਤੇ ਹੋਰ ਫਿਲਮੀ ਹਸਤੀਆਂ ਇਸ ਸੂਬੇ 'ਚ ਪੈਦਾ ਹੋਈਆਂ ਹਨ। ਉਨ੍ਹਾ ਕਿਹਾ ਕਿ ਪੰਜਾਬ ਦੇਸ਼ ਵਿਚ ਖੂਬਸੂਰਤ ਥਾਵਾਂ ਦੀ ਧਰਤੀ ਹੈ, ਜਿਸ ਕਰਕੇ ਇਸ ਦੀ ਭੂਗੋਲਿਕ ਸੁੰਦਰਤਾ ਫਿਲਮਕਾਰਾਂ ਨੂੰ ਆਕਰਸ਼ਿਤ ਕਰਦੀ ਹੈ। ਸ੍ਰੀ ਬੇਦੀ ਨੇ ਕਿਹਾ ਕਿ ਸਰਕਾਰ ਦਾ ਇਹ ਉਪਰਾਲਾ ਸੂਬੇ ਨੂੰ ਸੈਰ-ਸਪਾਟਾ ਖੇਤਰ 'ਚ ਉਭਾਰਨ 'ਚ ਸਹਾਈ ਹੋਵੇਗਾ। ਕਮੇਡੀਅਨ ਸੁਨੀਲ ਪੌਲ ਨੇ ਕਿਹਾ ਕਿ ਉਹ ਇਸ ਪਵਿੱਤਰ ਧਰਤੀ 'ਤੇ ਇਸ ਮੁਹਿੰਮ ਦਾ ਹਿੱਸਾ ਬਣ ਕੇ ਆਪਣੇ-ਆਪ ਨੂੰ ਸੁਭਾਗਾ ਮਹਿਸੂਸ ਕਰ ਰਹੇ ਹਨ। ਉਨ੍ਹਾ ਦੇਸ਼ ਦੀ ਏਕਤਾ, ਅਖੰਡਤਾ ਤੇ ਪ੍ਰਭੂਸੱਤਾ ਦੀ ਰਾਖੀ ਲਈ ਪੰਜਾਬੀਆਂ ਦੇ ਲਾਮਿਸਾਲ ਯੋਗਦਾਨ ਨੂੰ ਚੇਤੇ ਕੀਤਾ। ਉਨ੍ਹਾ ਕਿਹਾ ਕਿ ਭਗਵੰਤ ਸਿੰਘ ਮਾਨ ਸੂਬੇ ਦੇ ਪਹਿਲੇ ਮੁੱਖ ਮੰਤਰੀ ਹਨ, ਜਿਨ੍ਹਾ ਸੈਰ-ਸਪਾਟੇ ਨੂੰ ਉਤਸ਼ਾਹਤ ਕਰ ਕੇ ਹੋਰ ਮੁਲਕਾਂ ਦੇ ਲੋਕਾਂ ਨੂੰ ਪੰਜਾਬ ਲਿਆਉਣ ਲਈ ਪੁੱਠਾ ਗੇੜ ਸ਼ੁਰੂ ਕੀਤਾ ਹੈ। ਆਈ ਟੀ ਸੀ ਦੇ ਐੱਮ ਡੀ ਸਮੀਰ ਐੱਮ ਸੀ ਨੇ ਕਿਹਾ ਕਿ ਪੰਜਾਬ ਅਜਿਹਾ ਰਾਜ ਹੈ, ਜਿਸ ਕੋਲ ਸੈਰ-ਸਪਾਟਾ ਸਥਾਨ ਵਜੋਂ ਸਫ਼ਲ ਹੋਣ ਲਈ ਸਾਰੀਆਂ ਖੂਬੀਆਂ ਮੌਜੂਦ ਹਨ। ਉਨ੍ਹਾ ਪੰਜਾਬ ਨੂੰ ਆਲਮੀ ਸੈਰ-ਸਪਾਟਾ ਸਥਾਨ ਵਜੋਂ ਉਭਾਰਨ ਲਈ ਅਣਥੱਕ ਕੋਸ਼ਿਸ਼ਾਂ ਕਰਨ 'ਤੇ ਮੁੱਖ ਮੰਤਰੀ ਦੀ ਸ਼ਲਾਘਾ ਕੀਤੀ। ਰਾਮੂਜੀ ਫਿਲਮ ਸਿਟੀ ਦੇ ਵਾਈਸ ਪ੍ਰੈਜ਼ੀਡੈਂਟ ਈ ਵੀ ਰਾਓ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੀ ਵਚਨਬੱਧਤਾ ਤਹਿਤ ਸੈਰ-ਸਪਾਟੇ ਨੂੰ ਉਤਸ਼ਾਹਤ ਕਰਨ ਲਈ ਸੂਬੇ ਦੇ ਇਕ ਉੱਚ ਪੱਧਰੀ ਵਫ਼ਦ ਨੇ ਹੈਦਰਾਬਾਦ 'ਚ ਇਸ ਸਟੂਡੀਓ ਦਾ ਦੌਰਾ ਕੀਤਾ ਸੀ। ਈ ਵੀ ਰਾਓ ਨੇ ਕਿਹਾ ਕਿ ਪੰਜਾਬੀਆਂ ਨੂੰ ਇਮਾਨਦਾਰੀ, ਬਹਾਦਰੀ ਤੇ ਮਹਿਮਾਨਨਿਵਾਜ਼ੀ ਦੇ ਨਾਲ-ਨਾਲ ਦੁਨੀਆ ਭਰ 'ਚ ਆਪਣੀ ਦਿਆਨਤਦਾਰੀ ਲਈ ਵੀ ਜਾਣਿਆ ਜਾਂਦਾ ਹੈ।

## ਨਿਫ਼ਟੀ ਪਹਿਲੀ ਵਾਰ 20 ਹਜ਼ਾਰ ਤੋਂ ਪਾਰ

### *ਨਿਵੇਸ਼ਕਾਂ ਨੇ ਇੱਕ ਦਿਨ 'ਚ ਕਮਾਏ 3 ਲੱਖ ਕਰੋੜ*

**ਮੁੰਬਈ** : ਹਫਤੇ ਦੇ ਪਹਿਲੇ ਕਾਰੋਬਾਰੀ ਦਿਨ ਸੋਮਵਾਰ ਨਿਫਟੀ ਸਭ ਤੋਂ ਉੱਚ ਪੱਧਰ 'ਤੇ ਪਹੁੰਚਿਆ। ਕਾਰੋਬਾਰ ਦੌਰਾਨ ਇਹ 20,008 ਦੇ ਪੱਧਰ ਨੂੰ ਛੂਹ ਗਿਆ। ਇਹ 176 ਅੰਕਾਂ ਦੇ ਵਾਧੇ ਨਾਲ 19,996 'ਤੇ ਬੰਦ ਹੋਇਆ। ਇਸ ਤੋਂ ਪਹਿਲਾਂ 20 ਜੁਲਾਈ ਨੂੰ ਇਸ ਨੇ 19,991 'ਤੇ ਬੰਦ ਹੋਇਆ ਸੀ। ਇਸ ਦੇ ਨਾਲ ਹੀ ਸੈਂਸੇਕਸ 528 ਅੰਕਾਂ ਦੇ ਵਾਧੇ ਨਾਲ 67,127 ਦੇ ਪੱਧਰ 'ਤੇ ਬੰਦ ਹੋਇਆ। ਸੈਂਸੇਕਸ ਦੇ 30 ਸ਼ੇਅਰਾਂ 'ਚੋਂ 28 'ਚ ਵਾਧਾ ਅਤੇ 2 'ਚ ਗਿਰਾਵਟ ਦੇਖਣ ਨੂੰ ਮਿਲੀ। ਰਤਨਵੀਰ ਪ੍ਰੀਸੀਜਨ ਇੰਜੀਨੀਅਰਿੰਗ ਲਿਮਟਿਡ ਦਾ ਆਈ ਪੀ ਓ ਸਟਾਕ ਮਾਰਕੀਟ 'ਚ ਸੂਚੀਬੱਧ ਹੋ ਗਿਆ ਹੈ। ਕੰਪਨੀ ਦੇ ਸ਼ੇਅਰ 30.61% ਦੇ ਪ੍ਰੀਮੀਅਮ ਨਾਲ ਬੰਬਈ ਸਟਾਕ ਐਕਸਚੇਂਜ 'ਤੇ 128 ਰੁਪਏ ਪ੍ਰਤੀ ਸ਼ੇਅਰ 'ਤੇ ਸੂਚੀਬੱਧ ਕੀਤੇ ਗਏ ਸਨ। ਕੰਪਨੀ ਦੇ ਸ਼ੇਅਰ ਨੈਸ਼ਨਲ ਸਟਾਕ ਐਕਸਚੇਂਜ 'ਤੇ 25.71% ਦੇ ਪ੍ਰੀਮੀਅਮ ਨਾਲ 123.2 ਰੁਪਏ 'ਤੇ ਸੂਚੀਬੱਧ ਕੀਤੇ ਗਏ ਸਨ। ਕੰਪਨੀ ਨੇ ਇਸ ਇਸ਼ੂ ਦੀ ਕੀਮਤ ਬੈਂਡ 93 ਰੁਪਏ-98 ਰੁਪਏ ਤੈਅ ਕੀਤੀ ਸੀ। ਨਿਫਟੀ ਹੀ ਨਹੀਂ, ਬੰਬੇ ਸਟਾਕ ਐਕਸਚੇਂਜ 'ਚ ਵੀ ਸੋਮਵਾਰ ਤੇਜ਼ੀ ਦੇਖਣ ਨੂੰ ਮਿਲੀ। ਬੰਬੇ ਸਟਾਕ ਐਕਸਚੇਂਜ ਦਾ ਅੰਕ ਸੈਂਸੇਕਸ ਸੋਮਵਾਰ ਨੂੰ 67,172,13 ਤੱਕ ਪਹੁੰਚ ਗਿਆ ਸੀ। ਸੈਂਸੇਕਸ ਕਾਰੋਬਾਰ ਦੇ ਆਖਰੀ 'ਚ 528 ਅੰਕਾਂ ਦੀ ਤੇਜ਼ੀ ਦੇ ਨਾਲ 67,127.08 'ਤੇ ਬੰਦ ਹੋਇਆ। ਹਫ਼ਤੇ ਦੇ ਪਹਿਲੇ ਦਿਨ ਕਾਰੋਬਾਰੀ ਦਿਨ ਸ਼ੇਅਰ ਬਾਜ਼ਾਰ 'ਚ ਦਮਦਾਰ ਪ੍ਰਦਰਸ਼ਨ ਨੇ ਨਿਵੇਸ਼ਕਾਂ ਨੂੰ ਮਾਲਾਮਾਲ ਕਰ ਦਿੱਤਾ। ਸੋਮਵਾਰ ਨੂੰ ਨਿਵੇਸ਼ਕਾਂ ਨੇ 3 ਲੱਖ ਕਰੋੜ ਰੁਪਏ ਕਮਾਏ।

# ਪਾਬੰਦੀਸ਼ੁਦਾ ਟੀਕਿਆਂ ਦੀ ਬਰਾਮਦਗੀ ਮਾਮਲੇ 'ਚ ਅਦਾਲਤ ਨੇ 4 ਨੂੰ ਸੁਣਾਈ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸੀ.ਆਈ.ਏ. ਸਟਾਫ਼ ਸਰਹਿੰਦ ਵੱਲੋਂ ਕਰੀਬ ਚਾਰ ਵਰ੍ਹੇ ਪਹਿਲਾਂ ਪਾਬੰਦੀਸ਼ੁਦਾ ਨਸ਼ੇ ਦੇ ਟੀਕਿਆਂ ਸਮੇਤ ਗ੍ਰਿਫ਼ਤਾਰ ਕੀਤੇ ਗਏ 4 ਵਿਅਕਤੀਆਂ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ 13/9/19 ਦੀ ਰਾਤ ਨੂੰ ਸੀ.ਆਈ.ਏ. ਸਟਾਫ਼ ਸਰਹਿੰਦ ਦੀ ਇੱਕ ਟੀਮ ਵੱਲੋਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਆ ਰਹੇ ਇੰਦਰਵੀਰ ਸਿੰਘ ਉਰਫ਼ ਹਨੀ ਵਾਸੀ ਸਰਹਿੰਦ ਦੇ ਕਬਜ਼ੇ 'ਚੋਂ 3 ਟੀਕੇ ਬਿਉਪਰੋਨੌਰਫਿਨ, 3 ਸ਼ੀਸ਼ੀਆਂ ਏਵਲ ਤੇ ਗੁਰਪ੍ਰੀਤ ਸਿੰਘ ਉਰਫ਼ ਮਨੀ ਵਾਸੀ ਸਰਹਿੰਦ ਦੇ ਕਬਜ਼ੇ 'ਚੋਂ 2 ਟੀਕੇ ਬਿਉਪਰੋਨੌਰਫਿਨ ਤੇ 2 ਸ਼ੀਸ਼ੀਆਂ ਏਵਲ ਬਰਾਮਦ ਕਰਦੇ ਹੋਏ ਉਨਾਂ ਨੂੰ 22/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ, ਜਿਨ੍ਹਾਂ ਦੀ ਕੀਤੀ ਗਈ ਪੁੱਛਗਿੱਛ ਦੌਰਾਨ ਗੁਰਪ੍ਰੀਤ ਸਿੰਘ ਵੱਲੋਂ ਪੁਲਸ ਨੂੰ ਦੱਸਿਆ ਗਿਆ ਕਿ ਨਸ਼ੇ ਦੇ ਉਕਤ ਟੀਕੇ ਉਹ ਵਿਨੋਦ ਕੁਮਾਰ ਵਾਸੀ ਅੰਬਾਲਾ ਤੋਂ ਲੈ ਕੇ ਆਉਂਦੇ ਹਨ, ਜਿਸ 'ਤੇ ਸੀ.ਆਈ.ਏ. ਦੀ ਟੀਮ ਨੇ ਅੰਬਾਲਾ ਵਿਖੇ ਛਾਪੇਮਾਰੀ ਕਰਦਿਆਂ ਵਿਨੋਦ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ, ਜਿਸਦੇ ਕਬਜ਼ੇ 'ਚੋਂ 8 ਟੀਕੇ ਬਿਉਪਰੋਨੌਰਫਿਨ ਅਤੇ 8 ਸ਼ੀਸ਼ੀਆਂ ਏਵਲ ਬਰਾਮਦ ਹੋਈਆਂ, ਜਿਸ ਦੀ ਪੁੱਛਗਿੱਛ ਦੇ ਆਧਾਰ 'ਤੇ ਅੰਬਾਲਾ ਦੇ ਮਨਮੋਹਨ ਨਗਰ ਇਲਾਕੇ 'ਚ ਬਣ ਰਹੇ ਵਿਨੋਦ ਕੁਮਾਰ ਦੇ ਨਵੇਂ ਮਕਾਨ 'ਚੋਂ 350 ਟੀਕੇ ਬਿਉਪਰੋਨੌਰਫਿਨ, 350 ਸ਼ੀਸ਼ੀਆਂ ਏਵਲ ਤੇ ਜਗਮੋਹਨ ਸਿੰਘ ਉਰਫ਼ ਮੋਨਾ ਉਰਫ ਸੰਦੀਪ ਦੇ ਕਬਜ਼ੇ 'ਚੋਂ 50 ਟੀਕੇ ਬਿਉਪਰੋਨੌਰਫਿਨ ਤੇ 50 ਸ਼ੀਸ਼ੀਆਂ ਏਵਲ ਬਰਾਮਦ ਹੋਈਆਂ, ਜਿਸ 'ਤੇ ਜਗਮੋਹਨ ਸਿੰਘ ਨੂੰ ਵੀ ਮੁਕੱਦਮੇ 'ਚ ਨਾਮਜ਼ਦ ਕਰਦੇ ਹੋਏ ਗ੍ਰਿਫ਼ਤਾਰ ਕਰ ਲਿਆ ਗਿਆ। ਮਾਮਲੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਵਿਨੋਦ ਕੁਮਾਰ ਨੂੰ 8 ਪਾਬੰਦੀਸ਼ੁਦਾ ਟੀਕਿਆਂ ਦੀ ਬਰਾਮਦਗੀ ਦੇ ਮਾਮਲੇ 'ਚ ਦੋਸ਼ੀ ਮੰਨਦੇ ਹੋਏ 2 ਸਾਲ ਕੈਦ ਬਾਮੁਸ਼ੱਕਤ 5,000/- ਰੁਪਏ ਜੁਰਮਾਨਾ, ਜਦੋਂ ਕਿ 350 ਟੀਕਿਆਂ ਦੀ ਬਰਾਮਦਗੀ ਮਾਮਲੇ 'ਚ 22 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 12 ਸਾਲ ਕੈਦ ਬਾਮੁਸ਼ੱਕਤ ਤੇ ਡੇਢ ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਇਸੇ ਮੁਕੱਦਮੇ 'ਚ ਨਾਮਜ਼ਦ ਜਗਮੋਹਨ ਸਿੰਘ ਨੂੰ 22 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ ਅਦਾਲਤ ਵੱਲੋਂ 10 ਸਾਲ ਕੈਦ ਬਾਮੁਸ਼ੱਕਤ ਅਤੇ 1,00,000/- ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ। ਇਸੇ ਮੁਕੱਦਮੇ 'ਚ ਨਾਮਜ਼ਦ ਗੁਰਪ੍ਰੀਤ ਸਿੰਘ ਨੂੰ 22 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ ਅਦਾਲਤ ਵੱਲੋਂ 45 ਦਿਨ ਕੈਦ ਬਾਮੁਸ਼ੱਕਤ ਤੇ 2,000/- ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ। ਇਸੇ ਮੁਕੱਦਮੇ 'ਚ ਨਾਮਜ਼ਦ ਕੀਤੇ ਗਏ ਇੰਦਰਵੀਰ ਸਿੰਘ ਨੂੰ 22 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ ਅਦਾਲਤ ਵੱਲੋਂ 60 ਦਿਨ ਕੈਦ ਬਾਮੁਸ਼ੱਕਤ ਤੇ 3,000/- ਰੁਪਏ ਜ਼ੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।



ਟੈਗੋਰ ਵਿਦਿਆਲਿਆ ਸੀਨੀਅਰ ਸੈਕੰਡਰੀ ਸਕੂਲ ਲੌਂਗੋਵਾਲ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਉਂਦੇ ਹੋਏ ਅਧਿਆਪਕ ਤੇ ਵਿਦਿਆਰਥੀ। ਇਸ ਮੌਕੇ ਪ੍ਰਿੰਸੀਪਲ ਜਸਵਿੰਦਰ ਕੌਰ, ਮੈਨੇਜਮੈਂਟ ਮੈਂਬਰ ਕੁਲਦੀਪ ਸਿੰਘ ਮੰਡੇਰ, ਗੋਬਿੰਦ ਸਿੰਘ ਗਿੱਲ ਤੇ ਜਤਿੰਦਰ ਸਿੰਘ ਆਦਿ ਹਾਜ਼ਰ ਸਨ। (ਫੋਟੋ ਤੇ ਵੇਰਵਾ : ਕੁਲਦੀਪ ਅੱਤਰੀ, ਪ੍ਰਦੀਪ ਸੱਪਲ, ਲੌਂਗੋਵਾਲ)



ਵਰਿੰਦਰ ਸਿੰਘ ਟੀਟੂ ਨੂੰ ਮੈਂਬਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦਾ ਦੂਜੀ ਵਾਰੀ ਸਰਬਸੰਮਤੀ ਨਾਲ ਪ੍ਰਧਾਨ ਚੁਣੇ ਜਾਣ 'ਤੇ ਸਨਮਾਨ ਕਰਦੇ ਹੋਏ ਡਾ. ਰੂਪ ਸਿੰਘ ਸੇਰੋਂ, ਰਾਮ ਸਿੰਘ ਸਿੱਧੂ, ਕੁਲਵਿੰਦਰ ਸਿੰਘ, ਚਮਕੌਰ ਸਿੰਘ, ਬੇਅੰਤ ਸਿੰਘ ਸੁਸਣ, ਹਰਪ੍ਰੀਤ ਸਿੰਘ ਢੀਂਡਸਾ ਦਿਖਾਈ ਦੇ ਰਹੇ ਹਨ। (ਫੋਟੋ ਤੇ ਵੇਰਵਾ : ਕੁਲਦੀਪ ਅੱਤਰੀ, ਪ੍ਰਦੀਪ ਸੱਪਲ, ਲੌਂਗੋਵਾਲ)

## ਕੁਪੋਸ਼ਣ ਦਾ ਸ਼ਿਕਾਰ ਹੋਏ ਬੱਚਿਆਂ ਨੂੰ ਬਿਮਾਰੀਆਂ ਦਾ ਵੱਧ ਖਤਰਾ : ਡਾ. ਝਮਟ



**ਮੋਗਾ (ਅਮਰਜੀਤ ਬੱਬਰੀ)**-ਦੇਸ਼ ਦੀ ਵਾਗਡੋਰ ਸੰਭਾਲਣ ਵਾਲੀ ਨਵੀਂ ਪੀੜ੍ਹੀ ਲਗਾਤਾਰ ਕੁਪੋਸ਼ਣ ਦਾ ਸ਼ਿਕਾਰ ਹੋ ਰਹੀ ਹੈ ਅਤੇ ਬੱਚਿਆਂ ਨੂੰ ਕੁਪੋਸ਼ਣ ਤੋਂ ਬਚਾਉਣ ਲਈ ਸਮੇਂ ਸਿਰ ਭੋਜਣ ਕਰਨ ਦੇ ਨਾਲ ਨਾਲ ਫਲ-ਫਰੂਟ ਅਤੇ ਮਾਂ ਦੇ ਹੱਥ ਦਾ ਬਣਿਆ ਖਾਣਾ ਦੇਣਾ ਸਮੇਂ ਦੀ ਮੁੱਖ ਲੋੜ ਹੈ ਤਾਂ ਹੀ ਦੇਸ਼ ਅਤੇ ਸਾਡੇ ਸਮਾਜ ਦੀ ਤਰੱਕੀ ਸੰਭਵ ਹੈ। ਡਾ. ਰਾਜੇਸ਼ ਅੱਤਰੀ ਸਿਵਿਲ ਸਰਜਨ ਮੋਗਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਬਲਾਕ ਪੱਧਰ ਦੀਆਂ ਸਿਹਤ ਸੰਸਥਾਵਾਂ ਤੇ ਕੌਮੀ ਸੰਤੁਲਿਤ ਖੁਰਾਕ ਹਫਤਾ ਮਨਾਇਆ ਜਾ ਰਿਹਾ ਹੈ। ਇਸ ਮੌਕੇ ਅਪਣੇ ਵਿਚਾਰ ਸਾਂਝੇ ਕਰਦੇ ਹੋਏ ਡਾ. ਸੁਰਿੰਦਰ ਸਿੰਘ ਝਮਟ ਸੀਨੀਅਰ ਮੈਡੀਕਲ ਅਫਸਰ ਪੀ ਐੱਚ ਸੀ ਢੁੱਡੀਕੇ ਨੇ ਕਿਹਾ ਕਿ ਭਾਰਤ ਵਿੱਚ ਹਰ ਸਾਲ 74 ਲੱਖ ਬੱਚੇ ਘੱਟ ਵਜ਼ਨ ਵਾਲੇ ਪੈਦਾ ਹੁੰਦੇ ਹਨ, ਜੋ ਕਿ ਵਿਕਾਸਸ਼ੀਲ ਦੇਸ਼ਾਂ ਵਿੱਚ ਪੈਦਾ ਹੋਣ ਵਾਲੇ ਘੱਟ ਵਜ਼ਨ ਵਾਲੇ ਬੱਚਿਆਂ ਦਾ 40 ਫੀਸਦੀ ਹਨ। ਇਹ ਅੰਕੜੇ ਸਾਹਮਣੇ ਆਉਣ ਦਾ ਮੁੱਖ ਕਾਰਨ ਸੰਤੁਲਿਤ ਭੋਜਣ ਦੀ ਘਾਟ ਹੈ ਸਿਹਤਮੰਦ ਸਮਾਜ ਦੀ ਸਿਰਜਣਾ ਹੋਣਾ ਅਤਿ ਜ਼ਰੂਰੀ ਹੈ ਅਤੇ ਅਜੋਕੀ ਭਜਦੋੜ ਵਾਲੀ ਜਿੰਦਗੀ ਵਿੱਚ ਮਾਪੇ ਆਪਣੇ ਬੱਚਿਆਂ ਨੂੰ ਸਹੀ ਸਮੇਂ 'ਤੇ ਖੁਰਾਕ ਲੈਣ ਲਈ ਸੁਹਿਰਦ ਬਣਾਉਣ ਤਾਂ ਜੋ ਆਉਣ ਵਾਲੀ ਪੀੜ੍ਹੀ ਕੁਪੋਸ਼ਣ ਦਾ ਸ਼ਿਕਾਰ ਨਾ ਹੋ ਸਕੇ।

ਬੱਚਿਆਂ ਦੀ ਤੰਦਰੁਸਤੀ ਨੂੰ ਦੇਖਦਿਆਂ ਸਕੂਲ ਹੈਲਥ ਟੀਮ ਤੇ ਪਿੰਡਾਂ ਵਿੱਚ ਐੱਮ ਪੀ ਐੱਚ ਡਬਲਿਊ. (ਫੀਮੇਲ) ਤੇ ਆਰ.ਬੀ.ਐੱਸ.ਕੇ. ਦੀਆਂ ਟੀਮਾਂ ਵੱਲੋਂ ਐੱਸ.ਐੱਮ.ਓ. ਦੀ ਨਿਗਰਾਨੀ ਹੇਠ ਬਲਾਕ ਢੁੱਡੀਕੇ ਦੇ ਪਿੰਡਾਂ ਵਿਚਲੇ ਸਕੂਲਾਂ ਵਿੱਚ ਪਹੁੰਚ ਕਰਕੇ ਬੱਚਿਆਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਕੈਂਪ ਲਗਾ ਕੇ ਸਮੇਂ ਅਨੁਸਾਰ ਭੋਜਣ ਦੀ ਵਿਵਸਥਾ ਬਾਰੇ ਜਾਗਰੂਕ ਕੀਤਾ ਗਿਆ।

## ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ

**ਜਗਰਾਓਂ (ਅਮਿਤ ਖੰਨਾ)**-ਜਗਰਾਓਂ ਦੇ ਨੌਜਵਾਨਾਂ ਦੀ ਸਮਾਜ ਸੇਵੀ ਸੰਸਥਾ ਕਰ ਭਲਾ ਹੋ ਭਲਾ ਵੱਲੋਂ 40ਵੇਂ ਮਾਸਿਕ ਪ੍ਰੋਗਰਾਮ ਤਹਿਤ 40 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਸਥਾਨਕ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਵਿਖੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਣ ਮੌਕੇ ਦੱਸਿਆ ਕਿ ਸੰਸਥਾ ਵੱਲੋਂ ਪਿਛਲੇ 39 ਮਹੀਨਿਆਂ ਤੋਂ ਹਰ ਮਹੀਨੇ 40 ਪਰਵਾਰਾਂ ਨੂੰ ਮੁਫਤ ਰਾਸ਼ਨ ਦਿੱਤਾ ਜਾ ਰਿਹਾ ਹੈ। ਇਸ ਮੌਕੇ ਅਮਿਤ ਅਰੋੜਾ (ਪ੍ਰਧਾਨ), ਕਪਿਲ ਨਰੂਲਾ (ਉਪ ਪ੍ਰਧਾਨ), ਨਨੇਸ ਗਾਂਧੀ (ਪ੍ਰਧਾਨ), ਮਹੇਸ਼ ਟੰਡਨ (ਉੱਪ ਪ੍ਰਧਾਨ), ਵਿਸ਼ਾਲ ਸ਼ਰਮਾ, ਰਾਹੁਲ (ਕੈਸ਼ੀਅਰ), ਭੁਪਿੰਦਰ ਸਿੰਘ ਮੁਰਲੀ, ਕਮਲ ਕੁਮਾਰ, ਨੀਰਜ ਕਟਾਰੀਆ, ਸੋਨੀ ਮੱਕੜ, ਹੈਪੀ ਮਾਨ, ਸੁਮਿਤ ਸ਼ਾਸਤਰੀ, ਸੁਨੀਲ ਬਜਾਜ, ਜਗਦੀਸ ਖੁਰਾਣਾ, ਰਜਿੰਦਰ ਜੈਨ, ਮਨੀਸ਼ ਚੁੱਘ, ਆਤਮਜੀਤ ਆਦਿ ਮੌਜੂਦ ਸਨ।



## ...ਸ.ਫ਼ਾ 1 ਦੇ ਬਾਕੀ

### ਪੰਜਾਬ ਨੂੰ ਰੰਗਲਾ...

(ਰੋਟੀ ਵਾਲੇ ਡੱਬੇ) ਦੇਖਣਾ ਚਾਹੁੰਦੇ ਹਨ ਤਾਂ ਕਿ ਉਹ ਨਸ਼ਿਆਂ ਦੇ ਟੀਕਿਆਂ ਤੋਂ ਦੂਰ ਹੋਣ। ਉਨ੍ਹਾ ਉਮੀਦ ਜਤਾਈ ਕਿ ਸੈਰ-ਸਪਾਟੇ ਨੂੰ ਉਤਸ਼ਾਹਤ ਕਰਨਾ ਇਸ ਪਵਿੱਤਰ ਕਾਰਜ ਲਈ ਇਕ ਪ੍ਰੇਰਕ ਵਜੋਂ ਕੰਮ ਕਰੇਗਾ, ਕਿਉਂਕਿ ਇਸ ਨਾਲ ਸੂਬੇ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਖੁੱਲ੍ਹਣਗੇ।

ਦੇਸ਼ ਤੇ ਵਿਸ਼ਵ ਭਰ ਤੋਂ ਆਈਆਂ ਉੱਘੀਆਂ ਹਸਤੀਆਂ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕੋਈ ਸਿਆਸੀ ਸਮਾਰੋਹ ਨਹੀਂ, ਸਗੋਂ ਇਹ ਅਜਿਹਾ ਸਮਾਗਮ ਹੈ, ਜੋ ਸੂਬੇ ਦੀ ਰੂਹ, ਮਿੱਟੀ ਤੇ ਦਿਲ ਨਾਲ ਜੁੜਿਆ ਹੋਇਆ ਹੈ। ਆਪਣਾ ਕਾਰਜਕਾਲ ਸੰਭਾਲਣ ਦੇ ਪਹਿਲੇ ਦਿਨ ਤੋਂ ਹੀ ਉਨ੍ਹਾ ਦਾ ਸੁਪਨਾ ਗਤੀਸ਼ੀਲ ਤੇ ਗੁਰੂਆਂ ਦੇ ਵਰੋਸਾਏ ਪੰਜਾਬ ਦੇ ਛੁਪੇ ਹੋਏ ਪਹਿਲੂਆਂ ਤੋਂ ਲੋਕਾਂ ਨੂੰ ਜਾਣੂੰ ਕਰਵਾਉਣਾ ਹੈ। ਇਸ ਨਾਲ ਵੱਡੀ ਗਿਣਤੀ 'ਚ ਸੈਲਾਨੀ ਸੂਬੇ ਵੱਲ ਖਿੱਚੇ ਆਉਣਗੇ। ਉਨ੍ਹਾ ਅਫ਼ਸੋਸ ਜ਼ਾਹਰ ਕੀਤਾ ਕਿ ਪਿਛਲੀ ਕਿਸੇ ਵੀ ਸਰਕਾਰ ਨੇ ਇਸ ਦਿਸ਼ਾ 'ਚ ਕੰਮ ਕਰਨ ਦਾ ਸੋਚਿਆ ਤੱਕ ਨਹੀਂ। ਮੁੱਖ ਮੰਤਰੀ ਨੇ ਕਿਹਾ ਕਿ ਭੂਗੋਲਿਕ ਪੱਖੋਂ ਵੀ ਪੰਜਾਬ ਵਰੋਸਾਈ ਹੋਈ ਧਰਤ ਹੈ ਅਤੇ ਸੂਬਾ ਸਰਕਾਰ ਦੀ ਇੱਛਾ ਸੈਰ-ਸਪਾਟਾ ਖ਼ੇਤਰ ਨੂੰ ਨਵੀਂ ਉੱਚਾਈ 'ਤੇ ਲੈ ਕੇ ਜਾਣ ਦੀ ਹੈ। ਅੰਮ੍ਰਿਤਸਰ 'ਚ ਰੋਜ਼ਾਨਾ ਇੱਕ ਲੱਖ ਸ਼ਰਧਾਲੂ ਦਰਸ਼ਨਾਂ ਲਈ ਆਉਂਦੇ ਹਨ ਅਤੇ ਹੁਣ ਸੂਬਾ ਸਰਕਾਰ ਦਾ ਧਿਆਨ ਪੰਜਾਬ ਦੀਆਂ ਹੋਰ ਥਾਵਾਂ ਦੇ ਵਿਸ਼ੇਸ਼ ਪਹਿਲੂਆਂ ਨੂੰ ਉਜਾਗਰ ਕਰਨ 'ਤੇ ਹੈ। ਪੰਜਾਬ ਦੇ ਹਰੇਕ ਪਿੰਡ 'ਚ ਸ਼ਹੀਦਾਂ ਦੀਆਂ ਯਾਦਗਾਰਾਂ ਹਨ, ਜਿਨ੍ਹਾਂ ਆਜ਼ਾਦੀ ਤੋਂ ਪਹਿਲਾਂ ਤੇ ਬਾਅਦ 'ਚ ਦੇਸ਼ ਦੀ ਖ਼ਾਤਰ ਜਾਨਾਂ ਕੁਰਬਾਨ ਕੀਤੀਆਂ, ਜਿਸ ਬਾਰੇ ਦੁਨੀਆ ਨੂੰ ਦੱਸਣ ਦੀ ਲੋੜ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਧਰਤੀ ਦਾ ਹਰੇਕ ਇੰਚ ਗੁਰੂਆਂ, ਪੀਰਾਂ-ਫ਼ਕੀਰਾਂ, ਸ਼ਹੀਦਾਂ ਤੇ ਕਵੀਆਂ ਦੀ ਚਰਨ ਛੋਹ ਪ੍ਰਾਪਤ ਹੈ। ਉਨ੍ਹਾ ਕਿਹਾ ਕਿ ਪੰਜਾਬੀ 'ਗਲੋਬਲ ਸਿਟੀਜ਼ਨ' ਹਨ, ਜਿਨ੍ਹਾਂ ਆਪਣੀ ਸਖ਼ਤ ਮਿਹਨਤ ਤੇ ਸਮਰਪਣ ਨਾਲ ਵਿਸ਼ਵ ਭਰ ਵਿੱਚ ਆਪਣੀ ਵੱਖਰੀ ਪਛਾਣ ਸਥਾਪਤ ਕੀਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਹੈ, ਜਿਸ ਕਾਰਨ ਪੰਜਾਬੀਆਂ ਨੇ ਹਰੇਕ ਖ਼ੇਤਰ 'ਚ ਮੱਲਾਂ ਮਾਰੀਆਂ ਹਨ। ਜੇ ਦੇਸ਼ ਨੂੰ ਨੰਬਰ ਇੱਕ ਬਣਾਉਣਾ ਹੈ ਤਾਂ ਪੰਜਾਬ ਨੂੰ ਜ਼ਰੂਰ ਵਿਸ਼ਵ ਭਰ 'ਚ ਮੋਹਰੀ ਸੂਬਾ ਬਣਾਉਣਾ ਪਵੇਗਾ। ਉਨ੍ਹਾ ਕਿਹਾ ਕਿ ਪੰਜਾਬ ਕੋਲ ਅਤਿ-ਆਧੁਨਿਕ ਬੁਨਿਆਦੀ ਢਾਂਚਾ ਤੇ ਸਹੂਲਤਾਂ ਹਨ ਅਤੇ ਸੂਬਾ ਸਰਕਾਰ ਇਨ੍ਹਾਂ ਦਾ ਵਿਸਥਾਰ ਕਰ ਰਹੀ ਹੈ। ਸੂਬੇ ਅਤੇ ਇਸ ਦੇ ਲੋਕਾਂ ਦੀ ਤਰੱਕੀ ਤੇ ਖ਼ੁਸ਼ਹਾਲੀ ਦੇ ਉਦੇਸ਼ ਨਾਲ ਇਸ ਮਹਾਨ ਕਾਰਜ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਨਿਵੇਸ਼ਕਾਂ ਨਾਲ ਸਿੱਧਾ ਸੰਵਾਦ ਰਚਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਵੱਡੇ ਮਾਣ ਵਾਲੀ ਗੱਲ ਹੈ ਕਿ ਸਾਰੇ ਨਿਵੇਸ਼ਕ ਤੇ ਉੱਦਮੀ ਦੂਰ-ਦੁਰਾਡਿਓਂ ਇਸ ਸਮਾਗਮ 'ਚ ਸ਼ਾਮਲ ਹੋਣ ਲਈ ਪੁੱਜੇ ਹਨ। ਉਨ੍ਹਾ ਉਮੀਦ ਜਤਾਈ ਕਿ ਪੁਰਜ਼ੋਰ ਕੋਸ਼ਿਸ਼ਾਂ ਨਾਲ ਆਉਣ ਵਾਲੇ ਦਿਨਾਂ 'ਚ ਸੈਰ-ਸਪਾਟਾ ਖ਼ੇਤਰ ਨੂੰ ਵੱਡਾ ਹੁਲਾਰਾ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਲਾਮਿਸਾਲ ਕੋਸ਼ਿਸ਼ਾਂ ਰਾਹੀਂ ਪੰਜਾਬ 'ਚ 50840 ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ। ਟਾਟਾ ਸਟੀਲ ਨੇ ਜਮਸ਼ੇਦਪੁਰ ਤੋਂ ਬਾਅਦ ਸਭ ਤੋਂ ਵੱਡਾ ਨਿਵੇਸ਼ ਪੰਜਾਬ 'ਚ ਕੀਤਾ ਹੈ। ਇਸ ਤੋਂ ਇਲਾਵਾ ਜਿੰਦਲ ਸਟੀਲ, ਵਰਬਿਓ, ਕਲਾਸ, ਟੈਫੇ, ਹਿੰਦੋਸਤਾਨ ਲਿਵਰ ਤੇ ਹੋਰ ਕੰਪਨੀਆਂ ਵੀ ਪੰਜਾਬ ਵਿੱਚ ਨਿਵੇਸ਼ ਕਰ ਰਹੀਆਂ ਹਨ। ਇਸ ਪਹਿਲਕਦਮੀ ਨਾਲ ਪੰਜਾਬ ਦੇ 2.25 ਲੱਖ ਨੌਜਵਾਨਾਂ ਨੂੰ ਰੋਜ਼ਗਾਰ ਮਿਲੇਗਾ। ਉਹਨਾ ਅੰਮ੍ਰਿਤਸਰ 'ਚ 50 ਤੋਂ 100 ਏਕੜ ਜ਼ਮੀਨ 'ਚ 'ਸੈਲੀਬ੍ਰੇਸ਼ਨ ਡੈਸਟੀਨੇਸ਼ਨ' ਦੀ ਸਥਾਪਨਾ ਦਾ ਐਲਾਨ ਕੀਤਾ। ਉਨ੍ਹਾ ਕਿਹਾ ਕਿ ਖ਼ੁਸ਼ੀ ਦੇ ਮੌਕਿਆਂ 'ਤੇ ਜਸ਼ਨ ਮਨਾਉਣ ਲਈ ਇਸ ਸੈਲੀਬ੍ਰੇਸ਼ਨ ਪੁਆਇੰਟ ਉਤੇ ਬੈਂਕੁਇਟ ਹਾਲਾਂ ਦਾ ਨਿਰਮਾਣ ਕੀਤਾ ਜਾਵੇਗਾ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿਚ ਈਕੋ-ਟੂਰਿਜ਼ਮ ਨੂੰ ਪ੍ਰਫੁੱਲਤ ਕੀਤਾ ਜਾ ਰਿਹਾ ਹੈ, ਕਿਉਂ ਜੋ ਸੂਬੇ ਨੂੰ ਕੁਦਰਤੀ ਸੌਗਾਤਾਂ ਦੀ ਬਖ਼ਸ਼ਿਸ਼ ਪ੍ਰਾਪਤ ਹੈ। ਉਨ੍ਹਾ ਕਿਹਾ ਕਿ ਚਮਰੋੜ ਪੱਤਣ ਵਰਗੀਆਂ ਥਾਵਾਂ ਨੂੰ ਵੀ ਵਿਕਸਤ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਫਿਲਮਾਂ ਦੀ ਸ਼ੂਟਿੰਗ, ਪੋਸਟ-ਪ੍ਰੋਡਕਸ਼ਨ ਅਤੇ ਫਿਲਮਾਂ ਰਿਲੀਜ਼ ਕਰਨ ਲਈ ਪੰਜਾਬ ਵਿਚ ਫਿਲਮ ਸਿਟੀ ਵਿਕਸਤ ਕੀਤੀ ਜਾਵੇਗੀ।

ਉਦਯੋਗਪਤੀਆਂ ਦਾ ਨਿੱਘਾ ਸਵਾਗਤ ਕਰਦਿਆਂ ਮੁੱਖ ਮੰਤਰੀ ਨੇ ਉਦਯੋਗਪਤੀਆਂ ਨੂੰ ਸੂਬੇ ਦੀ ਅਮਨ-ਕਾਨੂੰਨ ਦੀ ਬਿਹਤਰ ਵਿਵਸਥਾ, ਆਹਲਾ ਦਰਜੇ ਦਾ ਬੁਨਿਆਦੀ ਢਾਂਚਾ, ਬਿਜਲੀ, ਹੁਨਰਮੰਦ ਮਨੁੱਖੀ ਵਸੀਲੇ ਅਤੇ ਕੰਮ ਸੱਭਿਆਚਾਰ ਵਾਲੇ ਸੁਖਾਵੇਂ ਮਾਹੌਲ ਦਾ ਵੱਧ ਤੋਂ ਵੱਧ ਲਾਭ ਉਠਾਉਣ ਦਾ ਸੱਦਾ ਦਿੱਤਾ।

ਉਹਨਾ ਕਿਹਾ ਕਿ ਉਨ੍ਹਾਂ ਦੀ ਸਰਕਾਰ ਸਾਰਾਗੜ੍ਹੀ ਯਾਦਗਾਰ ਮੁਕੰਮਲ ਕਰੇਗੀ, ਤਾਂ ਕਿ 21 ਬਹਾਦਰ ਸੈਨਿਕਾਂ ਵੱਲੋਂ ਕੀਤੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਿਆ ਜਾ ਸਕੇ, ਜਿਨ੍ਹਾਂ ਨੇ ਸਾਰਾਗੜ੍ਹੀ ਦੀ ਜੰਗ 'ਚ ਦੇਸ਼ ਦੀ ਪ੍ਰਭੂਸੱਤਾ ਦੀ ਰਾਖੀ ਕਰਦਿਆਂ ਜਾਨਾਂ ਨਿਛਾਵਰ ਕਰ ਦਿੱਤੀਆਂ ਸਨ। ਇਹ ਜੰਗ ਬਹਾਦਰੀ ਦੀ ਲਾਮਿਸਾਲ ਗਾਥਾ ਹੈ। ਦੇਸ਼ ਦੇ ਬਹਾਦਰ ਸੈਨਿਕਾਂ ਵੱਲੋਂ ਕੀਤੀਆਂ ਮਹਾਨ ਕੁਰਬਾਨੀਆਂ ਦੇ ਰਿਣੀ ਰਹਿਣਗੇ, ਜਿਨ੍ਹਾਂ ਦੁਸ਼ਮਣ ਦੀ ਈਨ ਮੰਨਣ ਦੀ ਬਜਾਏ ਮੌਤ ਨੂੰ ਤਰਜੀਹ ਦਿੱਤੀ। ਉਹਨਾ ਕਿਹਾ ਕਿ ਭਾਵੇਂ 36ਵੀਂ ਸਿੱਖਜ਼ ਦੇ ਸੈਨਿਕਾਂ ਦੀ ਮਿਸਾਲੀ ਗਾਥਾ ਸਮਾਣਾ ਰਿੱਜ (ਹੁਣ ਪਾਕਿਸਤਾਨ) ਵਿਖੇ ਵਾਪਰੀ ਹੈ, ਜਿਨ੍ਹਾਂ 12 ਸਤੰਬਰ, 1897 ਨੂੰ 10,000 ਅਫ਼ਗਾਨੀਆਂ ਦੇ ਹਮਲੇ ਖ਼ਿਲਾਫ਼ ਗਹਿਗੱਚ ਲੜਾਈ ਲੜਦਿਆਂ ਕੁਰਬਾਨੀ ਦੇ ਦਿੱਤੀ। ਇਸ ਦੀ ਮਿਸਾਲ ਦੁਨੀਆ ਦੇ ਇਤਿਹਾਸ 'ਚ ਨਹੀਂ ਮਿਲਦੀ, ਪਰ ਪਿਛਲੀਆਂ ਸਰਕਾਰਾਂ ਨੇ ਇਸ ਇਤਿਹਾਸਕ ਘਟਨਾ ਨੂੰ ਅੱਖੋਂ-ਪਰੋਖੇ ਕੀਤਾ ਅਤੇ ਇੱਥੋਂ ਤੱਕ ਕਿ ਇਸ ਯਾਦਗਾਰ ਲਈ ਫੰਡ ਨਹੀਂ ਜਾਰੀ ਕੀਤੇ। ਉਨ੍ਹਾ ਕਿਹਾ, 'ਅਸੀਂ ਬਕਾਇਆ ਫੰਡ ਜਾਰੀ ਕਰ ਦਿੱਤੇ ਹਨ, ਜਿਸ ਕਰ ਕੇ ਹੁਣ ਇਸ ਯਾਦਗਾਰ ਨੂੰ ਛੇਤੀ ਤੋਂ ਛੇਤੀ ਮੁਕੰਮਲ ਕੀਤਾ ਜਾਵੇਗਾ।'

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਨੂੰ ਦੇਸ਼ ਵਿਚ ਮੈਡੀਕਲ ਸਿੱਖਿਆ ਦੇ ਧੁਰੇ ਵਜੋਂ ਉਭਾਰਿਆ ਜਾਵੇਗਾ। ਮੈਡੀਕਲ ਕਾਲਜਾਂ 'ਚ ਮਿਆਰੀ ਸਿੱਖਿਆ ਦੇਣ ਦੇ ਨਾਲ-ਨਾਲ ਲੋਕਾਂ ਨੂੰ ਇਲਾਜ ਤੇ ਜਾਂਚ ਦੀਆਂ ਬਿਹਤਰ ਸੇਵਾਵਾਂ ਵੀ ਦਿੱਤੀਆਂ ਜਾਣਗੀਆਂ। ਇਸ ਮੌਕੇ ਸੈਰ-ਸਪਾਟਾ ਮੰਤਰੀ ਅਨਮੋਲ ਗਗਨ ਮਾਨ ਨੇ ਆਪਣੇ ਸੰਬੋਧਨ 'ਚ ਸੈਰ-ਸਪਾਟਾ ਸੰਮੇਲਨ ਵਿੱਚ ਪਹੁੰਚੇ ਪਤਵੰਤਿਆਂ ਦਾ ਸਵਾਗਤ ਕੀਤਾ। ਉਨ੍ਹਾ ਕਿਹਾ ਕਿ ਪਹਿਲੀ ਵਾਰ ਪੰਜਾਬ ਸੈਰ-ਸਪਾਟਾ ਖੇਤਰ 'ਚ ਆਪਣੇ ਦਰਵਾਜ਼ੇ ਖੋਲ੍ਹ ਰਿਹਾ ਹੈ। ਧਾਰਮਕ ਸੈਰ-ਸਪਾਟੇ ਤੋਂ ਇਲਾਵਾ ਸੈਰ-ਸਪਾਟੇ ਦੇ ਬਾਕੀ ਖੇਤਰਾਂ ਨੂੰ ਵੀ ਵਿਕਸਤ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ 'ਚ ਸੈਰ-ਸਪਾਟੇ ਨੂੰ ਪ੍ਰਫੁੱਲਤ ਕਰਨ ਲਈ ਨੀਤੀਆਂ ਤਿਆਰ ਕਰਕੇ ਲਾਗੂ ਕਰ ਦਿੱਤੀਆਂ ਗਈਆਂ ਹਨ। ਪੰਜਾਬ 'ਚ ਛੁੱਟੀਆਂ ਮਨਾਉਣ ਲਈ ਵਿਸ਼ੇਸ਼ ਥਾਵਾਂ ਵਿਕਸਤ ਕੀਤੀਆਂ ਜਾ ਰਹੀਆਂ ਹਨ। ਪੰਜਾਬ ਵਿੱਚ ਵਿਕਾਸ ਪੱਖੀ ਸਰਕਾਰ ਹੈ, ਜੋ ਸੈਰ-ਸਪਾਟੇ ਦੇ ਖੇਤਰ ਦੇ ਵਿਕਾਸ ਲਈ ਵੱਡੇ ਕਦਮ ਚੁੱਕ ਰਹੀ ਹੈ।

### ਨਿਤੀਸ਼ ਵੱਲੋਂ ਚੌਟਾਲਿਆਂ...

ਸੁਖਬੀਰ ਸਿੰਘ ਬਾਦਲ ਵੀ ਮੰਚ ਸਾਂਝਾ ਕਰ ਸਕਦੇ ਹਨ। ਇਹ ਪ੍ਰੋਗਰਾਮ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਤੇ ਤਾਊ ਦੇ ਬੇਟੇ ਓਮ ਪ੍ਰਕਾਸ਼ ਚੌਟਾਲਾ ਦੇ ਇੰਡੀਅਨ ਨੈਸ਼ਨਲ ਲੋਕ ਦਲ (ਇਨੈਲੋ) ਵੱਲੋਂ ਜਥੇਬੰਦ ਕੀਤਾ ਜਾ ਰਿਹਾ ਹੈ। ਮਰਹੂਮ ਦੇਵੀ ਲਾਲ ਤੇ ਪ੍ਰਕਾਸ਼ ਸਿੰਘ ਬਾਦਲ ਪੱਗ-ਵੱਟ ਭਰਾ ਸਨ।

ਰੈਲੀ ਦੇ ਮੰਚ 'ਤੇ ਨਿਤਿਸ਼ ਕੁਮਾਰ, ਤੇਜਸਵੀ ਯਾਦਵ, ਫਾਰੂਕ ਅਬਦੁੱਲਾ ਵਰਗੇ ਵਿਰੋਧੀ ਦਲ ਦੇ ਨੇਤਾ ਦਿਖਾਈ ਦੇਣਗੇ। ਬਾਦਲ ਤੇ ਚੌਟਾਲਾ ਪਰਵਾਰਾਂ ਵਿਚਾਲੇ ਚੰਗੇ ਰਿਸ਼ਤਿਆਂ ਦਾ ਨਿਤਿਸ਼ ਫਾਇਦਾ ਉਠਾਉਣਾ ਚਾਹੁੰਦੇ ਹਨ। ਨਿਤੀਸ਼ ਦੇ ਖੁਦ ਦੇ ਵੀ ਓਮ ਪ੍ਰਕਾਸ਼ ਚੌਟਾਲਾ ਤੇ ਪ੍ਰਕਾਸ਼ ਸਿੰਘ ਬਾਦਲ ਨਾਲ ਚੰਗੇ ਰਿਸ਼ਤੇ ਰਹੇ ਹਨ। ਚਰਚਾ ਹੈ ਕਿ ਉਧਵ ਠਾਕਰੇ, ਐੱਨ ਸੀ ਪੀ ਦੇ ਸ਼ਰਦ ਪਵਾਰ, ਟੀ ਐੱਮ ਸੀ ਦੇ ਨੇਤਾ ਅਤੇ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਵੀ ਰੈਲੀ 'ਚ ਸ਼ਾਮਲ ਹੋ ਸਕਦੇ ਹਨ। ਇਸ ਆਯੋਜਨ ਨੂੰ ਵਿਰੋਧੀ ਦਲਾਂ ਦੀ ਏਕਤਾ ਦੇ ਪ੍ਰਦਰਸ਼ਨ ਦੇ ਤੌਰ 'ਤੇ ਪੇਸ਼ ਕੀਤਾ ਜਾ ਸਕਦਾ ਹੈ। ਹਾਲਾਂਕਿ ਹੁਣ ਤੱਕ ਕਾਂਗਰਸ ਨੂੰ ਸੱਦਾ ਦੇਣ ਜਾਂ ਉਸ ਦੇ ਸ਼ਾਮਲ ਹੋਣ ਦੀ ਕੋਈ ਖ਼ਬਰ ਨਹੀਂ। ਇਨੈਲੋ ਨੇਤਾ ਅਭੈ ਚੌਟਾਲਾ ਨੇ ਕਿਹਾ—ਸਾਡੇ ਵੱਲੋਂ ਲਗਭਗ ਸਾਰੀਆਂ ਵਿਰੋਧੀਆਂ ਪਾਰਟੀਆਂ ਨੂੰ ਸੱਦਾ ਭੇਜਿਆ ਗਿਆ ਹੈ। ਇਸ ਰੈਲੀ ਰਾਹੀਂ ਇਹ ਸੰਦੇਸ਼ ਜਾਵੇਗਾ ਕਿ ਕੇਂਦਰ ਸਰਕਾਰ ਨਾਲ ਮੁਕਾਬਲੇ ਲਈ ਵਿਰੋਧੀ ਧਿਰ ਪੂਰੀ ਤਰ੍ਹਾਂ ਤਿਆਰ ਹੈ। ਕਾਂਗਰਸ ਨੂੰ ਸੱਦੇ ਬਾਰੇ ਪਾਰਟੀ ਅੰਦਰ ਚਰਚਾ ਤੋਂ ਬਾਅਦ ਹੀ ਫੈਸਲਾ ਲਿਆ ਜਾਵੇਗਾ।

### ਗੋਧਰਾ ਕਾਂਡ ...

ਤੋਂ ਬਾਅਦ ਸੂਬੇ ਵਿਚ ਕਈ ਮਹੀਨੇ ਵੱਡੀ ਪੱਧਰ 'ਤੇ ਦੰਗੇ ਹੁੰਦੇ ਰਹੇ ਸਨ। ਠਾਕਰੇ ਨੇ ਕਿਹਾ ਕਿ ਰਾਮ ਮੰਦਰ ਦੇ ਉਦਘਾਟਨ ਵੇਲੇ ਸਰਕਾਰ ਬੱਸਾਂ ਤੇ ਟਰੱਕਾਂ ਰਾਹੀਂ ਅਯੁੱਧਿਆ ਵਿਚ ਵੱਡੀ ਗਿਣਤੀ ਵਿਚ ਲੋਕ ਇਕੱਠੇ ਕਰ ਸਕਦੀ ਹੈ ਤੇ ਵਾਪਸੀ 'ਤੇ ਗੋਧਰਾ ਵਰਗਾ ਕਾਂਡ ਹੋ ਸਕਦਾ ਹੈ।

### ਅਸੰਬਲੀ ਚੋਣਾਂ ...

'ਚ ਹੀ ਡਿੱਗ ਜਾਂਦੀ ਹੈ ਅਤੇ ਨਵੀਂ ਸਰਕਾਰ ਬਣ ਜਾਂਦੀ ਹੈ। ਜੇ 'ਇੱਕ ਦੇਸ਼-ਇੱਕ ਚੋਣ' ਦਾ ਵਿਚਾਰ ਲਾਗੂ ਹੁੰਦਾ ਹੈ ਤਾਂ ਸਰਕਾਰ ਡਿੱਗਣ ਦੀ ਸੂਰਤ 'ਚ ਰਾਸ਼ਟਰਪਤੀ ਸ਼ਾਸਨ ਲਾਗੂ ਕਰਨਾ ਪਵੇਗਾ, ਜੋ ਲੋਕਤੰਤਰ ਦੇ ਵਿਰੁੱਧ ਹੈ।

## ਵਿਧਾਇਕ ਤੇ ਮੇਅਰ ਨੇ ਬਸਤੀ ਗੋਬਿੰਦਗੜ੍ਹ ਦੀ ਮੇਨ ਸੜਕ ਦਾ ਕੰਮ ਸ਼ੁਰੂ ਕਰਾਇਆ



**ਮੋਗਾ (ਅਮਰਜੀਤ ਬੱਬਰੀ)**

ਮੋਗਾ ਸ਼ਹਿਰ ਦੀ ਕੋਈ ਵੀ ਸੜਕ ਹੁਣ ਟੁੱਟੀ ਹੋਈ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਮੋਗਾ ਸ਼ਹਿਰ ਦਾ ਵਿਕਾਸ ਸਰਵਪੱਖੀ ਅਤੇ ਬਿਨਾਂ ਭੇਦ-ਭਾਵ ਤੋਂ ਕਰਵਾਇਆ ਜਾ ਰਿਹਾ ਹੈ। ਇਹ ਵਿਚਾਰ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਨੇ ਅੱਜ ਵਾਰਡ ਨੰਬਰ-4 ਦੇ ਕੌਂਸਲਰ ਗੁਰਪ੍ਰੀਤ ਸਿੰਘ ਸਚਦੇਵਾ ਦੇ ਵਾਰਡ ਅਧੀਨ ਪੈਂਦੇ ਬਸਤੀ ਗੋਬਿੰਦਗੜ੍ਹ ਦੀ ਮੇਨ ਸੜਕ ਦਾ ਪੀ.ਸੀ. ਦਾ ਕੰਮ ਸ਼ੁਰੂ ਕਰਵਾਉਣ ਮੌਕੇ 'ਤੇ ਪ੍ਰਗਟ ਕੀਤੇ। ਇਸ ਤੋਂ ਪਹਿਲਾਂ ਕੌਂਸਲਰ ਗੁਰਪ੍ਰੀਤ ਸਿੰਘ ਸਚਦੇਵਾ ਤੇ ਵਾਰਡ ਨਿਵਾਸੀਆਂ ਵੱਲੋਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਮੇਅਰ ਬਲਜੀਤ ਸਿੰਘ ਚਾਨੀ ਨੂੰ ਸਿਰੋਪਾ ਪਾ ਕੇ ਸਨਮਾਨਤ ਕਰਦਿਆਂ ਵਾਰਡ 'ਚ ਪੁੱਜਣ 'ਤੇ ਸੁਆਗਤ ਕੀਤਾ। ਇਸ ਮੌਕੇ ਕੌਂਸਲਰ ਅਰਵਿੰਦਰ ਸਿੰਘ ਹੈਪੀ ਕਾਨਪੁਰੀਆ, ਜਗਸੀਰ ਜਿੰਦਲ, ਵਲੰਟੀਅਰ ਤੇ ਮੁਹੱਲਾ ਨਿਵਾਸੀ ਹਾਜ਼ਰ ਸਨ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਜੇਕਰ ਕਿਸੇ ਵਾਰਡ ਨਿਵਾਸੀ ਨੂੰ ਕਿਸੇ ਪ੍ਰਕਾਰ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਨ੍ਹਾ ਦੇ ਧਿਆਨ 'ਚ ਲਿਆਂਦਾ ਜਾਵੇ, ਉਸ ਸਮੱਸਿਆ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਵਾਰਡ ਦੇ ਕੌਂਸਲਰ ਗੁਰਪ੍ਰੀਤ ਸਿੰਘ ਸਚਦੇਵਾ ਨੇ ਵਾਰਡ ਦੇ ਵਿਕਾਸ ਕੰਮ ਸ਼ੁਰੂ ਹੋਣ 'ਤੇ ਮੁੱਖ ਮੰਤਰੀ ਭਗਵੰਤ ਮਾਨ, ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਦਾ ਧੰਨਵਾਦ ਕੀਤਾ।

## ਮੁੱਖ ਮੰਤਰੀ ਵੱਲੋਂ ਪੰਜਾਬ ਦੇ ਲੋਕਾਂ ਪ੍ਰਤੀ ਜੋ ਵੀ ਫ਼ੈਸਲੇ ਲਏ ਸਾਰੇ ਇਤਿਹਾਸਕ ਸਾਬਤ ਹੋਏ : ਕਟਾਰੀਆ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅਨੇਕਾਂ ਅਜਿਹੇ ਫੈਸਲੇ ਪੰਜਾਬ ਦੇ ਹਿੱਤਾਂ ਲਈ ਲਏ ਗਏ ਹਨ, ਜੋ ਪਿਛਲੀਆਂ ਸਰਕਾਰਾਂ ਨਹੀਂ ਲੈ ਸਕੀਆਂ, ਹਰ ਖੇਤਰ ਵਿੱਚ ਪੰਜਾਬ ਦੇ ਹਿੱਤਾਂ ਨੂੰ ਮੁੱਖ ਰੱਖ ਕੇ ਕੰਮ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਯੂਥ ਆਗੂ ਸ਼ੰਕਰ ਕਟਾਰੀਆ ਨੇ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਨੇ ਬਿਜਲੀ ਮੁਫ਼ਤ ਦਾ ਵਾਅਦਾ ਪੂਰਾ ਕਰਨ ਤੋਂ ਬਾਅਦ ਸਿੱਖਿਆ, ਸਿਹਤ ਅਤੇ ਰੁਜ਼ਗਾਰ ਦੇ ਵਾਅਦੇ ਪੂਰੇ ਕਰਨ ਲਈ ਦਿਨ ਰਾਤ ਇੱਕ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਲੋਕਾਂ ਪ੍ਰਤੀ ਜੋ ਵੀ ਫ਼ੈਸਲੇ ਲਏ, ਸਾਰੇ ਇਤਿਹਾਸਕ ਸਾਬਤ ਹੋਏ ਹਨ। ਸ਼ੰਕਰ ਕਟਾਰੀਆ ਨੇ ਕਿਹਾ ਕਿ 13 ਸਤੰਬਰ ਨੂੰ ਅੰਮ੍ਰਿਤਸਰ ਵਿਖੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਣ ਵਾਲੀ ਰੈਲੀ ਇਤਿਹਾਸਕ ਰੈਲੀ ਹੋਵੇਗੀ। ਵਿਧਾਨ ਸਭਾ ਹਲਕਾ ਜੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਦੀ ਅਗਵਾਈ ਹੇਠ ਰੈਲੀ ਵਿੱਚ ਜਾਣ ਲਈ ਲੋਕਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਸ਼ੰਕਰ ਕਟਾਰੀਆ ਨਾਲ ਰਣਜੀਤ ਸਿੰਘ ਰਾਣਾ ਬਾਹਰਵਾਲੀ, ਰਾਜ ਸਿੰਘ ਝੰਡਾ ਬੱਗਾ, ਬੱਬੂ ਸਹਿਜ਼ਾਦਾ ਆਦਿ ਹਾਜ਼ਰ ਸਨ।

## ਕੁਸ਼ਤੀ ਤੇ ਹਾਕੀ ਖਿਡਾਰੀਆਂ ਨੇ ਸਟੇਟ ਪੱਧਰੀ ਟੂਰਨਾਮੈਂਟ 'ਚ ਨਾਂਅ ਕੀਤਾ ਰੌਸ਼ਨ



**ਮਾਛੀਵਾੜਾ ਸਾਹਿਬ (ਜਗਦੀਸ ਰਾਏ, ਸੈਂਕੀ ਸ਼ਰਮਾ)**-ਸ੍ਰੀ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਖੇਡਾਂ ਦੇ ਖੇਤਰ ਵਿੱਚ ਲਗਾਤਾਰ ਵੱਖ-ਵੱਖ ਈਵੈਂਟ ਵਿੱਚ ਮਾਣਮੱਤੀਆਂ ਪ੍ਰਾਪਤੀਆਂ ਕਰਕੇ ਸੰਸਥਾ ਦੇ ਨਾਂਅ ਨੂੰ ਚਾਰ ਚੰਨ ਲਾ ਰਹੇ ਹਨ। ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ ਦੱਸਿਆ ਕਿ ਪਿਛਲੇ ਦਿਨੀਂ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਦੌਰਾਨ ਇਸ ਸਕੂਲ ਦੇ ਦੋ ਹਾਕੀ ਖਿਡਾਰੀ ਸਟੇਟ ਪੱਧਰੀ ਟੂਰਨਾਮੈਂਟ ਲਈ ਚੁਣੇ ਗਏ। ਇਸੇ ਤਰ੍ਹਾਂ ਖੰਨਾ ਵਿਖੇ ਸੰਪੰਨ ਜ਼ਿਲ੍ਹਾ ਪੱਧਰੀ ਕੁਸ਼ਤੀ ਮੁਕਾਬਲਿਆਂ ਵਿੱਚ ਇਸ ਸੰਸਥਾ ਦੇ ਵਿਦਿਆਰਥੀ ਸਟੇਟ ਪੱਧਰੀ ਟੂਰਨਾਮੈਂਟ ਲਈ ਚੁਣੇ ਗਏ। ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਦੀ ਯੋਗ ਰਹਿਨੁਮਾਈ ਤੇ ਸਪੋਰਟਸ ਇੰਚਾਰਜ ਕੁਲਦੀਪ ਸਿੰਘ ਦੀ ਦੇਖ-ਰੇਖ ਵਿੱਚ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਅੰਡਰ-19 ਤਹਿਤ ਜੋਬਨਪ੍ਰੀਤ ਸਿੰਘ ਨੇ ਗੋਲਡ ਮੈਡਲ ਪ੍ਰਾਪਤ ਕੀਤਾ ਤੇ ਅਮਨਿੰਦਰ ਸਿੰਘ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ। ਇਸੇ ਤਰ੍ਹਾਂ ਅੰਡਰ-17 ਵਿੱਚ ਰੁਸਤਮ ਨੇ ਗੋਲਡ, ਦਮਨਪ੍ਰੀਤ ਨੇ ਸਿਲਵਰ ਅਤੇ ਗੈਵੀ ਨੇ ਬ੍ਰੋਂਜ ਮੈਡਲ ਪ੍ਰਾਪਤ ਕੀਤਾ। ਇਨ੍ਹਾਂ ਸਾਰੇ ਜੇਤੂ ਖਿਡਾਰੀਆਂ ਦਾ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ, ਸਪੋਰਟਸ ਇੰਚਾਰਜ ਕੁਲਦੀਪ ਸਿੰਘ ਤੇ ਮੈਡਮ ਰਾਜਵੰਤ ਕੌਰ ਨੇ ਸਨਮਾਨ ਕੀਤਾ। ਇਸ ਮੌਕੇ ਸਕੂਲ ਦੇ ਸਮੂਹ ਸਟਾਫ਼ ਦੇ ਨਾਲ ਕੋਚ ਮੁਲਖ ਰਾਜ ਵੀ ਉਚੇਚੇ ਤੌਰ 'ਤੇ ਮੌਜੂਦ ਸਨ।

### ਗੁਰਦੁਆਰਾ ਨਾਢਾ ਸਾਹਿਬ..

ਟੀ ਵੀ ਰਾਹੀਂ ਦੁਨੀਆ ਭਰ ਦੇ 63 ਦੇਸ਼ਾਂ 'ਚ ਤੜਕੇ 2.45 ਵਜੇ ਤੋਂ ਸਵੇਰੇ 8 ਵਜੇ ਤੱਕ ਸਿੱਧਾ ਪ੍ਰਸਾਰਨ ਕੀਤਾ ਜਾ ਰਿਹਾ ਹੈ ਅਤੇ ਇਹ ਸਾਰੇ ਪ੍ਰਮੁੱਖ ਪਲੇਟਫਾਰਮਾਂ 'ਤੇ ਉਪਲੱਬਧ ਹੈ। ਗੁਰਬਾਣੀ ਦਾ ਪ੍ਰਸਾਰਨ ਕਮੇਟੀ ਦੇ ਸੋਸ਼ਲ ਮੀਡੀਆ ਅਤੇ ਯੂ-ਟਿਊਬ ਚੈਨਲ 'ਤੇ ਵੀ ਕੀਤਾ ਜਾਵੇਗਾ। ਹਾਲਾਂਕਿ ਅਧਿਕਾਰ ਐੱਚ ਐੱਸ ਜੀ ਐੱਮ ਸੀ ਕੋਲ ਰਹਿਣਗੇ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਨੇ ਗੁਰਬਾਣੀ ਦੇ ਸਿੱਧੇ ਪ੍ਰਸਾਰਨ ਲਈ 24 ਜੁਲਾਈ ਨੂੰ 'ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ' ਨਾਂਅ ਦਾ ਆਪਣਾ ਯੂ-ਟਿਊਬ ਚੈਨਲ ਸ਼ੁਰੂ ਕੀਤਾ ਸੀ।


जाहिर नोटीस

CNR No.MHL.CO40006262023

वकील : सचिन वंजारे    जावक क्र. ५४८२
कामगार न्यायालय, ठाणे.
ऑफिस कॉम्प्लेक्स
इमारत, मुलुंड चेकनाका,
एम.आय.डी.सी.
ठाणे, पश्चिम – ४००६०४
दिनांक : २८/८/२०२३

श्रमिक भरपाई आयुक्त ठाणे आणि
चौथे कामगार न्यायालय, ठाणे.
अर्ज (श्र.नु.भ.वाटप अर्ज)
क्र. २३४/आय–७४/२०२३

१. श्रीमती सरबजित कौर बलदेव सिंग
२. कुलदिप सिंग बलदेव सिंग
३. अमनदिप कौर बलदेव सिंग
४. हरमन सिंग बलदेव सिंग
पता: बी–३०५, अमृतवेल कॉम्प्लेक्स, प्लॉट नं. १० ए, सेक्टर ०७, कामोठे, नवी मुंबई,
पता : गोल्डन एव्हेन्यु, अमृतसर रोड, तरनतारन पंजाब, १४३४०१ ....अर्जदार

विरूध्द

राजलक्ष्मी रोडलाईन्स प्रा. लि.
पता : ७७/३, दहिसर गाव, गावदेवी मंदिर के पास, शिळफाटा पनवेल रोड, मुंब्रा, जि. ठाणे

सुचना

इस सूचना के द्वारा अवगत किया जाता है कि, उपर दिये गये आवेदकने मृत बलदेव सिंग का काम करते समय दि. २६/१२/२०१९ को दुर्घटना से निधन हो गया और उनके निधन के पश्चात यह सब आवेदक इनके कानुनन वारिस है और इस न्यायालय मे अर्जी दाखिल किये है। इस कंपनीने रक्कम धनादेश के द्वारा श्रमिक भरपाई आयुक्त, ठाणे में जमा किया गया है। नुकसान भरपाई की रक्कम रू. ६,६७,५८६/– (रू. छह लाख सदसठ हजार पांचसौ छियासी मात्र) इतनी रक्कम उपरोक्त आवेदक ने श्रमिक भरपाई आयुक्त कार्यालय, ठाणे में जमा कि गयी उनको वितरण करने के लिये अर्जी दाखिल कि है।

अत: इस सुचना तहत अवगत किया जाता है, कि इस न्यायालय मे जमा कि गयी नुकसान भरपाई रकम आवेदको को प्रदान करने पर अगर किसी भी व्यक्ती अथवा व्यक्तियो को आपत्ति है या उसे विरोध है तो उस प्रकार कि सुचना प्रकाशीत होने के ३० दिन के भीतर न्यायालय मे दाखल करे। ३० दिन की अवधी समाप्त होने के पश्चात प्राप्त विरोध या सुचना पर विचार नहीं किया जाएगा। इससे संबंधित लोग ध्यान रखे।

सुनवाई की अगली तारीख : आदेशानुसार,
१६/०९/२०२३    प्रभारी सचिव,
शिक्का    कामगार न्यायालय, ठाणे.


ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਖੇਤੀ ਮੋਟਰਾਂ ਨੂੰ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣਾ ਯਕੀਨੀ ਬਣਾਵੇ ਸਰਕਾਰ : ਵਲਟੋਹਾ, ਦਰਾਜਕੇ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਬੀਤੇ ਕਾਫੀ ਦਿਨਾਂ ਤੋਂ ਖੇਤੀ ਸੈਕਟਰ 'ਚ ਲੱਗ ਰਹੇ ਬਿਜਲੀ ਦੇ ਕੱਟਾਂ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਿਰਵਿਘਨ ਬਿਜਲੀ ਸਪਲਾਈ ਦੇਣ ਦੇ ਵੱਡੇ-ਵੱਡੇ ਦਾਅਵੇ ਕਰਨ ਵਾਲੀ 'ਆਪ' ਸਰਕਾਰ ਕਿਸਾਨਾਂ ਨੂੰ 2-3 ਘੰਟੇ ਬਿਜਲੀ ਸਪਲਾਈ ਦੇ ਰਹੀ ਹੈ, ਜਿਸ ਕਾਰਨ ਕਿਸਾਨਾਂ ਨੂੰ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਾਨ ਸਰਕਾਰ ਕਿਸਾਨਾਂ ਨੂੰ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣਾ ਯਕੀਨੀ ਬਣਾਵੇ ਤਾਂ ਜੋ ਕਿਸਾਨ ਆਪਣੀਆਂ ਫਸਲਾਂ ਦੀ ਸਿੰਜਾਈ ਸਹੀ ਢੰਗ ਨਾਲ ਕਰ ਸਕਣ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ) ਦੇ ਜ਼ਿਲ੍ਹਾ ਤਰਨ ਤਾਰਨ ਤੋਂ ਪ੍ਰਧਾਨ ਬਲਕਾਰ ਸਿੰਘ ਵਲਟੋਹਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਦਿਲਬਾਗ ਸਿੰਘ ਦਰਾਜਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਪਰੋਕਤ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣ ਦੇ ਵੱਡੇ-ਵੱਡੇ ਦਾਅਵੇ ਕਰਦੇ ਹਨ, ਪ੍ਰੰਤੂ ਕਿਸਾਨਾਂ ਨੂੰ 8 ਘੰਟੇ ਦੀ ਥਾਂ 2-3 ਘੰਟੇ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ, ਜਿਸ ਕਾਰਨ ਕਿਸਾਨਾਂ ਨੂੰ ਝੋਨੇ ਦੀ ਫਸਲ ਪਾਲਣ 'ਚ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੀ ਇਸ ਮੁਸ਼ਕਿਲ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ। ਇਸ ਮੌਕੇ ਖਜ਼ਾਨਚੀ ਬਿੱਕਰ ਸਿੰਘ, ਬਲਾਕ ਭਿੱਖੀਵਿੰਡ ਤੋਂ ਪ੍ਰਧਾਨ ਗੁਰਸਾਹਿਬ ਸਿੰਘ ਨਾਰਲਾ, ਮੀਤ ਪ੍ਰਧਾਨ ਲਖਵਿੰਦਰ ਸਿੰਘ ਪਹੂਵਿੰਡ, ਹਰਵਿੰਦਰ ਸਿੰਘ ਭਿੱਖੀਵਿੰਡ, ਪ੍ਰਧਾਨ ਕਪੂਰ ਸਿੰਘ ਭਿੱਖੀਵਿੰਡ, ਦਿਲਬਾਗ ਸਿੰਘ, ਮਨਪ੍ਰੀਤ ਛੰਨਾ, ਗੁਰਭੇਜ ਸਿੰਘ ਦਰਾਜਕੇ ਆਦਿ ਆਗੂ ਹਾਜ਼ਰ ਸਨ।

# ਪੰਜਾਬੀ, ਹਿਸਾਬ ਤੇ ਅੰਗ੍ਰੇਜ਼ੀ ਦੇ ਵਿਸ਼ਾ ਅਧਿਆਪਕਾਂ ਦੀ ਦੋ ਰੋਜ਼ਾ ਟ੍ਰੇਨਿੰਗ ਸਮਾਪਤ



**ਬੁਤਾਲਾ (ਨਿਰਮਲ ਸਿੰਘ ਸੰਘਾ)**- ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਅੰਮ੍ਰਿਤਸਰ ਦੇ ਦੇਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਿਲਚੀਆਂ ਦੇ ਪ੍ਰਿੰਸੀਪਲ ਰਜੀਵ ਕੱਕੜ ਦੇ ਯੋਗ ਪ੍ਰਬੰਧਾਂ ਹੇਠ ਮਿਸ਼ਨ ਸਮਰੱਥ ਤਹਿਤ ਪੰਜਾਬੀ, ਅੰਗਰੇਜ਼ੀ ਅਤੇ ਹਿਸਾਬ ਦੇ ਵਿਸ਼ਾ ਅਧਿਆਪਕਾਂ ਦੀ ਦੋ ਰੋਜ਼ਾ ਟ੍ਰੇਨਿੰਗ ਕਰਵਾਈ ਗਈ। ਇਸ ਵਿੱਚ ਰਈਆ-1 ਦੇ ਰਿਸੋਰਸਪਰਸਨ ਪੰਜਾਬੀ ਜਗਰੂਪ ਸਿੰਘ ਅੰਗਰੇਜ਼ੀ ਵੀ. ਆਰ. ਪੀ. ਮੈਡਮ ਪਵਨਦੀਪ ਕੌਰ ਅਤੇ ਗਣਿਤ ਦੇ ਬੀ. ਆਰ . ਪੀ. ਮੇਜਰ ਸਿੰਘ ਨੇ ਟ੍ਰੇਨਿੰਗ ਦਿੱਤੀ। ਰਈਆ -2 ਦੇ ਅਧਿਆਪਕਾਂ ਨੂੰ ਅੰਗ੍ਰੇਜ਼ੀ ਵੀ. ਆਰ. ਪੀ. ਮੈਡਮ ਜਸਬੀਰ ਕੌਰ ਪੰਜਾਬੀ ਅਮਰੀਕ ਸਿੰਘ ਅਤੇ ਗਣਿਤ ਦੇ ਵੀ. ਆਰ. ਪੀ. ਮੇਜਰ ਸਿੰਘ ਨੇ ਟ੍ਰੇਨਿੰਗ ਦਿੱਤੀ। ਮੈਡਮ ਅਮਰਪ੍ਰੀਤ ਕੌਰ ਅੰਗਰੇਜ਼ੀ ਡੀ. ਆਰ. ਪੀ. ਨੇ ਆਬਜ਼ਰਵਰ ਵਜੋਂ ਨਿਰੀਖਣ ਅਤੇ ਮਾਰਗ ਦਰਸ਼ਨ ਕੀਤਾ। ਇਸ ਟ੍ਰੇਨਿੰਗ ਵਿੱਚ ਬਖਤੌਰ ਸਿੰਘ, ਗੁਰਬਿੰਦਰ ਸਿੰਘ, ਜਗੀਰ ਸਿੰਘ, ਸੁਖਵਿੰਦਰ ਸਿੰਘ ਬਿੱਟਾ, ਰਾਜਨ ਸ਼ਰਮਾ, ਕਮਲਦੀਪ ਕੁਮਾਰ, ਹਰਪ੍ਰੀਤ ਕੌਰ, ਪਿੰਕੀ ਰਾਣੀ, ਪ੍ਰੇਮ ਕੌਰ, ਬਲਜੀਤ, ਜਗਜੀਤ ਸਿੰਘ, ਵਰਿੰਦਰ ਸਿੰਘ, ਸ਼ਖਮੀਤ ਸਿੰਘ ਆਦਿ ਸੈਮੀਨਾਰ ਵਿੱਚ ਹਾਜ਼ਰ ਹੋਏ।

# ਪੈਨਸ਼ਨਰ ਐਸੋਸੀਏਸ਼ਨ ਦੀ ਬਿਜਲੀ ਦਫਤਰ ਕੰਪਲੈਕਸ ਮਜੀਠਾ ਵਿਖੇ ਇਕੱਤਰਤਾ

**ਮਜੀਠਾ (ਸੋਇਮ ਆਨੰਦ)**-ਬਿਜਲੀ ਦਫਤਰ ਕੰਪਲੈਕਸ ਮਜੀਠਾ ਵਿਖੇ ਪੈਨਸ਼ਨਰ ਐਸੋਸੀਏਸ਼ਨ ਸਬ ਅਰਬਨ ਮੰਡਲ ਅੰਮ੍ਰਿਤਸਰ ਦੀ ਇਕੱਤਰਤਾ ਮੰਡਲ ਪ੍ਰਧਾਨ ਰਾਮ ਲੁਭਾਇਆ ਮਜੀਠਾ ਦੀ ਅਗਵਾਈ ਹੇਠ ਹੋਈ, ਜਿਸ ਨੂੰ ਸੰਬੋਧਨ ਕਰਦਿਆ ਬੁਲਾਰਿਆਂ ਕਿਹਾ ਕਿ ਪੈਨਸ਼ਨਰਾਂ ਵੱਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਪਿਛਲੇ ਕਾਫੀ ਲੰਮੇ ਸਮੇਂ ਤੋਂ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੇ ਖਿਲਾਫ ਰੋਸ ਮੁਜ਼ਾਹਰੇ ਕੀਤੇ ਜਾ ਰਹੇ ਹਨ ਜਿਸ ਦੇ ਦਬਾਅ ਹੇਠ ਮੈਨੇਜਮੈਂਟ ਵਲੋਂ ਜਥੇਬੰਦੀ ਨਾਲ ਕੀਤੀਆਂ ਮੀਟਿੰਗਾਂ 'ਚ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦੇਣ ਦੇ ਬਾਵਜੂਦ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ ਜਿਸ ਤੇ ਜਥੇਬੰਦੀ ਵਲੋਂ ਰੋਹ 'ਚ ਆ ਕੇ ਮੰਗਾਂ ਦੀ ਪ੍ਰਾਪਤੀ ਲਈ 23 ਸਤੰਬਰ ਨੂੰ ਨਿਊ ਅੰਮ੍ਰਿਤਸਰ ਵਿਖੇ ਬਿਜਲੀ ਮੰਤਰੀ ਦੇ ਖਿਲਾਫ ਰੋਸ ਮੁਜ਼ਾਹਰਾ ਕੀਤਾ ਜਾਵੇਗਾ ਤੇ 14 ਅਕਤੂਬਰ ਨੂੰ



ਚੰਡੀਗੜ੍ਹ ਵਿਖੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵਲੋਂ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਇਕੱਤਰਤਾ ਨੂੰ ਉਕਤ ਤੋਂ ਇਲਾਵਾ ਮਹਿੰਦਰ ਸਿੰਘ ਖੈਹਰਾ, ਜੁਗਿੰਦਰ ਸਿੰਘ ਸੋਹੀ, ਜਗੀਰ ਸਿੰਘ ਸੋਹੀ, ਗੁਰਨਾਮ ਸਿੰਘ ਡੱਡੀਆਂ, ਸੁਭਾਸ਼ ਅੰਬਰਸਰੀਆ, ਦਲਵਿੰਦਰ ਸਿੰਘ ਸੁਪਾਰੀਵਿੰਡ, ਬਲਵਿੰਦਰ ਸਿੰਘ ਰਾਮਦਿਵਾਲੀ, ਸੁਖਦੇਵ ਸਿੰਘ ਮਰੜ੍ਹੀ, ਰਵੇਲ ਸਿੰਘ ਗੋਸਲ, ਜਗਮੋਹਨ ਅੰਮ੍ਰਿਤਸਰੀਆ, ਹਰਭਜਨ ਸਿੰਘ ਜਲਾਪੁਰਾ ਤੇ ਹਰਭਜਨ ਸਿੰਘ ਜੇਠੂਵਾਲ ਨੇ ਸੰਬੋਧਨ ਕੀਤਾ।

# ਰੇੜ੍ਹੀ, ਫੜ੍ਹੀ ਤੇ ਖੋਖੇ ਵਾਲਿਆਂ ਨੂੰ ਦੋ ਵੇਲੇ ਦੀ ਰੋਟੀ ਦਾ ਫਿਕਰ ਸਤਾਉਣ ਲੱਗਾ




**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਦੇ ਪੁਰਾਣੇ ਬੱਸ ਸਟੈਂਡ ਸਾਹਮਣੇ ਰੇੜ੍ਹੀ, ਫੜ੍ਹੀ ਤੇ ਖੋਖਿਆਂ ਰਾਹੀਂ ਪਿਛਲੀਆਂ ਤਿੰਨ ਪੀੜ੍ਹੀਆਂ ਤੋਂ ਮਿਹਨਤ ਮਜ਼ਦੂਰੀ ਕਰਕੇ ਆਪਣਾ ਤੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰ ਰਹੇ ਹਨ। ਹੁਣ ਨਵੇਂ ਬੱਸ ਸਟੈਂਡ ਦੀ ਉਸਾਰੀ ਸਮੇਂ ਇਨਵਾਂ ਗਰੀਬ ਪਰਿਵਾਰਾਂ ਲਈ ਕੋਈ ਵਿਵਸਥਾ ਨਹੀਂ ਕੀਤੀ ਗਈ ਅਤੇ ਨਵੇਂ ਬੱਸ ਸਟੈਂਡ ਦੇ ਉਦਘਾਟਨ ਦੀਆਂ ਖਬਰਾਂ ਸੁਣਨ ਕਰਕੇ ਉਨ੍ਹਾਂ ਦੇ ਸਾਹਮਣੇ ਦੋ ਵਕਤ ਦੀ ਰੋਟੀ ਦਾ ਜੁਗਾੜ ਕਰਨਾ ਪਹਾੜ ਜਿੱਡੀ ਮੁਸ਼ਕਲ ਦਿਖਾਈ ਦੇ ਰਹੀ ਹੈ। ਸ਼ਹੀਦ ਬਲਜੀਤ ਸਿੰਘ ਫਜ਼ਲਾਬਾਦ ਯਾਦਗਾਰ ਟਰਸਟ ਰੁਲੀਆ ਰਾਮ ਕਾਲੋਨੀ ਜੇਲ ਰੋਡ ਗੁਰਦਾਸਪੁਰ ਵਿਖੇ ਸੀਟੀਯੂ ਪੰਜਾਬ ਦੇ ਜ਼ਿਲ੍ਹਾ ਦਫਤਰ ਸਾਥੀ ਦਿਨੇਸ਼ ਕੁਮਾਰ ਮੁੰਨਾ ਦੀ ਪ੍ਰਧਾਨਗੀ ਹੇਠ ਸੈਂਕੜੇ ਸਾਥੀਆਂ ਦੀ ਮੀਟਿੰਗ ਹੋਈ। ਵਿਚਾਰ ਚਰਚਾ ਉਪਰੰਤ ਫੈਸਲਾ ਕੀਤਾ ਕਿ ਗੁਰਦਾਸਪੁਰ ਸ਼ਹਿਰ ਦੇ ਸਾਰੇ ਈ ਰਿਕਸ਼ਾ, ਆਟੋ ਰਿਕਸ਼ਾ ਤੇ ਮੈਜਿਕ ਟੈਕਸੀ ਚਾਲਕ ਅਤੇ ਰੇੜ੍ਹੀ ਫੜੀ ਵਾਲੇ ਇਕ ਦਿਨ ਦੀ ਛੁੱਟੀ ਕਰਕੇ 12 ਸਤੰਬਰ ਨੂੰ ਜੇਲ੍ਹ ਰੋਡ ਪੁੱਡਾ ਪਾਰਕ ਵਿੱਚ ਇਕੱਠੇ ਹੋ ਕੇ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਮੰਗ ਪੱਤਰ ਦੇ ਕੇ ਮੰਗ ਕੀਤੀ ਜਾਵੇਗੀ ਕਿ ਉਪਰੋਕਤ ਕੰਮ ਤੋਂ ਪ੍ਰਭਾਵਿਤ ਰੇੜ੍ਹੀ, ਫੜ੍ਹੀ ਵਾਲਿਆਂ ਨੂੰ ਨਵੇਂ ਬੱਸ ਸਟੈਂਡ ਤੇ ਛੋਟੇ ਛੋਟੇ ਬੂਥ ਅਲਾਟ ਕੀਤੇ ਜਾਣ ਅਤੇ ਵਾਹਨਾਂ ਨੂੰ ਬੱਸ ਅੱਡੇ ਤੋਂ ਬਾਹਰ ਬਿਨਾਂ ਪਾਰਕਿੰਗ ਫੀਸ ਦੇ ਕੁਝ ਸੀਮਤ ਸਮੇਂ ਲਈ ਖਲੋਣ ਲਈ ਥਾਂ ਮੁਹੱਈਆ ਕੀਤੀ ਜਾਵੇ।

# ਮਜੀਠਾ ਦੇ ਵੱਖ-ਵੱਖ ਮੰਦਰਾਂ 'ਚ ਸ਼ਰਧਾ ਨਾਲ ਮਨਾਈ ਕ੍ਰਿਸ਼ਨ ਜਨਮ ਅਸ਼ਟਮੀ



**ਮਜੀਠਾ (ਸੋਇਮ ਆਨੰਦ)**-ਮਜੀਠਾ ਦੇ ਵੱਖ-ਵੱਖ ਮੰਦਰਾਂ ਵਿਚ ਜਨਮ ਅਸ਼ਟਮੀ ਬੜੀ ਸ਼ਰਧਾ ਨਾਲ ਮਨਾਈ ਗਈ। ਲੋਕਾਂ ਨੇ ਆਪਣੇ ਛੋਟੇ ਛੋਟੇ ਬੱਚਿਆਂ ਨੂੰ ਸੁੰਦਰ ਪੁਸ਼ਾਕਾਂ ਪਾ ਕੇ ਭਗਵਾਨ ਕ੍ਰਿਸ਼ਨ ਦੇ ਰੂਪ ਵਿਚ ਸਜਾ ਕੇ ਮੰਦਰਾਂ ਵਿਚ ਲਿਆਂਦਾ ਅਤੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸ਼ਿਵਾਲਾ ਮੰਦਰ ਤੋਂ ਯੋਗੀ ਦਿਆਲ ਨਾਥ, ਪੰਡਤ ਪ੍ਰੀਤਮ ਦਾਸ, ਪੰਡਤ ਦਾਊ ਦਿਆਲ ਸ਼ਰਮਾ, ਪੰਡਤ ਮਨੋਜ ਕੁਮਾਰ, ਪੰਡਤ ਵਿਨੋਦ ਕੁਮਾਰ, ਮਾਤਾ ਸ਼ਾਮਾ, ਐਡਵੋਕੇਟ ਰਾਕੇਸ਼ ਪ੍ਰਾਸ਼ਰ, ਤਰੁਨ ਕੁਮਾਰ ਅਬਰੋਲ,ਪਿੰਸ ਨਈਅਰ, ਅਜੈ ਕੁਮਾਰ ਚੋਪੜਾ, ਬਿੱਲਾ ਸ਼ਾਹ, ਉਂਕਾਰ ਸ਼ਰਮਾ, ਨਰੇਸ਼ ਕੁਮਾਰ, ਚਰਨਜੀਤ ਮਜੀਠਾ, ਕੁਲਦੀਪ ਕੁਮਾਰ, ਡਾ: ਬਲਰਾਜ ਸ਼ਰਮਾ, ਐਨ. ਕੇ. ਬੱਬਰ, ਰਾਜਨ ਆੜ੍ਹਤੀਆ, ਰਾਜਾ ਮਜੀਠਾ, ਸੋਨੂੰ ਸਰਾਫ, ਬੱਬ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਪਾਕਿਸਤਾਨ 'ਚ ਪਨਾਹ ਲੈਣ ਵਾਲੇ ਅੱਤਵਾਦੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ: ਸ਼ਾਹ

**ਲੁਧਿਆਣਾ/ਜਲੰਧਰ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਅਤੇ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਭਾਰਤ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਜੰਮੂ-ਕਸ਼ਮੀਰ ਦੇ ਉਨ੍ਹਾਂ ਅੱਤਵਾਦੀਆਂ ਦੀਆਂ ਸਾਰੀਆਂ ਜਾਇਦਾਦਾਂ ਨੂੰ ਜ਼ਬਤ ਕਰ ਲਿਆ ਜਾਵੇਗਾ, ਜੋ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਲੁਕੇ ਹੋਏ ਹਨ। ਇਸ ਮਾਮਲੇ ਵਿੱਚ ਜੰਮੂ-ਕਸ਼ਮੀਰ ਪੁਲਸ ਵਿਭਾਗ ਵੱਲੋਂ ਇੱਕ ਬਿਆਨ ਵੀ ਜਾਰੀ ਕੀਤਾ ਗਿਆ ਸੀ ਕਿ ਪਾਕਿਸਤਾਨ ਵਿੱਚ ਪਨਾਹ ਲੈਣ ਵਾਲੇ ਸਾਰੇ ਅੱਤਵਾਦੀਆਂ ਖਿਲਾਫ ਵੱਡੀ ਕਾਰਵਾਈ ਕੀਤੀ ਜਾਵੇਗੀ। ਸ਼ਾਹ ਦੀ ਅਗਵਾਈ 'ਚ ਅੱਤਵਾਦ ਮੁਕਤ ਭਾਰਤ ਦੇ ਨਿਰਮਾਣ 'ਚ ਲੱਗੇ ਅਜਿਹੇ ਅੱਤਵਾਦੀਆਂ 'ਤੇ ਸਖ਼ਤ ਨਜ਼ਰ ਰੱਖੀ ਜਾ ਰਹੀ ਹੈ ਜੋ ਕੰਟਰੋਲ ਰੇਖਾ ਦੇ ਪਾਰ ਬੈਠ ਕੇ ਅੱਤਵਾਦ ਨੂੰ ਬੜ੍ਹਾਵਾ ਦਿੰਦੇ ਰਹਿੰਦੇ ਹਨ। ਸ਼ਾਹ ਦੀ ਅਗਵਾਈ ਹੇਠ ਨਸ਼ਿਆਂ ਦੀ ਤਸਕਰੀ ਨੂੰ ਠੱਲ੍ਹ ਪਾਉਣ ਦੀਆਂ ਤਿਆਰੀਆਂ ਵੀ ਜ਼ੋਰਾਂ 'ਤੇ ਚੱਲ ਰਹੀਆਂ ਹਨ।

## ਮੋਟਰਸਾਈਕਲਾਂ ਦੀ ਟੱਕਰ 'ਚ ਦੋ ਵਿਅਕਤੀ ਗੰਭੀਰ ਜ਼ਖਮੀ

**ਗੁਰਦਾਸਪੁਰ, (ਜਨਕ ਮਹਾਜਨ)**-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਚਾਵਾ ਤੋਂ ਲਮੀਣ ਕਰਾਲ ਨੂੰ ਜਾਣ ਵਾਲੀ ਸੰਪਰਕ ਸੜਕ 'ਤੇ ਬੀਤੀ ਰਾਤ ਦੋ ਮੋਟਰਸਾਈਕਲਾਂ ਦੀ ਟੱਕਰ ਵਿਚ ਦੋ ਵਿਅਕਤੀਆਂ ਦੇ ਜ਼ਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮੌਕੇ 'ਤੇ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਲੋਟਾ ਇਲੈਕਟ੍ਰੀਸ਼ਨ ਪਿੰਡ ਕਰਾਲ ਤੋਂ ਆਪਣੀ ਦੁਕਾਨ ਨਵਾਂ ਸ਼ਾਲਾ ਤੋਂ ਪਿੰਡ ਨੂੰ ਜਾ ਰਿਹਾ ਸੀ ਤਾਂ ਕਰਾਲ ਵਲੋਂ ਮੂਰਤੀ ਪੁੱਤਰ ਭੋਲਾ ਵਾਸੀ ਲਮੀਣ ਦੇ ਅੱਖਾਂ ਵਿਚ ਲਾਈਟਾਂ ਦੀ ਰੌਸ਼ਨੀ ਪੈਣ ਕਰਕੇ ਦੋਵੇਂ ਮੋਟਰਸਾਈਕਲਾਂ ਦੀ ਟੱਕਰ ਹੋ ਗਈ ਜਿਸ ਦੇ ਸਿੱਟੇ ਵਜੋਂ ਦੋਵੇਂ ਕਾਫ਼ੀ ਜ਼ਖਮੀ ਹੋ ਗਏ। ਉਨ੍ਹਾਂ ਨੂੰ ਲੋਕਾਂ ਨੇ ਵੱਖ-ਵੱਖ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਜਿੱਥੇ ਦੋਵਾਂ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ।

# ਪਤਨੀ ਨੇ ਆਪਣੇ ਹੀ ਘਰ 'ਚ ਚੋਰੀ ਦੀ ਵਾਰਦਾਤ ਨੂੰ ਦਿੱਤਾ ਅੰਜਾਮ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਚੋਰੀ ਕਰਨ ਦੇ ਦੋਸ਼ ਹੇਠ ਦੋ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਅਰਜਨ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਮਾਨ ਕੌਰ ਸਿੰਘ ਨੇ ਦੱਸਿਆ ਕਿ ਮੇਰੀ ਪਤਨੀ ਬਿਮਾਰ ਹੈ ਅਤੇ ਚੱਲ ਫਿਰ ਨਹੀਂ ਸਕਦੀ ਜਿਸ ਦੀ ਫਿਜ਼ੀਓਥੈਰੇਪੀ ਲਈ ਵਿਨੇ 6 ਕੁ ਮਹੀਨੇ ਤੋਂ ਸਾਡੇ ਘਰ ਆ ਰਿਹਾ ਸੀ। 25.07.2023 ਨੂੰ ਵਿਨੇ ਮੇਰੀ ਪਤਨੀ ਅਵਤਾਰ ਕੌਰ ਦਾ ਜਨਮ ਦਿਨ ਮਨਾਉਣ ਲਈ ਕੇਕ ਲੈ ਕੇ ਆਇਆ। ਕੇਕ ਖਾਧਾ ਤਾਂ ਮੈਨੂੰ ਚੱਕਰ ਆਉਣ ਲੱਗ ਪਏ ਤੇ ਮੈਂ ਸੋਫੇ 'ਤੇ ਹੀ ਸੌਂ ਗਿਆ। ਵਿਨੇ ਵੀ ਉਸ ਸਮੇਂ ਘਰ ਵਿੱਚ ਹੀ ਮੌਜੂਦ ਸੀ। ਅਗਲੇ ਦਿਨ ਹੋਸ਼ ਆਈ ਤਾਂ ਅਲਮਾਰੀ ਚੈੱਕ ਕੀਤੀ। ਮੇਰੀ ਪਤਨੀ ਦਾ ਰਾਣੀ ਹਾਰ, ਗਜਰੇ ਹੈਵੀ 2, ਟਾਪਸ 2 ਜੋੜੇ, ਕਾਂਟੇ 01 ਸੈਟ, ਸ਼ਾਪ ਇੱਕ ਅਤੇ ਲੜਕੀ ਦਲਵਿੰਦਰ ਕੌਰ ਦਾ ਰਾਣੀ ਹਾਰ ਵੱਡਾ, ਛੋਟੇ ਹਾਰ 2, ਗਜਰੇ ਹੈਵੀ 2, ਸ਼ਾਪਾਂ 3 ਕਾਂਟੇ 2 ਸੈੱਟ ਅਤੇ ਕੈਸ਼ ਤਕਰੀਬਨ 15 ਹਜ਼ਾਰ ਰੁਪਏ ਗੁੰਮ ਸਨ। ਉਸ ਨੇ ਕਿਹਾ ਕਿ ਮੈਨੂੰ ਯਕੀਨ ਹੈ ਕਿ ਵਿਨੇ ਅਤੇ ਉਸ ਦੀ ਪਤਨੀ ਨੇ ਮਿਲ ਕੇ ਚੋਰੀ ਕੀਤੀ ਹੈ। ਪੁਲਸ ਨੇ ਵਿਨੇ ਪੁੱਤਰ ਜੈ ਪ੍ਰਕਾਸ਼ ਅਤੇ ਖੁਸ਼ੀ ਪਤਨੀ ਵਿਨੇ ਵਾਸੀਆਨ ਡਡਵਾਂ ਥਾਣਾ ਧਾਰੀਵਾਲ ਖ਼ਿਲਾਫ਼ 380 ਅਤੇ 454 ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਈਟੀਓ ਵੱਲੋਂ ਵਡਾਲਾ ਜੌਹਲ ਦੇ ਵਿਕਾਸ ਕੰਮਾਂ ਲਈ 10 ਲੱਖ ਰੁਪਏ ਦੇਣ ਦਾ ਐਲਾਨ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਕੈਬਨਿਟ ਮੰਤਰੀ ਈ ਟੀ ਓ ਸ਼ਹੀਦ ਬਾਬਾ ਜੀਵਨ ਸਿੰਘ ਦੇ 362ਵੇਂ ਪ੍ਰਕਾਸ਼ ਦਿਹਾੜੇ ਮੌਕੇ ਜੰਡਿਆਲਾ ਗੁਰੂ ਦੇ ਪਿੰਡ ਵਡਾਲਾ ਜੌਹਲ ਦੇ ਗੁਰਦੁਆਰਾ ਬਾਬਾ ਜੀਵਨ ਸਿੰਘ ਵਿਖੇ ਨਤਮਸਤਕ ਹੋਏ ਅਤੇ ਗੁਰੂ ਘਰ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਕੈਬਨਿਟ ਮੰਤਰੀ ਨੇ ਇਸ ਮੌਕੇ ਪਿੰਡ ਦੇ ਵਿਕਾਸ ਕਾਰਜਾਂ ਲਈ 10 ਲੱਖ ਰੁਪਏ ਅਤੇ 1 ਲੱਖ ਰੁਪਏ ਗੁਰਦੁਆਰਾ ਬਾਬਾ ਜੀਵਨ ਸਿੰਘ ਦੀ ਸੇਵਾ ਲਈ ਦੇਣ ਦਾ ਐਲਾਨ ਕੀਤਾ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕੈਬਨਿਟ ਮੰਤਰੀ ਨੂੰ ਸਨਮਾਨਤ ਵੀ ਕੀਤਾ ਗਿਆ। ਉਨ੍ਹਾਂ ਇਸ ਮੌਕੇ ਆਪਣੇ ਸੰਬੋਧਨ ਵਿਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਜਿਥੇ ਲੋਕਾਂ ਨੂੰ ਪੀਣ ਵਾਲੇ ਸਾਫ ਤੇ ਸ਼ੁੱਧ ਪਾਣੀ ਦੀ ਸਹੂਲਤ ਦਿੱਤੀ ਜਾ ਰਹੀ ਹੈ ਉਥੇ ਹਰ ਘਰ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫਤ ਬਿਜਲੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਵੀ ਕ੍ਰਾਂਤੀਕਾਰੀ ਸੁਧਾਰ ਕੀਤੇ ਜਾ ਰਹੇ ਹਨ। ਨੌਜਵਾਨਾਂ ਨੂੰ ਮੈਰਿਟ ਉੱਪਰ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬੇ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਵਿੱਚ ਹਰ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਸਫਲਤਾ ਜ਼ਰੂਰ ਮਿਲੇਗੀ। ਇਸ ਮੌਕੇ ਸੂਬੇਦਾਰ ਛਨਾਖ ਸਿੰਘ, ਚੇਅਰਮੈਨ ਮਾਰਕੀਟ ਕਮੇਟੀ ਗਹਿਰੀ ਮੰਡੀ ਅਵਤਾਰ ਸਿੰਘ, ਸਤਿੰਦਰ ਸਿੰਘ, ਸੁੱਖਵਿੰਦਰ ਸਿੰਘ, ਰਣਜੀਤ ਸਿੰਘ ਅਤੇ ਪਿੰਡ ਵਾਸੀ ਹਾਜ਼ਰ ਸਨ।

# ਕਿਡਨੈਪ ਕਰਕੇ ਲਿਜਾ ਰਹੇ ਨੌਜਵਾਨ ਨੂੰ ਨਾਕੇ 'ਤੇ ਖੜ੍ਹੇ ਪੁਲਸ ਮੁਲਾਜ਼ਮਾਂ ਨੇ ਛੁਡਵਾਇਆ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਦੇ ਇੱਕ ਨੌਜਵਾਨ ਨੂੰ ਸਵਿਫਟ ਕਾਰ ਸਵਾਰ ਕੁਝ ਨੌਜਵਾਨਾਂ ਵਲੋਂ ਕਿਡਨੈਪ ਕੀਤਾ ਗਿਆ ਅਤੇ ਉਸ ਦੀ ਬੁਰੀ ਤਰ੍ਹਾਂ ਕੁੱਟ ਮਾਰ ਕੀਤੀ ਗਈ। ਇਹ ਲੋਕ ਨੌਜਵਾਨ ਨੂੰ ਕਿਡਨੈਪ ਕਰਕੇ ਸ਼ਹਿਰੋਂ ਬਾਹਰ ਲੈ ਕੇ ਜਾ ਰਹੇ ਸਨ ਪਰ ਰਸਤੇ ਵਿੱਚ ਇੱਕ ਨਾਕੇ ਤੇ ਉਨ੍ਹਾਂ ਨੂੰ ਪੁਲਸ ਨੇ ਕਾਬੂ ਕਰ ਲਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੀੜਤ ਕ੍ਰਿਸ਼ ਸ਼ਰਮਾ ਨੇ ਦੱਸਿਆ ਕਿ ਉਹ ਆਪਣੇ ਦੋਸਤ ਕੋਲੋਂ ਜਦੋਂ ਘਰ ਆ ਰਿਹਾ ਸੀ ਕਿ ਉਨ੍ਹਾਂ ਪਿੱਛੇ ਇੱਕ ਸਵਿਫ਼ਟ ਗੱਡੀ ਲੱਗ ਗਈ ਜਿਸ ਤੋਂ ਬਾਅਦ ਗੱਡੀ ਸਵਾਰ ਨੌਜਵਾਨਾਂ ਨੇ ਸਾਨੂੰ ਫੜਨ ਦੀ ਕੋਸ਼ਿਸ਼ ਕੀਤੀ। ਕ੍ਰਿਸ਼ ਨੇ ਕਿਹਾ ਕਿ ਮੇਰਾ ਸਾਥੀ ਬਚ ਗਿਆ ਪਰ ਮੈਨੂੰ ਕਿਡਨੈਪ ਕਰ ਲਿਆ ਗਿਅ। ਪਹਿਲਾਂ ਮੈਨੂੰ ਕੁੱਟਿਆ ਅਤੇ ਫਿਰ ਮੈਨੂੰ ਕਿਤੇ ਲਿਜਾ ਰਹੇ ਸੀ। ਰਸਤੇ ਵਿਚ ਇਕ ਨਾਕਾ ਆਇਆ ਜਿੱਥੇ ਮੈਂ ਬਚਾਉਣ ਲਈ ਪੁਲਸ ਵਾਲਿਆਂ ਅੱਗੇ ਬੇਨਤੀ ਕੀਤੀ ਜਿਸ ਤੋਂ ਬਾਅਦ ਦੋਸ਼ੀਆਂ ਨੂੰ ਪੁਲਸ ਵਲੋਂ ਕਾਬੂ ਕਰ ਲਿਆ ਗਿਆ। ਪੀੜਤ ਕ੍ਰਿਸ਼ ਨੇ ਦੋਸ਼ ਲਗਾਇਆ ਹੈ ਕਿ ਅਪਹਰਣ ਕਰਤਾਵਾਂ ਵਿੱਚੋਂ ਦੋ ਪੁਲਸ ਮੁਲਾਜ਼ਮ ਵੀ ਸ਼ਾਮਲ ਸਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਸਿਟੀ ਸੁਖਪਾਲ ਸਿੰਘ ਨੇ ਕਿਹਾ ਕਿ ਸਾਡੇ ਧਿਆਨ ਵਿੱਚ ਆਇਆ ਹੈ ਕਿ ਇੱਕ ਨੌਜਵਾਨ ਨੂੰ ਕੁਝ ਲੋਕਾਂ ਵਲੋਂ ਕਿਡਨੈਪ ਕਰਕੇ ਉਸ ਦੀ ਕੁੱਟਮਾਰ ਕੀਤੀ ਗਈ ਹੈ। ਅਸੀਂ ਮਾਮਲੇ ਦੀ ਜਾਂਚ ਕਰ ਰਹੇ ਹਾਂ। ਦੋਸ਼ੀਆਂ ਨੂੰ ਪੁਲਸ ਵਲੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਪੀੜਿਤ ਦੇ ਬਿਆਨ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# 2024 'ਚ ਗੁਰਦਾਸਪੁਰ ਦੀ ਸੀਟ ਸ਼ਾਨ ਨਾਲ 'ਆਪ' ਦੀ ਝੋਲੀ ਪਾਵਾਂਗੇ : ਰੰਧਾਵਾ

**ਕਲਾਨੌਰ, (ਮਨਦੀਪ ਕੁਮਾਰ)**-ਪੰਜਾਬ ਵਿੱਚ ਆਉਣ ਵਾਲੀਆਂ ਲੋਕ ਸਭਾ ਚੋਣਾਂ ਨੂੰ ਮੁੱਖ ਰੱਖਦੇ ਹੋਏ ਆਮ ਆਦਮੀ ਪਾਰਟੀ ਦੇ ਹਾਈ



ਕਮਾਂਡ ਦੇ ਨਿਰਦੇਸ਼ਾਂ ਤਹਿਤ ਆਮ ਆਦਮੀ ਪਾਰਟੀ ਦੇ ਨੌਜਵਾਨ ਅਗਾਂਹਵਧੂ ਅਤੇ ਲੰਬੀ ਸੋਚ ਰੱਖਣ ਵਾਲੇ ਨੌਜਵਾਨ ਆਗੂ ਬਲਾਕ ਪ੍ਰਧਾਨ ਨਵਪ੍ਰੀਤ ਸਿੰਘ ਪਵਾਰ ਅਤੇ ਮਹਿਕਪ੍ਰੀਤ ਸਿੰਘ ਬਾਜਵਾ ਵੱਲੋਂ ਕਸਬਾ ਕਲਾਨੌਰ ਦੇ ਪ੍ਰਜਾਪਤ ਭਵਨ ਵਿਖੇ ਆਮ ਆਦਮੀ ਪਾਰਟੀ ਦੀ ਵਿਸ਼ੇਸ਼ ਮੀਟਿੰਗ ਕਰਵਾਈ ਗਈ ਜਿਸ ਵਿੱਚ ਹਲਕਾ ਡੇਰਾ ਬਾਬਾ ਨਾਨਕ ਤੋਂ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਅਤੇ ਹਲਕਾ ਡੇਰਾ ਬਾਬਾ ਨਾਨਕ ਦੇ ਨਵ-ਨਿਯੁਕਤ ਹਲਕਾ ਕੋਆਰਡੀਨੇਟਰ ਕਸ਼ਮੀਰ ਸਿੰਘ ਵਾਹਲਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਗੁਰਦੀਪ ਸਿੰਘ ਰੰਧਾਵਾ ਅਤੇ ਕਸ਼ਮੀਰ ਸਿੰਘ ਵਾਹਲਾ ਨੇ ਦੱਸਿਆ ਕਿ ਅੱਜ ਇੱਥੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ, ਸਰਕਲ ਪ੍ਰਧਾਨਾਂ, ਵਲੰਟੀਅਰਜ਼ ਅਤੇ ਵਰਕਰ ਅਤੇ ਅਹੁਦੇਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਬੁਲਾਈ ਗਈ ਹੈ। ਇਸ ਮੀਟਿੰਗ ਦਾ ਮੁੱਖ ਮਕਸਦ ਇਹ ਹੈ ਕਿ ਆਉਂਦੀਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਡੀ ਲੀਡ ਨਾਲ ਪੰਜਾਬ 'ਚੋਂ ਜਿੱਤ ਪ੍ਰਾਪਤ ਕਰੇਗੀ। ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ ਵਿਚੋਂ ਵੀ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਾਂਗੇ ਅਤੇ ਗੁਰਦਾਸਪੁਰ ਦੀ ਸੀਟ ਆਮ ਆਦਮੀ ਪਾਰਟੀ ਦੀ ਝੋਲੀ ਪਾਵਾਂਗੇ। ਨਵਪ੍ਰੀਤ ਸਿੰਘ ਪਵਾਰ ਬਲਾਕ ਪ੍ਰਧਾਨ ਕਲਾਨੌਰ, ਮਹਿਕਪ੍ਰੀਤ ਸਿੰਘ ਬਾਜਵਾ ਯੂਥ ਆਗੂ, ਚੰਚਲ ਕੁਮਾਰ ਸੋਸ਼ਲ ਮੀਡੀਆ ਇੰਚਾਰਜ, ਰਣਜੀਤ ਸਿੰਘ, ਸੇਠੀ ਬਾਜਵਾ, ਤਰਨਜੋਤ ਸਿੰਘ, ਜਸਬੀਰ ਸਿੰਘ, ਕੁਲਵੰਤ ਸਾਬਕਾ ਸਰਪੰਚ, ਕਿਰਤਜੋਤ ਸਿੰਘ, ਜਤਿੰਦਰ ਸਿੰਘ, ਰਿਕੂ ਸ਼ਰਮਾ ਲੱਖਣ ਕਲਾਂ, ਪ੍ਰਿੰਸ ਢਿੱਲੋਂ, ਬਲਜੀਤ ਸਿੰਘ ਵਡਾਲਾ ਬਾਂਗਰ, ਮੋਹਣ ਸਿੰਘ ਲੁਕਮਾਨੀਆ ਆਦਿ ਸਾਰੇ ਹੀ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਵਲੰਟੀਅਰ ਹਾਜ਼ਰ ਸਨ।

# ਕਵੀ ਤੇ ਸੰਗੀਤ ਪ੍ਰੋਗਰਾਮ 'ਚ ਲੋਕ ਕਵੀ ਅਵਤਾਰ ਪਾਸ਼ ਨੂੰ ਕੀਤਾ ਯਾਦ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪੰਜਾਬੀਆਂ ਦੀ ਸੰਸਥਾ ਸਾਡਾ ਵਿਰਸ਼ਾ ਆਪਣੇ ਲੋਕ ਵਲੋਂ ਫੇਅਰਹੈਵਨ ਕਿੰਡਰਗਾਰਟਨ,ਕਰੇਨਬਰਨ ਵੈਸਟ ਵਿੱਚ ਕਵੀ ਤੇ ਸੰਗੀਤ ਦਾ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਚੰਦਾ ਸਿੰਘ, ਜਸਵੰਤ ਸਿੰਘ, ਮਹਾਂਬੀਰ ਗੋਇਲ, ਬੂਟਾ ਸਿੰਘ, ਗੁਰਮੀਤ ਸਿੰਘ ਤੇ ਸ੍ਰੀਮਤੀ ਬਲਜਿੰਦਰ ਕੌਰ ਨੇ ਸਾਂਝੇ ਤੌਰ ਤੇ ਕੀਤੀ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਉਸਤਾਦ ਭਾਈ ਸਮਿੰਦਰਪਾਲ ਸਿੰਘ ਵਿਸ਼ਵ ਪ੍ਰਸਿੱਧ ਸਾਰੰਗੀ ਵਾਦਕ ਤੇ ਗੁਰਮੀਤ ਸਿੰਘ ਪਾਹੜਾ ਪ੍ਰਧਾਨ ਇਪਟਾ (ਇੰਡੀਅਨ ਪੀਪਲ ਥੀਏਟਰ ਐਸੋਸੀਏਸ਼ਨ) ਗੁਰਦਾਸਪੁਰ, ਸੂਬਾ ਕਮੇਟੀ ਮੈਂਬਰ ਇਪਟਾ ਪੰਜਾਬ ਸ਼ਾਮਲ ਹੋਏ। ਜਦਕਿ ਜਗਤਾਰ ਸਿੰਘ ਸੋਢੀ ਪ੍ਰਧਾਨ, ਕੁਲਦੀਪ ਸਿੰਘ ਢਿੱਲੋਂ, ਗੁਰਦੀਪ ਸਿੰਘ, ਪ੍ਰਿੰਸੀਪਲ ਇੰਦਰਜੀਤ ਸਿੰਘ ਤੇ ਭਾਈ ਸੇਖੋਂ ਸਾਹਿਬ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਪਰਮਜੀਤ ਕੌਰ ਨੇ ਧਾਰਮਿਕ ਸ਼ਬਦ ਨਾਲ ਕੀਤੀ। ਇਸ ਮੌਕੇ ਇਪਟਾ ਆਗੂ ਗੁਰਮੀਤ ਸਿੰਘ ਪਾਹੜਾ ਨੇ ਸਤੰਬਰ ਮਹੀਨੇ ਵਿੱਚ ਜਨਮ ਲੈਣ ਵਾਲੀਆਂ ਮਹਾਨ ਸ਼ਖਸੀਅਤਾਂ ਜਿਨ੍ਹਾਂ ਵਿੱਚ ਜੁਝਾਰਵਾਦੀ ਕਵੀ ਅਵਤਾਰ ਪਾਸ (ਜਨਮ 9 ਸਤੰਬਰ), ਗੁਰਸ਼ਰਨ ਸਿੰਘ (16 ਸਤੰਬਰ) ਉਰਫ ਭਾਈ ਮੰਨਾ ਸਿੰਘ ਲੇਖਕ, ਅਦਾਕਾਰ ਤੇ ਨਿਰਦੇਸ਼ਕ, ਸ਼ਹੀਦੇ ਆਜ਼ਮ ਸ਼ਹੀਦ ਭਗਤ ਸਿੰਘ (28 ਸਤੰਬਰ) ਅਤੇ ਪੰਜਾਬੀ ਨਾਟਕ ਦੇ ਪਿਤਾਮਾ ਪ੍ਰੋਫੈਸਰ ਈਸਰ ਚੰਦਰ ਨੰਦਾ (30 ਸਤੰਬਰ) ਬਾਰੇ ਸੰਖੇਪ ਜਾਣਕਾਰੀ ਦਿੱਤੀ। ਉਨ੍ਹਾਂ ਅਵਤਾਰ ਪਾਸ਼ ਦੀਆਂ ਦੋ ਰਚਨਾਵਾਂ ਪੇਸ਼ ਕੀਤੀਆਂ। ਸਮਸ਼ੇਰ ਅਰੋੜਾ ਤੇ ਬਾਕੀ ਮਹਿਮਾਨਾਂ ਨੇ ਵੀ ਗੀਤ, ਗਜ਼ਲ ਤੇ ਕਵਿਤਾਵਾਂ ਪੇਸ਼ ਕੀਤੀਆਂ। ਸਟੇਜ ਸਕੱਤਰ ਦੇ ਫਰਜ਼ ਗੁਰਮੀਤ ਸਿੰਘ ਮੁਕਤਸਰ ਨੇ ਬਾਖੂਬੀ ਨਿਭਾਏ। ਇਸ ਮੌਕੇ ਅਮਰਜੀਤ ਸਿੰਘ ਢਿੱਲੋਂ, ਅਵਤਾਰ ਸਿੰਘ ਬਰਾੜ, ਗੁਰਮੀਤ ਸਿੰਘ ਸੈਣੀ, ਇੰਦਰ ਮੋਹਨ, ਰਾਜ ਕੁਮਾਰ ਸ਼ਰਮਾ, ਮੇਜਰ ਸਿੰਘ ਬਾਘਾਪੁਰਾਣਾ, ਉਪਿੰਦਰਪਾਲ ਸਿੰਘ, ਮੇਜਰ ਸਿੰਘ, ਦੀਪਕ ਵਿਆਸ ਤੇ ਸੁਰਜੀਤ ਰਾਮ ਆਦਿ ਹਾਜ਼ਰ ਸਨ।



# ਨੈਸ਼ਨਲ ਲੋਕ ਅਦਾਲਤ 'ਚ 1931 ਕੇਸਾਂ ਦਾ ਮੌਕੇ 'ਤੇ ਨਿਪਟਾਰਾ




**ਤਰਨਤਾਰਨ (ਪ੍ਰਿਤਪਾਲ ਸਿੰਘ)**-ਨੈਸ਼ਨਲ ਲੀਗਲ ਸਰਵਿਸ ਅਥਾਰਟੀ, ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਦੇ ਬਾਰੇ ਪ੍ਰਿਆ ਸੂਦ, ਜ਼ਿਲ੍ਹਾ ਅਤੇ ਸ਼ੈਸ਼ਨਜ਼ ਜੱਜ ਸਹਿਤ-ਚੇਅਰਪਰਸਨ-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜ਼ਿਲਾ ਕਚਹਿਰੀਆਂ, ਤਰਨ ਤਾਰਨ ਨੇ ਦੱਸਿਆ ਕਿ ਇਹ ਲੋਕ ਅਦਾਲਤ ਦੇਸ਼ ਦੀ ਹਰ ਤਹਿਸੀਲ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਲਗਾਈ ਗਈ ਹੈ। ਜ਼ਿਲ੍ਹਾ ਕਚਹਿਰੀ ਤਰਨ ਤਾਰਨ ਵਿਖੇ ਕੋਰਟ ਦੇ (12) ਬੈਂਚਾਂ ਨੇ ਕੇਸਾਂ ਦਾ ਨਿਪਟਾਰਾ ਕੀਤਾ ਜਿਨ੍ਹਾਂ ਵਿੱਚ ਪਹਿਲਾ ਬੈਂਚ ਪ੍ਰਿਆ ਸੂਦ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਤਰਨਤਾਰਨ, ਦੂਸਰਾ ਬੈਂਚ ਕੰਵਲਜੀਤ ਸਿੰਘ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਤਰਨਤਾਰਨ, ਤੀਸਰਾ ਬੈਂਚ ਰਜਨੀ ਸ਼ੋਕਰਾ ਵਧੀਕ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, (ਪ੍ਰਿੰਸੀਪਲ ਜੱਜ ਫੈਮਲੀ ਕੋਰਟ) ਤਰਨਤਾਰਨ, ਚੌਥਾ ਬੈਂਚ ਮਾਣਯੋਗ ਬਗੀਚਾ ਸਿੰਘ ਸਿਵਲ ਜੱਜ ਸੀਨੀਅਰ ਡਵੀਜ਼ਨ ਤਰਨਤਾਰਨ, ਪੰਜਵਾਂ ਬੈਂਚ ਮਾਣਯੋਗ ਸ਼ਿਲਪਾ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਤਰਨਤਾਰਨ, ਛੇਵਾਂ ਬੈਂਚ ਤਨਵੀਰ ਸਿੰਘ ਮਾਧਵ ਸਿਵਲ ਜੱਜ (ਜੂਨੀਅਰ ਡਵੀਜ਼ਨ) ਤਰਨਤਾਰਨ। ਇਸ ਤੋਂ ਇਲਾਵਾ ਪੱਟੀ ਵਿਖੇ ਤਿੰਨ ਬੈਂਚਾਂ ਦਾ ਗਠਨ ਕੀਤਾ ਗਿਆ। ਪਹਿਲਾ ਬੈਂਚ ਮਾਣਯੋਗ ਅਮਨਦੀਪ ਸਿੰਘ ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ), ਦੂਸਰਾ ਬੈਂਚ ਮਾਣਯੋਗ ਗੌਰਵ ਗੁਪਤਾ ਸਿਵਲ ਜੱਜ (ਜੂਨੀਅਰ ਡਵੀਜ਼ਨ) ਪੱਟੀ, ਤੀਸਰਾ ਬੈਂਚ ਹਰਸਿਮਰਨਜੀਤ ਕੌਰ, ਸਿਵਲ ਜੱਜ (ਜੂਨੀਅਰ ਡਵੀਜ਼ਨ) ਪੱਟੀ ਦਾ ਬਣਿਆ। ਇਸ ਤੋਂ ਇਲਾਵਾ ਖਡੂਰ ਸਾਹਿਬ ਵਿਖੇ ਇੱਕ (01) ਬੈਂਚ ਮਾਣਯੋਗ ਗੁਰਪ੍ਰੀਤ ਕੌਰ, ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ), ਖਡੂਰ ਸਾਹਿਬ ਦਾ ਬਣਿਆ ਜਿਸ ਵਿੱਚ ਜੱਜ ਸਾਹਿਬਾਨ ਨੇ ਆਪਣੇ ਪੱਧਰ ਤੇ ਕੇਸਾਂ ਦਾ ਨਿਪਟਾਰਾ ਕੀਤਾ। ਇਸ ਲੋਕ ਅਦਾਲਤ ਦੌਰਾਨ 3938 ਕੇਸਾਂ ਨੂੰ ਲਿਆ ਗਿਆ ਅਤੇ 1931 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 129062870 ਦੀ ਰਿਕਵਰੀ ਕੀਤੀ ਗਈ। ਉਨ੍ਹਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਜੇਕਰ ਲੋਕ ਅਦਾਲਤ ਵਿੱਚ ਕਿਸੇ ਕੇਸ ਦਾ ਫੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫੀਸ ਵਾਪਿਸ ਹੋ ਜਾਂਦੀ ਹੈ। ਅਦਾਲਤਾਂ ਵਿੱਚ ਸਮੇਂ ਸਮੇਂ ਤੇ ਪ੍ਰੀ ਲੋਕ ਅਦਾਲਤਾਂ ਦਾ ਵੀ ਆਯੋਜਨ ਕੀਤਾ ਗਿਆ ਸੀ। ਰਾਸ਼ਟਰੀ ਲੋਕ ਅਦਾਲਤ ਵਿੱਚ ਦੋ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕੀਤਾ ਜਾਂਦਾ ਹੈ।

# ਪੈਨਸ਼ਨਰ/ਮੁਲਾਜ਼ਮ ਮਸਲੇ 'ਟੇਬਲ ਟਾਕ' ਰਾਹੀਂ ਹੱਲ ਕੀਤੇ ਜਾਣ ਦੀ ਮੰਗ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਮੰਡਲ ਧਾਰੀਵਾਲ ਦੀ ਮੀਟਿੰਗ ਹਰਕਿਰਪਾਲ ਸਿੰਘ ਸੋਹਲ ਦੀ ਪ੍ਰਧਾਨਗੀ ਹੇਠ ਸਥਾਨਕ 132 ਕੇ ਵੀ ਸਬ-ਸਟੇਸ਼ਨ ਧਾਰੀਵਾਲ ਵਿਖੇ ਹੋਈ। ਮੀਟਿੰਗ ਵਿੱਚ ਯੂਨੀਅਨ ਦੇ ਸਰਕਲ ਪ੍ਰਧਾਨ ਸਾਥੀ ਹਜਾਰਾ ਸਿੰਘ ਗਿੱਲ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਪ੍ਰਧਾਨ ਹਜਾਰਾ ਸਿੰਘ ਗਿੱਲ ਤੇ ਸਕੱਤਰ ਮਹਿੰਦਰ ਸਿੰਘ ਨੇ ਸਾਂਝੇ ਤੌਰ ਤੇ ਦੱਸਿਆ ਕਿ ਆਮ ਆਦਮੀ ਪਾਰਟੀ ਮੁਲਾਜ਼ਮ ਮਜ਼ਦੂਰਾਂ ਦੇ ਜਮਹੂਰੀ ਹੱਕਾਂ ਨੂੰ ਖੋਹਣ ਦੀ ਕੋਸ਼ਿਸ਼ ਕਰ ਰਹੀ ਹੈ। ਆਗੂਆਂ ਨੇ ਚਿਤਾਵਨੀ ਦਿੰਦਿਆਂ ਮਾਨ ਸਰਕਾਰ ਨੂੰ ਸਲਾਹ ਦਿੱਤੀ ਕਿ ਮੁਲਾਜ਼ਮਾਂ ਦੇ ਮਸਲੇ ਟੇਬਲ ਟਾਕ ਰਾਹੀਂ ਹੱਲ ਕੀਤੇ ਜਾਣ। ਆਗੂਆਂ ਨੇ ਇਹ ਵੀ ਕਿਹਾ ਕਿ ਯੂਨੀਅਨ ਕਿਸੇ ਵੀ ਭਰਿਸ਼ਟ ਕਰਮਚਾਰੀ/ਅਧਿਕਾਰੀ ਨਾਲ ਨਹੀਂ ਖੜ੍ਹੇਗੀ। ਪੈਨਸਨਰਾਂ ਨੇ ਮੰਗ ਕੀਤੀ ਹੈ ਕਿ ਉਨ੍ਹਾਂ ਦੇ 1-1-2016 ਤੋਂ 30-6-2021 ਤੱਕ ਦੇ ਸੋਧੇ ਸਕੇਲਾਂ ਦਾ ਬਕਾਇਆ ਯਕਮੁਸ਼ਤ ਦਿੱਤਾ ਜਾਵੇ। ਕੈਸ਼ਲੈੱਸ ਮੈਡੀਕਲ ਸਕੀਮ ਮੁੜ ਲਾਗੂ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ਪੈਨਸਨਰਾਂ ਨੂੰ ਬਿਜਲੀ ਯੂਨਿਟਾਂ ਵਿੱਚ ਰਿਆਤ ਦਿੱਤੀ ਜਾਵੇ। ਮਹਿੰਗਾਈ ਭੱਤੇ ਦੀਆਂ ਕਿਸ਼ਤਾਂ 38%, 42% ਤੁਰੰਤ ਜਾਰੀ ਕੀਤੀਆਂ ਜਾਣ। ਮੀਟਿੰਗ ਵਿੱਚ ਹਰਦੀਪ ਸਿੰਘ ਖਹਿਰਾ, ਗੁਰਬਚਨ ਸਿੰਘ, ਸੱਤਪਾਲ ਸਿੰਘ, ਤਰਸੇਮ ਸਿੰਘ ਅਠਵਾਲ, ਕੁਲਵੰਤ ਸਿੰਘ ਸੱਗੂ, ਕੁਲਵੰਤ ਸਿੰਘ ਦੂਲਾਨੰਗਲ, ਹਰਭਜਨ ਸਿੰਘ, ਵਰਿੰਦਰ ਸਿੰਘ, ਕਰਮ ਸਿੰਘ, ਸੁਭਾਸ਼ ਕੁਮਾਰ, ਧਰਮਪਾਲ, ਵਰਿੰਦਰ ਕੁਮਾਰ, ਜਸਵੰਤ ਸਿੰਘ, ਕਸ਼ਮੀਰ ਸਿੰਘ, ਕੁਲਵੰਤ ਸਿੰਘ ਸਿੱਥੂ, ਦਵਿੰਦਰ ਸਿੰਘ, ਬਲਜੀਤ ਸਿੰਘ, ਸਤਨਾਮ ਸਿੰਘ, ਸਵਰਨ ਮਸੀਹ ਆਦਿ ਪੈਨਸ਼ਨਰ ਹਾਜ਼ਰ ਸਨ।



# ਬੀਕੇਯੂ ਏਕਤਾ ਉਗਰਾਹਾਂ ਵੱਲੋਂ ਐਮਾ ਖੁਰਦ ਦੀ ਨਵੀਂ ਇਕਾਈ ਦਾ ਗਠਨ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪਿੰਡ ਐਮਾ ਖੁਰਦ ਦੀ ਨਵੀਂ ਇਕਾਈ ਬਣਾਈ ਗਈ ਜਿਸ ਦੀ ਅਗਵਾਈ ਮਨਜਿੰਦਰ ਸਿੰਘ ਸਰਪੰਚ ਤੇ ਪ੍ਰਧਾਨ ਦਿਲਬਾਗ ਸਿੰਘ ਐਮਾ ਕਲਾਂ ਨੇ ਕੀਤੀ। ਗੁਰਬਾਜ ਸਿੰਘ ਸਿੱਧਵਾਂ ਉਚੇਚੇ ਤੌਰ 'ਤੇ ਪਹੁੰਚੇ। ਉਨ੍ਹਾਂ ਨਾਲ ਸਲਾਹਕਾਰ ਜਗਬੀਰ ਸਿੰਘ ਬੱਬੂ ਗੰਡੀਵਿੰਡ, ਕੁਲਵੰਤ ਸਿੰਘ, ਸੁਖਬੀਰ ਸਿੰਘ ਗੱਗੋਬੂਹਾ, ਬਾਬਾ ਬਲਜਿੰਦਰ ਸਿੰਘ, ਜਸਵੰਤ ਸਿੰਘ ਸੋਹਲ, ਆਤਮਾ ਸਿੰਘ ਸੋਹਲ, ਸਰਬਜੀਤ ਸਿੰਘ, ਗੁਰਵਿੰਦਰ ਸਿੰਘ ਕਾਲੂ, ਗੁਰਮੁੱਖ ਸਿੰਘ, ਸਤਨਾਮ ਸਿੰਘ ਫੌਜੀ, ਗੁਰਸੇਵਕ ਸਿੰਘ ਐਮਾਂ ਕਲਾਂ ਵੀ ਹਾਜ਼ਰ ਸਨ।

ਇਸ ਮੌਕੇ ਪਿੰਡ ਐਮਾ ਖੁਰਦ ਦੇ ਨਵੇਂ ਬਣੇ ਪ੍ਰਧਾਨ ਹਰਪ੍ਰੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਨਜਿੰਦਰ ਸਿੰਘ, ਮੀਤ ਪ੍ਰਧਾਨ ਪ੍ਰਦੀਪ ਸਿੰਘ, ਖਜ਼ਾਨਚੀ ਗੁਰਪ੍ਰੀਤ ਸਿੰਘ, ਜਨਰਲ ਸਕੱਤਰ ਰਵਿੰਦਰ ਕੁਮਾਰ, ਸਹਾਇਕ ਸਕੱਤਰ ਗੁਰਪ੍ਰੀਤ ਸਿੰਘ, ਸਲਾਹਕਾਰ ਸ਼ਿੰਗਾਰਾ ਸਿੰਘ, ਪ੍ਰੈੱਸ ਸਕੱਤਰ ਅਮਰਜੋਤ ਸਿੰਘ, ਸੁਖਵਿੰਦਰ ਸਿੰਘ, ਮੈਂਬਰ ਖੁਸ਼ਪਾਲ ਸਿੰਘ, ਜਸਪਾਲ ਸਿੰਘ, ਮਾਸਟਰ ਗੁਰਬੀਰ ਸਿੰਘ, ਮਲਕੀਤ ਸਿੰਘ, ਬਲਕਾਰ ਸਿੰਘ, ਸਵਿੰਦਰ ਸਿੰਘ, ਵੀਰ ਸਿੰਘ, ਹਰਪ੍ਰੀਤ ਸਿੰਘ, ਤਰਸੇਮ ਸਿੰਘ, ਹਰਜੋਤ ਸਿੰਘ, ਪ੍ਰਜੀਤ ਸਿੰਘ ਮੈਂਬਰ ਤੇ ਅਹੁਦੇਦਾਰ ਆਗੂ ਬਣਾਏ ਗਏ।

# 'ਜ਼ਿੰਦਗੀ ਜਿਊਣ ਦੀ ਕਲਾ' ਲੋਕ ਅਰਪਣ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਨੌਜਵਾਨ ਲੇਖਕ ਹਰਨੰਦ ਸਿੰਘ ਬੱਲਿਆਂਵਾਲਾਂ ਦਾ ਪਲੇਠਾ ਲੇਖ ਸੰਗ੍ਰਹਿ 'ਜ਼ਿੰਦਗੀ ਜਿਊਣ ਦੀ ਕਲਾ' ਦਾ ਲੋਕ-ਅਰਪਣ ਸਮਾਗਮ ਕੀਤਾ ਗਿਆ। ਸਮਾਗਮ 'ਚ ਉੱਘੇ ਪੰਜਾਬੀ ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਦੌਰਾਨ ਕਿਹਾ ਕਿ ਜ਼ਿੰਦਗੀ ਜਿਊਣ ਦੀ ਕਲਾ ਕਿਤਾਬ ਵਿਚਲੇ ਸਾਰੇ ਲੇਖ ਜ਼ਿੰਦਗੀ ਦੇ ਸਾਕਾਰਾਤਮਕ ਪੱਖਾਂ ਨੂੰ ਉਜਾਗਰ ਕਰਦੇ ਅਤੇ ਸੁਚੱਜੀ ਜ਼ਿੰਦਗੀ ਜਿਊਣ ਦੇ ਢੰਗਾਂ ਬਾਰੇ ਬੜੇ ਕਲਾਮਈ ਅਤੇ ਵਿਸਥਾਰਪੂਰਵਕ ਢੰਗ ਨਾਲ ਜਾਣਕਾਰੀ ਦਿੰਦੇ ਹਨ। ਇਸ ਮੌਕੇ ਮੁੱਖ ਮਹਿਮਾਨ ਸਮੇਤ ਪ੍ਰਧਾਨਗੀ ਮੰਡਲ ਵਿੱਚ ਸੁਮੀਤ ਸਿੰਘ, ਮਾਸਟਰ ਅਰਸਾਲ ਸਿੰਘ ਸਹਿਤ ਪੰਜਾਬੀ ਦੇ ਉੱਘੇ ਵਿਦਵਾਨ ਤਾਰਾ ਚੰਦ ਦਿਆਲਪੁਰੀ, ਕਰਮ ਸਿੰਘ ਹੁੰਦਲ, ਸਿਮਰਨ ਧਾਲੀਵਾਲ, ਰਜਵੰਤ ਸਿੰਘ ਬਾਗੜੀਆ, ਗੁਰਚਰਨ ਸਿੰਘ ਅਮੀਸ਼ਾਹ, ਜਸਪਾਲ ਸਿੰਘ ਬੈੜ੍ਹਵਾਲ, ਮਾਸਟਰ ਦਲਜੀਤ ਸਿੰਘ ਦਿਆਲਪੁਰਾ, ਕੇਵਲ ਸਿੰਘ ਮਾੜੀ ਕੰਬੋਕੇ, ਇੰਦਰਜੀਤ ਸਿੰਘ, ਧਰਮਬੀਰ ਸਿੰਘ, ਡਾ. ਮਲਕੀਤ ਸਿੰਘ, ਹਰਚੰਦ ਸਿੰਘ ਸਰਪੰਚ, ਜਗਜੀਤ ਸਿੰਘ, ਗੁਰਮੁੱਖ ਸਿੰਘ ਸਾਂਡਪੁਰਾ ਚੇਅਰਮੈਨ, ਹਰਜਿੰਦਰ ਸਿੰਘ ਫੌਜੀ, ਕਾਰਜ ਸਿੰਘ, ਨਿਰਮਲ ਸਿੰਘ, ਗੁਰਾ ਸਿੰਘ, ਸੁਖਦੇਵ ਸਿੰਘ ਰੰਧਾਵਾ ਅਤੇ ਮਲਕੀਤ ਰਾਸੀ ਨੇ ਹਰਨੰਦ ਸਿੰਘ ਨੂੰ ਮੁਬਾਰਕਬਾਦ ਦਿੱਤੀ। ਹਰਨੰਦ ਦੇ ਪਰਿਵਾਰਕ ਮੈਂਬਰਾਂ ਸਮੇਤ ਉਨ੍ਹਾਂ ਦੇ ਮਾਤਾ ਰਣਜੀਤ ਕੌਰ ਨੇ ਆਪਣੇ ਪੁੱਤਰ ਦੇ ਚੰਗੇਰੇ ਸਾਹਿਤਕ ਸਫਰ ਲਈ ਸ਼ੁਭਕਾਮਨਾਵਾਂ ਦਿੱਤੀਆਂ।

# 'ਆਪ' ਦੇ ਅਹੁਦੇਦਾਰ ਤੇ ਵਲੰਟੀਅਰ 13/14 ਨੂੰ ਹੁੰਮ-ਹੁਮਾ ਕੇ ਅੰਮ੍ਰਿਤਸਰ ਪਹੁੰਚਣ : ਡਾ. ਰਿਆੜ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਆਮ ਆਦਮੀ ਪਾਰਟੀ ਦੀ ਇੱਕ ਹੰਗਾਮੀ ਮੀਟਿੰਗ ਡਾ. ਕੁਲਵਿਦਰ ਸਿੰਘ ਰਿਆੜ ਪ੍ਰਧਾਨ ਡਾਕਟਰ ਵਿੰਗ ਆਮ ਆਦਮੀ ਪਾਰਟੀ ਗੁਰਦਾਸਪੁਰ ਦੇ ਗ੍ਰਹਿ ਵਿਖੇ ਹੋਈ। ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੇ ਭਾਰਤ ਦੇ ਜਨਰਲ ਸਕੱਤਰ ਅਤੇ ਪੰਜਾਬ ਦੇ ਪ੍ਰਭਾਰੀ ਡਾ. ਸੰਦੀਪ ਪਾਠਕ ਅਤੇ ਮਾਨਯੋਗ ਪੰਜਾਬ ਦੇ ਮੀਤ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਹਲਕਾ ਵਿਧਾਇਕ ਬਟਾਲਾ ਦੇ ਦਿਸ਼ਾ ਨਿਰਦੇਸ਼ਾਂ ਤੇ ਫੁੱਲ ਚੜ੍ਹਾਉਂਦੇ ਹੋਏ ਸਾਰੇ ਹੀ ਸਰਗਰਮ ਵਰਕਰਾਂ ਅਤੇ ਅਹੁਦੇਦਾਰਾਂ ਅਤੇ ਵਲੰਟੀਅਰ ਸਹਿਬਾਨ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ 13 ਅਤੇ 14 ਸਤੰਬਰ ਨੂੰ ਹੁੰਮ-ਹੁਮਾ ਕੇ ਅੰਮ੍ਰਿਤਸਰ ਵਿਖੇ ਪਹੁੰਚੋ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਤ੍ਰਿਭੁਵਨ ਸਿੰਘ ਲੁੰਬਾ ਸੀਨੀਅਰ ਨੇਤਾ, ਸੁਖਵਿੰਦਰ ਸਿੰਘ ਗਿੱਲ ਪ੍ਰਧਾਨ ਆਈਟੀ ਵਿੰਗ ਮਾਝਾ ਜ਼ੋਨ, ਕੀਰਤਨ ਸਿੰਘ ਬਾਜਵਾ, ਨਰਿੰਦਰ ਕੁਮਾਰ ਜੰਬਾ, ਵਿਜੇ ਕੁਮਾਰ ਭੱਟੀ, ਸ਼ਿੰਦਾ ਮਸੀਹ ਤੇਲੀਆਂਵਾਲ, ਲੈਕਚਰਾਰ ਮੁਖਵਿੰਦਰ ਸਿੰਘ ਭਿੰਡਰ, ਮਨਦੀਪ ਸਿੰਘ ਕਲਸੀ ਵਾਰਡ ਪ੍ਰਧਾਨ, ਸੁਖਵਿੰਦਰ ਸਿੰਘ ਵਿੱਕੀ, ਕਾਮਰੇਡ ਹਰਬੰਸ ਸਿੰਘ,ਮਾਸਟਰ ਸੂਬਾ ਸਿੰਘ ਖਹਿਰਾ, ਵਿਜੇ ਕੁਮਾਰ ਪੱਪੂ ਆਦਿ ਹਾਜ਼ਰ ਸਨ।



# ਪੱਤਰਕਾਰ ਜਥੇਬੰਦੀਆਂ ਦੇ ਅਹੁਦੇਦਾਰਾਂ ਵੱਲੋਂ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਲੋਕਤੰਤਰੀ ਢੰਗ ਨਾਲ ਕਰਾਉਣ ਦੀ ਮੰਗ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਵੱਖ ਵੱਖ ਪੱਤਰਕਤਰ ਜਥੇਬੰਦੀਆਂ ਦੇ ਆਗੂਆਂ ਦੀ ਮੀਟਿੰਗ ਪ੍ਰੈਸ ਕਲੱਬ ਦੀ ਚੋਣ ਨੂੰ ਲੈ ਕੇ ਹੋਈ ਜਿਸ ਵਿੱਚ ਮੰਗ ਕੀਤੀ ਗਈ ਕਿ ਚੋਣ ਲੋਕਤੰਤਰੀ ਢੰਗ ਅਨੁਸਾਰ ਕਰਵਾਈ ਜਾਵੇ। ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਤੇ ਜਰਨਲਿਸਟ ਐਸੋਸੀਏਸ਼ਨ (ਰਜਿ) ਪੰਜਾਬ ਦੇ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਮਾਹਲ ਨੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਭਾਗ ਲਿਆ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਪੱਤਰਕਾਰਾਂ ਨੂੰ ਇੱਕ ਮੰਚ ਤੇ ਇਕੱਠੇ ਹੋਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਜਥੇਬੰਦੀਆਂ ਅੰਮ੍ਰਿਤਸਰ ਪ੍ਰੈੱਸ ਕਲੱਬ ਦੀ ਚੋਣ ਨੂੰ ਲੈ ਕੇ ਉਤਸ਼ਾਹਤ ਹਨ। ਅੰਮ੍ਰਿਤਸਰ ਪ੍ਰੈਸ ਕਲੱਬ ਦੀ ਚੋਣ ਬਿਲਕੁਲ ਨਿਰਪੱਖ ਹੋਣੀ ਚਾਹੀਦੀ ਹੈ। ਆਪਣੇ ਸੰਬੋਧਨ ਵਿੱਚ ਕਿਹਾ ਕਿ ਅੰਮ੍ਰਿਤਸਰ ਪ੍ਰੈੱਸ ਕਲੱਬ ਵਿਚ ਚਾਹੇ ਕਿਸੇ ਵੀ ਜਥੇਬੰਦੀ ਦਾ ਮੈਂਬਰ ਨਿਯੁਕਤ ਹੋਵੇ ਪਰ ਕਿਸੇ ਨੂੰ ਵੀ ਕੋਈ ਕਿੰਤੂ ਪਰੰਤੂ ਨਹੀਂ ਹੈ ਪਰ ਕਲੱਬ ਦੀ ਚੋਣ ਪ੍ਰਕਿਰਿਆ ਪਾਰਦਰਸ਼ੀ ਹੋਣੀ ਚਾਹੀਦੀ ਹੈ। ਇਸ ਮੌਕੇ ਚੰਡੀਗੜ੍ਹ ਪੰਜਾਬ ਜਰਨਲ ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਅਤੇ ਪੰਜਾਬੀ ਪੱਤਰਕਾਰ ਸਦਨ ਦੇ ਸਰਪ੍ਰਸਤ ਜੋਗਿੰਦਰਪਾਲ ਸਿੰਘ ਕੁੰਦਰਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਅੰਮ੍ਰਿਤਸਰ ਕਲੱਬ ਦੀ ਚੋਣ ਪ੍ਰਸ਼ਾਸਨ ਦੀ ਨਿਗਰਾਨੀ ਹੇਠ ਹੋਣੀ ਚਾਹੀਦੀ ਹੈ। ਅੰਮ੍ਰਿਤਸਰ ਪ੍ਰੈੱਸ ਕਲੱਬ ਦੀ ਚੋਣ ਪ੍ਰਕਿਰਿਆ ਮਾਨਯੋਗ ਡਿਪਟੀ ਕਮਿਸ਼ਨਰ ਦੀ ਦੇਖ-ਰੇਖ ਹੇਠ ਅਤੇ ਸੰਵਿਧਾਨਕ ਰੂਪ ਵਿੱਚ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਹੋਰ ਕਈ ਪੱਤਰਕਾਰਾਂ ਸੰਬੰਧੀ ਮਸਲਿਆਂ ਅਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਇਕੱਠੇ ਹੋਏ ਵੱਖ-ਵੱਖ ਜਥੇਬੰਦੀਆਂ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਆਪੋ ਆਪਣੇ ਵਿਚਾਰ ਪੇਸ਼ ਕੀਤੇ। ਬਾਕੀ ਜਥੇਬੰਦੀਆਂ ਨੂੰ ਇਹ ਪੱਤਰਕਾਰਾਂ ਦੀ ਜਾਗਦੀ ਜ਼ਮੀਰ ਲਈ ਹੋਕਾ ਦਿੱਤਾ ਗਿਆ। ਇਸ ਮੌਕੇ ਇਕਾਈ ਅੰਮ੍ਰਿਤਸਰ ਦੇ ਪ੍ਰਧਾਨ ਮਲਕੀਅਤ ਸਿੰਘ, ਜਤਿੰਦਰ ਸਿੰਘ ਥਿੰਦ, ਕ੍ਰਿਸ਼ਨ ਸਿੰਘ ਦੁਸਾਂਝ, ਕੁਲਬੀਰ ਸਿੰਘ, ਅਮਿਤ ਕੁਮਾਰ, ਦਲਬੀਰ ਸਿੰਘ, ਚਰਨਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਸਿਮਰਨ ਅਟਵਾਲ, ਰਣਜੀਤ ਸਿੰਘ ਰਾਣਾ, ਅਮਰਜੀਤ ਸਿੰਘ, ਨਰਿੰਦਰਜੀਤ ਸਿੰਘ, ਸੰਨੀ ਗਿੱਲ, ਚੰਦਰਜੀਤ ਸਿੰਘ, ਹਰਜਿੰਦਰ ਸਿੰਘ ਕਾਕਾ ਤੇ ਹੋਰ ਸ਼ਾਮਲ ਸਨ।

12-Sep-PAGE-4.qxd 9/11/2023 10:59 PM Page 1

ਨਵਾਂ ਜ਼ਮਾਨਾ

ਮੰਗਲਵਾਰ, 12 ਸਤੰਬਰ 2023

# ਸੰਵਿਧਾਨ 'ਤੇ ਹਮਲਾ ਮਹਿੰਗਾ ਪਵੇਗਾ

'ਇੰਡੀਆ' ਗੱਠਜੋੜ ਦੀ ਵਧ ਰਹੀ ਤਾਕਤ ਤੋਂ ਆਰ ਐੱਸ ਐੱਸ ਤੇ ਭਾਜਪਾ ਵਾਲੇ ਬੇਹੱਦ ਘਬਰਾਏ ਹੋਏ ਹਨ। ਉਨ੍ਹਾਂ ਨੂੰ ਸਮਝ ਨਹੀਂ ਆ ਰਹੀ ਕਿ ਉਹ ਕਰਨ ਤਾਂ ਕੀ ਕਰਨ। ਪਹਿਲਾਂ ਬਿਨਾਂ ਸੋਚੇ-ਸਮਝੇ ਇਹ ਸ਼ੋਸ਼ਾ ਛੱਡ ਦਿੱਤਾ ਗਿਆ ਕਿ ਮੋਦੀ ਸਰਕਾਰ 'ਇੱਕ ਦੇਸ਼, ਇੱਕ ਚੋਣ' ਲਈ ਅੱਗੇ ਵਧ ਰਹੀ ਹੈ। ਇਸ ਸੰਬੰਧੀ ਸਾਬਕਾ ਰਾਸ਼ਟਰਪਤੀ ਦੀ ਅਗਵਾਈ ਵਿੱਚ ਇੱਕ ਕਮੇਟੀ ਵੀ ਬਣਾ ਦਿੱਤੀ ਗਈ। ਇਸ ਉਪਰੰਤ ਇੰਡੀਆ ਤੇ ਭਾਰਤ ਦਾ ਸਵਾਲ ਖੜ੍ਹਾ ਕਰ ਦਿੱਤਾ ਗਿਆ। ਇਹ ਦੋਵੇਂ ਕੰਮ ਹੀ ਸੰਵਿਧਾਨ ਵਿੱਚ ਬੁਨਿਆਦੀ ਤਬਦੀਲੀ ਤੋਂ ਬਿਨਾਂ ਸੰਭਵ ਨਹੀਂ ਹੋ ਸਕਦੇ। ਇਸ ਤੋਂ ਬਾਅਦ ਸਾਰੇ ਦੇਸ਼ ਵਿੱਚ ਇਹ ਕਿਆਸ-ਅਰਾਈਆਂ ਸ਼ੁਰੂ ਹੋ ਗਈਆਂ ਕਿ ਮੋਦੀ ਸਰਕਾਰ ਸੰਵਿਧਾਨ ਵਿੱਚ ਤਬਦੀਲੀ ਕਰਨਾ ਚਾਹੁੰਦੀ ਹੈ। ਇਹ ਯਾਦ ਰੱਖਣਾ ਪਵੇਗਾ ਕਿ ਦੇਸ਼ ਦੀ ਦਲਿਤ ਅਬਾਦੀ ਅੰਦਰ ਡਾ. ਅੰਬੇਡਕਰ ਨੂੰ ਭਗਵਾਨ ਵਾਂਗ ਪੂਜਿਆ ਜਾਂਦਾ ਹੈ। ਇਸ ਅਬਾਦੀ ਦੀ ਨਵੀਂ ਪੀੜ੍ਹੀ ਸੰਵਿਧਾਨ ਉੱਤੇ ਹਮਲੇ ਨੂੰ ਡਾ. ਅੰਬੇਡਕਰ ਉੱਤੇ ਹਮਲਾ ਸਮਝਦੀ ਹੈ।

ਪਿਛਲੀਆਂ ਲੋਕ ਸਭਾ ਤੇ ਯੂ ਪੀ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦਲਿਤਾਂ ਦੇ ਵੱਡੇ ਹਿੱਸੇ ਨੇ ਭਾਜਪਾ ਨੂੰ ਵੋਟਾਂ ਪਾਈਆਂ ਸਨ। ਇਸ ਦਾ ਮੁੱਖ ਕਾਰਨ ਉਨ੍ਹਾਂ ਨੂੰ ਖੁਰਾਕ ਸੁਰੱਖਿਆ ਦੇ ਨਾਂਅ ਉੱਤੇ ਕੋਵਿਡ ਸਮੇਂ ਤੋਂ ਦਿੱਤਾ ਜਾ ਰਿਹਾ ਮੁਫ਼ਤ ਅਨਾਜ ਤੇ ਦਾਲਾਂ ਸਨ। ਭਾਜਪਾ ਦੀ ਜਿੱਤ ਦਾ ਇੱਕ ਕਾਰਨ ਇਹ ਵੀ ਸੀ ਕਿ ਉਸ ਦੇ ਮੁਕਾਬਲੇ ਵਿਰੋਧੀ ਪਾਰਟੀਆਂ ਪੂਰੀ ਤਰ੍ਹਾਂ ਖਿਲਰੀਆਂ ਹੋਈਆਂ ਸਨ।

ਹੁਣ ਪੁਲਾਂ ਹੇਠੋਂ ਬਹੁਤ ਪਾਣੀ ਲੰਘ ਚੁੱਕਾ ਹੈ। ਕਰਨਾਟਕ ਅਸੰਬਲੀ ਦੀਆਂ ਚੋਣਾਂ ਨੇ ਇਹ ਸਾਬਤ ਕਰ ਦਿੱਤਾ ਸੀ ਕਿ ਦਲਿਤ ਭਾਈਚਾਰਾ ਭਾਜਪਾ ਦੀ ਨ਼ਫਰਤੀ ਮੁਹਿੰਮ ਕਾਰਨ ਘੁਟਣ ਮਹਿਸੂਸ ਕਰਨ ਲੱਗ ਪਿਆ ਹੈ। ਦਲਿਤਾਂ ਅੰਦਰ ਵਧ ਰਹੀ ਬੇਚੈਨੀ ਨੂੰ ਦੇਖਦਿਆਂ ਹੀ ਬਿਹਾਰ ਸਰਕਾਰ ਨੇ ਜਾਤੀ ਜਨਗਣਨਾ ਦਾ ਐਲਾਨ ਕਰਕੇ ਭਾਜਪਾ ਲਈ ਮੁਸ਼ਕਲ ਖੜੀ ਕਰ ਦਿੱਤੀ ਹੈ। ਉੱਤਰ ਪ੍ਰਦੇਸ਼ 'ਚ ਸਮਾਜਵਾਦੀ ਪਾਰਟੀ ਨੇ ਵੀ ਐਲਾਨ ਕਰ ਦਿੱਤਾ ਹੈ ਕਿ ਸੱਤਾ ਵਿੱਚ ਆਉਣ ਉੱਤੇ ਉਹ ਵੀ ਜਾਤੀ ਜਨਗਣਨਾ ਕਰਵਾ ਕੇ ਰਾਖਵਾਂਕਰਨ ਨੂੰ ਹਕੀਕੀ ਪੱਧਰ ਉੱਤੇ ਲਾਗੂ ਕਰਨਗੇ।

ਅਜਿਹੀ ਹਾਲਤ ਵਿੱਚ ਉੱਤਰ ਪ੍ਰਦੇਸ਼ ਦੀ ਘੋਸ਼ੀ ਵਿਧਾਨ ਸਭਾ ਸੀਟ ਨੇ 2024 ਦੀਆਂ ਲੋਕ ਸਭਾ ਚੋਣਾਂ ਦਾ ਟਰੇਲਰ ਦਿਖਾ ਦਿੱਤਾ ਹੈ। ਇਸ ਚੋਣ ਵਿੱਚ 'ਇੰਡੀਆ' ਦੀ ਭਾਈਵਾਲ ਸਮਾਜਵਾਦੀ ਪਾਰਟੀ ਦੇ ਸੁਧਾਕਰ ਸਿੰਘ ਨੇ ਭਾਜਪਾ ਦੇ ਦਾਰਾ ਸਿੰਘ ਚੌਹਾਨ ਨੂੰ ਹਰਾਇਆ ਹੀ ਨਹੀਂ, ਧੂੜ ਚਟਾ ਦਿੱਤੀ ਹੈ। ਯੋਗੀ ਆਦਿੱਤਿਆਨਾਥ ਦੀ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਨੇ ਇਸ ਸੀਟ ਨੂੰ ਆਪਣੇ ਨੱਕ ਦਾ ਸਵਾਲ ਬਣਾ ਲਿਆ ਸੀ। ਮੁੱਖ ਮੰਤਰੀ ਯੋਗੀ ਸਮੇਤ 24 ਮੰਤਰੀਆਂ ਤੇ 60 ਵਿਧਾਇਕਾਂ ਨੇ ਹਲਕੇ ਵਿੱਚ ਡੇਰਾ ਲਾਈ ਰੱਖਿਆ। ਆਲੇ-ਦੁਆਲੇ ਦੇ ਸਭ ਜ਼ਿਲ੍ਹਿਆਂ ਵਿਚਲੇ ਵੱਡੇ ਸ਼ਹਿਰਾਂ ਦੇ ਸਾਰੇ ਹੋਟਲ ਬੁੱਕ ਕੀਤੇ ਹੋਏ ਸਨ। ਇਸ ਦੇ ਬਾਵਜੂਦ ਸਮਾਜਵਾਦੀ ਪਾਰਟੀ ਨੂੰ 57 ਫ਼ੀਸਦੀ ਤੇ ਭਾਜਪਾ ਨੂੰ 37 ਫੀਸਦੀ ਵੋਟਾਂ ਮਿਲੀਆਂ। 20 ਫੀਸਦੀ ਦਾ ਏਡਾ ਵੱਡਾ ਅੰਤਰ ਇੱਕ ਰਿਕਾਰਡ ਹੈ। ਇਹ ਕਿਵੇਂ ਸੰਭਵ ਹੋਇਆ। ਘੱਟ ਗਿਣਤੀ ਭਾਈਚਾਰਾ ਤਾਂ ਪੂਰੀ ਤਰ੍ਹਾਂ 'ਇੰਡੀਆ' ਗੱਠਜੋੜ ਨਾਲ ਜੁੜਿਆ ਹੋਇਆ ਹੈ। ਦਲਿਤ ਭਾਈਚਾਰੇ ਵਿੱਚ 'ਇੰਡੀਆ ਬਨਾਮ ਭਾਰਤ' ਤੇ 'ਇੱਕ ਦੇਸ਼, ਇੱਕ ਚੋਣ' ਨੇ ਇਹ ਸੁਨੇਹਾ ਦਿੱਤਾ ਕਿ ਭਾਜਪਾ ਸੰਵਿਧਾਨ ਬਦਲਣਾ ਚਾਹੁੰਦੀ ਹੈ। ਇਸ ਕਾਰਨ ਦਲਿਤ ਭਾਈਚਾਰੇ ਨੇ ਇੱਕ-ਮੁਸ਼ਤ ਸਮਾਜਵਾਦੀ ਪਾਰਟੀ ਦੇ ਉਮੀਦਵਾਰ ਨੂੰ ਵੋਟਾਂ ਪਾ ਦਿੱਤੀਆਂ। ਮਾਇਆਵਤੀ ਦੀ ਨੋਟਾ ਨੂੰ ਵੋਟਾਂ ਪਾ ਦੇਣ ਦੀ ਅਪੀਲ ਵੀ ਉਨ੍ਹਾਂ ਨਜ਼ਰ-ਅੰਦਾਜ਼ ਕਰ ਦਿੱਤੀ।

ਆਰ ਐੱਸ ਐੱਸ ਦੇ ਆਗੂ ਸਮਝਦੇ ਰਹੇ ਹਨ ਕਿ ਦਲਿਤ ਭਾਈਚਾਰਾ ਸਿਰਫ਼ ਇਸ ਲਈ ਸੰਵਿਧਾਨ ਨਾਲ ਹੈ, ਕਿਉਂਕਿ ਉਸ ਵਿੱਚ ਰਾਖਵੇਂਕਰਨ ਦੀ ਵਿਵਸਥਾ ਹੈ। ਇਸ ਲਈ ਉਹ ਲੋੜ ਪੈਣ ਉੱਤੇ ਰਾਖਵੇਂਕਰਨ ਦੇ ਹੱਕ ਵਿੱਚ ਵੀ ਬੋਲ ਪੈਂਦੇ ਹਨ। ਹਵਾ ਦਾ ਰੁਖ ਦੇਖ ਕੇ ਤੇ ਚੋਣਾਂ ਸਿਰ ਉੱਤੇ ਆ ਜਾਣ ਕਾਰਨ ਸੰਘ ਮੁਖੀ ਭਾਗਵਤ ਨੇ ਹੁਣ ਨਾਗਪੁਰ ਦੇ ਇੱਕ ਸਮਾਗਮ ਵਿੱਚ ਬੋਲਦਿਆਂ ਇਹ ਕਹਿ ਦਿੱਤਾ ਹੈ ਕਿ ਜੇਕਰ ਸਮਾਜ ਦੇ ਕੁਝ ਵਰਗਾਂ ਨੂੰ ਦੋ ਹਜ਼ਾਰ ਸਾਲਾਂ ਤੱਕ ਭੇਦਭਾਵ ਦਾ ਸਾਹਮਣਾ ਕਰਨਾ ਪਿਆ ਹੈ ਤਾਂ ਅਸੀਂ ਅਗਲੇ ਦੋ ਸੌ ਸਾਲਾਂ ਤੱਕ ਕੁਝ ਪ੍ਰੇਸ਼ਾਨੀ ਕਿਉਂ ਨਹੀਂ ਸਹਾਰ ਸਕਦੇ। ਉਨ੍ਹਾ ਕਿਹਾ ਕਿ ਜਦੋਂ ਤੱਕ ਇਨ੍ਹਾਂ ਵਰਗਾਂ ਨੂੰ ਬਰਾਬਰ ਦੇ ਮੌਕੇ ਨਹੀਂ ਦਿੱਤੇ ਜਾਂਦੇ, ਰਾਖਵਾਂਕਰਨ ਵਰਗੇ ਉਪਾਅ ਜ਼ਰੂਰੀ ਹਨ। ਸੰਘ ਮੁਖੀ ਦਾ ਇਹ ਬਿਆਨ ਉਦੈਨਿਧੀ ਸਟਾਲਿਨ ਦੇ ਸਨਾਤਨ ਧਰਮ ਨੂੰ ਖ਼ਤਮ ਕਰ ਦੇਣ ਵਾਲੇ ਬਿਆਨ ਬਾਅਦ ਆਉਣ ਦਾ ਮਤਲਬ ਆਪਣੇ ਭਗਤਾਂ ਨੂੰ ਇਸ ਮੁੱਦੇ ਉੱਤੇ ਚੁੱਪ ਰਹਿਣ ਦਾ ਹੀ ਸੁਨੇਹਾ ਹੈ। ਅਸਲ ਵਿੱਚ ਸੰਘ ਸਮਝ ਚੁੱਕਾ ਹੈ ਕਿ ਉਨ੍ਹਾਂ ਦੇ ਪਿਛਲੇ ਸਾਰੇ ਹਥਿਆਰੇ ਖੁੰਢੇ ਹੋ ਚੁੱਕੇ ਹਨ। ਫਿਰਕੂ ਨ਼ਫਰਤੀ ਜ਼ਹਿਰ ਕਾਰਗਰ ਨਹੀਂ ਰਹੀ, ਬੁਲਡੋਜ਼ਰ ਘੋਸ਼ੀ ਵਿੱਚ ਜ਼ਮੀਨਦੋਜ਼ ਹੋ ਚੁੱਕਾ ਹੈ ਤੇ ਸਨਾਤਨ ਧਰਮ ਵਾਲਾ ਦਾਅ ਵੀ ਚੱਲ ਨਹੀਂ ਸਕਣਾ।

ਕਹਿੰਦੇ ਹਨ ਕਿ ਜਦੋਂ ਮਾੜੇ ਦਿਨ ਆ ਜਾਣ ਤਾਂ ਖਾਲੀ ਬੰਦੂਕ ਵੀ ਚੱਲ ਜਾਂਦੀ ਹੈ। ਇਹੋ ਹਾਲਤ ਅੱਜ ਮੋਦੀ ਸਰਕਾਰ ਦੀ ਬਣੀ ਹੋਈ ਹੈ। ਹੁਣ ਨਾ ਕੋਈ 'ਇੰਡੀਆ ਬਨਾਮ ਭਾਰਤ' ਦੀ ਗੱਲ ਕਰ ਰਿਹਾ ਹੈ, ਨਾ 'ਇੱਕ ਦੇਸ਼, ਇੱਕ ਚੋਣ' ਦੀ ਵਕਾਲਤ ਕਰ ਰਿਹਾ ਹੈ। ਬੁਲਡੋਜ਼ਰ ਵੀ ਜਾਮ ਹੋ ਚੁੱਕਾ ਹੈ। ਜੀ-20 ਦਾ ਜਸ਼ਨ ਵੀ ਮੁੱਕ ਚੁੱਕਾ ਹੈ। ਸਾਰੇ ਪਾਸੇ ਸੰਨਾਟਾ ਹੀ ਸੰਨਾਟਾ ਹੈ।

-ਚੰਦ ਫਤਿਹਪੁਰੀ

# ਸਿੱਖਿਆ ਦੀ ਗੁਣਾਤਮਿਕਤਾ ਉਦੇਸ਼ਾਂ ਨਾਲ ਵਧਦੀ ਹੈ, ਜੰਤਰਕ ਸਰੋਤਾਂ ਰਾਹੀਂ ਨਹੀਂ

**ਚਰਨ ਸਿੰਘ ਸਰਾਭਾ**

ਭਾਰਤੀ ਸਿੱਖਿਆ ਖੇਤਰ ਸੰਬੰਧੀ ਵਿਵਾਦ ਤਾਂ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਚੱਲਦਾ ਆ ਰਿਹਾ ਹੈ। ਪਿਛਲੇ ਕੁਝ ਦਿਨਾਂ ਵਿੱਚ ਪੰਜਾਬ ਅਤੇ ਭਾਰਤ ਪੱਧਰ ਦੇ ਕੁਝ ਅਖ਼ਬਾਰਾਂ ਦੀਆਂ ਸੰਪਾਦਕੀਆਂ ਵਿੱਚ ਭਾਰਤੀ ਸਿੱਖਿਆ ਸਥਿਤੀ ਨੂੰ ਸੰਕਟਮਈ ਹਾਲ ਵਾਲੀ ਕਿਹਾ ਸੀ। ਇਸ ਵਿੱਚ +2 ਪੱਧਰ ਤੋਂ ਪਿੱਛੋਂ ਵੱਖ-ਵੱਖ ਕੋਰਸਾਂ ਵਿੱਚ ਦਾਖਲਿਆਂ ਲਈ ਰੱਖੇ ਜਾਂਦੇ ਕੌਮੀ ਪੱਧਰ ਦੇ ਟੈਸਟਾਂ ਅਤੇ ਇਨ੍ਹਾਂ ਵਿਦਿਆਰਥੀਆਂ ਦੀਆਂ ਤਿਆਰੀਆਂ ਅਤੇ ਮੁਕਾਬਲੇਬਾਜ਼ੀ ਕਾਰਨ ਵਧ ਰਹੇ ਮਾਨਸਿਕ ਦਬਾਅ ਕਾਰਨ ਵਾਪਰ ਰਹੀਆਂ ਦਰਦਨਾਕ ਕਹਾਣੀਆਂ ਦਾ ਵੀ ਜ਼ਿਕਰ ਹੈ। ਸਾਨੂੰ ਇੱਥੇ ਇਹ ਵੀ ਯਾਦ ਕਰਨਾ ਹੋਵੇਗਾ ਕਿ ਅਜਿਹਾ ਸੰਕਟ ਤਾਂ ਸਾਡੇ ਬੱਚਿਆਂ ਨੂੰ ਕੈਨੇਡਾ, ਆਸਟਰੇਲੀਆ ਤੱਕ ਘੇਰੀ ਫਿਰਦਾ ਹੈ।

ਇੱਥੇ ਅਸੀਂ ਇਨ੍ਹਾਂ ਅਖ਼ਬਾਰੀ ਖ਼ਬਰਾਂ ਤੋਂ ਥੋੜ੍ਹਾ ਪਰੇ ਹਟ ਕੇ ਭਾਰਤੀ ਸਮੁੱਚੀ ਸਿੱਖਿਆ ਸੰਬੰਧੀ ਪ੍ਰਾਇਮਰੀ ਪੱਧਰ ਤੋਂ ਲੈ ਕੇ ਉਚੇਰੇ ਪੱਧਰਾਂ ਤੱਕ ਜੇਕਰ ਸੰਖੇਪ ਵਿਚਾਰ ਵੀ ਕਰੀਏ ਤਾਂ ਸਪੱਸ਼ਟ ਹੋ ਜਾਂਦਾ ਹੈ ਕਿ ਇਨ੍ਹਾਂ ਚੁਣੌਤੀਆਂ ਦਾ ਆਰੰਭ ਤਾਂ ਕਈ ਸਾਲਾਂ ਤੋਂ ਹੋ ਚੁੱਕਾ ਸੀ, ਜਦੋਂ ਸਾਡੇ ਭਾਰਤ ਵਿੱਚ ਸੰਸਾਰ ਬੈਂਕ ਮਾਰਕਾ ਖੁੱਲ੍ਹੀ ਮੰਡੀ ਵਾਲੀ ਆਰਥਿਕ ਨੀਤੀ ਨੇ ਸਾਡੀ ਸਿੱਖਿਆ ਨੀਤੀ ਨੂੰ ਵੀ ਘੇਰੇ ਵਿੱਚ ਲੈ ਲਿਆ ਸੀ, ਪ੍ਰੰਤੂ ਹੁਣ ਇਹ ਦਿਨੋਂ-ਦਿਨ ਵਧੇਰੇ ਗੁੰਝਲਦਾਰ ਅਵਸਥਾ ਵਿੱਚ ਸਾਹਮਣੇ ਆ ਰਿਹਾ ਹੈ। ਭਾਰਤੀ ਕੇਂਦਰ ਸਰਕਾਰ ਵੱਲੋਂ ਲਿਆਂਦੀ ਜਾ ਰਹੀ ਸਿੱਖਿਆ ਨੀਤੀ-2020 ਸੰਬੰਧੀ ਅਖ਼ਬਾਰਾਂ ਵਿੱਚ ਛਪ ਰਹੀਆਂ ਵੱਖ-ਵੱਖ ਖ਼ਬਰਾਂ ਤੋਂ ਸਪੱਸ਼ਟ ਹੁੰਦਾ ਹੈ ਕਿ ਇਹ ਕੌਮੀ ਪੱਧਰ 'ਤੇ ਸਰਬ-ਪਰਮਾਣਤ ਨੀਤੀ ਵਜੋਂ ਨਹੀਂ ਮੰਨੀ ਜਾ ਰਹੀ। ਸਕੂਲ ਪੱਧਰ ਤੋਂ ਲੈ ਕੇ ਸਾਡੇ ਦੇਸ਼ ਦੀਆਂ ਪਹਿਲੀਆਂ ਸਿੱਖਿਆ ਨੀਤੀਆਂ 1968, 1986, 1992 ਆਦਿ ਦਾ ਤੁਲਨਾਤਮਕ ਅਧਿਐਨ ਕੀਤੇ ਬਗੈਰ ਹੀ ਇਹ ਨੀਤੀ ਲਾਗੂ ਕੀਤੀ ਜਾ ਰਹੀ ਹੈ। ਸਕੂਲ ਪੱਧਰ 'ਤੇ ਇਸ ਨਵੀਂ ਸਿੱਖਿਆ ਨੀਤੀ ਨੂੰ ਸਿੱਖਿਆ ਦੀ ਗੁਣਾਤਮਕਤਾ ਨਾਲ ਜੋੜਨ ਦੀ ਆੜ ਵਿੱਚ ਇੱਕ ਪਾਸੇ ਵੱਖ-ਵੱਖ ਵੰਨਗੀਆਂ ਦੇ ਚੋਣਵੇਂ ਸਕੂਲ ਸਥਾਪਤ ਕਰਨ ਦੇ ਐਲਾਨ ਹੋ ਰਹੇ ਹਨ, ਦੂਜੇ ਪਾਸੇ ਸਿੱਖਿਆ ਖੇਤਰ ਲਈ ਪਹਿਲਾਂ ਹੀ ਰੱਖੇ ਜਾਂਦੇ ਲੋੜਾਂ ਤੋਂ ਘੱਟ ਬਜਟਾਂ ਵਿੱਚ ਹੋਰ ਕਟੌਤੀਆਂ ਲਾਈਆਂ ਜਾ ਰਹੀਆਂ ਹਨ। ਅਜਿਹੀ ਪਹੁੰਚ ਰਾਹੀਂ ਅਸਿੱਧੇ ਤੌਰ 'ਤੇ ਸਿੱਖਿਆ ਦਾ ਪ੍ਰਾਈਵੇਟਕਰਨ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ। ਗੁਣਾਤਮਕ ਸਿੱਖਿਆ ਪ੍ਰਦਾਨ ਕਰਨ ਦੇ ਨਾਅਰੇ ਰਾਹੀਂ ਕੁਝ ਚੋਣਵੇਂ ਅਤੇ ਵਿਸ਼ੇਸ਼ ਸਕੂਲ ਵੱਖ-ਵੱਖ ਨਾਵਾਂ ਹੇਠ ਸਥਾਪਤ ਕੀਤੇ ਜਾ ਰਹੇ ਹਨ। ਜਿਨ੍ਹਾਂ ਵਿੱਚ ਦੇਸ਼ ਭਰ ਅਤੇ ਸੰਬੰਧਤ ਸੂਬੇ ਦੇ ਬਾਕੀ ਰਹਿੰਦੇ ਹਜ਼ਾਰਾਂ ਹੋਰ ਸਰਕਾਰੀ ਸਕੂਲਾਂ ਨਾਲੋਂ ਵਧੇਰੇ ਤਕਨੀਕੀ ਸਹੂਲਤਾਂ ਦੇਣ ਸੰਬੰਧੀ ਵੱਡੀ ਬਿਆਨਬਾਜ਼ੀ ਹੋ ਰਹੀ ਹੈ। ਇਸ ਤਰ੍ਹਾਂ ਗੁਣਾਤਮਕਤਾ ਦੇ ਨਾਂ ਤੇ ਸਕੂਲਾਂ ਦਾ ਵਰਗੀਕਰਨ ਕੀਤਾ ਜਾਵੇਗਾ ਜੋ ਅਸਿੱਧੇ ਤੌਰ ਤੇ ਵਿਦਿਆਰਥੀਆਂ ਦੇ ਸਮਾਜਕ ਵਰਗੀਕਰਨ ਦਾ ਵੀ ਵੱਡਾ ਸੋਮਾ ਬਣੇਗਾ। ਇਸ ਸੰਬੰਧੀ ਹੋਰ ਵਿਚਾਰਾਂ ਤੋਂ ਪਹਿਲਾਂ ਸਾਡੀਆਂ ਮਾਨਯੋਗ ਸਰਕਾਰਾਂ ਨਾਲ ਪਾਸ਼ਨ ਸਾਂਝਾ ਕੀਤਾ ਜਾਂਦਾ ਹੈ ਕਿ ਇਸ ਤਰ੍ਹਾਂ ਭਾਰਤ ਦੇ ਬਾਕੀ ਹਜ਼ਾਰਾਂ ਹੋਰ ਸਕੂਲਾਂ ਵਿੱਚ ਪੜ੍ਹਨ ਵਾਲੇ ਬੱਚਿਆਂ ਲਈ ਅਜਿਹੀਆਂ ਸਹੂਲਤਾਂ ਕਿਉਂ ਨਹੀਂ? ਕੀ ਉਹ ਸਾਡੇ ਭਾਰਤ ਦੇ ਬੱਚੇ ਅਤੇ ਭਵਿੱਖੀ ਸਵੈਮਾਣ ਵਾਲੇ ਨਾਗਰਿਕ ਨਹੀਂ ਹਨ? ਉਨ੍ਹਾਂ ਨੂੰ ਅਜਿਹੇ ਬਰਾਬਰ ਦੇ ਗੁਣਾਤਮਕ ਸਿੱਖਿਆ ਪ੍ਰਾਪਤੀ ਦੇ ਸੰਵਿਧਾਨਕ ਹੱਕ ਤੋਂ ਵਾਂਝਾ ਕਿਉਂ ਰੱਖਿਆ ਜਾਵੇਗਾ?

ਇਸ ਮੁੱਦੇ ਨੂੰ ਹੋਰ ਅੱਗੇ ਵਿਚਾਰਨ ਸਮੇਂ ਇੱਕ ਸੰਸਾਰ ਪ੍ਰਸਿੱਧ ਸਿੱਖਿਆ ਸ਼ਾਸਤਰੀ ਦਾ ਕਥਨ ਚੇਤੇ ਵਿੱਚ ਆ ਰਿਹਾ ਹੈ, ਜਿਸ ਵਿੱਚ ਉਸ ਨੇ ਕਿਹਾ ਸੀ ਕਿ ਸਿੱਖਿਆ ਨੀਤੀ ਨਿਰਧਾਰਤ ਕਰਨ ਤੋਂ ਪਹਿਲਾਂ ਸਾਨੂੰ ਇਹ ਵਿਚਾਰ ਲੈਣਾ ਜ਼ਰੂਰੀ ਹੈ ਕਿ ਅਸੀਂ ਸਿੱਖਿਆ ਰਾਹੀਂ ਕਿਹੋ ਜਿਹਾ ਮਨੁੱਖੀ ਅਤੇ ਸਮਾਜਕ ਵਿਕਾਸ ਚਾਹੁੰਦੇ ਹਾਂ, ਪਰ ਸਾਡੀ ਜਾਣਕਾਰੀ ਅਨੁਸਾਰ ਇਨ੍ਹਾਂ ਵਿਸ਼ੇਸ਼ ਸਹੂਲਤਾਂ ਵਾਲੇ ਸਕੂਲਾਂ ਦੀ ਸਥਾਪਨਾ ਕਰਦੇ ਸਮੇਂ ਸਾਡੇ ਦੇਸ਼ ਦੇ ਸੰਵਿਧਾਨਕ ਉਦੇਸ਼ਾਂ ਵਾਲੇ ਜਾਂ ਸਮੁੱਚੇ ਮਨੁੱਖੀ ਅਤੇ ਸਮਾਜਕ ਵਿਕਾਸ ਵਾਲਾ ਕੋਈ ਮੰਤਵ ਸਾਹਮਣੇ ਨਹੀਂ ਆ ਰਿਹਾ। ਜਿਵੇਂ ਕਿ 1968 ਵਾਲੀ ਕੌਮੀ ਸਿੱਖਿਆ ਨੀਤੀ ਵਿੱਚ ਸਰਕਾਰੀ ਜ਼ਿੰਮੇਵਾਰੀ ਅਧੀਨ "ਕਾਮਨ ਸਕੂਲ ਪ੍ਰਣਾਲੀ" ਸਥਾਪਤ ਕਰਨ ਦੀ ਵਿਵਸਥਾ ਰੱਖੀ ਗਈ ਸੀ। ਇਸ ਲਈ ਭਾਰਤੀ ਜਨ-ਸਮੂਹਾਂ ਨੂੰ ਇਹ ਵੀ ਵਿਚਾਰਨਾ ਹੋਵੇਗਾ ਕਿ ਅੱਜ ਸਰਕਾਰੀ ਤੌਰ 'ਤੇ ਹੀ ਕਾਮਨ ਸਕੂਲ ਪ੍ਰਣਾਲੀ ਤੋਂ ਪਿੱਛੇ ਕਿਉਂ ਹਟਿਆ ਜਾ ਰਿਹਾ ਹੈ?

ਸੰਸਾਰ ਭਰ ਦਾ ਇਤਿਹਾਸਕ ਸੰਜੀਦਾ ਪੱਖ ਅਤੇ ਤਜਰਬਾ ਦੱਸਦਾ ਹੈ ਕਿ ਸਹੀ ਸ਼ਬਦਾਂ ਵਿੱਚ ਗੁਣਾਤਮਕ ਸਿੱਖਿਆ ਉਹੀ ਮੰਨੀ ਜਾਂਦੀ ਹੈ, ਜੋ ਇਕਸਾਰਤਾ ਵਾਲੇ ਅਤੇ ਜਨ-ਸਮੂਹਾਂ ਦੇ ਪਰਸਪਰ ਵਿਸ਼ਵਾਸ ਵਾਲੇ ਸਮਾਜਕ ਵਿਕਾਸ ਅਤੇ ਮਨੁੱਖੀ ਕਦਰਾਂ-ਕੀਮਤਾਂ ਦੀ ਪਹਿਰੇਦਾਰੀ ਕਰਦੀ ਹੋਵੇ, ਪ੍ਰੰਤੂ ਮੁਨਾਫ਼ਾਖੋਰੀ ਵਾਲੀ ਖੁੱਲ੍ਹੀ ਮੰਡੀ ਦੀ ਆਰਥਕਤਾ ਨੂੰ ਅਜਿਹਾ ਮਨੁੱਖੀ ਵਿਕਾਸ ਨਹੀਂ ਭਾਉਂਦਾ। ਖੁੱਲ੍ਹੀ ਮੰਡੀ ਦੇ ਧਾਰਨੀ ਅਤੇ ਵੱਡੇ ਵਪਾਰਕ ਘਰਾਣਿਆਂ ਦੀ ਪਹੁੰਚ ਅਤੇ ਖਾਹਿਸ਼ ਹੁੰਦੀ ਹੈ ਕਿ 'ਮਨੁੱਖ' ਵੀ ਦੂਜੀਆਂ ਬਾਜ਼ਾਰੀ ਵਸਤੂਆਂ ਵਰਗੀ ਖਰੀਦੀ ਜਾ ਸਕਣ ਵਾਲੀ ਵਸਤੂ ਵਾਂਗ ਹੀ ਹੋਵੇ। ਉਸ ਦਾ ਆਪਦਾ ਸਵੈਮਾਣ, ਆਪਣੀ ਆਜ਼ਾਦ ਹੋਂਦ, ਵਿਚਾਰ, ਅਨੁਭਵ ਜਾਂ ਵਿਅਕਤੀਤਵ ਨਹੀਂ ਹੋਣਾ ਚਾਹੀਦਾ, ਇਸ ਲਈ ਖੁੱਲ੍ਹੀ ਮੰਡੀ ਨੂੰ ਪ੍ਰਣਾਏ ਹਾਕਮਾਂ ਦੀ ਪਹੁੰਚ ਹੁੰਦੀ ਹੈ ਕਿ ਬਹੁਤੇ ਲੋਕਾਂ ਨੂੰ ਸਿੱਖਿਆ ਤੋਂ ਵਾਂਝਾ ਰੱਖਿਆ ਜਾਵੇ ਜਾਂ ਕੇਵਲ ਨੀਵੇਂ ਪੱਧਰ ਤੱਕ ਸੀਮਤ ਰੱਖ ਕੇ ਕੁਝ ਹੱਦ ਤਕ ਸਾਖਰ ਕਰ ਲਿਆ ਜਾਵੇ ਤਾਂ ਜੋ ਉਹ ਉਨ੍ਹਾਂ ਦੇ ਮੁਢਲੇ ਕੰਮਾਂ ਵਿੱਚ ਸਹਾਈ ਹੋ ਸਕਣ। ਇਸੇ ਤਰ੍ਹਾਂ ਹੀ ਭਾਰਤ ਵਿੱਚ ਅੰਗਰੇਜ਼ੀ ਹਕੂਮਤ ਨੇ ਵੀ ਇੱਕ ਪਾਸੇ ਸਮੁੱਚੇ ਭਾਰਤੀ ਬੱਚਿਆਂ ਨੂੰ ਮੁੱਢਲੀ ਸਿੱਖਿਆ ਦੇਣ ਤੋਂ ਅਸਮਰੱਥਾ ਪ੍ਰਗਟਾਈ ਸੀ ਅਤੇ ਦੂਜੇ ਆਪਣੀਆਂ ਵਿਸ਼ੇਸ਼ ਲੋੜਾਂ ਪੂਰੀਆਂ ਕਰਨ ਅਤੇ ਵੰਡੀਆਂ ਪਾਉਣ ਵਾਲੀ ਪਹੁੰਚ ਅਧੀਨ ਅੰਗਰੇਜ਼ੀ ਮਾਧਿਅਮ ਵਾਲੇ 'ਮਾਡਲ ਸਕੂਲ' ਸਥਾਪਤ ਕਰਨ ਵਾਲੀ ਸਿੱਖਿਆ ਨੀਤੀ ਧਾਰਨ ਕੀਤੀ ਸੀ, ਜਿਸ ਨੂੰ ਭਾਰਤੀ ਦੇਸ਼ ਭਗਤਾਂ ਨੇ ਸਿੱਖਿਆ ਦਾ 'ਮੈਕਾਲੇਵਾਦ' ਆਖ ਕੇ ਇਸ ਵਿਰੁੱਧ ਆਵਾਜ਼ ਬੁਲੰਦ ਕੀਤੀ ਸੀ ਅਤੇ ਸਾਰੇ ਭਾਰਤੀਆਂ ਲਈ ਜ਼ਰੂਰੀ ਮੁਢਲੀ ਸਿੱਖਿਆ ਦੀ ਮੰਗ ਕੀਤੀ ਸੀ। ਸਾਰੇ ਭਾਰਤੀ ਬੱਚਿਆਂ ਨੂੰ ਸਾਡੀਆਂ ਸਰਕਾਰਾਂ ਵੱਲੋਂ ਇੱਕ ਸਾਰ ਗੁਣਾਤਮਕ, ਸਿੱਖਿਆ ਦੇ ਅਵਸਰ ਪ੍ਰਦਾਨ ਨਾ ਕਰਨ ਸੰਬੰਧੀ ਪ੍ਰੈੱਸ ਦੀਆਂ ਰਿਪੋਰਟਾਂ ਅਨੁਸਾਰ ਭਾਰਤ ਦੇ ਰਾਸ਼ਟਰਪਤੀ ਮਾਨਯੋਗ ਕੇ ਆਰ ਨਰਾਇਣਨ ਨੇ 24 ਅਗਸਤ 2004 ਨੂੰ ਦਿੱਲੀ ਵਿੱਚ ਬੋਲਦਿਆਂ ਕਿਹਾ ਸੀ, 'ਮੈਂ ਕੇਂਦਰੀ ਮੰਤਰੀ ਹੋਣ ਕਾਰਨ ਭਾਰਤੀ ਯੋਜਨਾ ਕਮਿਸ਼ਨ ਨਾਲ ਸੰਖੇਪ ਸਮੇਂ ਲਈ ਸੰਬੰਧਤ ਮੈਂਬਰ ਹੋਣ ਦਾ ਇਹ ਸੰਦੇਹ ਭਰਪੂਰ ਅਨੁਭਵ ਕੀਤਾ ਸੀ ਸਾਡੇ ਯੋਜਨਾਕਾਰ ਵੀ ਭਾਰਤੀ ਵਸੋਂ ਦੇ ਬੱਚਿਆਂ ਨੂੰ ਸਮੂਹਕ ਰੂਪ ਵਿੱਚ ਸਿੱਖਿਆ ਪ੍ਰਦਾਨ ਕਰਨ ਸੰਬੰਧੀ ਸੰਦੇਹਾਂ ਵਿੱਚ ਰਹਿੰਦੇ ਹਨ। ਕਿਉਂਕਿ ਉਨ੍ਹਾ ਦੇ ਮਨਾਂ ਵਿੱਚ ਇਹ ਡਰ ਸੀ ਕਿ ਜੇ ਸਾਰੇ ਲੋਕ ਗੁਣਾਤਮਕ ਸਿੱਖਿਆ ਪ੍ਰਾਪਤ ਕਰ ਲੈਣਗੇ ਤਾਂ ਉਨ੍ਹਾਂ ਦਾ ਸਰਕਾਰ ਪ੍ਰਤੀ ਵਤੀਰਾ ਕਿਹੋ ਜਿਹਾ ਹੋ ਜਾਵੇਗਾ? ਯੋਜਨਾਕਾਰਾਂ ਦੇ ਮਨਾਂ ਵਿੱਚ ਇਹ ਡਰ ਡੂੰਘਾ ਧੱਸਿਆ ਹੋਇਆ ਸੀ।'

ਸਿੱਖਿਆ ਖੇਤਰ ਵਿਚਲੇ ਵਰਤਮਾਨ ਰੁਝਾਨ ਅਤੇ ਸਿੱਖਿਆ ਖੇਤਰ ਦੇ ਮੁਢਲੇ ਮੰਤਵਾਂ ਦੀ ਸਥਿਤੀ ਨੂੰ ਹੋਰ ਸਪੱਸ਼ਟ ਕਰਨ ਲਈ ਇੱਕ ਸੰਸਾਰ ਪ੍ਰਸਿੱਧ ਸਿੱਖਿਆ ਸ਼ਾਸਤਰੀ ਦਾ ਵਿਚਾਰ ਸਾਂਝਾ ਕੀਤਾ ਜਾਂਦਾ ਹੈ, ਜਿਸ ਵਿੱਚ ਉਸ ਨੇ ਕਿਹਾ ਸੀ, 'ਸਿੱਖਿਆ ਦੀ ਗੁਣਾਤਮਕਤਾ ਵਿਚਾਰਾਂ ਅਤੇ ਉਦੇਸ਼ਾਂ ਨਾਲ ਵਧਦੀ ਹੈ। ਜੰਤਰਕ ਸਰੋਤਾਂ ਰਾਹੀਂ ਨਹੀਂ।" ਕਿਉਂਕਿ ਵਿਦਿਆਰਥੀ ਕੇਵਲ ਇਸ ਸੰਬੰਧੀ ਸੰਸਾਰ ਪ੍ਰਸਿੱਧ ਵਿਗਿਆਨੀ ਅਲਬਰਟ ਆਈਨਸਟਾਈਨ ਦੇ ਇੱਕ ਲੇਖ ਵਿੱਚੋਂ ਵਿਚਾਰ ਸਾਂਝਾ ਕੀਤਾ ਜਾਂਦਾ ਹੈ ਜਿਸ ਵਿੱਚ ਉਨ੍ਹਾ ਕਿਹਾ ਸੀ, 'ਵਿਗਿਆਨ ਨਿਸ਼ਾਨੇ ਨਹੀਂ ਸਿਰਜ ਸਕਦਾ ਅਤੇ ਉਸ ਕੋਲੋਂ ਮਨੁੱਖ ਦੀ ਅਗਵਾਈ ਦੀ ਤਾਂ ਆਸ ਹੀ ਨਹੀਂ ਹੋ ਸਕਦੀ। ਵਿਗਿਆਨ ਵੱਧ ਤੋਂ ਵੱਧ ਕਿਸੇ ਟੀਚੇ ਦੀ ਪ੍ਰਾਪਤੀ ਦੇ ਸਾਧਨ ਮੁਹੱਈਆ ਕਰਵਾ ਸਕਦਾ ਹੈ, ਪਰ ਨਿਸ਼ਾਨੇ ਮਿੱਥਣ ਵਾਲੀਆਂ ਉਹ ਸਖ਼ਸੀਅਤਾਂ ਹੀ ਹੋ ਸਕਦੀਆਂ ਹਨ, ਜਿਨ੍ਹਾਂ ਦੇ ਉੱਚੇ ਆਦਰਸ਼ ਹੁੰਦੇ ਹਨ।' ਇਸ ਤਰ੍ਹਾਂ ਅੱਜ ਜਦੋਂ ਸਿੱਖਿਆ ਦੇ ਰੁਝਾਨਾਂ ਵਿੱਚ ਵਿਦਿਆਰਥੀਆਂ ਦੀ ਮੁਕਾਬਲੇਬਾਜ਼ੀ ਰਾਹੀਂ ਉਸ ਨੂੰ ਖੁੱਲ੍ਹੀ ਮੰਡੀ ਦੀ ਆਰਥਕਤਾ ਵਿੱਚ ਮੁਨਾਫ਼ਾਖੋਰੀ ਲਈ ਇੱਕ ਸਾਧਨ ਵਜੋਂ ਵਿਕਸਤ ਕੀਤਾ ਜਾਂਦਾ ਹੈ ਤਾਂ ਅਜਿਹੀ ਮੁਕਾਬਲੇਬਾਜ਼ੀ ਸੰਬੰਧੀ ਵੀ ਆਈਨਸਟਾਈਨ ਨੇ ਕਿਹਾ ਸੀ, 'ਸੀਮਾ ਰਹਿਤ ਮੁਕਾਬਲਾ ਕਿਰਤ ਦੇ ਵੰਡ ਨੁਕਸਾਨ ਲਈ ਅਤੇ ਵਿਅਕਤੀ ਦੀ ਸਮਾਜਕ ਚੇਤਨਾ ਦੇ ਉਸ ਸਤਿਆਨਾਸ ਲਈ ਜਿਸ ਦਾ ਮੈਂ ਜ਼ਿਕਰ ਕਰ ਚੁੱਕਿਆ ਹਾਂ, ਦਾ ਰਾਹ ਖੋਲ੍ਹਦਾ ਹੈ। ਵਿਅਕਤੀ ਦੇ ਇਸ ਸਤਿਆਨਾਸ ਨੂੰ ਮੈਂ ਪੂੰਜੀਵਾਦ ਦੀ ਸਭ ਤੋਂ ਵੱਡੀ ਬੁਰਾਈ ਗਰਦਾਨਦਾ ਹਾਂ। ਵਿਦਿਆਰਥੀ ਅੰਦਰ ਮੁਕਾਬਲੇ ਦੀ ਭਾਵਨਾ ਵਧਾ-ਚੜ੍ਹਾ ਕੇ ਭਰ ਦਿੱਤੀ ਜਾਂਦੀ ਹੈ। ਉਸ ਨੂੰ ਆਪਣਾ ਭਵਿੱਖ ਬਣਾਉਣ ਦੀਆਂ ਤਿਆਰੀਆਂ ਵਾਲੀਆਂ ਪ੍ਰਾਪਤੀਆਂ ਵਾਲੀ ਸਫ਼ਲਤਾ ਨੂੰ ਹੀ ਪੂਜਣ ਦੀ ਸਿੱਖਿਆ ਦਿੱਤੀ ਜਾਂਦੀ ਹੈ। ਆਈਨਸਟਾਈਨ ਨੇ ਇਸੇ ਲੇਖ ਵਿੱਚ ਕਿਹਾ ਸੀ, "ਇਹ ਸਮਾਜ ਹੀ ਹੈ, ਜੋ ਮਨੁੱਖ ਨੂੰ ਭੋਜਨ, ਕੱਪੜਾ, ਕੰਮ ਕਰਨ ਲਈ ਸੰਦ, ਭਾਸ਼ਾ, ਸੋਚ ਦੀਆਂ ਵੰਨਗੀਆਂ ਅਤੇ ਸੋਚ ਲਈ ਬਹੁਤ ਸਾਰੀ ਸਮਗਰੀ ਮੁਹੱਈਆ ਕਰਾਉਂਦਾ ਹੈ।'

ਇਸ ਸੰਖੇਪ ਅਧਿਐਨ ਤੋਂ ਸਮਝ ਬਣਦੀ ਹੈ ਕਿ ਸਮਾਜ ਦੇ ਇੱਕਸਾਰ ਅਤੇ ਪਰਸਪਰ ਆਪਸੀ ਵਿਸ਼ਵਾਸ ਵਾਲੇ ਵਿਕਾਸ ਲਈ ਜ਼ਰੂਰੀ ਹੈ ਕਿ ਆਰੰਭਕ ਪੱਧਰ ਤੋਂ ਹੀ ਸਿੱਖਿਆ ਖੇਤਰ ਵਿੱਚ ਗੁਣਾਤਮਕਤਾ ਵਾਲੇ ਅਤੇ ਬਰਾਬਰਤਾ ਵਾਲੇ ਅਵਸਰ ਸਾਰੇ ਭਾਰਤੀ ਬੱਚਿਆਂ ਨੂੰ ਪ੍ਰਦਾਨ ਕੀਤੇ ਜਾਣ ਅਤੇ ਉਚੇਰੇ ਪੱਧਰਾਂ 'ਤੇ ਵਿਦਿਆਰਥੀਆਂ ਵਿੱਚ ਆਪਸੀ ਮੁਕਾਬਲੇਬਾਜ਼ੀ ਦੀ ਥਾਂ ਆਪਸੀ ਸਹਿਯੋਗ ਨੂੰ ਕੇਂਦਰੀ ਬਿੰਦੂ ਬਣਾਇਆ ਜਾਵੇ। ਸਿੱਖਿਆ ਖੇਤਰ ਵਿੱਚੋਂ ਮੁਨਾਫ਼ਾਖੋਰੀ ਵਾਲਾ ਵਪਾਰਕ ਰੁਝਾਨ ਪਾਸੇ ਰੱਖ ਕੇ ਅਤੇ ਸੰਵਿਧਾਨਕ ਮੰਤਵਾਂ ਦੀ ਪੂਰਤੀ ਨੂੰ ਮੁੱਖ ਰੱਖ ਕੇ ਹੀ ਅਜਿਹਾ ਹੋ ਸਕਦਾ ਹੈ। ਇਸ ਸੰਬੰਧੀ ਵਿਚਾਰ-ਚਰਚਾ ਜਾਰੀ ਰਹੇਗੀ।

# ਸੰਪਰਕ : 94177-51858

# ਭਾਰਤ ਦਾ ਸੰਵਿਧਾਨ ਬਦਲਣ ਲਈ ਤੱਤਪਰ ਹੈ ਭਾਜਪਾ



ਦਵਿੰਦਰ ਹੀਉਂ (ਬੰਗਾ)

ਡਾਕਟਰ ਭੀਮ ਰਾਓ ਅੰਬੇਡਕਰ ਦੀ ਯੋਗ ਰਹਿਨੁਮਾਈ ਬਦੌਲਤ ਦੇਸ਼ ਲਈ ਬਹੁਤ ਹੀ ਪਵਿੱਤਰ ਸੰਵਿਧਾਨ ਦਾ ਨਿਰਮਾਣ ਕੀਤਾ ਗਿਆ ਅਤੇ ਇਸ ਸੰਵਿਧਾਨ ਨੂੰ ਅਜ਼ਾਦ ਭਾਰਤ ਦੀ ਪਲੇਠੀ ਸਰਕਾਰ ਵੱਲੋਂ ਸਰਬ ਸੰਮਤੀ ਨਾਲ ਸਵੀਕਾਰ ਕਰਦੇ ਹੋਏ 26 ਜਨਵਰੀ 1950 ਨੂੰ ਬਹੁਤ ਮਾਣ -ਸਤਿਕਾਰ ਨਾਲ ਲਾਗੂ ਕੀਤਾ ਗਿਆ। ਹਾਲਾਂਕਿ ਜਿਸ ਦੇਸ਼ ਅੰਦਰ ਅਨੇਕਾਂ ਭਾਸ਼ਾਵਾਂ, ਅਨੇਕਾਂ ਬੋਲੀਆਂ, ਕਈ ਕਿਸਮ ਦੇ ਰੀਤੀ-ਰਿਵਾਜ, ਜਾਤਾਂ-ਧਰਮਾਂ ਦਾ ਵਖਰੇਵਾਂ, ਅਲੱਗ-ਅਲੱਗ ਸੱਭਿਆਚਾਰ, ਪਹਿਰਾਵੇ ਅਤੇ ਵੱਖ-ਵੱਖ ਵਿਚਾਰਾਂ ਦਾ ਵਰਤਾਰਾ ਹੋਵੇ, ਉੱਥੇ ਸਮੁੱਚੀ ਕਾਇਨਾਤ ਨੂੰ ਇੱਕੋ ਛਤਰੀ ਹੇਠ ਇਕੱਤਰ ਕਰਨਾ ਕੋਈ 'ਖਾਲਾ ਜੀ ਦਾ ਵਾੜਾ' ਨਹੀਂ ਹੁੰਦਾ, ਪਰ ਬਾਬਾ ਸਾਹਿਬ ਡਾਕਟਰ ਅੰਬੇਡਕਰ ਦੀ ਸਿਆਣਪ ਨੇ ਇਹ ਚਮਤਕਾਰ ਕਰ ਵਿਖਾਇਆ ਕਿ ਸਾਰੇ ਹੀ ਦੇਸ਼ ਵਾਸੀਆਂ ਨੂੰ ਉਨ੍ਹਾਂ ਦੇ ਬਣਦੇ ਕਾਨੂੰਨੀ ਅਧਿਕਾਰ ਪ੍ਰਦਾਨ ਕਰਦਿਆਂ ਇਹ ਸਰਬੱਤ ਦੇ ਭਲੇ ਲਈ ਸੰਵਿਧਾਨ ਸਿਰਜ ਕੇ ਦੁਨੀਆ ਦੇ ਵੱਡੇ-ਵੱਡੇ ਮੁਲਕਾਂ ਨੂੰ ਹੈਰਾਨ ਕਰ ਦਿੱਤਾ, ਪਰ ਕੁੱਝ ਕੁ ਕੱਟੜਪੰਥੀ ਸੰਗਠਨ ਜਿਨ੍ਹਾਂ ਵਿੱਚ ਖਾਸ ਤੌਰ 'ਤੇ ਆਰ ਐੱਸ ਐੱਸ ਨਾਲ ਜੁੜੇ ਹੋਏ ਲੋਕ ਜੋ ਆਪਣੀ "ਮਨੂੰਸਮਰਿਤੀ" ਦੀ ਫਿਰਕੂ, ਭੇਦਭਾਵ ਤੇ ਛੂਆ-ਛੂਤ ਭਰਪੂਰ ਗੁਲਾਮੀ ਮਾਨਸਿਕਤਾ ਵਾਲੀ ਘਾਤਕ ਵਿਚਾਰਧਾਰਾ ਨੂੰ ਥੋਪਣਾ ਚਾਹੁੰਦੇ ਸਨ ਅਤੇ ਉਹ ਅੱਜ-ਕੱਲ੍ਹ ਆਪਣੇ ਰਾਜਨੀਤਕ ਅੰਗ ਭਾਜਪਾ ਦੇ ਚੱਲ ਰਹੇ ਰਾਜ ਨੂੰ ਇੱਕ ਚੰਗੇ ਮੌਕੇ ਵਜੋਂ ਲੈਂਦੇ ਹੋਏ ਇਸ ਦੀ ਵਰਤੋਂ ਕਰਦਿਆਂ ਭਾਰਤੀ ਸੰਵਿਧਾਨ ਨੂੰ ਪਲਟੀ ਮਾਰਨ ਲਈ ਬਹੁਤ ਕਾਹਲੀ ਵਿੱਚ ਦਿਖਾਈ ਦੇ ਰਹੀ ਹੈ।

ਇਹੀ ਭਾਜਪਾ ਸਰਕਾਰ 2015 ਤੋਂ 2020 ਤੱਕ ਸੁਪਰੀਮ ਕੋਰਟ ਵਿੱਚ ਵਾਰ-ਵਾਰ ਇਹ ਕਹਿ ਚੁੱਕੀ ਹੈ ਕਿ ਭਾਰਤ/ਇੰਡੀਆ ਇੱਕ ਹੀ ਹੈ। ਇਸ ਨੂੰ ਬਦਲਣ ਦੀ ਕੋਈ ਲੋੜ ਨਹੀਂ ਹੈ, ਪਰ ਹੁਣ ਜਿਸ ਦਿਨ ਤੋਂ ਵਿਰੋਧੀ ਪਾਰਟੀਆਂ ਨੇ ਆਪਣੇ ਗੱਠਜੋੜ ਦਾ ਨਾਂਅ ਇੰਡੀਆ (ਇੰਡੀਅਨ ਨੈਸ਼ਨਲ ਡਿਵੈਲਪਮੈਂਟ ਇਨਕਲੂਸਿਵ ਅਲਾਇੰਸ) ਰੱਖਿਆ ਹੈ, ਉਸ ਦਿਨ ਤੋਂ ਹੀ ਮੋਦੀ ਸਰਕਾਰ ਨੇ ਹਰ ਜਗ੍ਹਾ ਤੋਂ ਇੰਡੀਆ ਨਾਂਅ ਹਟਾ ਕੇ ਭਾਰਤ ਲਿਖਣਾ ਸ਼ੁਰੂ ਕਰ ਦਿੱਤਾ ਹੈ, ਇੱਥੋਂ ਤੱਕ ਕਿ ਦਿੱਲੀ ਵਿੱਚ ਹੋ ਰਹੇ ਜੀ - 20 ਅੰਤਰਰਾਸ਼ਟਰੀ ਸੰਮੇਲਨ ਵਿਚ ਹਿੱਸਾ ਲੈ ਰਹੇ ਵਿਦੇਸ਼ੀ ਮਹਿਮਾਨਾਂ ਨੂੰ ਭੇਜੇ ਸੱਦਾ ਪੱਤਰ ਵਿਚ ਵੀ ਰਾਸ਼ਟਰਪਤੀ ਵੱਲੋਂ ਖੁਦ ਨੂੰ ਪ੍ਰੈਜ਼ੀਡੈਂਟ ਆਫ ਇੰਡੀਆ ਦੀ ਥਾਂ ਪ੍ਰੈਜ਼ੀਡੈਂਟ ਆਫ ਭਾਰਤ ਲਿਖਿਆ ਜਾ ਰਿਹਾ ਹੈ। ਜਿਹੜੇ ਕੁੱਝ ਸਮਾਂ ਪਹਿਲਾਂ ਰਾਹੁਲ ਗਾਂਧੀ ਨੂੰ ਦਿਨ-ਰਾਤ ਕੋਸ ਰਹੇ ਸਨ ਕਿ ਉਹ ਵਿਦੇਸ਼ਾਂ ਵਿੱਚ ਇੰਡੀਆ ਸਰਕਾਰ ਦੀਆਂ ਨਾਕਾਮੀਆਂ ਦੱਸ ਕੇ ਮੁਲਕ ਦੀ ਤੌਹੀਨ ਕਰ ਰਿਹਾ ਹੈ, ਉਹੀ ਭਾਜਪਾ ਸਰਕਾਰ ਵਾਲੇ ਹੁਣ ਖੁਦ ਵਿਦੇਸ਼ੀਆਂ ਨੂੰ ਘਰ ਬੁਲਾ ਕੇ ਉਨ੍ਹਾਂ ਸਾਹਮਣੇ ਦੇਸ਼ ਦਾ ਬੁਰੀ ਤਰ੍ਹਾਂ ਜਲੂਸ ਕੱਢ ਰਹੇ ਹਨ।

ਮੋਦੀ ਸਰਕਾਰ ਵੱਲੋਂ ਅਚਾਨਕ 18 ਸਤੰਬਰ ਤੋਂ 22 ਸਤੰਬਰ ਤੱਕ ਸੰਸਦ ਦਾ ਇਕ ਵਿਸ਼ੇਸ਼ ਸਮਾਗਮ ਬੁਲਾਇਆ ਗਿਆ ਹੈ। 'ਮੋਦੀ ਹੈ ਤਾਂ ਮੁਮਕਿਨ ਹੈ' ਦੇ ਨਾਹਰੇ ਤਹਿਤ ਇਤਿਹਾਸ ਵਿਚ ਪਹਿਲੀ ਵਾਰ ਹੈ ਕਿ ਬਿਨਾਂ ਵਿਰੋਧੀ ਪਾਰਟੀਆਂ ਨਾਲ ਸਲਾਹ-ਮਸ਼ਵਰਾ ਕੀਤੇ ਅਤੇ ਬਿਨਾਂ ਕੋਈ ਮੁੱਦੇ ਦੱਸਿਆਂ ਇਹ ਵਿਸ਼ੇਸ਼ ਅਜਲਾਸ ਬੁਲਾਇਆ ਗਿਆ ਹੈ। ਪਹਿਲੀ ਵਾਰ ਹੈ ਕਿ ਵਿਰੋਧੀ ਧਿਰ ਦੀ ਰਜ਼ਾਮੰਦੀ ਨਾਲ ਸੋਨੀਆ ਗਾਂਧੀ ਵੱਲੋਂ ਇੱਕ ਚਿੱਠੀ ਲਿਖ ਕੇ ਪ੍ਰਧਾਨ ਮੰਤਰੀ ਤੋਂ ਪੁੱਛਿਆ ਜਾ ਰਿਹਾ ਹੈ ਕਿ ਜਨਾਬ ਕਿਹੜੇ ਮਸਲੇ 'ਤੇ ਪੰਚਾਇਤ ਬੁਲਾਈ ਗਈ ਹੈ। ਚਿੱਠੀ ਵਿੱਚ ਜ਼ਿਕਰ ਕੀਤਾ ਹੈ ਕਿ ਦੇਸ਼ ਸਾਹਮਣੇ ਇਹ ਨੌਂ ਮੁੱਖ ਮੁੱਦੇ ਹਨ, ਜਿਨ੍ਹਾਂ 'ਤੇ ਚਰਚਾ ਹੋਣੀ ਚਾਹੀਦੀ ਹੈ, ਜਿਨ੍ਹਾਂ ਵਿੱਚ ਮਹਿੰਗਾਈ, ਬੇਰੁਜ਼ਗਾਰੀ, ਕਿਸਾਨਾਂ ਦੀ ਐੱਮ ਐੱਸ ਪੀ ਗਰੰਟੀ, ਮਨੀਪੁਰ ਤੇ ਹਰਿਆਣਾ ਫਿਰਕੂ ਹਿੰਸਾ, ਚੀਨ-ਭਾਰਤ ਸਰਹੱਦ ਵਿਵਾਦ, ਜਾਤੀ ਅਧਾਰ ਜਨਗਣਨਾ, ਅਡਾਨੀ 'ਤੇ ਜਾਂਚ ਲਈ ਸਾਂਝੀ ਸੰਸਦੀ ਕਮੇਟੀ, ਸੂਬਿਆਂ ਅਤੇ ਕੇਂਦਰ ਵਿਚਕਾਰ ਟਕਰਾਅ, ਪ੍ਰਕਿਰਤੀ ਆਫਤਾਂ ਦੀ ਸਥਿਤੀ ਆਦਿ ਅਹਿਮ ਸਵਾਲ ਹਨ। ਕੀ ਤੁਸੀਂ ਇਨ੍ਹਾਂ ਅਤਿ ਜ਼ਰੂਰੀ ਮੁੱਦਿਆਂ 'ਤੇ ਚਰਚਾ ਕਰਨ ਲਈ ਇਹ ਵਿਸ਼ੇਸ਼ ਸੰਸਦ ਸਮਾਗਮ ਬੁਲਾਇਆ ਹੈ? ਇਸ ਬਾਰੇ ਸਾਰੇ ਪਾਰਲੀਮੈਂਟ ਮੈਂਬਰਾਂ ਅਤੇ 144 ਕਰੋੜ ਦੇਸ਼ ਵਾਸੀਆਂ ਨੂੰ ਜਾਣਕਾਰੀ ਦਿੱਤੀ ਜਾਵੇ, ਪਰ ਦੇਸ਼ ਅੰਦਰ ਇਨ੍ਹਾਂ ਜ਼ਰੂਰੀ ਸਵਾਲਾਂ ਦੇ ਉਲਟ ਫਜ਼ੂਲ ਤਰ੍ਹਾਂ ਦੀ ਚਰਚਾ ਛੇੜੀ ਜਾ ਰਹੀ ਹੈ ਕਿ ਇੰਡੀਆ ਨੂੰ ਖਤਮ ਕਰਕੇ ਭਾਰਤ ਨਾਂਅ ਹੀ ਰੱਖਿਆ ਜਾਵੇ, ਜਿਸ 'ਤੇ ਕੋਈ 14 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਖਰਚੇ ਦਾ ਬੋਝ ਜਨਤਾ 'ਤੇ ਪਾਇਆ ਜਾਵੇ ਅਤੇ ਸੰਵਿਧਾਨ ਨੂੰ ਗਲਤ ਸਾਬਤ ਕੀਤਾ ਜਾਵੇ, ਇੱਕ ਦੇਸ਼ ਇੱਕ ਚੋਣ ਦਾ ਗੈਰ ਜ਼ਰੂਰੀ ਬਿੱਲ ਲਿਆ ਕੇ ਪੈਸੇ ਦੇ ਜ਼ੋਰ-ਸ਼ੋਰ ਨਾਲ ਮੁੜ ਸੱਤਾ 'ਤੇ ਕਬਜ਼ਾ ਕੀਤਾ ਜਾਵੇ ਅਤੇ ਚੋਣ ਕਮਿਸ਼ਨ ਅਧਿਕਾਰੀਆਂ ਦੀ ਚੋਣ ਪ੍ਰਕਿਰਿਆ, ਸੀ ਬੀ ਆਈ, ਈ ਡੀ ਵਰਗੀਆਂ ਏਜੰਸੀਆਂ 'ਤੇ ਸਰਕਾਰੀ ਕਬਜ਼ਾ ਕਰਨ ਦੇ ਘਿਨੌਣੇ ਮਨਸੂਬੇ ਘੜੇ ਜਾ ਰਹੇ ਹਨ। ਇਸ ਸਾਰੀ ਪ੍ਰਕਿਰਿਆ ਰਾਹੀਂ ਲੋਕਤੰਤਰ ਦੇ ਪਰਦੇ ਪਿੱਛੇ ਰਾਜਤੰਤਰ (ਡਿਕਟੇਟਰਸ਼ਿਪ) ਚਲਾਉਣ ਦੀ ਵਿਉਂਤਬੰਦੀ ਤਿਆਰ ਕੀਤੀ ਜਾ ਰਹੀ ਹੈ।

ਭਾਰਤ ਦੇ ਲੋਕ ਵੀ ਹੁਣ ਭਾਜਪਾ ਦੇ ਘਿਨੌਣੇ ਮਨਸੂਬਿਆਂ ਨੂੰ ਚੰਗੀ ਤਰ੍ਹਾਂ ਸਮਝਣ ਲੱਗ ਪਏ ਹਨ। ਇਸੇ ਕਾਰਨ ਹੀ ਇਸ ਤਾਨਾਸ਼ਾਹੀ ਤੋਂ ਨਿਜ਼ਾਤ ਪਾਉਣ ਲਈ ਲੋਕ ਲਹਿਰ ਮਜ਼ਬੂਤ ਹੋ ਰਹੀ ਹੈ, ਜਿਸ ਕਾਰਨ ਭਾਜਪਾ ਵਿਰੋਧੀ ਇੰਡੀਆ ਗੱਠਜੋੜ ਦਿਨੋ-ਦਿਨ ਮਜ਼ਬੂਤ ਹੋ ਰਿਹਾ ਹੈ ਅਤੇ ਹਾਕਮ ਧਿਰ ਦੀ ਬੇਚੈਨੀ ਵਧਦੀ ਜਾ ਰਹੀ ਹੈ। ਸੋ ਹੁਣ ਸਮਾਂ ਆ ਗਿਆ ਹੈ ਕਿ ਇੰਡੀਆ ਸੰਗਠਨ ਨੂੰ ਹੋਰ ਵੀ ਵਧੇਰੇ ਹੌਸਲੇ ਨਾਲ 'ਜੁੜੇਗਾ ਭਾਰਤ ਜਿੱਤੇਗਾ ਇੰਡੀਆ' ਨਾਹਰੇ ਨੂੰ ਬੁਲੰਦ ਕਰਕੇ ਲੋਕਾਂ ਨੂੰ ਲਾਮਬੰਦ ਕਰਦੇ ਹੋਏ ਬੇਖੌਫ ਅੱਗੇ ਵਧਣਾ ਚਾਹੀਦਾ ਹੈ, ਤਾਂ ਜੋ ਦੇਸ਼ ਦੇ ਬੁਨਿਆਦੀ ਢਾਂਚੇ, ਆਜ਼ਾਦੀ, ਲੋਕਤੰਤਰ, ਗਣਤੰਤਰ ਅਤੇ ਪਵਿੱਤਰ ਸੰਵਿਧਾਨ ਦੀ ਰਾਖੀ ਕਰਦਿਆਂ ਇਸ ਮਹਾਨ ਭਾਰਤ ਨੂੰ ਜਾਬਰਾਂ ਤੋਂ ਬਚਾਇਆ ਜਾ ਸਕੇ।

*# ਸੰਪਰਕ : 0039 3203459870*

# ਨਸ਼ਿਆਂ ਵਿਰੁੱਧ ਮੁਹਿੰਮ ਅਤੇ ਇਸ ਦੇ ਜੜ੍ਹੀਂ ਤੇਲ ਪਾ ਰਹੀਆਂ ਫ਼ਿਲਮਾਂ



ਰਮੇਸ਼ ਰਤਨ

ਭਾਵੇਂ ਚੋਣਾਂ ਨੂੰ ਹੀ ਧਿਆਨ ਵਿੱਚ ਰੱਖ ਕੇ ਸਹੀ ਪੰਜਾਬ ਵਿਚ ਪਿਛਲੇ ਕਈ ਦਹਾਕਿਆਂ ਤੋਂ ਨਸ਼ਿਆਂ ਦੀ ਲਾਹਨਤ ਚੋਣ ਰਾਜਨੀਤੀ ਦੇ ਮੁੱਖ ਮੁੱਦਿਆਂ 'ਚ ਸ਼ਾਮਲ ਹੋ ਗਈ ਹੈ।

ਨਤੀਜਤਨ ਆਮ ਲੋਕਾਂ ਵਿੱਚ ਇਸ ਗੰਭੀਰ ਸਮੱਸਿਆ ਪ੍ਰਤੀ ਜਾਗਰੂਕਤਾ ਜ਼ਰੂਰ ਪੈਦਾ ਹੋਈ ਹੈ।

ਅੱਜਕੱਲ੍ਹ ਸਰਕਾਰ ਅਤੇ ਪੁਲਸ ਦੀਆਂ ਕਾਰਵਾਈਆਂ ਤੋਂ ਇਲਾਵਾ ਅਨੇਕ ਪਿੰਡਾਂ ਵਿੱਚ ਨਸ਼ਿਆਂ ਵਿਰੁੱਧ ਮੁਹਿੰਮਾਂ ਚੱਲ ਰਹੀਆਂ ਹਨ। ਕਈ ਪਿੰਡਾਂ ਵਿਚ ਆਪ-ਮੁਹਾਰੇ ਨਸ਼ਾ ਵਿਰੋਧੀ ਕਮੇਟੀਆਂ ਬਣਾ ਕੇ ਨੌਜਵਾਨ ਠੀਕਰੀ ਪਹਿਰੇ ਲਗਾ ਰਹੇ ਹਨ ਅਤੇ ਕਈ ਥਾਵਾਂ ਉੱਤੇ ਨਸ਼ਿਆਂ ਦੇ ਸੌਦਾਗਰਾਂ ਵਿਰੁੱਧ ਧਰਨੇ ਵੀ ਲਗਾਏ ਜਾ ਰਹੇ ਹਨ।

ਪੁਲਸ ਅਤੇ ਸਰਕਾਰ ਦੀਆਂ ਕਰਵਾਈਆਂ ਤੋਂ ਇਲਾਵਾ ਸਮਾਜਿਕ ਸਰੋਕਾਰ ਰੱਖਣ ਵਾਲੀਆਂ ਰਾਜਨੀਤਕ ਸ਼ਖ਼ਸੀਅਤਾਂ, ਪੰਚਾਇਤਾਂ, ਬੁੱਧੀਜੀਵੀ, ਧਾਰਮਿਕ ਆਗੂ ਅਤੇ ਪੱਤਰਕਾਰ ਵੀ ਦੇਸ਼ ਦੀ ਜਵਾਨੀ ਨੂੰ ਨਸ਼ਿਆਂ ਦੇ ਦੈਂਤ ਤੋਂ ਬਚਾਉਣ ਲਈ ਆਪੋ-ਆਪਣੇ ਢੰਗ ਨਾਲ ਸਰਗਰਮੀਆਂ ਕਰ ਰਹੇ ਹਨ।

ਕੇਂਦਰ ਸਰਕਾਰ ਦੀ ਸਰਗਰਮੀ ਬਾਰੇ ਕੁਝ ਹਫ਼ਤੇ ਪਹਿਲਾਂ ਸੰਸਦ ਅੰਦਰ ਦੱਸਿਆ ਗਿਆ ਕਿ ਸਰਕਾਰ ਨਸ਼ਿਆਂ ਨੂੰ ਕੰਟਰੋਲ ਕਰਨ ਲਈ 'ਨਾਰਕੋਟਿਕਸ ਕੰਟਰੋਲ ਬਿਊਰੋ' ਦੇ 4 ਨਵੇਂ ਖੇਤਰੀ ਕੇਂਦਰ, 5 ਨਵੇਂ ਜ਼ੋਨਲ ਕੇਂਦਰ ਖੋਲ੍ਹਣ ਜਾ ਰਹੀ ਹੈ ਅਤੇ 12 ਸਬ ਸੈਂਟਰਾਂ ਨੂੰ ਅੱਪਗ੍ਰੇਡ ਕੀਤਾ ਜਾ ਰਿਹਾ ਹੈ। ਮਹਿਕਮੇ ਦੀ ਤਾਕਤ ਵਧਾਉਣ ਲਈ 450 ਨਵੀਆਂ ਭਰਤੀਆਂ ਕਰਕੇ ਨਸ਼ਾ ਵਿਰੋਧੀ ਮੁਹਿੰਮ ਤੇਜ਼ ਕੀਤੀ ਜਾਏਗੀ।

ਤਮਾਮ ਕੋਸ਼ਿਸ਼ਾਂ ਦੇ ਬਾਵਜੂਦ ਨਸ਼ਿਆਂ ਦਾ ਕੋਹੜ ਜੰਗਲ ਦੀ ਅੱਗ ਵਾਂਗ ਅੱਗੇ ਹੀ ਵਧਦਾ ਜਾ ਰਿਹਾ ਹੈ।

ਪੰਜਾਬ ਅੰਦਰ ਨਸ਼ਿਆਂ ਦੇ ਕਾਰੋਬਾਰ ਵਿਚ ਸ਼ਾਮਲ ਵਪਾਰੀਆਂ, ਰਾਜਨੀਤਕ ਸ਼ਖ਼ਸੀਅਤਾਂ ਅਤੇ ਸਰਕਾਰੀ ਅਧਿਕਾਰੀਆਂ ਦੇ ਬਣੇ ਮਾਫੀਆ ਵਿਰੁੱਧ ਆਵਾਜ਼ਾਂ ਕਾਫੀ ਸਮੇਂ ਤੋਂ ਉੱਠ ਰਹੀਆਂ ਹਨ।

ਸਾਲ 2008 ਵਿੱਚ ਪੰਜਾਬ ਦੀ ਅਸੰਬਲੀ ਅੰਦਰ ਉਸ ਸਮੇਂ ਦੀ ਸਿਹਤ ਮੰਤਰੀ ਸ੍ਰੀਮਤੀ ਲਕਸ਼ਮੀ ਕਾਂਤਾ ਚਾਵਲਾ ਵੱਲੋਂ ਆਪਣੀ ਹੀ ਸਰਕਾਰ 'ਤੇ ਨਸ਼ਾ ਵੇਚਣ ਵਾਲੇ ਮਾਫੀਆ ਦੇ ਪ੍ਰਭਾਵ ਉਪਰ ਸਵਾਲ ਚੁੱਕਿਆ ਗਿਆ ਸੀ। ਇਸ ਤਰ੍ਹਾਂ ਹੀ 2018 ਵਿੱਚ ਛਪੀਆਂ ਰਿਪੋਰਟਾਂ ਅਨੁਸਾਰ ਪੰਜਾਬ ਦੇ ਡੀ ਜੀ ਪੀ ਸਿਧਾਰਥ ਚਟੋਪਾਧਿਆਏ ਨੇ 'ਪੰਜਾਬ ਅਤੇ ਹਰਿਅਣਾ ਹਾਈਕੋਰਟ' ਵਿਚ ਇਕ ਹੋਰ ਡੀ ਜੀ ਪੀ ਅਤੇ ਪੰਜਾਬ ਪੁਲਸ ਮੁੱਖੀ ਵਿਰੁੱਧ ਪ੍ਰਸਨ ਖੜੇ ਕੀਤੇ ਸਨ।

ਪੰਜਾਬ ਵਿਚ ਭਗਵੰਤ ਮਾਨ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਵੀ ਪੰਜਾਬ ਦੇ ਇੱਕ ਸੀਨੀਅਰ ਪੁਲਿਸ ਅਧਿਕਾਰੀ ਰਣਜੀਤ ਸਿੰਘ ਨੂੰ ਨਸ਼ਿਆ ਦੇ ਕਾਰੋਬਾਰ ਨਾਲ ਸਬੰਧਤ ਹੋਣ ਕਾਰਨ ਡਿਸਮਿਸ ਕੀਤਾ ਗਿਆ ਹੈ। ਇੱਕ ਹੋਰ ਪੁਲਿਸ ਇੰਸਪੈਕਟਰ ਇੰਦਰਜੀਤ ਸਿੰਘ ਦੀ ਗ੍ਰਿਫਤਾਰੀ ਵੀ ਹੋਈ ਹੈ।

ਭਗਵੰਤ ਮਾਨ ਸਰਕਾਰ ਸਮੇਂ 5 ਜੁਲਾਈ 2022 ਤੋਂ 7 ਜੁਲਾਈ 2023 ਦੇ ਇੱਕ ਸਾਲ ਦੌਰਾਨ ਨਸ਼ਾ ਵੇਚਣ ਵਾਲਿਆਂ ਵਿਰੁੱਧ 12,218 ਰਿਪੋਰਟਾਂ ਦਰਜ ਕੀਤੀਆਂ ਗਈਆਂ ਹਨ। ਅਕਾਲੀ-ਭਾਜਪਾ ਸਰਕਾਰ ਸਮੇਂ 6000 ਤੋਂ ਵੱਧ ਨਸ਼ਾ ਵੇਚਣ ਵਾਲੇ ਗ੍ਰਿਫਤਾਰ ਕੀਤੇ ਗਏ ਸਨ। ਫਿਰ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਬਣਨ ਉਪਰੰਤ ਇਕ ਸਾਲ ਵਿਚ ਹੀ 20,000 ਤੋਂ ਵੱਧ ਨਸ਼ਾ ਵੇਚਣ ਵਾਲੇ ਗ੍ਰਿਫਤਾਰ ਕੀਤੇ ਗਏ।

ਹੁਣ ਨਸ਼ੇੜੀਆਂ ਅਤੇ ਨਿੱਕੀ ਮਾਤਰਾ ਵਿੱਚ ਨਸ਼ਾ ਰੱਖਣ ਵਿੱਚ ਫੜੇ ਜਾਣ ਵਾਲਿਆਂ ਨਾਲ ਜੇਲ੍ਹਾਂ ਭਰੀਆਂ ਪਈਆਂ ਹਨ ਤਾਂ ਪੰਜਾਬ ਸਰਕਾਰ ਇਹਨਾਂ ਪ੍ਰਤੀ ਇਨਸਾਨੀ ਵਤੀਰਾ ਅਪਣਾਉਣ ਦੀ ਗੱਲ ਕਰਨ ਲੱਗ ਪਈ ਹੈ।

ਅੰਮ੍ਰਿਤਸਰ ਦੇ ਮੈਡੀਕਲ ਕਾਲਜ ਦੇ ਮਨੋਵਿਗਿਆਨ ਵਿਭਾਗ ਦੇ ਮੁਖੀ ਡਾਕਟਰ ਪੀ ਡੀ ਗਰਗ ਨੇ ਦੱਸਿਆ ਕਿ ਨਸ਼ਾ ਵੇਚਣ ਵਾਲੇ ਹੈਰੋਇਨ ਵਿੱਚ ਟੈਲਕਮ ਪਾਊਡਰ, ਟਰਾਮਾਡੋਲ ਆਦਿ ਦੀ ਮਿਲਾਵਟ ਕਰ ਦਿੰਦੇ ਹਨ।

ਇਸ ਮਿਸ਼ਰਣ ਵਿੱਚ ਕਈ ਤੱਤ ਘੁਲਣਸ਼ੀਲ ਨਹੀਂ ਹੁੰਦੇ ਅਤੇ ਖੂਨ ਦੀਆਂ ਨਾੜੀਆਂ ਵਿੱਚ ਜੰਮ ਜਾਂਦੇ ਹਨ। ਇਹ ਨਸ਼ੇ ਦੇ ਟੀਕੇ ਲਗਾਉਣ ਵਾਲੇ ਦੀ ਮੌਤ ਦਾ ਕਾਰਨ ਬਣ ਜਾਂਦੇ ਹਨ। ਇਹ ਵੀ ਤਾਂ ਰਿਪੋਰਟਾਂ ਛਪ ਚੁੱਕੀਆਂ ਹਨ ਕਿ ਨਸ਼ਾ ਵੇਚਣ ਵਾਲੇ ਤਾਂ ਜੇਲ੍ਹਾਂ 'ਚ ਬੈਠੇ ਹੀ ਇਹ ਕਾਰੋਬਾਰ ਕਰੀ ਜਾਂਦੇ ਹਨ। ਬਹੁਤੀ ਉਮੀਦ ਨਹੀਂ ਕਿ ਅਜੋਕੀਆਂ ਸਰਕਾਰੀ ਕਾਰਵਾਈਆਂ ਅਤੇ ਲੋਕਾਂ ਵੱਲੋਂ ਕੀਤੇ ਗਏ ਉਪਰਾਲੇ ਕੋਈ ਠੋਸ ਸਾਰਥਿਕ ਨਤੀਜਾ ਕੱਢਣਗੇ, ਕਿਉਂਕਿ ਦੁਨੀਆ ਭਰ ਵਿੱਚ ਸਰਕਾਰਾਂ ਵੱਲੋਂ ਦਬਾਅ ਪਾਉਣ ਦੀਆਂ ਕਾਰਵਾਈਆਂ ਫੇਲ੍ਹ ਹੋ ਚੁੱਕੀਆਂ ਹਨ। ਅਮਰੀਕਾ, ਕੋਲੰਬੀਆ, ਮੈਕਸੀਕੋ, ਯੂਰਪ ਸਮੇਤ ਫਿਲਪਾਇਨ ਆਦਿ ਦੇਸ਼ ਨਸ਼ਾ ਤਸਕਰੀ ਕਰਨ ਵਾਲੇ ਲੱਖਾਂ ਲੋਕਾਂ ਨੂੰ ਮਾਰ ਮੁਕਾਉਣ ਦੇ ਬਾਵਜੂਦ ਇਸ ਸਮੱਸਿਆ 'ਤੇ ਕਾਬੂ ਨਹੀਂ ਪਾ ਸਕੇ।

ਨਸ਼ਿਆਂ ਵਿਰੁੱਧ ਕਾਰਵਾਈ ਕਾਮਯਾਬ ਕਿਉਂ ਨਹੀਂ ਹੁੰਦੀ ?

ਅਸਲ ਵਿੱਚ ਅਸੀਂ ਇਸ ਬਿਮਾਰੀ ਦੀ ਜੜ੍ਹ ਤੱਕ ਜਾਣ ਦੀ ਬਜਾਏ ਇਸ ਦੇ ਪ੍ਰਗਟ ਰੂਪ ਨਾਲ ਲੜਦੇ ਰਹਿੰਦੇ ਹਾਂ।

ਨਸ਼ਾ ਵੇਚਣ ਵਾਲੇ ਦਾ ਮੰਤਵ ਤਾਂ ਆਰਥਿਕ ਮੁਨਾਫਾ ਹੈ, ਪਰ ਬੰਦਾ ਨਸ਼ੇੜੀ ਕਿਉਂ ਬਣ ਜਾਂਦਾ ਹੈ?

ਅਨੇਕ ਮਨੋਵਿਗਿਆਨੀਆਂ ਦਾ ਕਹਿਣਾ ਹੈ ਕਿ ਅਸਲੀ ਕਾਰਨ ਤਾਂ ਇਨਸਾਨ ਦਾ ਆਪਣੇ ਸਮਾਜਿਕ ਮੂਲ ਨਾਲੋਂ ਟੁੱਟਣਾ ਹੈ। ਖਾਸ ਕਰਕੇ ਵਿਕਸਤ ਅਤੇ ਵਿਕਾਸਸ਼ੀਲ ਦੇਸ਼ਾਂ ਦੇ ਨੌਜਵਾਨ ਆਧੁਨਿਕ ਨਿੱਕੇ ਪਰਵਾਰ ਜਾਂ ਬਿਨਾਂ ਪਰਵਾਰ ਤੋਂ ਹੀ ਰਹਿਣ ਲੱਗ ਪਏ ਹਨ। ਇਸ ਕਾਰਨ ਉਹ ਆਪਣੇ ਪੁਰਾਣੇ ਦੋਸਤਾਂ ਅਤੇ ਸਮਾਜਿਕ ਰਿਸ਼ਤੇਦਾਰੀ ਨਾਲੋਂ ਟੁੱਟ ਗਏ ਹਨ। ਇਸ ਤੋਂ ਪੈਦਾ ਹੋਈ ਮਾਨਸਿਕ ਘਾਟ ਦੀ ਪੂਰਤੀ ਉਹ ਨਸ਼ੇੜੀਆਂ ਦੇ ਸਾਥ ਵਿੱਚ ਲੱਭਦੇ ਹਨ, ਜਿੱਥੇ ਬਾਕੀ ਵੀ ਉਹਨਾ ਵਾਂਗ ਅਧੂਰੇ ਹੁੰਦਿਆਂ ਇਕ-ਦੂਜੇ ਦਾ ਕੁਝ ਸਮਾਂ ਸਾਥੀ ਬਣਦੇ ਹਨ।

ਦੂਸਰੇ ਸਾਡੀਆਂ ਕਾਰਵਾਈਆਂ ਨਸ਼ਿਆਂ ਦੀ ਸਪਲਾਈ ਲਾਈਨ ਨੂੰ ਤੋੜਨ ਤੱਕ ਦੀ ਸੀਮਤ ਕੋਸ਼ਿਸ਼ਾਂ ਹਨ।

ਨਸ਼ਿਆਂ ਵਿਰੁੱਧ ਲੜਾਈ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਰੂਰੀ ਹੈ ਕਿ ਨਸ਼ੇ ਨੂੰ ਉਤਸ਼ਾਹਤ ਕਰਨ ਵਾਲੇ ਸੋਮਿਆਂ ਦਾ ਪਤਾ ਲਗਾ ਕੇ ਬੰਦ ਕਰਨ ਲਈ ਉਪਰਾਲੇ ਕੀਤੇ ਜਾਣ।

ਰਾਬਰਟ ਅਲੈਗਜ਼ੈਂਡਰ ਨੇ ਨਸ਼ਾ ਵਰਤਣ ਦੇ ਛੇ ਕਾਰਨ ਦੱਸੇ ਹਨ। ਆਰਥਿਕ ਹਾਲਤ, ਸਿਹਤ ਸੰਬੰਧੀ ਸਹੂਲਤਾਂ, ਸੱਭਿਆਚਾਰਕ ਪ੍ਰਭਾਵ, ਸਾਥੀਆਂ ਦਾ ਪ੍ਰਭਾਵ ਤੇ ਦਬਾਅ, ਵਿਅਕਤੀ ਦੀਆਂ ਆਪਣੀਆਂ ਵਿਸ਼ੇਸ਼ ਮਾਨਸਕ ਹਾਲਤਾਂ ਅਤੇ ਪਹਿਲਾਂ ਕਦੇ ਕੀਤੇ ਗਏ ਕਿਸੇ ਨਸ਼ੇ ਦਾ ਪ੍ਰਭਾਵ।

ਭਾਰਤ ਵਿੱਚ ਸ਼ਾਇਦ ਹੀ ਕਿਸੇ ਨੇ ਇਸ ਪਾਸੇ ਤੋਂ ਅਧਿਐਨ ਕੀਤਾ ਹੋਏ। ਅਮਰੀਕੀ ਸਰਕਾਰ ਵੱਲੋਂ ਸਥਾਪਤ ਅਦਾਰੇ (ਐਨ ਆਈ ਡੀ ਏ) ਦਾ ਮੰਨਣਾ ਹੈ ਕਿ ਨਸ਼ਾ ਕਰਨ ਦੇ ਅਨੇਕਾਂ ਕਾਰਨ ਹਨ। ਜਿਵੇਂ ਕਿ ਨਸ਼ਾ ਕਰਨ ਤੋਂ ਬਾਅਦ ਕੋਈ ਵਧੀਆ-ਵਧੀਆ ਮਹਿਸੂਸ ਕਰਦਾ ਹੈ। ਕਈਆਂ ਨੂੰ ਦੁਖਦਾਈ ਭਾਵਨਾ ਤੋਂ ਰਾਹਤ ਮਹਿਸੂਸ ਹੋਈ। ਕੁਝ ਤਾਂ ਇਹ ਵੀ ਸਮਝਦੇ ਹਨ ਕਿ ਨਸ਼ੇ ਨਾਲ ਕੰਮ ਕਰਨ ਅਤੇ ਪੜ੍ਹਨ ਵਿੱਚ ਮਦਦ ਮਿਲਦੀ ਹੈ।

ਸਮਾਜ ਵਿੱਚ ਨਸ਼ਾ ਫੈਲਾਉਣ ਲਈ ਵੇਚਣ ਵਾਲਿਆਂ ਦੀਆਂ ਸਿੱਧੀਆਂ ਕਾਰਵਾਈਆਂ ਤੋਂ ਇਲਾਵਾ ਬਹੁਤ ਵੱਡਾ ਹਿੱਸਾ ਅਸਿੱਧੇ ਢੰਗ ਦੇ ਪ੍ਰਚਾਰ ਦਾ ਹੈ। ਸਾਡੀਆਂ ਫਿਲਮਾਂ, ਵੀਡੀਓ ਅਤੇ ਸੋਸ਼ਲ ਮੀਡੀਆ ਨੌਜਵਾਨਾਂ ਨੂੰ ਨਸ਼ਾ ਕਰਨ ਲਈ ਪ੍ਰੇਰਿਤ ਕਰਨ ਲਈ ਮੁੱਖ ਭੂਮਿਕਾ ਨਿਭਾਉਂਦੇ ਹਨ।

ਫਿਲਮਾਂ ਨੂੰ ਵੇਖਣ ਵਾਲਿਆਂ ਦੀ ਵੱਡੀ ਗਿਣਤੀ ਸਾਡੇ ਜਵਾਨ ਹੋ ਰਹੇ ਬੱਚਿਆਂ ਦੀ ਹੁੰਦੀ ਹੈ। ਬੱਚਿਆਂ ਦੀ ਵਿਕਸਤ ਹੋ ਰਹੀ ਕੱਚੀ ਸਮਝ ਉੱਪਰ ਫਿਲਮਾਂ ਵਿੱਚ ਦਿਖਾਏ ਗਏ ਦ੍ਰਿਸ਼ਾਂ ਦਾ ਬਹੁਤ ਪ੍ਰਭਾਵ ਪੈਂਦਾ ਹੈ। ਅਮਰੀਕਾ, ਤੁਰਕੀ ਅਤੇ ਭਾਰਤ ਵਿਚ ਕੁਝ ਲੋਕਾਂ ਦਾ ਅਧਿਐਨ ਦਰਸਾਉਂਦਾ ਹੈ ਕਿ ਸਾਡੀਆਂ ਅਜੋਕੀਆਂ ਕਾਮਯਾਬ ਫਿਲਮਾਂ ਵਿਚ ਕਹਾਣੀ ਦੀ ਕੋਈ ਜ਼ਰੂਰਤ ਨਾ ਹੋਣ ਦੇ ਬਾਵਜੂਦ ਫਿਲਮੀ ਗਾਣਿਆਂ ਦੀ ਪੇਸ਼ਕਾਰੀ ਦੇ ਦ੍ਰਿਸ਼ ਨਸ਼ਿਆਂ ਦਾ ਹੀ ਪ੍ਰਚਾਰ ਕਰਦੇ ਹਨ।

ਸੁਸ਼ਾਂਤ ਸਿੰਘ ਰਾਜਪੂਤ ਦੀ ਮੌਤ ਤੋਂ ਬਾਅਦ ਭਾਰਤ ਦੀ ਬਾਲੀਵੁੱਡ ਫਿਲਮ ਇੰਡਸਟਰੀ ਵਿਚ ਨਸ਼ਿਆਂ ਦੀ ਖਪਤ ਅਤੇ ਇਸ ਦੇ ਪ੍ਰਚਾਰ ਬਾਰੇ ਅਨੇਕ ਖੁਲਾਸੇ ਸਾਡੇ ਸਾਹਮਣੇ ਆ ਚੁੱਕੇ ਹਨ।

ਨਸ਼ਿਆਂ ਵਿਰੁੱਧ ਲੜਾਈ ਵਿਚ ਸਾਰਾ ਜ਼ੋਰ ਪੁਲਸ ਦੀ ਕਾਰਵਾਈ ਉੱਪਰ ਲਗਾਉਣ ਦੀ ਬਜਾਏ ਸਾਨੂੰ ਫਿਲਮ ਅਤੇ ਵੀਡੀਓ ਨੂੰ ਕੰਟਰੋਲ ਕਰਨ ਵਾਲੇ ਭਾਰਤ ਦੇ 'ਸੈਂਸਰ ਬੋਰਡ' ਦੀ ਨਕੇਲ ਵੀ ਕੱਸਣੀ ਚਾਹੀਦੀ ਹੈ। ਦੇਸ਼ ਦੇ ਮਨੁੱਖੀ ਭਲਾਈ ਦੇ ਮੰਤਰੀ ਤੋਂ ਵੀ ਇਹ ਸਵਾਲ ਪੁੱਛਿਆ ਜਾ ਸਕਦਾ ਹੈ।

ਨਸ਼ਿਆਂ ਵਿਰੁੱਧ ਲਹਿਰ ਚਲਾਉਣ ਵਾਲਿਆਂ ਨੂੰ ਇਸ ਪੱਖ ਵੱਲ ਵੀ ਆਪਣਾ ਧਿਆਨ ਦੇਣਾ ਜ਼ਰੂਰੀ ਹੈ।

*# ਸੰਪਰਕ : 981427-3870*

# ਅਸਲਾ ਸਪਲਾਈ ਕਰਨ ਵਾਲੇ ਅੰਤਰਰਾਜੀ ਗਰੋਹ ਦਾ ਪਰਦਾ ਫਾਸ਼, 3 ਗ੍ਰਿਫ਼ਤਾਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਡਾ. ਕੌਸਤੁਭ ਸ਼ਰਮਾ ਆਈ ਪੀ ਐੱਸ, ਆਈ ਜੀ ਰੇਂਜ ਲੁਧਿਆਣਾ ਤੇ ਸ਼੍ਰੀਮਤੀ ਅਮਨੀਤ ਕੌਂਡਲ ਆਈ ਪੀ ਐੱਸ ਸੀਨੀਅਰ ਪੁਲਸ ਕਪਤਾਨ ਖੰਨਾ ਦੀ ਰਹਿਨੁਮਾਈ ਹੇਠ ਡਾ. ਪ੍ਰਗਿਆ ਜੈਨ ਆਈ ਪੀ ਐੱਸ ਕਪਤਾਨ ਪੁਲਸ (ਆਈ), ਖੰਨਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਇਸ ਮੁਹਿੰਮ ਅਧੀਨ ਸ਼੍ਰੀ ਪਵਨਜੀਤ ਡੀ.ਐੱਸ.ਪੀ. (ਡੀ) ਖੰਨਾ, ਸ਼੍ਰੀ ਰਾਜੇਸ਼ ਸ਼ਰਮਾ ਡੀ.ਐੱਸ.ਪੀ. ਖੰਨਾ, ਇੰਸਪੈਕਟਰ ਅਮਨਦੀਪ ਸਿੰਘ, ਇੰਚਾਰਜ ਛੀਅ ਸਟਾਫ ਖੰਨਾ ਸਮੇਤ ਥਾਣਾ ਸਿਟੀ ਖੰਨਾ ਤੇ ਥਾਣਾ ਸਦਰ ਦੀ ਪੁਲਸ ਪਾਰਟੀ ਨੇ ਉਕਤ 02 ਮੁਕੱਦਮਿਆਂ ਵਿੱਚ 03 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ 10 ਗ੍ਰਾਮ ਹੈਰੋਇਨ, 15 ਪਿਸਟਲ, 05 ਮੈਗਜ਼ੀਨਅਤੇ 12 ਕਾਰਤੂਸ ਬ੍ਰਾਮਦ ਕੀਤੇ।

ਬੀਤੀ 4 ਸਤੰਬਰ ਨੂੰ ਸੀ.ਆਈ.ਏ. ਸਟਾਫ਼ ਖੰਨਾ ਦੀ ਟੀਮ ਬਾ-ਸਿਲਸਿਲਾ ਗਸ਼ਤ, ਸ਼ੱਕੀ ਪੁਰਸ਼ਾਂ ਦੀ ਚੈਕਿੰਗ ਸਬੰਧੀ ਲਲਹੇੜੀ ਪਿੰਡ ਵੱਲ ਜਾ ਰਹੇ ਸੀ। ਇਸ ਦੌਰਾਨ ਉਨ੍ਹਾਂ ਇੱਕ ਨੌਜਵਾਨ ਦੇਖਿਆ, ਜੋ ਪੁਲਸ ਪਾਰਟੀ ਨੂੰ ਦੇਖ ਕੇ ਭੱਜਣ ਲੱਗਾ। ਪੁਲਸ ਪਾਰਟੀ ਨੇ ਇਸ ਨੌਜਵਾਨ ਨੂੰ ਸ਼ੱਕ ਦੀ ਬਿਨਾਅ 'ਤੇ ਰੋਕਿਆ। ਪੁੱਛਗਿੱਛ ਦੌਰਾਨ ਨੌਜਵਾਨ ਨੇ ਆਪਣਾ ਨਾਮ ਵਿਸ਼ਾਲ ਕੁਮਾਰ ਵਾਸੀ ਮਕਾਨ ਨੰਬਰ 26, ਵਾਰਡ ਨੰਬਰ 04, ਜਗਤ ਕਲੋਨੀ, ਲਲਹੇੜੀ ਰੋਡ, ਖੰਨਾ, ਜ਼ਿਲ੍ਹਾ ਲੁਧਿਆਣਾ ਦੱਸਿਆ। ਵਿਸ਼ਾਲ ਕੁਮਾਰ ਦੀ ਚੈਕਿੰਗ ਦੌਰਾਨ ਉਸ ਪਾਸੋਂ ਇੱਕ ਲਿਫਾਫੇ ਵਿੱਚੋਂ 10 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਵਿਸ਼ਾਲ ਕੁਮਾਰ ਖਿਲਾਫ ਥਾਣਾ ਸਿਟੀ ਖੰਨਾ ਮੁਕਾਦਮਾ ਰਜਿਸਟਰ ਕੀਤਾ ਗਿਆ। ਪੁੱਛਗਿੱਛ ਦੌਰਾਨ ਉਕਤ ਮੁਲਜ਼ਮ ਦੀ ਨਿਸ਼ਾਨਦੇਹੀ 'ਤੇ 01 ਦੇਸੀ ਕੱਟਾ .315 ਬੋਰ ਬ੍ਰਾਮਦ ਕੀਤਾ ਗਿਆ। ਉਸ ਪਾਸੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕਰਨ 'ਤੇ ਦੋਸ਼ੀ ਦੀ ਨਿਸ਼ਾਨਦੇਹੀ 'ਤੇ ਇੱਕ ਹੋਰ ਦੇਸੀ ਕੱਟਾ .315 ਬੋਰ ਬਰਾਮਦ ਕੀਤਾ ਗਿਆ। ਮੁਲਜ਼ਮ ਵਿਸ਼ਾਲ ਕੁਮਾਰ ਦੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਕਿ ਉਹ .315 ਬੋਰ ਕੱਟਾ ਵੀਰਪਾਲ ਸਿੰਘ ਉਰਫ ਟੋਨੀ ਵਾਸੀ ਪਿੰਡ ਸਿਗਨੂਰ, ਥਾਣਾ ਗੋਗਾਵਾਂ, ਜ਼ਿਲ੍ਹਾ ਖਰਗੋਨ (ਮੱਧ ਪ੍ਰਦੇਸ਼) ਪਾਸੋਂ ਲੈ ਕੇ ਆਇਆ ਹੈ। ਮੁਕੱਦਮੇ 'ਚ ਵੀਰਪਾਲ ਸਿੰਘ ਉਰਫ ਟੋਨੀ ਨੂੰ ਮਿਤੀ 08.09.2023 ਨੂੰ ਨਾਮਜ਼ਦ ਕਰਕੇ ਮਾਨਯੋਗ ਅਦਾਲਤ ਪਾਸੋ ਗ੍ਰਿਫਤਾਰੀ ਵਰੰਟ ਹਾਸਲ ਕਰਨ ਉਪਰੰਤ ਮਿਤੀ 08.09.2023 ਨੂੰ ਐਮ ਪੀ ਤੋਂ ਗ੍ਰਿਫਤਾਰ ਕਰਕੇ ਉਸ ਪਾਸੋਂ 11 ਦੇਸੀ ਪਿਸਟਲ .32 ਬੋਰ ਬ੍ਰਾਮਦ ਕੀਤੇ ਗਏ। ਦੋਸ਼ੀ ਵੀਰਪਾਲ ਸਿੰਘ ਦਾ ਪੁਲਸ ਰਿਮਾਂਡ ਹਾਸਲ ਕਰਕੇ ਉਸ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ। ਵਰਣਯੋਗ ਹੈ ਕਿ ਖੰਨਾ ਪੁਲਸ ਨੇ ਕਰੀਬ 02 ਮਹੀਨੇ ਪਹਿਲਾਂ ਵੀਰਪਾਲ ਸਿੰਘ ਦਾ ਰਿਸ਼ਤੇਦਾਰ ਤਕਦੀਰ ਸਿੰਘ ਵਾਸੀ ਪਿੰਡ ਸਿਗਨੂਰ, ਥਾਣਾ ਗੋਗਾਵਾਂ, ਜ਼ਿਲ੍ਹਾ ਖਰਗੋਨ (ਮੱਧ ਪ੍ਰਦੇਸ਼) ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 04 ਪਿਸਲਟ .32 ਬੋਰ ਤੇ 08 ਮੈਗਜ਼ੀਨ ਬ੍ਰਾਮਦ ਕੀਤੇ ਗਏ ਸਨ। ਤਕਦੀਰ ਸਿੰਘ ਤੇ ਵੀਰਪਾਲ ਸਿੰਘ ਅਸਲੇ ਬਣਾਉਣ ਦਾ ਕੰਮ ਕਰਦੇ ਸਨ। ਬੀਤੇ 6 ਸਤੰਬਰ ਨੂੰ ਥਾਣਾ ਸਦਰ ਖੰਨਾ ਦੀ ਪੁਲਸ ਪਾਰਟੀ ਭਾਦਲਾ ਕੱਟ ਸਰਵਿਸ ਰੋਡ ਰਾਹੀਂ ਆ ਰਹੀ ਸੀ ਤਾਂ ਇੱਕ ਮੋਨਾ ਨੌਜਵਾਨ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ। ਪੁਲਸ ਪਾਰਟੀ ਨੇ ਉਕਤ ਨੌਜਵਾਨ ਨੂੰ ਰੋਕ ਕੇ ਪੁੱਛਗਿੱਛ ਕੀਤੀ ਤਾਂ ਉਸ ਨੇ ਆਪਣਾ ਨਾਮ ਮੁਹੰਮਦ ਯਾਸਿਨ ਵਾਸੀ ਪਿੰਡ ਬਿਲਾਰੀ, ਜ਼ਿਲ੍ਹਾ ਮੁਰਾਦਾਬਾਦ (ਉੱਤਰ ਪ੍ਰਦੇਸ਼) ਹਾਲ ਵਾਸੀ ਸਬਜ਼ੀ ਮੰਡੀ, ਨੇੜੇ ਰੇਲਵੇ ਸਟੇਸ਼ਨ ਲਾਲੜੂ, ਜ਼ਿਲ੍ਹਾ ਐਸ.ਏ.ਐੱਸ. ਨਗਰ ਦੱਸਿਆ। ਚੈਕਿੰਗ ਦੌਰਾਨ ਉਸ ਦੇ ਬੈਗ ਵਿੱਚੋਂ 01 ਦੇਸੀ ਪਿਸਟਲ .32 ਬੋਰ ਸਮੇਤ 02 ਮੈਗਜ਼ੀਨ ਅਤੇ 01 ਦੇਸੀ ਕੱਟਾ .09 ਸਮੇਤ 03 ਮੈਗਜ਼ੀਨ ਅਤੇ 12 ਕਾਰਤੂਸ ਬਰਾਮਦ ਹੋਏ। ਮੁਹੰਮਦ ਯਾਸਿਨ ਖਿਲਾਫ ਮੁਕੱਦਮਾ ਥਾਣਾ ਸਦਰ ਖੰਨਾ ਦਰਜ ਰਜਿਸਟਰ ਕਰਕੇ ਉਸ ਨੂੰ ਮਾਨਯੋਗ ਅਦਾਲਤ 'ਚ ਪੇਸ ਕਰ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ। ਉਸ ਤੋਂ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ।

# ਕਿਸਾਨੀ ਮੰਗਾਂ ਨੂੰ ਲੈ ਕੇ ਹਲਕਾ ਵਿਧਾਇਕ ਦੇ ਘਰ ਅੱਗੇ ਧਰਨਾ

**ਬੁਢਲਾਡਾ (ਅਸ਼ੋਕ ਲਾਕੜਾ)**-ਸੰਯੁਕਤ ਕਿਸਾਨ ਮੋਰਚੇ ਪੰਜਾਬ ਦੇ ਸੱਦੇ 'ਤੇ ਭਾਰੀ ਗਿਣਤੀ ਵਿੱਚ ਕਿਸਾਨਾਂ ਨੇ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਹਲਕਾ ਬੁਢਲਾਡਾ ਤੋਂ ਐਮ ਐਲ ਏ ਪ੍ਰਿੰਸੀਪਲ ਬੁੱਧ ਰਾਮ ਦੀ ਕੋਠੀ ਅੱਗੇ ਦਿੱਤੇ ਜਾਣ ਵਾਲੇ ਤਿੰਨ ਦਿਨ ਲਗਾਤਾਰ ਦਿਨ-ਰਾਤ ਧਰਨੇ ਦੀ ਸ਼ੁਰੂਆਤ ਕਰਦੇ ਹੋਏ ਵਿਸ਼ਾਲ ਧਰਨਾ ਦਿੱਤਾ ਗਿਆ। ਰੈਲੀ ਦੀ ਪ੍ਰਧਾਨਗੀ ਬੀ ਕੇ ਯੂ ਮਾਲਵਾ, ਕਿਸਾਨ ਸਭਾ ਅਜੈ ਭਵਨ ਤੇ ਆਲ ਇੰਡੀਆ ਕਿਸਾਨ ਸਭਾ ਸੁਰਜੀਤ ਭਵਨ ਦੇ ਨੁਮਾਇੰਦਿਆਂ ਨੇ ਕੀਤੀ ਤੇ ਸਟੇਜ ਦਾ ਸੰਚਾਲਨ ਜਮਹੂਰੀ ਕਿਸਾਨ ਸਭਾ ਪੰਜਾਬ, ਬੀ ਕੇ ਯੂ ਲੱਖੋਵਾਲ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਪ੍ਰਤੀਨਿਧਾਂ ਨੇ ਕੀਤਾ। ਰੈਲੀ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਲੋਕਾਂ ਨਾਲ ਕੀਤੇ ਵਾਅਦਿਆਂ ਅਨੁਸਾਰ ਵੱਖ-ਵੱਖ ਸਮਿਆਂ ਤੇ ਲਿੰਪੀ ਸਕਿੰਨ ਨਾਲ ਪਸ਼ੂਆਂ ਦੇ ਹੋਏ ਨੁਕਸਾਨ, ਗੜ੍ਹੇਮਾਰੀ ਨਾਲ ਹੋਏ ਫਸਲਾਂ ਦੇ ਨੁਕਸਾਨ ਅਤੇ ਹੜ੍ਹਾਂ ਅਤੇ ਬਾਰਿਸ਼ ਕਾਰਨ ਹੋਏ ਫ਼ਸਲਾਂ, ਪਸ਼ੂਆਂ ਤੇ ਜਾਨੀ ਨੁਕਸਾਨ ਦਾ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ, ਜਿਨ੍ਹਾਂ ਕਿਸਾਨਾਂ ਦੀਆਂ ਜ਼ਮੀਨਾਂ ਵਿੱਚ ਰੇਤ/ਗਾਰ ਭਰ ਗਈ ਸੀ। ਉਨ੍ਹਾਂ ਨੂੰ ਜ਼ਮੀਨ ਨੂੰ ਸਾਫ਼ ਕਰਨ ਲਈ ਮੁਆਵਜ਼ਾ ਦਿੱਤਾ ਜਾਵੇ, ਜਿੰਨਾ ਕਿਸਾਨਾਂ ਨੇ ਦੂਜੀ ਵਾਰ ਝੋਨਾ ਲਾਇਆ ਹੈ ਨੂੰ ਵੀ ਸਹਾਇਤਾ ਦਿੱਤੀ ਜਾਵੇ ਤੇ ਹੁਣ ਜਿਹੜੇ ਕਿਸਾਨ ਮੀਂਹ ਨਾ ਪੈਣ ਕਾਰਨ (ਸੋਕਾ ਪੈਣ ਕਾਰਨ) ਝੋਨਾ ਵਾਹੁਣ ਲਈ ਮਜਬੂਰ ਹੋ ਰਹੇ ਹਨ, ਉਨ੍ਹਾਂ ਨੂੰ ਵੀ ਢੁੱਕਵੀਂ ਸਹਾਇਤਾ ਦਿੱਤੀ ਜਾਵੇ।

# ਨੌਜਵਾਨ ਭਾਰਤ ਸਭਾ ਅਨਮੋਲ ਗਗਨ ਮਾਨ ਦੀ ਕੋਠੀ ਦਾ ਕਰੇਗੀ ਘਿਰਾਓ



**ਮੋਗਾ (ਅਮਰਜੀਤ ਬੱਬਰੀ)**

ਨੌਜਵਾਨ ਭਾਰਤ ਸਭਾ ਵੱਲੋਂ ਸੂਬਾ ਪੱਧਰੀ ਸੱਦੇ ਨੂੰ ਲਾਗੂ ਕਰਦੇ ਹੋਏ ਜ਼ਿਲ੍ਹਾ ਕਮੇਟੀ ਮੋਗਾ ਵੱਲੋਂ ਫ਼ਿਰੋਜ਼ਪੁਰ ਤੂੜੀ ਬਜ਼ਾਰ ਵਿੱਚ ਸਥਿਤ ਸ਼ਹੀਦ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਦੇ ਗੁਪਤ ਟਿਕਾਣੇ ਨੂੰ ਮਿਊਜ਼ੀਅਮ ਅਤੇ ਲਾਇਬ੍ਰੇਰੀ ਵਿੱਚ ਵਿਕਸਿਤ ਕਰਵਾਉਣ ਲਈ 28 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਉੱਤੇ ਸੈਰ ਸਪਾਟਾ ਮੰਤਰੀ ਅਨਮੋਲ ਗਗਨ ਮਾਨ ਦੀ ਕੋਠੀ ਦਾ ਘਿਰਾਓ ਕਰਨ ਲਈ ਪਿੰਡਾਂ ਵਿੱਚ ਲਾਮਬੰਦੀ ਕਰਕੇ ਵੱਡੇ ਕਾਫਲੇ ਲਿਜਾਣ ਲਈ ਵਿਉਂਤਬੰਦੀ ਕਰਨ ਸੰਬੰਧੀ ਮੀਟਿੰਗ ਕੀਤੀ ਗਈ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ ਅਤੇ ਜਿਲ੍ਹਾ ਆਗੂ ਰਾਜਦੀਪ ਸਿੰਘ ਨੇ ਕਿਹਾ ਕਿ ਸਭਾ ਵੱਲੋਂ ਪਿਛਲੇ ਕਾਫੀ ਲੰਮੇ ਸਮੇਂ ਤੋਂ ਫ਼ਿਰੋਜ਼ਪੁਰ ਤੂੜੀ ਬਜ਼ਾਰ ਵਿੱਚ ਸਥਿਤ ਸ਼ਹੀਦ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਦਾ ਗੁਪਤ ਟਿਕਾਣਾ ਜਿੱਥੇ ਭਗਤ ਸਿੰਘ ਨੇ ਆਪਣੇ ਕੇਸ ਕਟਵਾਏ ਸਨ ਤੇ ਬ੍ਰਿਟਿਸ਼ ਸਰਕਾਰ ਵਿਰੁੱਧ ਗਤੀਵਿਧੀਆਂ ਕਰਦੇ ਸਨ, ਇਹ ਟਿਕਾਣਾ ਉਨ੍ਹਾਂ ਦੀ ਪਾਰਟੀ ਦਾ ਮੁੱਖ ਦਫਤਰ ਸੀ। ਇਸ ਟਿਕਾਣੇ ਨੂੰ ਡਾਕਟਰ ਗਯਾ ਪ੍ਰਸਾਦ ਨੇ ਕਿਰਾਏ ਉੱਪਰ ਲੈ ਕੇ ਅੰਗਰੇਜ਼ੀ ਸਰਕਾਰ ਨੂੰ ਭੁਲੇਖੇ ਵਿਚ ਰੱਖਣ ਲਈ ਦਵਾਖਾਨਾ ਖੋਲ੍ਹਿਆ ਸੀ ਅਤੇ ਲੁਕਵੇਂ ਢੰਗ ਨਾਲ ਸਾਰੇ ਕ੍ਰਾਂਤੀਕਾਰੀ ਇੱਥੇ ਆਉਂਦੇ ਸਨ ਅਤੇ ਭਗਤ ਨੇ ਪਿਸਤੌਲ ਚਲਾਉਣੀ ਵੀ ਇਸ ਇਮਾਰਤ ਵਿੱਚ ਹੀ ਸਿੱਖੀ ਸੀ। ਇਸ ਲਈ ਇਸ ਇਤਿਹਾਸਕ ਇਮਾਰਤਾਂ ਨੂੰ ਮਿਊਜ਼ੀਅਮ ਤੇ ਲਾਇਬ੍ਰੇਰੀ ਵਿੱਚ ਵਿਕਸਤ ਕਰਾਉਣ ਸੰਘਰਸ਼ ਕੀਤਾ ਜਾਅ ਰਿਹਾ ਹੈ।

ਉਨ੍ਹਾਂ ਕਿਹਾ,ਕਿ ਪਿਛਲੀ ਸਰਕਾਰ ਦੇ ਸਮੇਂ ਜਦੋਂ ਸੈਰ ਸਪਾਟਾ ਮਹਿਕਮਾ ਨਵਜੋਤ ਸਿੱਧੂ ਕੋਲ ਸੀ। ਤਾਂ ਨਵਜੋਤ ਸਿੱਧੂ ਵੱਲੋਂ ਇਸ ਗੁਪਤ ਟਿਕਾਣੇ ਦੇ ਖੋਜਾਰਥੀ ਰਾਕੇਸ਼ ਕੁਮਾਰ ਦੀਆਂ ਲਿਖਤਾਂ ਅਤੇ ਤੱਥਾਂ ਅਨੁਸਾਰ ਇਸ ਟਿਕਾਣੇ ਨੂੰ ਵਿਰਾਸਤੀ ਇਮਾਰਤ ਵਜੋਂ ਐਲਾਨ ਕੀਤਾ ਸੀ। ਪਰ ਉਨ੍ਹਾਂ ਦੀ ਇਹ ਕਹੀ ਗੱਲ ਸਿਰਫ ਬਿਆਨ ਤੱਕ ਹੀ ਸੀਮਿਤ ਹੋਕੇ ਰਹਿ ਗਈ, ਕਿਉਂਕਿ ਅੱਜ ਵੀ ਉਸ ਗੁਪਤ ਟਿਕਾਣੇ ਉੱਤੇ ਕਿਸੇ ਦਾ ਨਜਾਇਜ਼ ਢੰਗ ਨਾਲ ਕਬਜ਼ਾ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸਾਡੀ ਸਭਾ ਵੱਲੋਂ ਸ਼ਹੀਦਾਂ ਦੇ ਇਸ ਗੁਪਤ ਟਿਕਾਣੇ ਨੂੰ ਮਿਊਜ਼ੀਅਮ ਤੇ ਲਾਇਬ੍ਰੇਰੀ ਵਿੱਚ ਵਿਕਸਤ ਕਰਾਉਣ ਲਈ ਫ਼ਿਰੋਜ਼ਪੁਰ ਤੂੜੀ ਬਜ਼ਾਰ ਵਿੱਚ ਕਈ ਦਫਾ ਸਰਕਾਰ ਵਿਰੁੱਧ ਧਰਨੇ ਅਤੇ ਰੋਸ ਮੁਜ਼ਾਹਰੇ ਕੀਤੇ ਜਾ ਚੁੱਕੇ ਹਨ। ਪਰ ਪ੍ਰਸ਼ਾਸਨ ਹਰ ਵਾਰ ਹੱਲ ਕੱਢਣ ਦਾ ਭਰੋਸਾ ਦੇ ਕੇ ਗੱਲ ਨੂੰ ਟਾਲ ਦਿੰਦਾ ਹੈ। ਇਸ ਤੋਂ ਬਿਨਾਂ ਮੰਤਰੀ ਅਨਮੋਲ ਗਗਨ ਮਾਨ ਦੇ ਅਧਿਕਾਰੀਆਂ ਵੱਲੋਂ ਮੰਤਰੀ ਨਾਲ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਕਰਾਉਣ ਤੋਂ ਭੱਜ ਜਾਂਦੇ ਹਨ। ਇਸ ਲਈ ਸਭਾ ਵੱਲੋਂ ਸੂਬਾ ਪੱਧਰੀ ਸੱਦੇ ਤਹਿਤ 28 ਸਤੰਬਰ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਮੌਕਾ ਪਿੰਡਾਂ ਵਿੱਚ ਲੋਕਾਂ ਦੀ ਲਾਮਬੰਦੀ ਕਰਕੇ ਵੱਡੇ ਕਾਫ਼ਲੇ ਲੈ ਕੇ ਉਨ੍ਹਾਂ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ।

# ਮੂਲ ਚੰਦ ਸ਼ਰਮਾ ਤੇ ਸ਼ੇਲਿੰਦਰਜੀਤ ਰਾਜਨ ਦੀ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ



**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ ਸੰਗਰੂਰ ਵੱਲੋਂ ਬਨਾਸਰ ਬਾਗ ਸੰਗਰੂਰ ਵਿਖੇ ਬੁਲਾਈ ਗਈ ਵਿਸ਼ੇਸ਼ ਇਕੱਤਰਤਾ ਵਿੱਚ ਸ਼ਾਮਲ ਹੋਏ ਜ਼ਿਲ੍ਹਾ ਭਰ ਦੇ ਪ੍ਰਸਿੱਧ ਸਾਹਿਤਕਾਰਾਂ ਨੇ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੀ ਬਿਨਾ ਮੁਕਾਬਲਾ ਜੇਤੂ ਰਹੀ ਨਵੀਂ ਟੀਮ ਨੂੰ ਵਧਾਈ ਦਿੱਤੀ ਹੈ। ਹਾਜ਼ਰ ਸਾਹਿਤਕਾਰਾਂ ਨੇ ਬੜੇ ਉਤਸ਼ਾਹ ਭਰੇ ਮਾਹੌਲ ਵਿੱਚ ਮੂਲ ਚੰਦ ਸ਼ਰਮਾ ਦੇ ਮੀਤ ਪ੍ਰਧਾਨ ਤੇ ਰਜਿੰਦਰ ਸਿੰਘ ਰਾਜਨ ਦੇ ਸਕੱਤਰ ਚੁਣੇ ਜਾਣ 'ਤੇ ਬੇਹੱਦ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਨ੍ਹਾਂ ਦੋਵਾਂ ਨੇ ਆਜ਼ਾਦ ਉਮੀਦਵਾਰ ਵਜੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੀ ਚੋਣ 'ਚ ਹਿੱਸਾ ਲਿਆ ਸੀ। ਬਿਨਾਂ ਮੁਕਾਬਲਾ ਚੁਣੀ ਗਈ ਕੇਂਦਰੀ ਪੰਜਾਬੀ ਲੇਖਕ ਸਭਾ ਦੀ ਨਵੀਂ ਟੀਮ ਵਿੱਚ ਸ੍ਰੀ ਦਰਸ਼ਨ ਬੁੱਟਰ ਨੂੰ ਪ੍ਰਧਾਨ, ਸੁਸ਼ੀਲ ਦੁਸਾਂਝ ਨੂੰ ਜਨਰਲ ਸਕੱਤਰ, ਹਰਜਿੰਦਰ ਸਿੰਘ ਅਟਵਾਲ ਨੂੰ ਸੀਨੀਅਰ ਮੀਤ ਪ੍ਰਧਾਨ, ਸੇਲਿੰਦਰਜੀਤ ਸਿੰਘ ਰਾਜਨ, ਦਲਜੀਤ ਸਿੰਘ ਸਾਹੀ, ਬਲਵਿੰਦਰ ਸੰਧੂ, ਮਨਜੀਤ ਇੰਦਰਾ ਤੇ ਮੂਲ ਚੰਦ ਸ਼ਰਮਾ ਨੂੰ ਮੀਤ ਪ੍ਰਧਾਨ, ਸੁਰਿੰਦਰਪ੍ਰੀਤ ਸਿੰਘ ਘਣੀਆ, ਦੀਪ ਦੇਵਿੰਦਰ ਸਿੰਘ, ਭੁਪਿੰਦਰ ਕੌਰ ਪ੍ਰੀਤ ਤੇ ਰਜਿੰਦਰ ਸਿੰਘ ਰਾਜਨ ਨੂੰ ਸਕੱਤਰ ਚੁਣ ਲਿਆ ਗਿਆ। ਕੇਂਦਰੀ ਪੰਜਾਬੀ ਲੇਖਕ ਸਭਾ ਨਾਲ ਜੁੜੀਆਂ ਸਾਹਿਤਕ ਸਭਾਵਾਂ ਦੇ ਦੁਨੀਆ ਭਰ ਦੇ ਲੇਖਕ ਮੈਂਬਰ ਵੋਟਾਂ ਪਾ ਕੇ ਕੇਂਦਰੀ ਸਭਾ ਦੇ ਅਹੁਦੇਦਾਰਾਂ ਦੀ ਚੋਣ ਕਰਦੇ ਹਨ। ਪ੍ਰੈੱਸ ਦੇ ਨਾਂ ਜਾਰੀ ਇੱਕ ਸਾਂਝੇ ਬਿਆਨ ਵਿੱਚ ਮੂਲ ਚੰਦ ਸ਼ਰਮਾ ਤੇ ਰਜਿੰਦਰ ਸਿੰਘ ਰਾਜਨ ਨੇ ਕਿਹਾ ਕਿ ਉਹ ਨਵੀਂ ਚੁਣੀ ਟੀਮ ਨੂੰ ਭਰਪੂਰ ਸਹਿਯੋਗ ਦੇਣਗੇ ਤੇ ਅਣਗੌਲੇ ਲੇਖਕਾਂ ਨੂੰ ਬਣਦਾ ਮਾਣ-ਸਨਮਾਨ ਦਿਵਾਉਣ ਲਈ ਯਤਨਸ਼ੀਲ ਰਹਿਣਗੇ। ਇਸ ਇਕੱਤਰਤਾ ਵਿੱਚ ਡਾ. ਇਕਬਾਲ ਸਿੰਘ ਸਕਰਦੀ, ਦਲਬਾਰ ਸਿੰਘ ਚੱਠੇ ਸੇਖਵਾਂ, ਮੋਹਨ ਸ਼ਰਮਾ, ਕਰਮ ਸਿੰਘ ਜ਼ਖ਼ਮੀ, ਸੁਖਵਿੰਦਰ ਸਿੰਘ ਲੋਟੇ, ਰਜਿੰਦਰ ਸਿੰਘ ਰਾਜਨ, ਮੂਲ ਚੰਦ ਸ਼ਰਮਾ, ਜੰਗੀਰ ਸਿੰਘ ਰਤਨ, ਧਰਮਵੀਰ ਸਿੰਘ, ਜੱਗੀ ਮਾਨ, ਸੁਰਜੀਤ ਸਿੰਘ ਮੌਜੀ, ਜਗਜੀਤ ਸਿੰਘ ਲੱਡਾ, ਗੁਰਪ੍ਰੀਤ ਸਿੰਘ ਸਹੋਤਾ, ਸੁਰਿੰਦਰਪਾਲ ਸਿੰਘ ਸਿਦਕੀ, ਸਤਪਾਲ ਸਿੰਘ ਲੌਂਗੋਵਾਲ, ਭੁਪਿੰਦਰ ਨਾਗਪਾਲ, ਰਣਬੀਰ ਸਿੰਘ ਪ੍ਰਿੰਸ, ਲਾਭ ਸਿੰਘ ਝਮਟ, ਕੁਲਵੰਤ ਖਨੌਰੀ, ਪਰਮਜੀਤ ਕੌਰ ਸੰਗਰੂਰ, ਲਵਲੀ ਬਡਰੁੱਖਾਂ, ਪੰਜਾਬੀ ਸਾਹਿਤ ਸਭਾ ਧੂਰੀ ਦੇ ਅਹੁਦੇਦਾਰ ਤੇ ਮੈਂਬਰ, ਪਿੰਡ ਰਚਨਾ ਦੀ ਗਰਾਮ ਪੰਚਾਇਤ ਤੇ ਯੂਥ ਸਪੋਰਟਸ ਕਲੱਬ ਦੇ ਸਮੂਹ ਅਹੁਦੇਦਾਰ ਤੇ ਮੈਂਬਰ ਸ਼ਾਮਲ ਹੋਏ।

# ਬਹੁਕੌਮੀ ਕੰਪਨੀਆਂ ਨੂੰ ਪਛਾੜਨ ਲਈ ਜਨਤਕ ਏਕਤਾ ਅਤਿ ਜ਼ਰੂਰੀ : ਪੰਜਾਬ ਕਿਸਾਨ ਯੂਨੀਅਨ



**ਮਾਨਸਾ/ਬੁਢਲਾਡਾ (ਪਮਾਰ)**

ਪਿੰਡ ਖੁਡਾਲ ਕਲਾਂ ਵਿਖੇ ਕਿਸਾਨ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ ਨੇ ਕਿਹਾ ਕਿ ਜਿਸ ਤਰੀਕੇ ਨਾਲ ਦੇਸ ਨੂੰ ਆਰਥਿਕ ਲੀਹ ਤੋਂ ਥੱਲੇ ਲਾਹੁਣ ਲਈ ਸੱਤਾਧਾਰੀ ਧਿਰਾਂ ਵੱਲੋਂ ਸਮੇਂ-ਸਮੇਂ 'ਤੇ ਕੁਝ ਕੁ ਵੱਡੇ ਨਿੱਜੀ ਅਦਾਰਿਆਂ ਨੂੰ ਪ੍ਰਮੋਟ ਕੀਤਾ ਗਿਆ ਹੈ ਤੇ ਬਹੁਗਿਣਤੀ ਆਮ ਲੋਕਾਂ ਦਾ ਘਾਣ ਕੀਤਾ ਜਾ ਰਿਹਾ ਹੈ, ਉਸ ਦੀ ਭਰਪਾਈ ਜਨਤਾ ਦੀਆਂ ਬੁਨਿਆਦੀ ਸਹੂਲਤਾਂ 'ਤੇ ਕੱਟ ਲਾ ਕੇ ਕੀਤੀ ਜਾ ਰਹੀ ਹੈ। ਅਮੀਰ ਦਿਨੋ-ਦਿਨ ਹੋਰ ਅਮੀਰ ਹੁੰਦਾ ਜਾ ਰਿਹਾ ਤੇ ਗ਼ਰੀਬ ਹੋਰ ਗ਼ਰੀਬ ਹੋ ਰਿਹਾ। ਉਨ੍ਹਾਂ ਕਿਹਾ ਕਿ ਖੇਤੀ ਪ੍ਰਧਾਨ ਸੂਬਾ, ਪੰਜਾਬ ਸਾਰੇ ਦੇਸ ਨੂੰ ਰਜਾਉਣ ਦੀ ਪਹੁੰਚ ਰੱਖਦਾ ਹੈ, ਪਰ ਪਿਛਲੀਆਂ ਸਰਕਾਰਾਂ ਦੀਆਂ ਲੋਕ ਦੋਖੀ ਨੀਤੀਆਂ ਤੇ ਮੌਜੂਦਾ ਮਾਨ ਸਰਕਾਰ ਦੀਆਂ ਅਣਗਹਿਲੀਆਂ ਕਾਰਨ ਖੇਤੀ ਘਾਟੇ ਦਾ ਸੌਦਾ ਬਣਾ ਕੇ ਪ੍ਰਚਾਰ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ, ਮਾੜੇ ਬੀਜਾਂ, ਰੇਹਾਂ, ਸਪਰੇਆਂ ਰਹਿੰਦੀ ਕਸਰ ਕੁਦਰਤੀ ਕਰੋਪੀਆਂ ਵੱਲੋਂ ਕਿਸਾਨ ਨੂੰ ਕੱਖੋਂ ਹੌਲੇ ਕਰ ਹੋ ਗਈ ਹੈ।

ਸੀਨੀਅਰ ਮੀਤ ਪ੍ਰਧਾਨ ਗੋਰਾ ਸਿੰਘ ਭੈਣੀ ਬਾਘਾ ਤੇ ਜ਼ਿਲ੍ਹਾ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ ਨੇ ਕਿਹਾ ਕਿ ਇਤਿਹਾਸ ਗਵਾਹ ਰਿਹਾ ਹੈ ਕਿ ਇਕਜੁਟ ਹੋ ਕੇ ਮੰਗੇ ਬਿਨਾਂ ਸਰਕਾਰਾਂ ਨੇ ਕਦੇ ਕੁੱਝ ਨਹੀਂ ਦਿੱਤਾ। ਸਾਨੂੰ ਸਮੇਂ ਦੀ ਨਜ਼ਾਕਤ ਪਛਾਣ ਕੇ ਅੱਗੇ ਵਧਣ ਦੀ ਜ਼ਰੂਰਤ ਹੈ। ਇਸ ਸਮੇਂ ਸਰਬਸੰਮਤੀ ਪਿੰਡ ਖੁਡਾਲ ਕਲਾਂ ਇਕਾਈ ਦੀ ਚੋਣ ਕਰਕੇ ਪ੍ਰਧਾਨ ਸੁਖਦੇਵ ਸਿੰਘ, ਸੀਨੀਅਰ ਮੀਤ ਪ੍ਰਧਾਨ ਕਰਮ ਸਿੰਘ, ਜਨਰਲ ਸਕੱਤਰ ਰਿੰਕੂ ਸਿੰਘ, ਅਮਰੀਕ ਸਿੰਘ ਪ੍ਰੈਸ ਸਕੱਤਰ, ਬਲਵੀਰ ਸਿੰਘ ਮੀਤ ਪ੍ਰਧਾਨ, ਸੁਖਪਾਲ ਸਿੰਘ ਖ਼ਜ਼ਾਨਚੀ, ਗੁਰਚਰਨ ਸਿੰਘ ਪ੍ਰਚਾਰ ਸਕੱਤਰ ਚੁਣੇ ਗਏ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਹੁਸੈਨੀਵਾਲਾ ਤੇ ਵਾਹਗਾ ਬਾਰਡਰ 'ਤੇ ਕਾਨਫਰੰਸਾਂ ਦਾ ਐਲਾਨ

**ਮੁਕਤਸਰ (ਸ਼ਮਿੰਦਰਪਾਲ/ਪੂਜਾ)**-ਪਾਕਿਸਤਾਨ ਤੇ ਭਾਰਤ ਦਾ ਸੜਕ ਰਾਸਤੇ ਰਾਹੀਂ ਵਪਾਰ ਚਾਲੂ ਕਰਾਉਣ ਲਈ 18 ਸਤੰਬਰ ਹੁਸੈਨੀਵਾਲਾ ਬਾਰਡਰ ਅਤੇ 20 ਸਤੰਬਰ ਨੂੰ ਵਾਹਗਾ ਬਾਰਡਰ ਵਿਖੇ ਵੱਡੀਆਂ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ। ਜ਼ਿਲ੍ਹਾ ਆਗੂ ਬਲਵਿੰਦਰ ਸਿੰਘ ਥਾਂਦੇਵਾਲਾ ਨੇ ਦੱਸਿਆ ਕਿ ਇਨ੍ਹਾਂ ਕਾਨਫਰੰਸਾਂ ਨੂੰ ਨੇਪਰੇ ਚਾੜ੍ਹਨ ਲਈ ਪਿੰਡ-ਪਿੰਡ ਮੀਟਿੰਗ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਪਿੰਡ ਥਾਂਦੇਵਾਲਾ ਵਿਖੇ ਗਗਨਦੀਪ ਸਿੰਘ ਘੱਗਾ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਜ਼ਿਲ੍ਹਾ ਆਗੂ ਬਲਵਿੰਦਰ ਸਿੰਘ ਕੋਟਲੀ ਸੰਘਰ ਨੇ ਦੱਸਿਆ ਕਿ ਗੁਜਰਾਤ ਵਿੱਚ ਅਡਾਨੀਆਂ ਦੀ ਬੰਦਰਗਾਹ ਰਾਹੀਂ ਪਾਕਿਸਤਾਨ ਨਾਲ ਵਿਉਪਾਰ ਚੱਲ ਰਿਹਾ ਹੈ, ਜੋ ਕਾਰਪੋਰੇਟ ਘਰਾਣਿਆਂ ਨੂੰ ਸਿੱਧੇ ਤੌਰ 'ਤੇ ਲਾਭ ਦੇ ਰਿਹਾ ਹੈ, ਜੇ ਹੁਸੈਨੀਵਾਲਾ ਅਤੇ ਵਾਹਗਾ ਬਾਰਡਰ ਖੋਲ੍ਹ ਦਿੱਤੇ ਜਾਂਦੇ ਹਨ ਤਾਂ ਕਿਸਾਨ-ਮਜ਼ਦੂਰ ਟਰੱਕ ਓਪਰੇਟਰ ਛੋਟੇ ਦੁਕਾਨ ਛੋਟੇ ਢਾਬੇ ਵਾਲੇ ਤੇ ਹੋਰ ਕਈ ਕਾਰੋਬਾਰੀ ਇਸ ਦਾ ਲਾਭ ਉਠਾ ਸਕਣਗੇ ਤੇ ਦੋਨੋਂ ਪੰਜਾਬ ਖੁਸ਼ਹਾਲ ਹੋ ਜਾਣਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਮਿੱਠਾ ਸਿੰਘ, ਸੁਖਚੈਨ ਸਿੰਘ ਥਾਂਦੇਵਾਲਾ, ਬੀਰਾ ਸਿੰਘ, ਦਰਸ਼ਨ ਸਿੰਘ, ਬੱਬੂ ਸਿੰਘ, ਜਗਦੇਵ ਸਿੰਘ, ਭੁਪਿੰਦਰ ਸਿੰਘ, ਦੀਦਾਰ ਸਿੰਘ ਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।



# ਕੌਂਸਲਰ ਮੇਲਾ ਸਿੰਘ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**

ਕਾਂਗਰਸ ਪਾਰਟੀ ਦੇ ਆਗੂ ਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਮੇਲਾ ਸਿੰਘ ਸੂਬੇਦਾਰ ਆਪਣੇ ਸਾਥੀਆਂ ਸਮੇਤ ਬਲਵਿੰਦਰ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਆਪ ਪਾਰਟੀ ਵਿੱਚ ਸ਼ਾਮਲ ਕਰਾਇਆ ਗਿਆ। ਸੂਬੇਦਾਰ ਮੇਲਾ ਸਿੰਘ ਨੇ ਕਾਂਗਰਸ ਪਾਰਟੀ ਹਲਕੇ ਦੇ ਲੀਡਰਾਂ ਤੇ ਦੋਸ਼ ਲਾਉਂਦਿਆਂ ਕਿਹਾ ਕਿ ਅਸੀਂ ਕਾਂਗਰਸ ਪਾਰਟੀ ਦੇ ਲਈ ਮਿਹਨਤ ਕੀਤੀ ਹੈ, ਪਰ ਹਲਕੇ ਦੇ ਲੀਡਰਾਂ ਵੱਲੋਂ ਬਣਦਾ ਸਤਿਕਾਰ ਨਹੀਂ ਦਿੱਤਾ ਗਿਆ, ਜਿਸ ਦੀ ਨਰਾਜ਼ਗੀ ਕਾਰਨ ਅਸੀਂ ਕਾਂਗਰਸ ਪਾਰਟੀ ਨੂੰ ਅਲਵਿਦਾ ਆਖਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਚੁੱਕੇ ਹਾਂ। ਅਮਨ ਅਰੋੜਾ ਨੇ ਕਿਹਾ ਕਾਂਗਰਸ ਪਾਰਟੀ ਛੱਡ ਕੇ ਆਏ ਵਰਕਰਾਂ ਨੂੰ 'ਆਪ' ਵਿੱਚ ਪੂਰਾ ਬਣਦਾ ਮਾਨ ਸਤਿਕਾਰ ਦਿੱਤਾ ਜਾਵੇਗਾ।

ਇਸ ਮੌਕੇ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ, ਕਮਲ ਬਰਾੜ, ਕਰਮ ਸਿੰਘ ਬਰਾੜ, ਪਰਮਜੀਤ ਸਿੰਘ ਭੋਲਾ ਨੰਬਰਦਾਰ, ਬਲਵਿੰਦਰ ਸਿੰਘ ਢਿੱਲੋਂ, ਸ਼ਿਸ਼ਨਪਾਲ ਗਰਗ, ਸੋਹਣ ਸਿੰਘ ਨਾਹਰੂ, ਪ੍ਰਧਾਨ ਕਾ. ਦਰਸ਼ਨ ਸਿੰਘ ਜੱਸੇਕਾ, ਬਲਵੀਰ ਸਿੰਘ ਰੰਧਾਵਾ, ਬਾਬਾ ਸੁਖਦੇਵ ਸਿੰਘ, ਸੁਰਜੀਤ ਸਿੰਘ ਜੱਸੇਕਾ, ਸੇਠ ਭੀਮ ਸੈਨ, ਗੁਰਚਰਨ ਸਿੰਘ ਤੋਤੇਕਾ, ਗੋਰਾ ਗੇਹਲਾ, ਮਾਸਟਰ ਲਖਵੀਰ ਸਿੰਘ ਰੰਧਾਵਾ, ਜੀਤਪਾਲ ਸਿੰਘ, ਰਾਜੂ ਟੇਲਰ, ਸੁਖਵੀਰ ਸਿੰਘ ਰਟੋਲ, ਜਗਦੇਵ ਸਿੰਘ, ਗੁਰਜੰਟ ਸਿੰਘ ਪਾਲੀਕਾ, ਗੁਰਮੀਤ ਸਿੰਘ, ਪ੍ਰੀਤਮ ਸਿੰਘ ਹੌਲਦਾਰ, ਅਵਤਾਰ ਸਿੰਘ ਤਾਰੀ, ਸੁਖਪਾਲ ਸਿੰਘ ਬਾਜਵਾ, ਗੁਰਸੇਵਕ ਸਿੰਘ ਗੁੱਜਰਾਂ, ਗੱਗੀ ਪਾਲੀ ਕਾ, ਕੰਮਾ ਬਰਾੜ, ਗੁਰਨੂਰ ਰੰਧਾਵਾ, ਅਵਤਾਰ ਸਿੰਘ ਰੰਧਾਵਾ ਤੇ ਗੁਰਜੰਟ ਖਾਨ ਆਦਿ ਹਾਜ਼ਰ ਸਨ

ਕੈਪਸ਼ਨ: ਮੇਲਾ ਸਿੰਘ ਸੂਬੇਦਾਰ ਸਾਥੀਆਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਸਮੇਂ ਤਸਵੀਰ ਖਿਚਵਾਉਣ ਸਮੇਂ ਕੈਬਨਿਟ ਮੰਤਰੀ ਅਮਨ ਅਰੋੜਾ, ਪਰਮਿੰਦਰ ਕੌਰ ਬਰਾੜ, ਬਲਵਿੰਦਰ ਸਿੰਘ ਢਿੱਲੋਂ ਤੇ ਹੋਰ।

# 'ਆਪ' ਸਰਕਾਰ ਲੋਕਾਂ ਦਾ ਹਰ ਦੁੱਖ ਦੂਰ ਕਰੇਗੀ : ਬਰਾੜ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਕਾਂਗਰਸ ਤੇ ਅਕਾਲੀ ਦਲ ਦੀਆਂ ਸਰਕਾਰਾਂ ਦੌਰਾਨ ਇਸਦੇ ਆਗੂਆਂ ਲੰਮਾ ਸਮਾਂ ਪੰਜਾਬ ਨੂੰ ਲੁੱਟ ਕੇ ਆਪਣੇ ਘਰ ਭਰਨ ਵੱਲ ਧਿਆਨ ਰੱਖਿਆ, ਜਿਸ ਕਰਕੇ ਸੂਬਾ ਨਾ ਸਿਰਫ ਆਰਥਿਕ ਮੰਦਹਾਲੀ ਦੇ ਡੂੰਘੇ ਟੋਏ ਵਿੱਚ ਡਿੱਗ ਗਿਆ, ਸਗੋਂ ਬੇਰੁਜ਼ਗਾਰੀ ਵੱਡਾ ਰੂਪ ਧਾਰਨ ਕਰ ਗਈ ਹੈ। ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਆਪ ਸਰਕਾਰ ਮੁੜ ਤੋਂ ਪੰਜਾਬ ਨੂੰ ਲੀਹਾਂ ਉੱਤੇ ਲਿਆਉਣ ਲਈ ਸਿਰਤੋੜ ਯਤਨ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅਤੇ ਮਾਰਕੀਟ ਕਮੇਟੀ ਦੀ ਚੇਅਰਮੈਨੀ ਦੇ ਪ੍ਰਮੁੱਖ ਦਾਅਵੇਦਾਰ ਮਹਿੰਗਾ ਸਿੰਘ ਬਰਾੜ ਨੇ ਕੀਤਾ। ਸੀਨੀਅਰ 'ਆਪ' ਆਗੂ ਮਹਿੰਗਾ ਸਿੰਘ ਬਰਾੜ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਕਰਕੇ ਰਾਜ ਵਿੱਚੋਂ ਵੱਡੇ ਪੱਧਰ ਉੱਤੇ ਸਨਅਤ ਬਾਹਰਲੇ ਰਾਜਾਂ ਵਿੱਚ ਚਲੀ ਗਈ। ਦੂਜੇ ਰਾਜਾਂ ਵਿੱਚ ਜਾਣ ਕਰਕੇ ਬੇਰੁਜ਼ਗਾਰੀ ਵਿੱਚ ਵੱਡੇ ਪੱਧਰ ਉੱਤੇ ਵਾਧਾ ਹੋਇਆ, ਜਿਸ ਕਰਕੇ ਪੰਜਾਬ ਦੇ ਨੌਜਵਾਨ ਬਾਹਰਲੇ ਦੇਸ ਜਾਣ ਲੱਗੇ। ਉਨ੍ਹਾਂ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਲੋਕਾਂ ਦੂਰ ਦਰਦ ਕਰੇਗੀ ਤੇ ਆਪਣੀ ਇਸ ਆਸ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਹਰ ਘਰ ਨੂੰ ਮੁਫ਼ਤ ਬਿਜਲੀ ਸਹੂਲਤ ਮੁਹੱਈਆ ਕਰਾਉਣਾ, ਗ਼ਰੀਬ ਤੇ ਲੋੜਵੰਦ ਲੋਕਾਂ ਦੇ ਮੁਫ਼ਤ ਇਲਾਜ ਲਈ ਮੁਹੱਲਾ ਕਲੀਨਿਕ ਖੋਲ੍ਹਣ ਦੇ ਨਾਲ ਨਾਲ 'ਇੱਕ ਵਿਧਾਇਕ ਇੱਕ ਪੈਨਸ਼ਨ' ਉਹ ਇਤਿਹਾਸਕ ਫੈਸਲੇ ਹਨ, ਜਿਨ੍ਹਾਂ ਨੂੰ ਪਿਛਲੀਆਂ ਸਰਕਾਰਾਂ ਪੂਰਾ ਨਹੀਂ ਕਰ ਸਕੀਆਂ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਬਹੁਤ ਜਲਦੀ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਗਰੰਟੀ ਵੀ ਪੂਰੀ ਕਰੇਗੀ।

# ਪੰਜਾਬ ਸਰਕਾਰ ਵੱਲੋਂ ਗੱਲ ਨਾ ਸੁਣੇ ਜਾਣ 'ਤੇ ਜਥੇਬੰਦੀ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ



**ਸੰਗਰੂਰ (ਪ੍ਰਵੀਨ ਸਿੰਘ)**

ਸਰਕਾਰੀ ਆਈ ਟੀ ਆਈਜ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ 4 ਸਤੰਬਰ ਨੂੰ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਲਏ ਫੈਸਲੇ ਅਨੁਸਾਰ ਪੂਰੇ ਪੰਜਾਬ ਦੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਗੇਟ ਰੈਲੀਆਂ ਤੋਂ ਸ਼ੁਰੂ ਕਰਕੇ ਪੂਰੇ ਪੰਜਾਬ ਵਿੱਚ ਧਰਨੇ ਦਿੱਤੇ ਜਾਣਗੇ। ਜਥੇਬੰਦੀ ਦੇ ਆਗੂ ਸ੍ਰੀ ਸੇਵਾ ਸਿੰਘ ਨੇ ਜਾਣੂ ਕਰਾਉਂਦਿਆਂ ਦੱਸਿਆ ਕਿ ਅਸੀਂ ਤਕਨੀਕੀ ਸਿੱਖਿਆ ਵਿਭਾਗ ਅਧੀਨ ਚੱਲ ਰਹੀਆਂ ਪੰਜਾਬ ਦੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ 13-14 ਸਾਲਾਂ ਤੋਂ ਠੇਕੇ ਉੱਪਰ 15000 ਰੁਪਏ ਉੱਪਰ ਬਿਨਾਂ ਕਿਸੇ ਸਰਕਾਰੀ ਸਹੂਲਤਾਂ 'ਤੇ ਧੱਕੇ ਖਾ ਰਹੇ ਹਾਂ। ਅਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੀਆਂ ਵੋਟਾਂ ਪਾ ਕੇ ਆਪਣਾ ਅਹਿਮ ਯੋਗਦਾਨ ਪਾਇਆ ਸੀ ਕਿ ਸਰਕਾਰ ਸਾਨੂੰ ਵੀ ਪੱਕਾ ਕਰੇਗੀ। ਪਿਛਲੇ 1.5 ਸਾਲ ਵਿੱਚ ਅਸੀਂ ਮੁੱਖ ਮੰਤਰੀ ਦਫ਼ਤਰ ਦੇ ਲਗਭਗ 60-70 ਚੱਕਰ ਮਾਰ ਚੁੱਕੇ ਹਾਂ ਸਾਡੀ ਕਿਸੇ ਨੇ ਵੀ ਗੱਲ ਨਹੀਂ ਸੁਣੀ। ਸਾਡੇ ਨਾਲ ਸਮੇਂ ਸਮੇਂ 'ਤੇ ਵਿਭਾਗ ਵੱਲੋਂ ਸਿੱਧਾ ਧੱਕਾ ਕੀਤਾ ਜਾਂਦਾ ਹੈ ਜਿਵੇਂ ਕਿ ਚੱਲਦੇ ਸੈਸ਼ਨ ਵਿੱਚ 2 ਮਹੀਨੇ ਦੀ ਬ੍ਰੇਕ ਪਾਉਣੀ ਜਾਂ ਰੈਗੂਲਰ ਕ੍ਰਮਚਾਰੀ ਆਉਣ 'ਤੇ ਨੌਕਰੀ ਤੋਂ ਕੱਢ ਦੇਣਾ ਆਦਿ। ਇਸ ਸਬੰਧੀ ਅਸੀਂ ਤਕਨੀਕੀ ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਨੂੰ ਵੀ ਕਈ ਵਾਰ ਮਿਲ ਕੇ ਆਪਣੀਆਂ ਮੰਗਾਂ ਸਬੰਧੀ ਜਾਣੂ ਕਰਾਇਆ ਹੈ ਪ੍ਰੰਤੂ ਉਨ੍ਹਾਂ ਵੱਲੋਂ ਵੀ ਟਾਲਮਟੋਲ ਦੀ ਨੀਤੀ ਨਾਲ ਗੱਲ ਨਹੀਂ ਸੁਣੀ ਜਾ ਰਹੀਂ। ਹੁਣ ਜਥੇਬੰਦੀ ਵੱਲੋਂ ਫ਼ੈਸਲਾ ਕੀਤਾ ਗਿਆ ਹੈ ਕਿ ਜੇ ਪੰਜਾਬ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਪੂਰੀਆਂ ਨਹੀਂ ਕਰਦੀ ਤਾਂ 29 ਸਤੰਬਰ ਤੋਂ ਸੰਸਥਾਵਾਂ ਵਿੱਚ ਗੇਟ ਰੈਲੀਆਂ ਤੋਂ ਸ਼ੁਰੂ ਕਰਕੇ ਇਹ ਸੰਘਰਸ਼ ਨੂੰ ਦਿਨੋ-ਦਿਨ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਤਹਿਤ ਜ਼ਿਲ੍ਹਾ ਪੱਧਰ ਉੱਪਰ ਡੀ ਸੀ ਸਹਿਬਾਨਾਂ ਨੂੰ ਮੰਗ ਪੱਤਰ ਵੀ ਦਿੱਤੇ ਜਾਣਗੇ, ਮੰਤਰੀ ਤਕਨੀਕੀ ਸਿੱਖਿਆ ਦੇ ਹਲਕੇ ਆਨੰਦਪੁਰ ਸਾਹਿਬ ਵਿਖੇ ਧਰਨਾਂ ਵੀ ਦਿੱਤਾ ਜਾਵੇਗਾ ਤੇ ਲੋੜ ਪੈਣ ਤੇ ਮੁੱਖ ਮੰਤਰੀ ਪੰਜਾਬ ਦੇ ਹਲਕੇ ਵਿੱਚ ਪੱਕਾ ਧਰਨਾ ਵੀ ਜਲਦੀ ਸ਼ੁਰੂ ਕੀਤਾ ਜਾਵੇਗਾ। ਅੰਤ ਵਿੱਚ ਉਨ੍ਹਾਂ ਆਪਣੇ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਤੋਂ ਮੰਗ ਕੀਤੀ ਕਿ ਉਨ੍ਹਾਂ ਨੂੰ ਵੀ ਸਿੱਖਿਆ ਵਿਭਾਗ ਦੀ ਤਰਜ਼ ਉੱਪਰ 58 ਸਾਲ ਦੀ ਉਮਰ ਤੱਕ ਨੌਕਰੀ ਸੁਰੱਖਿਅਤ ਕੀਤੀ ਜਾਵੇ ਤੇ ਛੁੱਟੀਆਂ ਅਤੇ ਘੱਟੋ ਘੱਟ ਮੁੱਢਲੀ ਤਨਖਾਹ ਜਾਰੀ ਕੀਤੀ ਜਾਵੇ।

# ਆਈ ਟੀ ਆਈ ਵਿਖੇ ਲਾਇਆ ਪ੍ਰਧਾਨ ਮੰਤਰੀ ਨੈਸ਼ਨਲ ਐਪ੍ਰਿੰਟਸਸ਼ਿਪ ਮੇਲਾ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਭਾਰਤ ਸਰਕਾਰ ਅਤੇ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਦੀਆਂ ਹਦਾਇਤਾਂ ਮੁਤਾਬਕ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ.) ਬੱਸੀ ਪਠਾਣਾਂ ਵਿਖੇ ਪ੍ਰਧਾਨ ਮੰਤਰੀ ਨੈਸ਼ਨਲ ਨੈਸ਼ਨਲ ਅਪ੍ਰਿੰਟਸਸ਼ਿਪ ਮੇਲਾ ਲਾਇਆ ਗਿਆ। ਉਦਯੋਗਿਕ ਸਿਖਲਾਈ ਸੰਸਥਾ ਦੇ ਪ੍ਰਿੰਸੀਪਲ ਹਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਇਸ ਮੇਲੇ ਨੂੰ ਲੈ ਕੇ ਸਿਖਿਆਰਥੀਆਂ ਅਤੇ ਇਲਾਕੇ ਦੇ ਉਦਯੋਗਾਂ 'ਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ।

ਉਨ੍ਹਾਂ ਦੱਸਿਆ ਕਿ ਇਸ ਮੇਲੇ 'ਚ ਬੀਨਾ ਰਾਜ ਬਤੌਰ ਨੁਮਾਇੰਦਾ ਭਾਰਤ ਸਰਕਾਰ, ਜ਼ਿਲ੍ਹਾ ਰੁਜ਼ਗਾਰ ਦਫ਼ਤਰ ਤੋਂ ਜਸਵਿੰਦਰ ਸਿੰਘ, ਇੰਡਸਟਰੀ ਇੰਸਪੈਕਟਰ ਅਮਨਦੀਪ ਕੌਰ, ਜ਼ਿਲ੍ਹਾ ਉਦਯੋਗ ਕੇਂਦਰ ਤੋਂ ਮਨਿੰਦਰ ਸਿੰਘ ਚੀਮਾ, ਐਕਟਿਵ ਕਲੋਥਿੰਗ ਬਡਾਲੀ ਤੋਂ ਐਸ.ਐਸ. ਬਿੰਦਰਾ, ਰਾਜੀਵ ਖੰਨਾ, ਉੱਪਲ ਦੇਵਰਨਾਥਾ, ਸ਼ਰਨਪ੍ਰੀਤ ਸਿੰਘ ਤੇ ਟੀ.ਓ. ਰਕੇਸ਼ ਕੁਮਾਰ ਡੱਲਾ ਤੋਂ ਇਲਾਵਾ ਪਲੇਸਮੈਂਟ ਇੰਚਾਰਜ ਹਰਸ਼ਰਨਦੀਪ ਸਿੰਘ ਵੀ ਹਾਜ਼ਰ ਸਨ।



# ਬਾਬਾ ਫਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਵੱਲੋਂ ਨੈਸ਼ਨਲ ਲੋਕ ਅਦਾਲਤ ਦਾ ਦੌਰਾ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਬਾਬਾ ਫਰੀਦ ਲਾਅ ਕਾਲਜ ਦੇ ਮਾਨਯੋਗ ਚੇਅਰਮੈਨ ਇੰਦਰਜੀਤ ਸਿੰਘ ਖਾਲਸਾ ਤੇ ਪ੍ਰਿੰਸੀਪਲ ਪੰਕਜ ਕੁਮਾਰ ਗਰਗ ਦੀ ਰਹਿਨੁਮਾਈ ਹੇਠ ਕਾਲਜ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਕੋਰਟ ਫਰੀਦਕੋਟ ਵੱਲੋਂ ਲਗਾਈ ਗਈ ਨੈਸ਼ਨਲ ਲੋਕ ਅਦਾਲਤ ਦਾ ਦੌਰਾ ਕੀਤਾ।

ਇਸ ਵਿੱਚ ਕਾਲਜ ਦੇ ਵਿਦਿਆਰਥੀਆਂ ਜਸਲੀਨ ਕੌਰ, ਪਰਮਜੀਤ ਕੌਰ, ਚਾਹਤ, ਇਸ਼ਵਨ, ਕਰਨ ਜੋਤ, ਲੀਜਾ, ਅੰਸ਼ਿਕਾ, ਸਫਲਦੀਪ, ਸ਼੍ਰੇਆ ਨੇ ਸ੍ਰੀ ਪੰਕਜ (ਮੂਟ ਇੰਚਾਰਜ) ਦੀ ਨਿਗਰਾਨੀ ਹੇਠ ਲੋਕ ਅਦਾਲਤ ਦੀ ਕਾਰਵਾਈ ਦੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਮਾਨਯੋਗ ਜੱਜ ਸ੍ਰੀ ਤਰਸੇਮ ਮੰਗਲਾ (ਡਿਸਟ੍ਰਿਕ ਐਂਡ ਸੈਸ਼ਨ ਜੱਜ, ਪ੍ਰਿੰਸੀਪਲ ਜੱਜ ਫੈਮਿਲੀ ਕੋਰਟ) ਨੇ ਵਿਦਿਆਰਥੀਆਂ ਦਾ ਮਾਰਗ ਦਰਸਨ ਕੀਤਾ ਤੇ ਸ਼੍ਰੀ ਅਜੀਤਪਾਲ ਸਿੰਘ (ਚੀਫ ਜੁਡੀਸ਼ੀਅਲ ਮੈਜਿਸਟ੍ਰੇਟ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਫਰੀਦਕੋਟ) ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਲੋਕ ਅਦਾਲਤ ਵਿੱਚ ਕਿਵੇਂ ਸਿਵਲ ਕੇਸਾਂ, ਫੈਮਿਲੀ ਕੇਸਾਂ ਅਤੇ ਚੈੱਕ ਡਿਸਆਨਰ ਕੇਸਾਂ, ਐਮ ਏ ਸੀ ਟੀ ਤੇ ਛੋਟੇ ਅਪਰਾਧਿਕ ਕੇਸਾਂ ਵਿੱਚ ਰਾਜ਼ੀਨਾਮਾ ਕਰਵਾ ਕੇ ਜਲਦੀ ਕੇਸਾਂ ਦਾ ਨਿਪਟਾਰਾ ਕੀਤਾ ਜਾਂਦਾ ਹੈ।

ਵਿਦਿਆਰਥੀਆਂ ਦੇ ਕਾਲਜ ਵਿਖੇ ਪੁੱਜਣ 'ਤੇ ਕਾਲਜ ਦੇ ਪ੍ਰਿੰਸੀਪਲ ਪੰਕਜ ਕੁਮਾਰ ਗਰਗ ਨੇ ਜ਼ਿਲ੍ਹਾ ਮੁਫਤ ਕਾਨੂੰਨੀ ਸੇਵਾਵਾਂ ਅਥਾਰਿਟੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਅਦਾਲਤੀ ਸਿਸਟਮ ਬਾਰੇ ਜਾਣੂ ਕਰਵਾਇਆ।

ਅੰਤ ਵਿੱਚ ਇੰਚਾਰਜ ਅਕੈਡਮਿਕ ਡਾ. ਨਵਜੋਤ ਕੌਰ ਨੇ ਵਿਦਿਆਰਥੀਆਂ ਨੂੰ ਇਸ ਦੌਰੇ ਦੀ ਸਫਲਤਾ ਲਈ ਵਧਾਈ ਦਿੱਤੀ।

# ਸੂਰੀਆ ਇਨਕਲੇਵ ਕਾਲੋਨੀ ਦੇ ਲੋਕ ਮੁੱਢਲੀਆਂ ਸਹੂਲਤਾਂ ਤੋਂ ਵਾਂਝੇ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਖੰਨਾ ਦੇ ਅਮਲੋਹ ਰੋਡ ਸਥਿਤ ਸੂਰੀਆ ਇਨਕਲੇਵ ਕਲੋਨੀ ਦੇ ਲੋਕ ਅਧਿਕਾਰੀਆਂ ਦੀ ਲਾਪ੍ਰਵਾਹੀ ਕਰਕੇ ਸੁੱਖ ਸਹੂਲਤਾਂ ਤੋਂ ਵਾਂਝੇ ਹਨ। ਇਸ ਕਾਲੋਨੀ ਦੇ ਲੋਕ ਕਲੋਨੀ ਦੀਆਂ ਸਹੂਲਤਾਂ ਦਾ ਨਿੱਘ ਲੈਣ ਲਈ ਅਧਿਕਾਰੀਆਂ ਦੇ ਦਫਤਰਾਂ ਦੇ ਚੱਕਰ ਕੱਟ ਕੱਟ ਕੇ ਪ੍ਰੇਸ਼ਾਨ ਹੋ ਚੁੱਕੇ ਹਨ, ਪਰ ਕਿਤੇ ਕੋਈ ਸੁਣਵਾਈ ਨਹੀਂ ਹੋਈ। ਕਾਲੋਨੀ ਦੀਆਂ ਗਲੀਆਂ 'ਚ ਘਾਹ ਹੀ ਘਾਹ ਉੱਗਿਆ ਖੜਾ ਹੈ ਤੇ ਪਾਰਕਾਂ 'ਚ ਵੀ ਕਈ ਫੁੱਟ ਫੁੱਟ ਘਾਹ ਖੜਾ ਹੈ। ਸਾਬਕਾ ਡੀ ਐੱਸ ਪੀ ਪ੍ਰਕਾਸ਼ ਸਿੰਘ, ਹਰਨੇਕ ਸਿੰਘ, ਸਾਬਕਾ ਕੌਂਸਲਰ ਗੁਰਦੀਪ ਸਿੰਘ ਦੀਪਾ, ਫੌਜੀ ਸੁਰਿੰਦਰ ਮੋਹਣ ਸਿੰਘ, ਅਮਨਦੀਪ ਸਿੰਘ, ਅਵਤਾਰਦੀਪ ਸਿੰਘ ਹੈਪੀ ਤੇ ਸੁੱਖਪਾਲ ਸਿੰਘ ਨੇ ਕਿਹਾ ਕਿ ਜਿਹੜੀਆਂ ਸਹੂਲਤਾਂ ਕਰਕੇ ਉਨ੍ਹਾਂ ਨੇ ਕਾਲੋਨੀ 'ਚ ਘਰ ਬਣਾਏ ਸਨ, ਉਹ ਸਭ ਸੁਪਨੇ ਚਕਨਾਚੂਰ ਹੋ ਗਏ ਹਨ। ਬੱਚਿਆਂ ਦਾ ਪਾਰਕਾਂ ਤੇ ਗਲੀਆਂ 'ਚ ਖੇਡਣਾ ਵੀ ਖਤਰੇ ਤੋਂ ਖਾਲੀ ਨਹੀਂ ਹੈ।

ਉਨ੍ਹਾ ਦੱਸਿਆ ਕਿ ਇਹ ਕਾਲੋਨੀ 27 ਜੁਲਾਈ 2006 ਨੂੰ ਗਲਾਡਾ ਵੱਲੋਂ ਮਨਜ਼ੂਰ ਕੀਤੀ ਗਈ ਸੀ, ਜਿਸ 'ਚ ਬਣੀਆਂ ਸੜਕਾਂ ਅਧੂਰੀਆਂ ਹਨ, ਸੀਵਰੇਜ ਵੀ ਚਾਲੂ ਨਹੀਂ ਕੀਤਾ ਗਿਆ। ਪਾਣੀ ਦੀ ਸਹੂਲਤ ਲਈ ਵਾਟਰ ਸਪਲਾਈ ਦੀ ਟੈਂਕੀ ਬਣਾਈ ਗਈ ਹੈ, ਪਰ ਉਹ ਵੀ ਕਦੇ ਚੱਲੀ ਨਹੀਂ ਤੇ ਨਾ ਹੀ ਟਰੀਟਮੈਂਟ ਪਲਾਂਟ ਬਣਾਇਆ ਗਿਆ। ਕਲੋਨੀ ਦੀਆਂ ਪਾਰਕਾਂ ਦਾ ਬਹੁਤ ਹੀ ਮਾੜਾ ਹਾਲ ਹੈ, ਕਈ ਕਈ ਫੁੱਟ ਘਾਹ ਪਾਰਕਾਂ 'ਚ ਖੜਾ ਹੈ, ਜਿਸ 'ਚ ਲੋਕ ਦੇ ਕਦੇ ਵੜੇ ਨਹੀਂ, ਪਰ ਅਵਾਰਾ ਜਾਨਵਰ ਜ਼ਰੂਰ ਪਾਰਕ 'ਚ ਜਾਂਦੇ ਹਨ। ਸੁਰੱਖਿਆ ਲਈ ਬਣਾਈ ਵਾਲ ਬਾਉਂਡਰੀ ਵੀ ਅਧੂਰੀ ਛੱਡੀ ਹੋਈ ਹੈ। ਕਲੋਨਾਈਜ਼ਰ ਵੱਲੋਂ ਕਰੀਬ 10 ਏਕੜ 'ਚ ਕਾਲੋਨੀ ਮਨਜ਼ੂਰ ਕਰਵਾਈ ਗਈ ਸੀ, ਪਰ ਬਾਅਦ 'ਚ 4 ਏਕੜ ਹੋਰ ਗੈਰ-ਕਾਨੂੰਨੀ ਤੌਰ 'ਤੇ ਰਕਬਾ ਜੋੜ ਦਿੱਤਾ ਗਿਆ। ਇੰਝ ਕਾਨੂੰਨ ਦੀ ਉਲੰਘਣਾ ਕੀਤੀ ਗਈ।

ਲੋਕਾਂ ਨੇ ਦੱਸਿਆ ਕਿ ਸਰਕਾਰ ਦੀਆਂ ਸ਼ਰਤਾਂ ਅਨੁਸਾਰ ਕਾਲੋਨੀ ਤਿੰਨ ਸਾਲ 'ਚ ਮੁਕੰਮਲ ਕਰਕੇ ਗਲਾਡਾ ਨੂੰ ਹੈਂਡਓਵਰ ਕਰਨੀ ਸੀ, ਪਰ ਨਹੀਂ ਕੀਤੀ ਗਈ। ਫਿਰ 2014 'ਚ ਇਹ ਕਾਲੋਨੀ ਸ਼ਹਿਰ ਦੀ ਹੱਦ ਅੰਦਰ ਆ ਗਈ। ਗਲਾਡਾ ਨੇ ਫਾਈਲ ਸਥਾਨਕ ਸਰਕਾਰਾਂ ਵਿਭਾਗ ਲੁਧਿਆਣਾ ਨੂੰ ਭੇਜ ਦਿੱਤੀ। ਸਥਾਨਕ ਸਰਕਾਰਾਂ ਵਿਭਾਗ ਵੱਲੋਂ ਕਾਲੋਨੀ ਦੀ ਡਿਵੈੱਲਪਮੈਂਟ ਕਰਵਾਉਣ ਲਈ ਲਾਈਸੈਂਸ ਦੀਆਂ ਸ਼ਰਤਾਂ ਅਨੁਸਾਰ ਕੋਈ ਕਾਰਵਾਈ ਨਹੀਂ ਕੀਤੀ ਗਈ। ਸੰਨ 2011 ਤੋਂ ਲੈ ਕੇ ਹੁਣ ਤੱਕ ਨਗਰ ਕੌਂਸਲ ਖੰਨਾ, ਗਲਾਡਾ, ਸਥਾਨਕ ਸਰਕਾਰਾਂ ਵਿਭਾਗ ਦੇ ਡਿਪਟੀ ਡਾਇਰੈਕਟਰ ਲੁਧਿਆਣਾ, ਡਾਇਰੈਕਟਰ ਸਥਾਨਕ ਸਰਕਾਰਾਂ ਵਿਭਾਗ ਚੰਡੀਗੜ੍ਹ, ਵਿਜੀਲੈਂਸ ਪੁਲਸ ਦੇ ਨਾਲ ਸਥਾਨਕ ਸਰਕਾਰਾਂ ਵਿਭਾਗ ਦੇ ਕੈਬਨਿਟ ਮੰਤਰੀਆਂ ਅਨਿਲ ਜੋਸ਼ੀ, ਨਵਜੋਤ ਸਿੰਘ ਸਿੱਧੂ ਤੇ ਮੌਜੂਦਾ ਮੰਤਰੀ ਦੇ ਧਿਆਨ 'ਚ ਮਾਮਲਾ ਲਿਆਂਦਾ ਗਿਆ, ਪਰ ਕੋਈ ਅਸਰ ਨਹੀਂ।

ਉਨ੍ਹਾਂ ਦੱਸਿਆ ਕਿ ਕਾਲੋਨੀ ਵਾਸੀਆਂ ਦੀਆਂ ਦਿੱਤੀਆਂ ਸ਼ਿਕਾਇਤਾਂ 'ਤੇ 4 ਸਤੰਬਰ 2017 ਨੂੰ ਜੇ ਕੇ ਜੈਨ ਡਿਪਟੀ ਡਾਇਰੈਕਟਰ ਸਥਾਨਿਕ ਸਰਕਾਰਾਂ ਵਿਭਾਗ ਲੁਧਿਆਣਾ ਨੇ ਸਰਵੇ ਕੀਤਾ। ਕਲੋਨਾਈਜ਼ਰ 'ਚ ਨੋਟਿਸ ਦੇ ਕੇ 30 ਦਿਨ ਦੇ ਅੰਦਰ ਜਵਾਬ ਮੰਗਿਆ ਗਿਆ ਸੀ। ਇਸ ਮਗਰੋਂ 3 ਅਗਸਤ 2018 ਨੂੰ ਸਥਾਨਕ ਸਰਕਾਰਾਂ ਵਿਭਾਗ ਚੰਡੀਗੜ੍ਹ ਦੇ ਡਾਇਰੈਕਟਰ ਕਰਨੇਸ਼ ਸ਼ਰਮਾ ਆਈਏਐੱਸ ਦੇ ਦਫਤਰ ਮੀਟਿੰਗ ਬੁਲਾ ਕੇ ਡਿਪਟੀ ਡਾਇਰੈਕਟਰ ਲੁਧਿਆਣਾ ਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਲਿਖਤੀ ਹੁਕਮ ਜਾਰੀ ਕਰਕੇ ਕਾਲੋਨੀ ਦੇ ਵਿਕਾਸ ਕੰਮ ਕਰਨ ਦੇ ਹੁਕਮ ਦਿੱਤੇ ਗਏ, ਪਰ ਪਰਨਾਲਾ ਉੱਥੇ ਦਾ ਉੱਥੇ। ਇਸੇ ਤਰ੍ਹਾਂ 6 ਸਤੰਬਰ 2018 ਨੂੰ ਡਿਪਟੀ ਡਾਇਰੈਕਟਰ ਜਸ਼ਨਪ੍ਰੀਤ ਕੌਰ ਗਿੱਲ ਪੀਸੀਐੱਸ ਨੇ ਸਿੱਟ ਬਣਾ ਕੇ ਮਾਮਲੇ ਦੀ ਜਾਂਚ ਕਰਵਾਈ ਤਾਂ ਸਿੱਟ ਦੀ ਰਿਪੋਰਟ ਦੇ ਆਧਾਰ 'ਤੇ ਕਲੋਨਾਈਜਰ ਦੇ ਖ਼ਿਲਾਫ ਕਾਰਵਾਈ ਕਰਦੇ ਹੋਏ ਲਾਈਸੈਂਸ ਰੱਦ ਕਰਕੇ ਗਲਾਡਾ ਵੱਲੋਂ ਬੈਂਕ ਗਰੰਟੀ ਵੱਜੋਂ ਰੱਖੇ ਪਲਾਟ ਜਬਤ ਕਰਨ ਦੇ ਹੁਕਮ ਕੀਤੇ ਗਏ, ਪਰ ਕੋਈ ਲਾਭ ਹਾਲੇ ਤੱਕ ਕਾਲੋਨੀ ਵਾਲਿਆਂ ਨੂੰ ਨਹੀਂ ਮਿਲਿਆ। ਉਨ੍ਹਾਂ ਦੱਸਿਆ ਕਿ ਦੁਖੀ ਹੋ ਕੇ ਕਾਲੋਨੀ ਦੇ ਲੋਕਾਂ ਨੇ ਹਾਈ ਕੋਰਟ 'ਚ ਸਿਵਲ ਰਿੱਟ ਪਟੀਸ਼ਨ 16359: 2020 ਮਿਤੀ 7 ਅਕਤੂਬਰ 2020 ਦਾਇਰ ਕੀਤੀ ਗਈ, ਜੋ ਹਾਲੇ ਤੱਕ ਤਰੀਕਾਂ ਦੇ ਚੱਕਰਾਂ 'ਚ ਲਟਕ, ਉਲਝੀ ਪਈ ਹੈ।

ਕਲੋਨਾਈਜ਼ਰ ਦਲਜੀਤ ਸਿੰਘ ਸੰਧੂ ਨੇ ਕਿਹਾ ਕਿ ਕਰੀਬ 20 ਸਾਲ ਪਹਿਲਾਂ ਉਨ੍ਹਾਂ ਨੇ ਕਾਲੋਨੀ ਬਣਾਈ ਸੀ, ਜਿਸ ਦੀ ਸਾਫ ਸਫਾਈ ਕਰਵਾਉਂਦੇ ਰਹੇ ਹਨ, ਪਰ ਹੁਣ ਅੱਗੇ ਇਹ ਕੰਮ ਕਲੋਨੀ ਵਾਲਿਆਂ ਨੇ ਹੀ ਕਰਨਾਂ ਹੈ। ਉਨ੍ਹਾਂ ਵੱਲੋਂ ਦੋ ਢਾਈ ਸਾਲ ਪਹਿਲਾਂ ਨਗਰ ਕੌਂਸਲ ਕੋਲ 26 ਲੱਖ ਰੁਪਏ ਹੈਂਡਓਵਰ ਕਰਨ ਲਈ ਜਮ੍ਹਾਂ ਕਰਵਾਏ ਹੋਏ ਹਨ, ਪਰ ਅਧਿਕਾਰੀ ਹੈਂਡਓਵਰ ਨਹੀਂ ਕਰ ਰਹੇ, ਜੇਕਰ ਹੈਂਡਓਵਰ ਲਈ ਕੋਈ ਹੋਰ ਰਕਮ ਹੈ ਤਾਂ ਉਹ ਵੀ ਦੇਣ ਲਈ ਤਿਆਰ ਹਨ। ਸਟਰੀਟ ਲਾਈਟਾਂ ਲਈ ਬਿਜਲੀ ਦੇ ਕੋਈ ਬਿੱਲ ਨਹੀਂ ਭਰਦਾ ਤਾਂ ਬੰਦ ਹਨ। ਪਹਿਲਾਂ ਉਹ ਭਰਦੇ ਰਹੇ ਹਨ। ਪਾਣੀ ਵਾਲੀ ਟੈਂਕੀ ਬਣਾਈ ਗਈ ਹੈ ਪਾਇਪਾ ਪਾਈਆਂ ਹਨ, ਜੇਕਰ ਕੋਈ ਜ਼ਿੰਮੇਵਾਰੀ ਲਵੇ ਤਾਂ ਉਹ ਮੋਟਰ ਰਖਵਾ ਕੇ ਚਾਲੂ ਕਰਵਾ ਸਕਦੇ ਹਨ। ਉਨ੍ਹਾਂ ਵੱਲੋਂ ਸਾਰੀਆਂ ਸ਼ਰਤਾਂ ਪੂਰੀਆਂ ਕੀਤੀਆਂ ਹੋਈਆਂ ਹਨ।

ਈ ਓ ਚਰਨਜੀਤ ਸਿੰਘ ਨੇ ਕਿਹਾ ਕਿ ਇਹ ਕਾਲੋਨੀ ਨਗਰ ਕੌਂਸਲ ਕੋਲ ਹੈਂਡਓਵਰ ਨਹੀਂ ਹੈ, ਜਿਸ ਕਰਕੇ ਕਮੇਟੀ ਕੋਈ ਕੰਮ ਨਹੀਂ ਕਰਵਾ ਸਕਦੀ, ਪਰ ਲੋਕਾਂ ਦੀ ਸੁਵਿਧਾ ਲਈ ਸਾਫ ਸਫਾਈ ਦਾ ਕੰਮ ਕਰਵਾ ਦਿੱਤਾ ਜਾਵੇਗਾ। ਕੌਂਸਲਰ ਸੁਰਿੰਦਰ ਬਾਵਾ ਨੇ ਕਿਹਾ ਕਿ ਜਦੋਂ ਤੱਕ ਅਦਾਲਤੀ ਕੇਸ ਦਾ ਫੈਸਲਾ ਨਹੀਂ ਹੋ ਜਾਂਦਾ, ਕੋਈ ਕੰਮ ਕਮੇਟੀ ਨਹੀਂ ਕਰਵਾ ਸਕਦੀ। ਉਹ ਇਹ ਮਸਲਾ ਨਿੱਜੀ ਤੌਰ 'ਤੇ ਕਮੇਟੀ ਦੇ ਧਿਆਨ 'ਚ ਲਿਆ ਕੇ ਜਿਹੜੇ ਕੰਮ ਕਰਵਾ ਜਾ ਸਕਦੇ ਹਨ, ਉਹ ਕਰਵਾ ਦੇਣਗੇ। ਜੇਕਰ ਕਲੋਨਾਈਜ਼ਰ ਨੇ ਹੈਂਡਓਵਰ ਲਈ ਪੈਸੇ ਜਮ੍ਹਾਂ ਕਰਵਾਏ ਤਾਂ ਸੋਮਵਾਰ ਨੂੰ ਕਮੇਟੀ ਤੋਂ ਪਤਾ ਕਰਕੇ ਜਾਂਚ ਕਰਨਗੇ ਕਿ ਮਸਲਾ ਕਿੱਥੇ ਅਟਕਿਆ ਹੋਇਆ ਹੈ।


**ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ**

ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮ: ਵਜੋਂ ਜਾਣੇ ਜਾਂਦੇ) ਕੰਪਨੀਜ਼ ਐਕਟ 1956 ਅਧੀਨ ਇੱਕ ਕਾਰਪੋਰੇਟ ਬਾਡੀ, ਜਿਸ ਦਾ ਮੁੱਖ ਦਫਤਰ ਤੀਜੀ ਮੰਜ਼ਲ, ਮਿਡਾਸ ਕਾਰਪੋਰੇਟ ਪਾਰਕ, 37 ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ ਵਿੱਚ ਇੱਕ ਸ਼ਾਖਾ ਦਫਤਰ, ਜਗਰਾਉਂ, ਜ਼ਿਲ੍ਹਾ ਲੁਧਿਆਣਾ ਵਿਖੇ ਹੈ, ਵਿਧੀਗਤ ਗਠਿਤ ਅਟਾਰਨੀ ਰਾਹੀਂ।

ਬਿਨੈਕਾਰ

ਬਨਾਮ

1. ਪ੍ਰਭਜੀਤ ਸਿੰਘ ਪੁੱਤਰ ਸ੍ਰੀ ਹਰਨੇਕ ਸਿੰਘ ਹੁਣ ਮ੍ਰਿਤਕ ਰਾਹੀਂ ਉਸ ਦੇ ਕਾਨੂੰਨੀ ਵਾਰਸਾਂ/ਪ੍ਰਤੀਨਿਧਾਂ,
(ਏ) ਕਮਲਜੀਤ ਕੌਰ ਪਤਨੀ ਪ੍ਰਭਜੀਤ ਸਿੰਘ (ਜਵਾਬਦੇਹ ਨੰ: 2 ਵੀ)
(ਬੀ) ਆਬਲੀਸ਼ ਕੌਰ ਪੁੱਤਰੀ ਸ੍ਰੀ ਪ੍ਰਭਜੀਤ ਸਿੰਘ
(ਸੀ) ਨਵਨੇਸ਼ ਕੌਰ ਪੁੱਤਰੀ ਸ੍ਰੀ ਪ੍ਰਭਜੀਤ ਸਿੰਘ ਨਾਬਾਲਗ ਰਾਹੀਂ ਉਸ ਦੀ ਮਾਤਾ
(ਡੀ) ਗੁਰਪਿੰਦਰ ਸਿੰਘ ਪੁੱਤਰ ਸ੍ਰੀ ਪ੍ਰਭਜੀਤ ਸਿੰਘ ਨਾਬਾਲਗ ਰਾਹੀਂ ਉਸ ਦੀ ਮਾਤਾ, ਸਾਰੇ ਵਾਸੀ ਮਕਾਨ ਨੰ: 4, ਵਾਰਡ ਨੰ: 23, ਨੇੜੇ ਅਕਾਲਸਰ ਗੁਰਦੁਆਰਾ ਸਾਹਿਬ, ਤਹਿਸੀਲ ਅਤੇ ਜ਼ਿਲ੍ਹਾ ਮੋਗਾ-142001
2. ਕਮਲਜੀਤ ਕੌਰ ਪਤਨੀ ਸ੍ਰੀ ਪ੍ਰਭਜੀਤ ਸਿੰਘ ਵਾਸੀ ਮਕਾਨ ਨੰ: 4, ਵਾਰਡ ਨੰ: 23, ਨੇੜੇ ਅਕਾਲਸਰ ਗੁਰਦੁਆਰਾ ਸਾਹਿਬ, ਤਹਿ: ਅਤੇ ਜ਼ਿਲ੍ਹਾ ਮੋਗਾ-142001
3. ਹਰਜੀਤ ਸਿੰਘ ਪੁੱਤਰ ਸ੍ਰੀ ਬਖਤੌਰ ਸਿੰਘ ਵਾਸੀ ਮਕਾਨ ਨੰ: 851, ਵਾਰਡ ਨੰ: 23, ਨੇੜੇ ਅਕਾਲਸਰ ਗੁਰਦੁਆਰਾ ਸਾਹਿਬ, ਤਹਿ: ਅਤੇ ਜ਼ਿਲ੍ਹਾ ਮੋਗਾ-142001
4. ਮਲਕੀਅਤ ਸਿੰਘ ਪੁੱਤਰ ਸ੍ਰੀ ਕਰਤਾਰ ਸਿੰਘ ਵਾਸੀ ਨੇੜੇ ਸਮਾਧ ਭਾਈ ਚੌਕ, ਚੰਨੂਵਾਲਾ, ਜ਼ਿਲ੍ਹਾ ਮੋਗਾ-142038

ਜਵਾਬਦੇਹ

ਉਕਤ ਪਾਰਟੀਆਂ ਵਿਚਾਲੇ ਵਿਵਾਦ ਦੇ ਚੱਲਦਿਆਂ ਜਵਾਬਦੇਹਾਂ ਨੂੰ ਰਜਿਸਟਰਡ ਡਾਕ ਰਾਹੀਂ ਨੋਟਿਸ ਭੇਜੇ ਗਏ ਸਨ। ਜਵਾਬਦੇਹਾਂ ਨੂੰ ਭੇਜੇ ਗਏ ਨੋਟਿਸ ਪਹਿਲੀ ਵਾਰ ਵਾਪਸ ਪ੍ਰਾਪਤ ਨਹੀਂ ਹੋਏ। ਦੂਸਰੀ ਵਾਰ ਜਵਾਬਦੇਹਾਂ ਨੂੰ ਨੋਟਿਸ ਫਿਰ ਭੇਜੇ ਗਏ ਜੋ ਵਾਪਸ ਪ੍ਰਾਪਤ ਨਹੀਂ ਹੋਏ। ਜਿਸ ਤੋਂ ਸਪੱਸ਼ਟ ਹੈ ਕਿ ਜਵਾਬਦੇਹ ਜਾਣਬੁੱਝ ਕੇ ਮੇਰੇ ਸਾਹਮਣੇ ਪੇਸ਼ ਹੋਣ ਤੋਂ ਕੰਨੀ ਕਤਰਾ ਰਹੇ ਹਨ। ਬੇਸ਼ੱਕ ਸਾਰੇ ਜਵਾਬਦੇਹਾਂ ਨੂੰ ਇਕ ਹੋਰ ਮੌਕਾ ਦੇਣ ਲਈ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਵਿਵਾਦ ਦੇ ਮਾਮਲੇ 'ਚ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਅਖਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਵੇ। ਤੁਹਾਨੂੰ ਜਵਾਬਦੇਹਾਂ ਨੂੰ ਆਪਣੇ ਇਤਰਾਜ਼ ਅਤੇ ਦਾਅਵੇ, ਜੇਕਰ ਕੋਈ ਹਨ ਤਾਂ ਦਾਖਲ ਕਰਨ ਲਈ 21/10/2023 ਨੂੰ ਦੁਪਹਿਰ 1.00 ਵਜੇ ਖੁਦ ਜਾਂ ਆਪਣੇ ਪ੍ਰਤੀਨਿਧ ਜਾਂ ਵਕੀਲ ਰਾਹੀਂ ਸਾਲਸ ਸਨਮੁੱਖ ਚੈਂਬਰ ਨੰਬਰ 113, ਨਵੀਆਂ ਕਚਹਿਰੀਆਂ, ਜਲੰਧਰ ਵਿਖੇ ਪੇਸ਼ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ : 11.9.2023 ਸੁਖਜੀਤ ਸਿੰਘ ਜੌਲੀ
ਜਲੰਧਰ ਸਾਲਸ

12-SEP-PAGE-7.qxd 9/11/2023 10:33 PM Page 1



# ਮੋਦੀ ਸਰਕਾਰ ਤੇ ਉੱਚ ਅਧਿਕਾਰੀਆਂ ਦੀਆਂ ਬੇਤੁਕੀਆਂ ਕਾਰਵਾਈਆਂ ਦੀ ਲਿਬਰੇਸ਼ਨ ਵੱਲੋਂ ਨਿੰਦਾ



**ਮਾਨਸਾ (ਪਮਾਰ)**-ਦੇਸ਼ ਦੀ ਜਨਤਾ ਸਾਹਮਣੇ ਮੂੰਹ ਅੱਡੀ ਖੜੀਆਂ ਗੰਭੀਰ ਸਮੱਸਿਆਵਾਂ ਨੂੰ ਦਰਕਿਨਾਰ ਕਰਕੇ ਮੋਦੀ ਸਰਕਾਰ ਤੇ ਕੁਝ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਕੀਤੀਆਂ ਜਾ ਰਹੀਆਂ ਬੇਤੁਕੀਆਂ ਕਾਰਵਾਈਆਂ ਦੀ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਸਖਤ ਨਿੰਦਾ ਕੀਤੀ ਗਈ ਹੈ।

ਲਿਬਰੇਸ਼ਨ ਦੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਵੱਲੋਂ ਇਥੋਂ ਜਾਰੀ ਇਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਸ ਵੇਲੇ ਦੇਸ਼ ਦੇ ਕਰੋੜਾਂ ਨੌਜਵਾਨ ਤੇ ਮਜ਼ਦੂਰ ਕਿਸਾਨ ਭਾਰੀ ਬੇਰੁਜ਼ਗਾਰੀ, ਮਹਿੰਗਾਈ ਤੇ ਜਲਵਾਯੂ ਆਫਤਾਂ ਦੀ ਮਾਰ ਤੋਂ ਬੁਰੀ ਤਰ੍ਹਾਂ ਪ੍ਰੇਸ਼ਾਨ ਹਨ, ਜਦੋਂਕਿ ਮੋਦੀ ਸਰਕਾਰ ਨੂੰ ਸ਼ਾਇਦ ਇਨ੍ਹਾਂ ਸਭ ਸਮੱਸਿਆਵਾਂ ਦੀ ਬਜਾਏ ਦੇਸ਼ ਦਾ ਨਾਂ ਇੰਡੀਆ ਦੀ ਜਗ੍ਹਾ ਭਾਰਤ ਲਿਖਣਾ ਹੀ ਸਭ ਤੋਂ ਵੱਡਾ ਮਸਲਾ ਬਣਿਆ ਹੋਇਆ ਹੈ। ਉਸ ਦਾ ਇਹ ਸਟੰਟ ਜਨਤਾ ਨੂੰ ਬੇਮਤਲਬ ਦੇ ਮੁੱਦਿਆਂ ਵਿੱਚ ਉਲਝਾਉਣ ਤੋਂ ਬਿਨਾਂ ਹੋਰ ਕੁਝ ਨਹੀਂ। ਦੇਸ਼ ਦਾ ਨਾਂ ਬੇਸ਼ੱਕ ਕੁਝ ਵੀ ਲਿਖਿਆ ਜਾਵੇ, ਉਸ ਨਾਲ ਦੇਸ਼ ਸਾਹਮਣੇ ਖੜੀ ਕਿਸੇ ਸਮੱਸਿਆ ਦਾ ਕੋਈ ਹੱਲ ਨਹੀਂ ਨਿਕਲੇਗਾ। ਹਾਂ, ਇਸ ਨਾਲ ਗੋਦੀ ਮੀਡੀਆ ਨੂੰ ਕਈ ਦਿਨਾਂ ਤੱਕ ਬੇਕਾਰ ਦੀਆਂ ਬਹਿਸਾਂ ਲਈ ਗਰਮਾ ਗਰਮ ਮਸਾਲਾ ਜ਼ਰੂਰ ਮਿਲ ਜਾਵੇਗਾ।

ਇਸੇ ਤਰ੍ਹਾਂ ਇਕ ਪਾਸੇ ਜਦੋਂ ਦੇਸ਼ ਦੇ ਪੁਲਾੜ ਵਿਗਿਆਨੀ ਤੇ ਇੰਜੀਨੀਅਰ ਮਿਲ ਕੇ ਚੰਦਰਮਾ ਮਿਸ਼ਨ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹ ਕੇ ਸ਼ਲਾਘਾ ਖੱਟ ਰਹੇ ਹਨ, ਉਦੋਂ ਹਿਮਾਚਲ ਵਿਚਲੀ ਆਈ ਆਈ ਟੀ ਮੰਡੀ ਦਾ ਡਾਇਰੈਕਟਰ ਲਕਸ਼ਮੀ ਧਰ ਬਹੇੜਾ ਭਵਿੱਖ ਦੇ ਇੰਜੀਨੀਅਰਾਂ ਨੂੰ ਇਹ 'ਵਿਗਿਆਨਕ' ਗਿਆਨ ਵੰਡ ਰਿਹਾ ਹੈ ਕਿ ਹਿਮਾਚਲ ਪ੍ਰਦੇਸ ਵਿੱਚ ਬੱਦਲ ਫਟਣ ਤੇ ਪਹਾੜ ਖਿਸਕਣ ਵਰਗੀਆਂ ਕੁਦਰਤੀ ਆਫਤਾਂ, ਲੋਕਾਂ ਵੱਲੋਂ ਮੀਟ ਖਾਣ ਲਈ ਮੁਰਗੇ-ਬੱਕਰਿਆਂ ਨੂੰ ਝਟਕਾਉਣ ਕਾਰਨ ਵਾਪਰ ਰਹੀਆਂ ਹਨ। ਉਹ ਇੰਜੀਨੀਅਰ, ਜੋ ਅਜਿਹੇ ਗੈਰ-ਵਿਗਿਆਨਕ ਤੇ ਤਰਕਹੀਣ ਸੋਚ ਵਾਲੇ ਡਾਇਰੈਕਟਰ ਤੋਂ ਪੜ੍ਹੇ ਤੇ ਸਿੱਖੇ ਹੋਣਗੇ, ਕੱਲ੍ਹ ਨੂੰ ਉਹ ਕਿਹੋ ਜਹੀਆਂ ਨਵੀਆਂ ਵਿਗਿਆਨਕ ਖੋਜਾਂ ਕਰਨਗੇ, ਇਸ ਬਾਰੇ ਕਿਸੇ ਨੂੰ ਕੋਈ ਭੁਲੇਖਾ ਨਹੀਂ। ਕਾਰਪੋਰੇਟ ਜਗਤ ਵੱਲੋਂ ਅੰਨ੍ਹੇ ਮੁਨਾਫੇ ਵਟੋਰਨ ਲਈ ਸਾਡੇ ਵਾਤਾਵਰਨ ਤੇ ਜੰਗਲਾਂ ਪਹਾੜਾਂ ਦੀ ਕੀਤੀ ਜਾ ਰਹੀ ਬੇਕਿਰਕ ਬਰਬਾਦੀ 'ਤੇ ਪਰਦਾਪੋਸ਼ੀ ਕਰਨ ਲਈ, ਸਾਡੀਆਂ ਵਿਗਿਆਨ ਤੇ ਤਕਨਾਲੋਜੀ ਦੀਆਂ ਉੱਚ ਸੰਸਥਾਵਾਂ ਦੇ ਮੁਖੀਆਂ ਵੱਲੋਂ ਪੇਸ਼ ਅਜਿਹੇ ਬੇਤੁਕੇ ਵਿਚਾਰ ਸਾਡੇ ਬੁਰੇ ਭਵਿੱਖ ਦੇ ਸੰਕੇਤ ਹਨ।

ਇਸੇ ਤਰ੍ਹਾਂ ਜ਼ਿਲ੍ਹਾ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਇੱਕ ਦਫਤਰੀ ਚਿੱਠੀ ਜਾਰੀ ਕਰਕੇ ਸਰਕਾਰੀ ਅਫਸਰਾਂ ਤੇ ਮੁਲਾਜ਼ਮਾਂ ਨੂੰ ਦਫਤਰਾਂ ਵਿੱਚ ਟੀ-ਸ਼ਰਟ ਤੇ ਜੀਨ ਨਾ ਪਹਿਨਣ ਦੀ ਹਦਾਇਤ ਦੇਣ ਬਾਰੇ ਲਿਬਰੇਸ਼ਨ ਆਗੂ ਦਾ ਕਹਿਣਾ ਹੈ ਕਿ ਸਾਡੀ ਜਨਤਾ ਅਫਸਰਾਂ, ਮੁਲਾਜ਼ਮਾਂ ਦੇ ਪਹਿਰਾਵੇ ਤੋਂ ਨਹੀਂ, ਬਲਕਿ ਸਰਕਾਰੀ ਤੰਤਰ ਵਿੱਚ ਜੜ੍ਹਾਂ ਜਮਾ ਚੁੱਕੇ ਰਿਸ਼ਵਤ ਤੇ ਸਿਫਾਰਸ਼ ਤੋਂ ਬਿਨਾਂ ਕੋਈ ਜਾਇਜ਼ ਕੰਮ ਵੀ ਨਾ ਹੋਣ ਤੋਂ ਪ੍ਰੇਸ਼ਾਨ ਹੈ। ਬਿਨਾਂ ਰਿਸ਼ਵਤ-ਸਿਫਾਰਸ਼ ਸਮੇਂ ਸਿਰ ਨਿਯਮਾਂ ਪੂਰਵਕ ਕੰਮ ਨਿਪਟਾਉਣ ਵਾਲੇ ਅਫਸਰ ਜਾਂ ਮੁਲਾਜ਼ਮ ਅਪਣੇ ਰਵਾਇਤੀ ਪਹਿਰਾਵੇ ਮੁਤਾਬਿਕ ਪੈਂਟ, ਜੀਨ, ਕੁੜਤਾ ਪਜਾਮਾ ਜਾਂ ਲੂੰਗੀ ਚਾਦਰਾ ਕੁਝ ਵੀ ਪਹਿਨਣ, ਉਸ ਨਾਲ ਲੋਕਾਂ ਨੂੰ ਕੋਈ ਦਿਕਤ ਨਹੀਂ। ਲਿਬਰੇਸ਼ਨ ਆਗੂ ਦਾ ਕਹਿਣਾ ਹੈ ਕਿ ਬਿਨਾਂ ਸੂਬਾ ਸਰਕਾਰ ਦੇ ਕਿਸੇ ਫੈਸਲੇ ਦੇ ਅਪਣੇ ਪੱਧਰ 'ਤੇ ਆਰ ਐੱਸ ਐੱਸ ਤਰਜ਼ 'ਤੇ ਸਰਕਾਰੀ ਦਫਤਰਾਂ 'ਚ ਅਪਣਾ ਘੜਿਆ ਡਰੈੱਸ ਕੋਡ ਲਾਗੂ ਕਰਨ ਵਾਲੇ ਇਸ ਡਿਪਟੀ ਕਮਿਸ਼ਨਰ ਦੀ ਅਜਿਹੀ ਚਿੱਠੀ ਦਾ ਮੁੱਖ ਮੰਤਰੀ ਭਗਵੰਤ ਮਾਨ ਨੂੰ ਲਾਜ਼ਮੀ ਨੋਟਿਸ ਲੈਣਾ ਚਾਹੀਦਾ ਹੈ। ਕਿਉਂਕਿ ਇਹ ਸਭ ਕਾਰਵਾਈਆਂ ਵੱਖੋ ਵੱਖਰੀਆਂ ਨਜ਼ਰ ਆਉਣ ਦੇ ਬਾਵਜੂਦ ਸਪੱਸ਼ਟ ਤੌਰ 'ਤੇ ਸੰਘ-ਬੀਜੇਪੀ ਦੇ ਪਾੜੂ ਹਿੰਦੂਤਵੀ ਏਜੰਡੇ ਦਾ ਹੀ ਹਿੱਸਾ ਹਨ।

## ਪ੍ਰਮਾਣੂ ਹਥਿਆਰਾਂ ਦੇ ਖਾਤਮੇ 'ਤੇ ਕੋਈ ਵਚਨਬੱਧਤਾ ਦੇਣ 'ਚ ਜੀ-20 ਦੀ ਅਸਫਲਤਾ ਨਿਰਾਸ਼ਾਜਨਕ : ਆਈ ਡੀ ਪੀ ਡੀ

**ਲੁਧਿਆਣਾ (ਐੱਮ ਐੱਸ ਭਾਟੀਆ/ਰੈਕਟਰ ਕਥੂਰੀਆ)**-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਨੇ ਚਿੰਤਾ ਪਰਗਟ ਕੀਤੀ ਹੈ ਕਿ ਜੀ-20 ਘੋਸ਼ਣਾ ਪੱਤਰ ਨੇ ਪ੍ਰਮਾਣੂ ਹਥਿਆਰਾਂ ਦੇ ਖਾਤਮੇ ਬਾਰੇ ਕੋਈ ਵਚਨਬੱਧਤਾ ਨਹੀਂ ਦਿੱਤੀ ਹੈ। ਇਸ ਵਿੱਚ ਰੂਸ ਤੇ ਯੂਕਰੇਨ ਵਿਚਕਾਰ ਚੱਲ ਰਹੀ ਜੰਗ ਬਾਰੇ ਬਹੁਤ ਕੁਝ ਜ਼ਿਕਰ ਕੀਤਾ ਹੈ। ਇਸ ਸਥਿਤੀ ਵਿੱਚ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦਾ ਖਤਰਾ ਅਸਲ ਤੇ ਗੰਭੀਰ ਹੈ। ਪੰਨਾ ਨੰ. 2 'ਤੇ ਘੋਸ਼ਣਾ ਦੇ ਬਿੰਦੂ 8 ਵਿੱਚ ਯੂਕਰੇਨ ਵਿੱਚ ਯੁੱਧ ਦੇ ਨਤੀਜਿਆਂ 'ਤੇ ਚਿੰਤਾ ਜ਼ਾਹਰ ਕੀਤੀ ਗਈ ਹੈ, ਪਰ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦੇ ਸੰਬੰਧ ਵਿੱਚ ਸਿਰਫ ਇੱਕ ਲਾਈਨ ਦਾ ਜ਼ਿਕਰ ਕੀਤਾ ਗਿਆ ਹੈ ਕਿ 'ਪ੍ਰਮਾਣੂ ਹਥਿਆਰਾਂ ਦੀ ਵਰਤੋਂ ਜਾਂ ਵਰਤੋਂ ਦੀ ਧਮਕੀ ਨਾ ਮੰਨਣਯੋਗ ਹੈ।' ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦੀ ਧਮਕੀ ਪਿਛਲੇ 18 ਮਹੀਨਿਆਂ ਤੋਂ ਵੱਧ ਯੁੱਧ ਵਿੱਚ ਕਈ ਵਾਰ ਦਿੱਤੀ ਗਈ ਹੈ। ਇਸ ਸਥਿਤੀ ਵਿੱਚ ਉਨ੍ਹਾਂ ਦੀ ਵਰਤੋਂ ਰੂਸ ਤੇ ਯੂਕਰੇਨ ਤੱਕ ਸੀਮਤ ਨਹੀਂ ਹੋਵੇਗੀ, ਬਲਕਿ ਰੂਸ ਤੇ ਅਮਰੀਕਾ ਵਿਚਕਾਰ ਹੋਵੇਗੀ। 1985 ਵਿੱਚ ਨੋਬਲ ਸ਼ਾਂਤੀ ਪੁਰਸਕਾਰ ਪ੍ਰਾਪਤ ਕਰਨ ਵਾਲੇ, ਪ੍ਰਮਾਣੂ ਯੁੱਧ ਦੀ ਰੋਕਥਾਮ ਲਈ ਅੰਤਰਰਾਸ਼ਟਰੀ ਚਿਕਿਤਸਕਾਂ ਦੁਆਰਾ ਕਰਵਾਏ ਗਏ ਅਧਿਐਨਾਂ ਨੇ ਸਬੂਤਾਂ ਨਾਲ ਦਿਖਾਇਆ ਹੈ ਕਿ ਰੂਸ ਤੇ ਅਮਰੀਕਾ-ਨਾਟੋ ਵਿਚਕਾਰ ਪ੍ਰਮਾਣੂ ਆਦਾਨ-ਪ੍ਰਦਾਨ 5-6 ਅਰਬ ਲੋਕਾਂ ਦੀ ਮੌਤ ਦਾ ਕਾਰਨ ਬਣੇਗਾ। ਧਰਤੀ 'ਤੇ ਪ੍ਰਮਾਣੂ ਹਥਿਆਰਾਂ ਦੀ ਮੌਜੂਦਗੀ ਰਾਜ, ਅੱਤਵਾਦੀਆਂ, ਦੁਰਘਟਨਾ ਜਾਂ ਤਕਨੀਕੀ ਅਸਫਲਤਾ ਦੇ ਕਾਰਨ ਉਨ੍ਹਾਂ ਦੀ ਵਰਤੋਂ ਦਾ ਲਗਾਤਾਰ ਖਤਰਾ ਹੈ। ਪ੍ਰਮਾਣੂ ਅਦਲਾ-ਬਦਲੀ ਦੀ ਸਥਿਤੀ ਵਿੱਚ ਡਾਕਟਰੀ ਵਿਗਿਆਨ ਕੋਲ ਕੋਈ ਉਪਾਅ ਨਹੀਂ ਹੈ। ਇਨ੍ਹਾਂ ਦਾ ਮੁਕੰਮਲ ਖਾਤਮਾ ਹੀ ਇੱਕੋ ਇੱਕ ਰਸਤਾ ਹੈ। ਇਸ ਦੇ ਬਾਵਜੂਦ ਜੀ-20 ਦੇ ਘੋਸ਼ਣਾ ਪੱਤਰ ਵਿੱਚ ਇਸ ਸਬੰਧੀ ਕਿਸੇ ਠੋਸ ਕਦਮ ਦੀ ਗੱਲ ਤਾਂ ਕੀ ਕੀਤੀ ਜਾਵੇ, ਪ੍ਰਮਾਣੂ ਹਥਿਆਰਾਂ ਦੇ ਖਾਤਮੇ ਨੂੰ ਲੈ ਕੇ ਕੋਈ ਵਚਨਬੱਧਤਾ ਦਾ ਕੋਈ ਜ਼ਿਕਰ ਨਹੀਂ ਹੈ। ਪ੍ਰਮਾਣੂ ਹਥਿਆਰਾਂ ਦੀ ਮਨਾਹੀ 'ਤੇ ਸੰਯੁਕਤ ਰਾਸ਼ਟਰ ਸੰਧੀ ਦੇ ਲਾਗੂ ਹੋਣ ਦੇ ਨਾਲ, 20 ਲਈ ਸੰਧੀ 'ਚ ਸ਼ਾਮਲ ਹੋਣ ਦਾ ਇੱਕ ਉਚਿਤ ਮੌਕਾ ਸੀ, ਕਿਉਂਕਿ 9 ਪ੍ਰਮਾਣੂ ਹਥਿਆਰ ਰੱਖਣ ਵਾਲੇ ਦੇਸ਼ਾਂ ਵਿੱਚੋਂ 6 ਦੇਸ਼ 20 ਦੇ ਮੈਂਬਰ ਹਨ।

# ਡਿੱਗੇ ਹੋਏ 40 ਹਜ਼ਾਰ ਰੁਪਏ ਵਾਪਸ ਕੀਤੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**



ਇਮਾਨਦਾਰੀ ਅਜੇ ਜ਼ਿੰਦਾ ਹੈ, ਇਸ ਦੀ ਮਿਸਾਲ ਉਦੋਂ ਦੇਖਣ ਨੂੰ ਮਿਲੀ, ਜਦੋਂ ਇੱਕ ਵਿਅਕਤੀ ਨੂੰ ਡਿੱਗੇ ਮਿਲੇ 40 ਹਜ਼ਾਰ ਰੁਪਏ ਅਸਲੀ ਮਾਲਕਾਂ ਨੂੰ ਵਾਪਸ ਕਰ ਦਿੱਤੇ। ਫੂਲ ਟਾਊਨ ਦੇ ਇਕ ਸਮਾਜ ਸੇਵੀ ਡਾਕਟਰ ਕੌਰ ਸਿੰਘ ਸੋਹੀ ਜਿਹੜੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਰਾਮਪੁਰਾ ਦੇ ਕੈਸ਼ੀਅਰ ਵੀ ਹਨ। ਇਹ ਪਰਿਵਾਰ ਸਮੇਤ ਬਠਿੰਡਾ ਤੋਂ ਰਾਮਪੁਰਾ ਫੂਲ ਆ ਰਹੇ ਸਨ। ਰਸਤੇ ਵਿੱਚ ਭੱਟੀ ਰੋਡ 'ਤੇ ਸਥਿਤ ਇੱਕ ਰੈਸਟੋਰੈਂਟ ਵਿੱਚ ਖਾਣਾ ਖਾਣ ਲਈ ਰੁਕੇ ਤਾਂ ਖਾਣਾ ਖਾਣ ਤੋਂ ਬਾਅਦ ਹੱਥ ਧੋਣ ਲਈ ਜਦੋਂ ਸ਼ੈਂਕ ਕੋਲ ਗਏ ਤਾਂ ਇਨ੍ਹਾਂ ਨੂੰ ਇੱਕ ਗੁੱਟੀ ਦੇ ਰੂਪ ਵਿੱਚ ਕੁਝ ਰੁਪਏ ਮਿਲੇ, ਜੋ ਕਿਸੇ ਵਿਅਕਤੀ ਦੇ ਡਿੱਗੇ ਸਨ। ਉਨ੍ਹਾਂ ਤੁਰੰਤ ਹੀ ਸਾਰੀ ਗੱਲਬਾਤ ਰੈਸਟੋਰੈਂਟ ਮਾਲਕਾਂ ਨੂੰ ਦੱਸੀ ਕਿ ਸਾਨੂੰ ਕੁਝ ਰੁਪਏ ਮਿਲੇ ਹਨ। ਪਰ ਰਕਮ ਦੀ ਗਿਣਤੀ ਨਹੀ ਦੱਸੀ। ਉਨ੍ਹਾਂ ਆਪਣਾ ਐਡਰੈਸ ਤੇ ਮੋਬਾਇਲ ਨੰਬਰ ਰੈਸਟੋਰੈਂਟ ਮਾਲਕਾਂ ਲਿਖਵਾ ਕੇ ਅਪਣੇ ਘਰ ਪਰਤ ਆਏ। ਪਰ ਦੂਜੇ ਪਾਸੇ ਡਿੱਗੀ ਰਕਮ ਦੇ ਅਸਲੀ ਮਾਲਕ ਵੀ ਪੈਸੇ ਲੱਭਦਾ ਲੱਭਦਾ ਰੈਸਟੋਰੈਂਟ ਵਿੱਚ ਪਹੁੰਚ ਗਿਆ। ਰੈਸਟੋਰੈਂਟ ਮਾਲਕ ਨੇ ਦੱਸਿਆ ਕਿ ਤੁਹਾਡੇ ਪੈਸੇ ਇੱਕ ਸਰਦਾਰ ਆਦਮੀ ਨੂੰ ਮਿਲੇ ਹਨ, ਉਨ੍ਹਾਂ ਦਾ ਇਹ ਐਡਰੈਸ ਤੇ ਮੋਬਾਇਲ ਨੰਬਰ ਹੈ। ਅਸਲੀ ਰਕਮ ਮਾਲਕ ਨੇ ਫੋਨ ਰਾਹੀ ਡਾਕਟਰ ਕੌਰ ਸਿੰਘ ਨਾਲ ਗੱਲ ਕੀਤੀ ਕਿ ਸਾਡੇ ਹੀ ਚਾਲੀ ਹਜ਼ਾਰ ਰੁਪਏ ਡਿੱਗੇ ਹਨ, ਜਦੋਂ ਅਸੀਂ ਵੀ ਖਾਣਾ ਖਾਣ ਤੋਂ ਬਾਅਦ ਸ਼ੈਂਕ ਕੋਲ ਹੱਥ ਸਾਫ ਕਰਨ ਲਈ ਰੁਮਾਲ ਕੱਢਿਆ ਤਾਂ ਰੁਮਾਲ ਦੀ ਰਕਮ ਬਾਹਰ ਆ ਕੇ ਡਿੱਗ ਪਈ, ਜੋ ਮਿਲੀ ਰਕਮ ਮਿਲੀ ਸੀ ਉਹ ਪੂਰੀ ਚਾਲੀ ਹਜ਼ਾਰ ਰੁਪਏ ਸੀ।

ਅੱਗੋਂ ਕੌਰ ਸਿੰਘ ਨੇ ਕਿਹਾ ਤੁਹਾਡੇ 40 ਹਜ਼ਾਰ ਰੁਪਏ ਸੇਫ ਹਨ, ਜਦੋਂ ਮਰਜ਼ੀ ਆ ਕੇ ਲੈ ਜਾਵੋ। ਅਗਲੇ ਦਿਨ ਆ ਕੇ ਰਕਮ ਮਾਲਕਾਂ ਨੇ ਅਪਣੀ ਸਾਰੀ ਰਕਮ ਪ੍ਰਾਪਤ ਕਰ ਲਈ। ਇਹ ਰਕਮ ਗਿੱਦੜਬਾਹਾ ਮਲੋਟ ਰੋਡ ਤੇ ਸਥਿਤ ਢਾਬਾ ਵਰਧਮਾਨ ਵਾਲਿਆਂ ਦੀ ਸੀ। ਵਰਧਮਾਨ ਢਾਬੇ ਵਾਲਿਆ ਨੇ ਸੋਹੀ ਪਰਵਾਰ ਦਾ ਧੰਨਵਾਦ ਕੀਤਾ।

## ਕਾਤਰਾਂ

### ਚੇਤਨ ਮਿੱਤਲ ਨੇ ਬੱਚਿਆਂ ਨਾਲ ਮਨਾਇਆ ਜਨਮ ਦਿਨ

**ਜਗਰਾਓਂ (ਅਮਿਤ ਖੰਨਾ)**-ਅਪਣੇ ਪੁਰਾਣੇ ਸਕੂਲ ਨੂੰ ਯਾਦ ਕਰਦੇ ਹੋਏ ਮਿੱਤਲ ਪਰਿਵਾਰ ਦੇ ਹੋਣਹਾਰ ਬੇਟੇ ਚੇਤਨ ਮਿੱਤਲ ਨੇ ਅਪਣਾ ਜਨਮ ਦਿਨ ਆਰ ਕੇ ਸਕੂਲ ਦੇ ਸਾਰੇ ਬੱਚਿਆਂ ਨੂੰ ਕੁਲਫੀਆਂ ਵੰਡ ਕੇ ਮਨਾਇਆ। ਸਾਰੇ ਬੱਚਿਆਂ ਨੇ ਚੇਤਨ ਨੂੰ ਹੈਪੀ ਬਰਥਡੇ ਕਿਹਾ। ਇਸ ਮੌਕੇ ਮਿੱਤਲ, ਪ੍ਰਿੰ. ਸੀਮਾ ਸ਼ਰਮਾ, ਪ੍ਰਧਾਨ ਐਡਵੋਕੇਟ ਨਵੀਨ ਗੁਪਤਾ, ਕੈਪਟਨ ਨਰੇਸ਼ ਵਰਮਾ, ਪਰਮਜੀਤ ਉਪਲ, ਸੰਤੋਸ਼ ਕੌਰ, ਮਨੀਸ਼ਾ ਸ਼ਰਮਾ, ਆਂਚਲ, ਪੂਜਾ ਤੇ ਸਟਾਫ ਹਾਜ਼ਰ ਸੀ।

### ਪਵਨ ਕੁਮਾਰ ਬਤਾਰਾ ਮਹਾਂਵੀਰ ਦਲ ਦੇ ਪ੍ਰਧਾਨ ਚੁਣੇ



**ਤਪਾ ਮੰਡੀ (ਅਰੁਣ ਗੋਇਲ)**-ਗੀਤਾ ਭਵਨ ਤਪਾ ਵਿਖੇ ਪੰਜਾਬ ਮਹਾਂਵੀਰ ਦਲ ਦੀ ਮੀਟਿੰਗ ਹੋਈ, ਜਿਸ ਵਿੱਚ ਨਵੇਂ ਸਾਲ ਦੀ ਚੋਣ ਕੀਤੀ ਗਈ, ਜਿਸ ਵਿੱਚ ਸਰਬਸੰਮਤੀ ਨਾਲ ਪਵਨ ਕੁਮਾਰ ਬਤਾਰਾ ਪ੍ਰਧਾਨ, ਸੁਭਾਸ਼ ਕੁਮਾਰ ਤਪਾਸੇ ਸਰਪ੍ਰਸਤ, ਤਰਲੋਕ ਚੰਦ ਤੋਤੀ ਚੇਅਰਮੈਨ, ਸੋਹਨ ਲਾਲ ਵਧਵਾ ਕੈਸ਼ੀਅਰ, ਸੁਰੇਸ਼ ਮਿੱਤਲ ਸੀਨੀ. ਮੀਤ ਪ੍ਰਧਾਨ, ਰਮੇਸ਼ ਕੁਮਾਰ ਸਕੱਤਰ ਤੋਂ ਇਲਾਵਾ ਪ੍ਰਦੀਪ ਤੀਲੀ, ਈਸ਼ ਕੁਮਾਰ, ਮਨੀ ਕਨੇਰਿਆਂ, ਰਾਕੇਸ਼ ਨਿੱਕਾ, ਲੱਕੀ ਵਰਮਾ ਤੇ ਮੱਖਣ ਰੂੜੇਕੇ ਵਾਲਾ ਮੈਂਬਰ ਲਏ ਗਏ।

### ਤਹਿਸੀਲਦਾਰ ਲਾਰਸਨ ਸਿੰਗਲਾ ਸਨਮਾਨਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਨੰਬਰਦਾਰ ਯੂਨੀਅਨ ਸਮਰਾ ਦੇ ਐਗਜ਼ੀਕਿਊਟਿਵ ਕਮੇਟੀ ਪੰਜਾਬ ਮੈਂਬਰ ਅਤੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਨੰਬਰਦਾਰ ਗੁਰਦੇਵ ਸਿੰਘ ਆਲਮਪੁਰ ਰਾਣਾ (ਗੁੱਜਰ) ਵੱਲੋਂ ਤਹਿਸੀਲਦਾਰ ਸਮਾਣਾ ਲਾਰਸਨ ਸਿੰਗਲਾ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਡਿਊਟੀ ਦੌਰਾਨ ਦਿੱਤੀਆਂ ਗਈਆਂ ਬਿਹਤਰੀਨ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਦੇਵ ਸਿੰਘ ਆਲਮਪੁਰ ਨੇ ਕਿਹਾ ਕਿ ਸ੍ਰੀ ਲਾਰਸਨ ਸਿੰਗਲਾ ਵੱਲੋਂ ਹੜ੍ਹਾਂ ਦੇ ਸਮੇਂ ਦੌਰਾਨ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਦਿਨ-ਰਾਤ ਸੇਵਾਵਾਂ ਦਿੱਤੀਆਂ ਗਈਆਂ ਸਨ ਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦਿਆਂ ਇਹ ਸਨਮਾਨ ਦਿੱਤਾ ਗਿਆ ਹੈ। ਇਸ ਮੌਕੇ ਤਹਿਸੀਲਦਾਰ ਲਾਰਸਨ ਸਿੰਗਲਾ ਨੇ ਕਿਹਾ ਕਿ ਲੋਕਾਂ ਦੀ ਸੇਵਾ ਕਰਨਾ ਉਨ੍ਹਾਂ ਦਾ ਪਹਿਲਾ ਫਰਜ਼ ਹੈ। ਇਸ ਮੌਕੇ ਗੁਰਵਿੰਦਰਪਾਲ ਸਿੰਘ ਨੰਬਰਦਾਰ ਤਲਵੰਡੀ ਮਲਿਕ ਤੇ ਭਗਵਾਨ ਦਾਸ ਨੰਬਰਦਾਰ ਕੁਲਬੁਰਛਾਂ ਆਦਿ ਮੌਜੂਦ ਸਨ।

### ਮਰਾੜ 'ਚ 'ਮੇਰੀ ਮਿੱਟੀ ਮੇਰਾ ਦੇਸ਼' ਤਹਿਤ ਸਮਾਗਮ

**ਮੁਕਤਸਰ (ਸ਼ਮਿੰਦਰਪਾਲ/ਪੂਜਾ)**-ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਮਰਾੜ ਵਿਖੇ ਐਤਵਾਰ ਨੂੰ ਭਾਜਪਾ ਵੱਲੋਂ ਕਰਮਜੀਤ ਸਿੰਘ ਮਰਾੜ ਦੇ ਗ੍ਰਹਿ ਤੋਂ ਮੇਰੀ ਮਿੱਟੀ ਮੇਰਾ ਦੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਹੋਏ ਸਮਾਗਮ 'ਚ ਜ਼ਿਲ੍ਹਾ ਜਨਰਲ ਸਕੱਤਰ ਪਰਮਜੀਤ ਸ਼ਰਮਾ, ਬਰੀਵਾਲਾ ਪ੍ਰਭਾਰੀ ਅਨੁਰਾਗ ਸ਼ਰਮਾ, ਮੰਡਲ ਪ੍ਰਧਾਨ ਮੋਹਰ ਸਿੰਘ, ਨਸੀਬ ਜੰਮੂਆਣਾ ਤੇ ਹੋਰ ਭਾਜਪਾ ਆਗੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੁਹਿੰਮ ਤੋਂ ਇਲਾਵਾ ਆਉਂਦੀਆਂ ਚੋਣਾਂ ਦੇ ਸਬੰਧ 'ਚ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਅਨੁਰਾਗ ਸ਼ਰਮਾ ਨੇ ਕਿਹਾ ਕਿ ਇਸ ਮੁਹਿੰਮ ਨੂੰ ਸ਼ਹਿਰ 'ਚ ਤਾਂ ਲੋਕਾਂ ਦਾ ਸਮਰਥਣ ਮਿਲ ਹੀ ਰਿਹਾ ਹੈ, ਪਰ ਪਿੰਡਾਂ 'ਚ ਵੀ ਚੰਗਾ ਹੁੰਗਾਰਾ ਮਿਲ ਰਿਹਾ ਹੈ।



## ਅੱਜ ਲੱਖੇ ਧਰਨੇ 'ਤੇ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ 'ਚ ਹੋਵੇਗਾ ਵਿਸ਼ੇਸ਼ ਸਮਾਗਮ



**ਹਠੂਰ (ਨਛੱਤਰ ਸੰਧੂ)**-ਟੁੱਟ ਚੁੱਕੀਆਂ ਸੜਕਾਂ ਬਣਾਉਣ ਲਈ ਸੰਘਰਸ਼ ਕਮੇਟੀ ਵੱਲੋਂ ਲੱਖਾ ਵਿਖੇ ਧਰਨਾ ਸਥਾਨ 'ਤੇ 12 ਸਤੰਬਰ ਨੂੰ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸਮਰਪਤ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਵੱਖ ਵੱਖ ਜਥੇਬੰਦੀਆਂ ਵੱਲੋਂ ਧਰਨਾ ਸਥਾਨ 'ਤੇ ਪਹੁੰਚ ਕੇ ਸਵਾ ਮਹੀਨੇ ਤੋਂ ਸ਼ਾਂਤਮਈ ਢੰਗ ਨਾਲ ਚੱਲ ਰਹੇ ਸੰਘਰਸ਼ ਵਿੱਚ ਸ਼ਿਰਕਤ ਕੀਤੀ ਜਾਵੇਗੀ। ਅੱਜ ਦੇ ਧਰਨੇ ਨੂੰ ਮਾਸਟਰ ਤਾਰਾ ਸਿੰਘ ਅੱਚਰਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਜਾਣ-ਬੁੱਝ ਕੇ ਸੜਕਾਂ ਬਣਾਉਣ ਦੇ ਮਾਮਲੇ ਵਿੱਚ ਢਿੱਲ ਮੱਠ ਕਰ ਰਹੇ ਹਨ, ਹੁਣ 15 ਤਰੀਕ ਤੱਕ ਧਰਨਾ ਸ਼ਾਂਤਮਈ ਰੂਪ ਵਿੱਚ ਚੱਲੇਗਾ, ਜੇਕਰ 15 ਤੱਕ ਸੜਕਾਂ ਬਣਾਉਣ ਦਾ ਕੰਮ ਸ਼ੁਰੂ ਨਹੀਂ ਕੀਤਾ ਜਾਂਦਾ ਤਾਂ ਸੰਘਰਸ਼ ਤੇਜ਼ ਕਰਨ ਲਈ 15 ਤਰੀਕ ਨੂੰ ਸੰਘਰਸ਼ ਕਮੇਟੀ ਦੀ ਮੀਟਿੰਗ ਹੋਵੇਗੀ, ਜਿਸ ਵਿੱਚ ਸਮੂਹ ਕਮੇਟੀ ਮੈਂਬਰਾਂ ਦਾ ਪਹੁੰਚਣਾ ਜ਼ਰੂਰੀ ਹੈ। ਇਸ ਮੌਕੇ ਪੰਚ ਜਸਵਿੰਦਰ ਸਿੰਘ ਸਿੱਧੂ, ਪ੍ਰਧਾਨ ਸਾਧੂ ਸਿੰਘ ਲੱਖਾ, ਤੇਜਾ ਸਿੰਘ ਧਾਲੀਵਾਲ, ਇੰਦਰਪਾਲ ਸਿੰਘ ਗਿੱਲ, ਪਿਰਤਾ ਸਿੰਘ, ਹਰਦੀਪ ਸਿੰਘ ਗਿੱਲ ਆਦਿ ਹਾਜ਼ਰ ਸਨ।

# ਚੋਰੀ ਤੇ ਲੁੱਟ-ਖੋਹ ਕਰਨ ਵਾਲੇ ਅਨਸਰ ਕਾਬੂ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**



ਚੋਰੀ ਤੇ ਲੁੱਟ-ਖੋਹ ਦੀਆਂ ਵਾਰਦਾਤਾਂ ਅਤੇ ਨਸ਼ੇ ਨੂੰ ਨੱਥ ਪਾਉਣ ਲਈ ਪੁਲਸ ਨੇ ਆਪਣੀਆਂ ਗਤੀਵਿਧੀਆਂ ਤੇਜ਼ ਕਰ ਦਿੱਤੀਆਂ ਹਨ।

ਐਸ ਐਚ ਓ ਗੁਰਵਿੰਦਰ ਸਿੰਘ ਭੁੱਲਰ ਨੇ ਕਿਹਾ ਕਿ 5 ਸਤੰਬਰ ਨੂੰ ਸੁਖਵਿੰਦਰ ਸਿੰਘ ਪੁੱਤਰ ਸੁਦਾਗਰ ਸਿੰਘ ਪੁੱਤਰ ਬਚਨ ਸਿੰਘ ਵਾਸੀ ਫਲੌਡ ਕਲਾ ਤਹਿਸੀਲ ਅਹਿਮਦਗੜ੍ਹ ਜ਼ਿਲ੍ਹਾ ਮਲੇਰਕੋਟਲਾ ਨੇ ਥਾਣਾ ਧਰਮਕੋਟ ਵਿਖੇ 5-9-24 ਨੂੰ ਬਿਆਨ ਦਰਜ ਕਰਾ ਕੇ ਕਿਹਾ ਕਿ ਉਹ ਸੱਤਿਆ ਮਾਈਕ੍ਰੋ ਕੈਪੀਟਲ ਲਿਮ: ਕੰਪਨੀ ਵਿਚ ਬਤੌਰ ਈਡੀਓ ਲੱਗਾ ਹੈ। ਉਹ ਆਪਣੇ ਮੋਟਰਸਾਇਕਲ ਬਜਾਜ ਡਿਸਕਵਰ 'ਤੇ ਰੋਜ਼ਾਨਾ ਦੀ ਤਰ੍ਹਾਂ ਲੋਨ ਦੀਆਂ ਕਿਸ਼ਤਾਂ ਦੇ ਪਿੰਡ ਸਿੰਘਪੁਰਾ ਤੋਂ ਪੈਸੇ ਇਕੱਠੇ ਕਰਨ ਲਈ ਆਇਆ ਤਾਂ ਦਰਿਆ ਕੋਲ ਬੰਨ੍ਹ 'ਤੇ ਪਹੁੰਚ ਤਿੰਨ ਨੌਜਵਾਨਾਂ ਨੇ ਝਪਟ ਮਾਰ ਕੇ ਮੇਰਾ ਕੈਸ਼ ਵਾਲਾ ਬੈਕ ਖੋਹ ਕੇ ਲੈ ਗਏ, ਜਿਸ ਵਿੱਚ ਮੇਰੇ ਵੱਲੋਂ ਇਕੱਠੀ ਕੀਤੀ ਕਿਸ਼ਤਾਂ ਦੀ ਰਕਮ 25 ਹਜ਼ਾਰ ਰੁਪਏ ਅਤੇ ਇੱਕ ਸੈਮਸੰਗ ਦਾ ਮੋਬਾਇਲ ਟੈਬ ਖੋਹ ਕੇ ਹਾਈਵੇ ਵੱਲ ਫਰਾਰ ਹੋ ਗਏ, ਜਿਸ 'ਤੇ ਥਾਣਾ ਧਰਮਕੋਟ ਵਿੱਚ ਵੱਖ-ਵੱਖ ਧਰਾਵਾਂ ਤਹਿਤ ਅਣਪਛਾਤੇ ਵਿਅਕਤੀਆਂ ਖਿਲਾਫ਼ ਕੇਸ ਦਰਜ ਕਰ ਲਿਆ।

ਚੌਂਕੀ ਇੰਚਾਰਜ ਕਮਾਲ ਕੇ ਦੇ ਏ ਐਸ ਆਈ ਗੁਰਪ੍ਰੀਤ ਸਿੰਘ ਤੇ ਰੇਸ਼ਮ ਸਿੰਘ ਨੇ ਮਨਪ੍ਰੀਤ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਕਾਵਾਂ ਸੁਖਚੈਨ ਸਿੰਘ ਪੁੱਤਰ ਮਲਕੀਤ ਸਿੰਘ ਚੱਕ ਤਾਰੇ ਵਾਲਾ, ਸੁਨੀਲ ਕੁਮਾਰ ਪੁੱਤਰ ਜਰਨੈਲ ਸਿੰਘ ਭੱਟੀ ਬਸਤੀ ਧਰਮਕੋਟ ਤੇ ਮਨਪ੍ਰੀਤ ਸਿੰਘ ਮਨੀ ਪੁੱਤਰ ਰਾਜ ਕੁਮਾਰ ਵਾਸੀ ਧਰਮਕੋਟ ਨੂੰ ਕਾਬੂ ਕਰ ਲਿਆ ਤੇ ਉਨ੍ਹਾਂ ਪਾਸੋਂ ਦੋ ਕਿਰਪਾਨਾਂ ਇੱਕ ਕਾਪਾ ਤੇ ਇੱਕ 315 ਬੋਰ ਦਾ ਕਟਾ ਬਰਾਮਦ ਹੋਇਆ। ਉਨ੍ਹਾਂ ਕਿਹਾ ਇਨ੍ਹਾਂ ਦੇ ਦੋ ਸਾਥੀ ਫਰਾਰ ਹਨ, ਜਿਨ੍ਹਾਂ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ। ਐਸ ਐਚ ਓ ਗੁਰਵਿੰਦਰ ਭੁੱਲਰ ਨੇ ਕਿਹਾ ਕਿ ਇਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਹੋਰ ਜਾਣਕਾਰੀ ਵੀ ਹਾਸਲ ਕੀਤੀ ਜਾਵੇਗੀ।

## ਮਰਹੂਮ ਮੁੱਖ ਅਧਿਆਪਕ ਧੀਰਜ ਕੁਮਾਰ ਦੇ ਜਨਮ ਦਿਨ ਮੌਕੇ ਵਿਦਿਆਰਥੀ ਸਨਮਾਨਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਰਕਾਰੀ ਹਾਈ ਸਕੂਲ ਗੁਰਮ ਤੇ ਸਰਕਾਰੀ ਪ੍ਰਾਇਮਰੀ ਸਕੂਲ ਗੁਰਮ ਵਿਖੇ ਮਰਹੂਮ ਮੁੱਖ ਅਧਿਆਪਕ ਧੀਰਜ ਕੁਮਾਰ ਦੇ ਜਨਮ ਦਿਨ ਮੌਕੇ ਪਰਿਵਾਰ ਵੱਲੋਂ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸਕੂਲ ਮੁਖੀ ਨੇ ਕਿਹਾ ਕਿ ਕੁਝ ਇਨਸਾਨ ਆਪਣੇ ਚੰਗੇ ਕਰਮਾਂ ਦੀ ਅਜਿਹੀ ਛਾਪ ਛੱਡ ਜਾਂਦੇ ਹਨ ਕਿ ਉਨ੍ਹਾਂ ਦਾ ਜੱਗ 'ਤੇ ਆਉਣਾ ਸਫਲਾ ਹੋ ਜਾਂਦਾ ਹੈ। ਸਵ: ਧੀਰਜ ਕੁਮਾਰ ਅਜਿਹੀ ਸ਼ਖ਼ਸੀਅਤ ਦੇ ਮਾਲਕ ਸਨ, ਜਿਨ੍ਹਾਂ ਨੇ ਸਮਾਜ ਪ੍ਰਤੀ ਕੀਤੇ ਚੰਗੇ ਕਾਰਜਾਂ ਦੇ ਸਦਕਾ ਆਪਣੀ ਧਾਂਕ ਜਮਾ ਕੇ ਰੱਖੀ। ਸੇਵਾਕਾਲ ਦੌਰਾਨ ਉਨ੍ਹਾਂ ਵੱਲੋਂ ਸ਼ਲਾਘਾਯੋਗ ਕੰਮਾਂ ਨੂੰ ਦੇਖਦਿਆਂ ਉਨ੍ਹਾਂ ਨੂੰ ਕਈ ਸਨਮਾਨ ਪ੍ਰਾਪਤ ਹੋਏ।

ਇਸ ਮੌਕੇ ਪਰਿਵਾਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੋਵਾਂ ਸਕੂਲਾਂ ਦੇ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਤੋਂ ਇਲਾਵਾ ਟਰਾਫੀਆਂ ਤੇ ਕਾਪੀਆਂ, ਪੈੱਨ ਵੀ ਵੰਡੇ ਗਏ ਅਤੇ ਲਗਭਗ 35 ਵਿਦਿਆਰਥੀਆਂ ਨੂੰ ਪ੍ਰਸੰਸਾ ਵਜੋਂ ਕਾਪੀਆਂ ਤੇ ਪੈੱਨ ਦੇ ਸੈੱਟ ਦਿੱਤੇ ਗਏ। ਉਨ੍ਹਾ ਸਕੂਲ ਦੀ ਬਿਹਤਰੀ ਲਈ 11000 ਰੁਪਏ ਦੀ ਨਕਦ ਰਾਸ਼ੀ ਵੀ ਪ੍ਰਬੰਧਕਾਂ ਨੂੰ ਭੇਟ ਕੀਤੀ।

# ਕੌਮੀ ਲੋਕ ਅਦਾਲਤ 'ਚ 710 ਕੇਸਾਂ ਦਾ ਮੌਕੇ 'ਤੇ ਨਿਪਟਾਰਾ

**ਕਰੀਬ 3,70,67087 ਕਰੋੜ ਦੇ ਅਵਾਰਡ ਪਾਸ ਕੀਤੇ**



**ਨਾਭਾ (ਪੱਤਰ ਪ੍ਰੇਰਕ)**-ਜ਼ਿਲ੍ਹਾ ਤੇ ਸੈਸ਼ਨ ਜੱਜ ਪਟਿਆਲਾ ਸ੍ਰੀਮਤੀ ਰੁਪਿੰਦਰ ਚਾਹਲ ਚੇਅਰਪਰਸਨ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਸ੍ਰੀਮਤੀ ਮਨੀ ਅਰੋੜਾ ਸੀ ਜੇ ਐੱਮ-ਕਮ-ਸੈਕਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੀ ਅਗਵਾਈ ਹੇਠ ਜੁਡੀਸ਼ੀਅਲ ਕੋਰਟ ਕੰਪਲੈਕਸ ਨਾਭਾ ਵਿਖੇ ਉੱਪ-ਮੰਡਲ ਪੱਧਰ 'ਤੇ ਦੋ ਕੌਮੀ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚੋਂ ਇੱਕ ਕੌਮੀ ਬੈਂਚ ਦੀ ਪ੍ਰਧਾਨਗੀ ਸ੍ਰੀਮਤੀ ਅਨੁਰਾਧਾ ਚੇਅਰਪਰਸਨ ਸਬ-ਡਵੀਜ਼ਨ ਕਾਨੂੰਨੀ ਸੇਵਾਵਾਂ ਅਥਾਰਟੀ-ਕਮ-ਵਧੀਕ ਸਿਵਲ ਜੱਜ ਸੀਨੀਅਰ ਡਵੀਜ਼ਨ ਨਾਭਾ ਤੇ ਦੂਜੇ ਬੈਂਚ ਦੀ ਪ੍ਰਧਾਨਗੀ ਸ੍ਰੀ ਬਲਕਾਰ ਸਿੰਘ ਸਿਵਲ ਜੱਜ ਜੂਨੀਅਰ ਡਵੀਜ਼ਨ ਨਾਭਾ ਨੇ ਕੀਤੀ। ਇਸ ਕੌਮੀ ਲੋਕ ਅਦਾਲਤ ਵਿੱਚ ਦੀਵਾਨੀ ਤੇ ਸਮਝੌਤਾ ਯੋਗ ਫੌਜਦਾਰੀ, ਟ੍ਰੈਫਿਕ ਚਲਾਨ, ਬੈਂਕਾਂ ਦੇ ਕੇਸ ਆਦਿ ਸੁਣਵਾਈ ਲਈ ਪੇਸ਼ ਹੋਏ, ਜਿਨ੍ਹਾਂ ਵਿੱਚੋਂ ਜ਼ਿਆਦਾਤਾਰ ਕੇਸਾਂ ਦੇ ਆਪਸੀ ਸਮਝੌਤੇ ਕਰਵਾ ਕੇ ਫੈਸਲੇ ਕਰਵਾ ਦਿੱਤੇ ਗਏ। ਇਨ੍ਹਾਂ ਕੌਮੀ ਲੋਕ ਅਦਾਲਤਾਂ ਵਿੱਚ ਕੁੱਲ 1191 ਕੇਸ ਸੁਣਵਾਈ ਲਈ ਪੇਸ਼ ਹੋਏ, ਜਿਨ੍ਹਾਂ ਵਿੱਚੋਂ 710 ਕੇਸਾਂ ਦੇ ਆਪਸੀ ਸਮਝੌਤਿਆਂ ਰਾਹੀਂ ਫੈਸਲੇ ਕਰਵਾਏ ਗਏ ਤੇ ਕਰੀਬ 37067087 ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਇਸ ਮੌਕੇ ਜੀਓਂ ਬੁੱਟੀ ਪੀ ਐੱਲ ਵੀ ਫਰੰਟ ਨਾਭਾ ਵੱਲੋਂ ਲੋਕ ਅਦਾਲਤ ਵਿੱਚ ਆਏ ਲੋਕਾਂ ਨੂੰ ਕਾਨੂੰਨੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਤੇ ਪੈਫਲਿਟ ਵੀ ਵੰਡੇ ਗਏ।

## ਭਰਪੂਰ ਸਿੰਘ ਗੁਦਰਾਣਾ ਦਾ ਦੇਹਾਂਤ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਜਨਾਇਕ ਜੰਤਾ ਪਾਰਟੀ ਦੇ ਸੀਨੀਅਰ ਸੂਬਾ ਜਰਨਲ ਸਕੱਤਰ ਭਰਪੂਰ ਸਿੰਘ ਗਦੁਰਾਣਾ ਦੇ ਅਚਾਨਕ ਸਦੀਵੀ ਵਿਛੋੜੇ 'ਤੇ ਜੇਜੇਪੀ ਦੇ ਰਾਸ਼ਟਰੀ ਪ੍ਰਧਾਨ ਚੌਧਰੀ ਅਜੈ ਸਿੰਘ ਚੌਟਾਲਾ, ਹਰਿਆਣਾ ਦੇ ਉਪ ਮੁੱਖ ਮੰਤਰੀ ਮੁੱਖ ਮੰਤਰੀ ਦੁਸ਼ਿਅੰਤ ਚੌਟਾਲਾ ਦਾ ਕਹਿਣਾ ਹੈ ਕਿ ਉਨ੍ਹਾਂ ਤੇ ਹੱਥੋਂ ਜੇਜੇਪੀ ਦਾ ਇਕ ਨਿਸ਼ਟਾਵਾਨ ਆਗੂ ਖੁਸ਼ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪਾਰਟੀ ਲਈ ਨਾਂ ਪੂਰਾ ਹੋਣ ਵਾਲਾ ਘਾਟਾ ਹੈ। ਇਸੇ ਤਰ੍ਹਾਂ ਜੇਜੇਪੀ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮਸੀਤਾਂ, ਸ਼ਗਨਜੀਤ ਸਿੰਘ ਕੁਰਗਾਂਵਾਲੀ ਰਣਦੀਪ ਸਿੰਘ ਮੱਟਦਾਦੂ, ਭਾਜਪਾ ਆਗੂ ਹਰਦਿਆਲ ਸਿੰਘ ਗੁਦਰਾਣਾ, ਆਪ ਆਗੂ ਕੁਲਦੀਪ ਸਿੰਘ ਗੁਦਰਾਣਾ, ਰਾਸ਼ਟਰੀ ਗੁਥਾਲਿਆਂ ਸਭਾ ਹਰਿਆਣਾ (ਰਜਿ:) ਦੇ ਪ੍ਰਧਾਨ ਮਾ: ਸੁਰਿੰਦਰ ਪਾਲ ਸਿੰਘ, ਪੱਤਰਕਾਰ ਭੁਪਿੰਦਰ ਪੰਨੀਵਾਲੀਆਂ, ਐਡਵੋਕੈਟ ਗੁਰਮੀਤ ਸਿੰਘ ਖਾਲਸਾ, ਇਨੈਲੋ ਆਗੂ ਕਸ਼ਮੀਰ ਸਿੰਘ ਕਰੀਵਾਲਾ, ਜਸਵਿੰਦਰ ਸਿੰਘ ਬਿੰਦੂ ਸਮੇਤ ਵੱਖ ਵੱਖ ਪਾਰਟੀਆਂ ਦੇ ਕਈ ਆਗੂਆਂ ਨੇ ਭਰਪੂਰ ਸਿੰਘ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਦੀ ਰਿਟਾਇਰ ਅਧਿਆਪਕਾ ਸੁਪਤਨੀ ਬੀਬਾ ਹਰਜੀਤ ਕੌਰ, ਸਪੁੱਤਰ ਅਮਨਦੀਪ ਸਿੰਘ ਸਮੇਤ ਸਮੁੱਚੇ ਪਰਿਵਾਰ ਨਾਲ ਗਹਿਰੇ ਰੰਜੋਗਮ ਦਾ ਇਜ਼ਹਾਰ ਕੀਤਾ।

# ਟ੍ਰੀਟਮੈਂਟ ਪਲਾਂਟ ਦਾ ਕੰਮ ਮੁਕੰਮਲ ਕਰ ਛੱਡਿਆ ਪਾਣੀ



**ਅਜੀਤਵਾਲ (ਨਛੱਤਰ ਸੰਧੂ)**-ਪਿੰਡ ਰਾਮੂੰਵਾਲਾ ਨਵਾਂ ਵਿਖੇ ਸਰਪੰਚ ਕੰਚਨ ਕੌਰ ਤੇ ਉਨ੍ਹਾ ਦੇ ਪਤੀ ਚਮਕੌਰ ਸਿੰਘ, ਪੰਚਾਇਤ ਮੈਂਬਰਾਂ ਦੀ ਅਗਵਾਈ ਹੇਠ ਥਾਪਰ ਮਾਡਲ ਤਹਿਤ ਛੱਪੜ ਦੇ ਨਵੀਨੀਕਰਨ ਦਾ ਕੰਮ ਟ੍ਰੀਟਮੈਂਟ ਪਲਾਂਟ ਬਣਾ ਕੇ ਨੇਪਰੇ ਚਾੜ੍ਹਨ ਉਪਰੰਤ ਖੂਹਾਂ 'ਚ ਪਾਣੀ ਛੱਡਿਆ ਗਿਆ। ਇਸ ਮੌਕੇ ਸਰਪੰਚ ਚਮਕੌਰ ਸਿੰਘ ਨੇ ਦੱਸਿਆ ਕਿ ਇਹ ਕੰਮ ਗੁਲਵੰਤ ਕਾਂਤੀ, ਗੁਰਮੀਤ ਕਾਕਾ ਨੰਬਰਦਾਰ, ਸੁਖਜਿੰਦਰ ਸਿੰਘ, ਰਾਮ ਸਿੰਘ, ਹਰਦੇਵ ਸਿੰਘ, ਜਸਵੀਰ ਕੌਰ, ਕਰਮਜੀਤ ਕੌਰ, ਸੁਰਜੀਤ ਕੌਰ, ਜਸਵੀਰ ਕੌਰ ਸਾਰੇ ਪੰਚਾਂ ਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਮੁਕੰਮਲ ਕੀਤਾ ਗਿਆ ਹੈ, ਕਿਉਂਕਿ ਪਹਿਲਾਂ ਛੱਪੜ ਦੀ ਗੰਦਗੀ ਦੀ ਬਦਬੂ ਕਾਰਨ ਬਹੁਤ ਮੁਸ਼ਕਲ ਆਉਂਦੀ ਸੀ। ਇਸ ਮੌਕੇ ਬਲਦੇਵ ਸਿੰਘ ਵਾਰੰਟ ਅਫਸਰ ਨੇ ਕਿਹਾ ਕਿ ਸਮੁੱਚੀ ਗ੍ਰਾਮ ਪੰਚਾਇਤ ਨੇ ਨਗਰ ਦੇ ਵੱਡੇ ਕੰਮ ਨੇਪਰੇ ਚਾੜ੍ਹ ਕੇ ਵਿਕਾਸ ਕੀਤਾ ਹੈ, ਇਸ ਲਈ ਅਜਿਹੇ ਸਰਪੰਚ ਤੇ ਪੰਚਾਂ ਨੂੰ ਇੱਕ ਮੌਕਾ ਹੋਰ ਦੇਣਾ ਚਾਹੀਦਾ ਹੈ। ਇਕੱਤਰ ਨਗਰ ਵਾਸੀਆਂ ਨੇ ਇਸ ਵੱਡੇ ਪ੍ਰਜੈਕਟ ਨੂੰ ਨੇਪਰੇ ਚਾੜ੍ਹਨ ਲਈ ਗ੍ਰਾਮ ਪੰਚਾਇਤ ਦੀ ਸ਼ਲਾਘਾ ਕੀਤੀ। ਇਸ ਮੌਕੇ ਖੁਸ਼ੀ 'ਚ ਲੱਡੂ ਵੀ ਵੰਡੇ ਗਏ। ਇਸ ਮੌਕੇ ਗੁਰਮੀਤ ਕਾਕਾ ਨੰਬਰਦਾਰ, ਗੁਲਵੰਤ ਕਾਂਤੀ, ਸੁਖਜਿੰਦਰ ਸਿੰਘ, ਭਜਨ ਸਿੰਘ, ਸੁਖਮੰਦਰ ਸਿੰਘ, ਚਾਨਣ ਸਿੰਘ ਸਾਰੇ ਪੰਚ, ਮਨਪ੍ਰੀਤ ਪੀਤਾ, ਜਿੰਦਰ ਬਾਰਵਾਲਾ, ਸੁਖਦੀਪ ਸਿੰਘ, ਸਾਧੂ ਭੰਗੇ ਕਾ, ਹਰਦੀਪ ਗੋਰਾ, ਰਣਜੀਤ ਕੌਰ, ਗੁਰਮੀਤ ਕੌਰ, ਪਰਮਜੀਤ ਕੌਰ, ਸੁਖਵਿੰਦਰ ਕੌਰ, ਹਰਦੀਪ ਹੀਪਾ ਆਦਿ ਹਾਜ਼ਰ ਸਨ।

## ਮਿਸ਼ਨ ਆਗੂਆਂ ਨੇ ਹਰਬੰਸ ਪਟਵਾਰੀ ਨਾਲ ਦੁੱਖ ਸਾਂਝਾ ਕੀਤਾ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸੇਵਾਮੁਕਤ ਪਟਵਾਰੀ ਹਰਬੰਸ ਸਿੰਘ ਦੀ ਧਰਮ ਪਤਨੀ ਨਰਿੰਦਰ ਕੌਰ (62) ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਉਹ ਆਪਣੇ ਪਿੱਛੇ ਪਤੀ ਦੋ ਸ਼ਾਦੀਸ਼ੁਦਾ ਬੇਟੇ ਰਾਜਦੀਪ ਸਿੰਘ ਤੇ ਮਨਦੀਪ ਸਿੰਘ ਛੱਡ ਗਏ ਹਨ। ਦੋਹਾਂ ਬੇਟਿਆਂ ਦਾ ਅੱਛਾ ਖਾਸਾ ਬਿਜਨੈੱਸ ਹੈ। ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਅਤੇ ਪ੍ਰਮੁੱਖ ਵਿਅਕਤੀਆਂ ਵੱਲੋਂ ਪਟਵਾਰੀ ਪਰਵਾਰ ਨਾਲ ਦੁੱਖ ਪ੍ਰਗਟ ਕੀਤਾ ਗਿਆ ਹੈ। ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ, ਚੇਅਰਮੈਨ ਇੰਜ. ਅਸ਼ੋਕ ਕੁਮਾਰ ਭਾਰਤੀ, ਮੁੱਖ ਸਲਾਹਕਾਰ ਜਗਦੀਸ਼ ਚੰਦਰ ਧਵਾਲ, ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ ਤੇ ਮੀਤ ਪ੍ਰਧਾਨ ਡਾ. ਸੁਰਿੰਦਰ ਗਿਰਧਰ ਨੇ ਹਰਬੰਸ ਸਿੰਘ ਪਟਵਾਰੀ ਦੇ ਗ੍ਰਹਿ ਵਿਖੇ ਜਾ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਪਟਵਾਰੀ ਦੇ ਵੱਡੇ ਭਰਾ ਹਰਦੀਪ ਸਿੰਘ ਤੱਬੀ ਸਮੇਤ ਰਮਨਦੀਪ ਸਿੰਘ ਤੇ ਹਰਪ੍ਰੀਤ ਸਿੰਘ (ਦੋਵੇਂ ਭਤੀਜੇ) ਨਿਰਮਲ ਸਿੰਘ ਅਤੇ ਨੌਨਿਹਾਲ ਸਿੰਘ ਆਦਿ ਮੌਜੂਦ ਸਨ। ਸਵ. ਨਰਿੰਦਰ ਕੌਰ ਨਮਿਤ ਅੰਤਿਮ ਅਰਦਾਸ ਤੇ ਪਾਠ ਦਾ ਭੋਗ ਆਉਂਦੇ 13 ਸਤੰਬਰ ਨੂੰ ਬਠਿੰਡਾ ਰੋਡ ਸਥਿਤ ਸ਼ਾਂਤੀ ਭਵਨ ਵਿਖੇ ਦੁਪਹਿਰ ਦੇ 12:00 ਤੋਂ 1:00 ਵਜੇ ਤੱਕ ਪਵੇਗਾ।

# ਚੋਣਾਂ ਸੰਬੰਧੀ 'ਆਪ' ਦੇ ਵਲੰਟੀਅਰਜ਼ ਦੀ ਵਿਧਾਇਕ ਦੇ ਦਫ਼ਤਰ ਹੋਈ ਮੀਟਿੰਗ

**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**



ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਵਿੱਚ ਵੱਖ-ਵੱਖ ਪਾਰਟੀ ਵਲੰਟੀਅਰ ਦੀ ਅਹਿਮ ਮੀਟਿੰਗ ਹੋਈ, ਜਿਸ ਵਿੱਚ ਹਲਕਾ ਕੋਆਰਡੀਨੇਟਰ ਗੁਰਵਿੰਦਰ ਸਿੰਘ ਢਿੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਪਾਰਟੀ ਵਲੰਟੀਅਰਾਂ ਨਾਲ ਆਉਣ ਵਾਲੀਆਂ ਚੋਣਾਂ ਦੇ ਸਬੰਧ ਵਿੱਚ ਮੀਟਿੰਗ ਕੀਤੀ ਗਈ ਅਤੇ ਵਲੰਟੀਅਰਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਗਈਆਂ। ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਪਾਰਟੀ ਵਲੰਟੀਅਰਾਂ ਦੀ ਮਿਹਨਤ ਸਦਕਾ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਆਈ ਸੀ। ਉਨ੍ਹਾਂ ਦੀ ਮਿਹਨਤ ਨੂੰ ਕਦੇ ਵੀ ਅੱਖੋ ਪਰੋਖੇ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਗੁਰਵਿੰਦਰ ਸਿੰਘ ਢਿੱਲੋਂ ਨੂੰ ਹਲਕਾ ਅਮਲੋਹ ਦਾ ਕੋਆਰਡੀਨੇਟਰ ਲਾ ਕੇ ਵੱਡਾ ਮਾਣ ਬਖ਼ਸ਼ਿਆ ਗਿਆ ਹੈ ਅਤੇ ਉਨ੍ਹਾਂ ਨੂੰ ਹਲਕੇ ਦੇ ਵਲੰਟੀਅਰਜ ਅਤੇ ਮੇਰੇ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਕੋਆਰਡੀਨੇਟਰ ਗੁਰਵਿੰਦਰ ਸਿੰਘ ਢਿੱਲੋਂ ਵੱਲੋਂ ਵਲੰਟੀਅਰਾਂ ਨੂੰ ਪਾਰਟੀ ਦੀਆਂ ਨੀਤੀਆਂ ਬਾਰੇ ਜਾਣੂ ਕਰਾਇਆ ਗਿਆ ਅਤੇ ਆਉਣ ਵਾਲੀਆਂ ਚੋਣਾਂ ਨੂੰ ਲੈਕੇ ਕਮਰਕੱਸੇ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਸੀਨੀਅਰ ਆਗੂ ਮਨਿੰਦਰ ਸਿੰਘ ਮਨੀ ਬੜਿੰਗ, ਬਲਾਕ ਪ੍ਰਧਾਨ ਹਰਜੀਤ ਸਿੰਘ ਬੈਣਾ, ਪ੍ਰਧਾਨ ਦਰਸਨ ਸਿੰਘ ਚੀਮਾ, ਸ਼ਹਿਰੀ ਪ੍ਰਧਾਨ ਸਿਕੰਦਰ ਸਿੰਘ ਗੋਗੀ, ਆੜ੍ਹਤੀਆ ਐਸੋਸੀਏਸ਼ਨ ਅਮਲੋਹ ਦੇ ਪ੍ਰਧਾਨ ਪਰਮਵੀਰ ਸਿੰਘ ਮਾਂਗਟ, ਚੇਅਰਪਰਸਨ ਸੁਖਵਿੰਦਰ ਕੌਰ ਗਹਿਲੋਤ, ਪ੍ਰਧਾਨ ਹਰਜੀਤ ਬੈਣਾ, ਬੀ ਸੀ ਵਿੰਗ ਪ੍ਰਧਾਨ ਦਰਸ਼ਨ ਸਿੰਘ ਭੱਦਲਥੂਹਾ, ਸਟੇਟ ਜੁਆਇੰਟ ਸਕੱਤਰ ਮਨਿੰਦਰ ਭੁੱਟੋ, ਚਰਨਜੀਤ ਸਿੰਘ ਨੂਰਪੁਰਾ ਆਦਿ ਮੌਜੂਦ ਸਨ।

## ਕੌਮੀ ਲੋਕ ਅਦਾਲਤ 'ਚ 1084 ਕੇਸਾਂ ਦਾ ਨਿਪਟਾਰਾ



**ਮਲੋਟ (ਗੁਰਮੀਤ ਸਿੰਘ ਮੱਕੜ)**

ਪੰਜਾਬ ਰਾਜ ਲੀਗਲ ਸਰਵਿਸ ਅਥਾਰਟੀ ਮੋਹਾਲੀ ਦੀਆਂ ਹਦਾਇਤਾਂ ਤੇ ਸ਼੍ਰੀ ਰਾਜ ਕੁਮਾਰ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਲੀਗਲ ਸਰਵਿਸ ਅਥਾਰਟੀ ਸ਼੍ਰੀ ਮੁਕਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਅਤੇ ਮੈਡਮ ਹਰਪ੍ਰੀਤ ਕੌਰ ਸਕੱਤਰ ਜ਼ਿਲ੍ਹਾ ਲੀਗਲ ਸਰਵਿਸ ਅਥਾਰਟੀ ਸ਼੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਕੋਰਟ ਕੰਪਲੈਕਸ ਮਲੋਟ ਵਿਖੇ 09 ਸਤੰਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਗਈ। ਲੋਕ ਅਦਾਲਤ ਦੌਰਾਨ ਐੱਸ.ਡੀ.ਜੇ.ਐੱਮ-ਕਮ-ਐਡੀਸ਼ਨਲ ਸਿਵਲ ਜੱਜ ਸੀਨੀਅਰ ਡਵੀਜ਼ਨ ਨੀਰਜ ਗੋਇਲ ਤੇ ਜੇ.ਐਮ.ਆਈ.ਸੀ-ਕਮ-ਸਿਵਲ ਜੱਜ ਜੂਨੀਅਰ ਡਿਵੀਜ਼ਨ ਮਲੋਟ ਦਿਲਸ਼ਾਦ ਕੌਰ ਦੀ ਅਦਾਲਤ ਦੇ ਦੋ ਬੈਂਚਾਂ ਦਾ ਗਠਨ ਕੀਤਾ ਗਿਆ, ਜਿਸ ਵਿੱਚ ਰਾਜ਼ੀਨਾਮਾ ਹੋਣ ਯੋਗ ਫੌਜਦਾਰੀ ਮਾਮਲਿਆਂ ਤੋਂ ਇਲਾਵਾ ਪਾਰਟੀਆਂ ਦੀ ਸਹਿਮਤੀ ਨਾਲ ਚੈੱਕ ਬਾਊਂਸ ਕੇਸ, ਬੈਂਕ ਰਿਕਵਰੀ ਕੇਸ, ਝਗੜੇ ਸਬੰਧੀ, ਜ਼ਮੀਨ ਜਾਇਦਾਦ ਸਬੰਧੀ ਕੇਸ, ਟ੍ਰੈਫਿਕ ਚਲਾਨ ਤੇ ਹੋਰ ਸਿਵਲ ਕੇਸਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ। ਇਸ ਦੌਰਾਨ ਕੁੱਲ ਆਏ 1153 ਕੇਸਾਂ ਵਿੱਚੋਂ 1084 ਕੇਸਾਂ ਦਾ ਮੌਕੇ 'ਤੇ ਨਿਪਟਾਰਾ ਕਰ 4 ਕਰੋੜ, 20 ਲੱਖ, 54 ਹਜ਼ਾਰ, 958 ਰੁਪਏ ਦੀ ਰਿਕਵਰੀ ਕੀਤੀ ਗਈ।

# ਮੈਡੀਕਲ ਪ੍ਰੈਕਟੀਸ਼ਨਰ ਐਸੋ. ਦੀ ਬਲਾਕ ਪੱਧਰੀ ਮੀਟਿੰਗ 'ਚ ਅਹਿਮ ਵਿਚਾਰਾਂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਪੰਡੋਰੀ ਗਰੁੱਪ ਦੀ ਵੱਖ ਵੱਖ ਮੁੱਦਿਆਂ 'ਤੇ ਵਿਸ਼ੇਸ਼ ਮੀਟਿੰਗ ਬਲਾਕ ਪ੍ਰਧਾਨ ਡਾ: ਦਲਵਾਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾ: ਬੀ ਐੱਲ ਬਾਂਸਲ ਰਾਏਕੋਟ, ਡਾ: ਗੀਤਕਾ ਬਾਂਸਲ ਨੇ ਕਿਹਾ ਕਿ ਸਾਨੂੰ ਹਰ ਇੱਕ ਨੂੰ ਬਿਮਾਰੀ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ, ਕਿਉਂਕਿ ਬਿਮਾਰੀਆਂ ਇੰਨੀਆਂ ਜ਼ਿਆਦਾ ਵਧ ਚੁੱਕੀਆਂ ਹਨ, ਉਨ੍ਹਾਂ ਦੀ ਰੋਕਥਾਮ ਲਈ ਧਿਆਨ ਦੀ ਲੋੜ ਹੈ। ਇਸ ਮੌਕੇ ਸਰਪ੍ਰਸਤ ਅਮਰਜੀਤ ਸਿੰਘ ਕਾਲਸਾਂ, ਚੇਅਰਮੈਨ ਕੇਸਰ ਖਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਨੇ ਚੋਣਾਂ ਵੇਲੇ ਮੈਡੀਕਲ ਪ੍ਰੈਕਟੀਸ਼ਨਰਜ਼ ਨੂੰ ਵਿਸ਼ਵਾਸ ਦਿਵਾਇਆ ਸੀ ਕਿ ਚੋਣਾਂ ਜਿੱਤਣ ਤੋਂ ਬਾਅਦ ਤੁਹਾਡਾ ਮਸਲਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ, ਹੁਣ ਸੂਬਾ ਸਰਕਾਰ ਪਿੰਡਾਂ 'ਚ ਗਰੀਬ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਵਾਲੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਜਾਣ ਬੁੱਝ ਕੇ ਖੱਜਲ ਖੁਆਰ ਕਰ ਰਹੀ ਹੈ। ਉਨ੍ਹਾਂ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਕੰਮ ਸਾਫ ਸੁਥਰਾ ਤੇ ਨਸ਼ਾ ਰਹਿਤ ਕਰਨ। ਆਗੂਆਂ ਨੇ ਆਖਿਆ ਕਿ ਸੂਬੇ ਅੰਦਰ ਨਸ਼ਿਆਂ ਦਾ ਕਾਲਾ ਧੰਦਾ ਧੜੱਲੇ ਨਾਲ ਚੱਲ ਰਿਹਾ। ਇਸ ਨੂੰ ਰੋਕਣ ਲਈ ਸਾਰਿਆਂ ਨੂੰ ਇੱਕ ਹੋਣਾ ਸਮੇਂ ਦੀ ਮੁੱਖ ਲੋੜ ਹੈ। ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਲੋਕਾਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕਰਨ ਲਈ 30 ਸਤੰਬਰ ਨੂੰ ਸੈਮੀਨਾਰ ਕੀਤਾ ਜਾਵੇਗਾ, ਜਿਸ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਚੱਲ ਰਹੀਆਂ ਹਨ। ਇਸ ਮੌਕੇ ਨਿਰਭੈ ਸਿੰਘ ਨਿਹਾਲੂਵਾਲ, ਗੁਰਮੀਤ ਸਿੰਘ ਦੀਵਾਨਾ, ਮੇਜਰ ਸਿੰਘ ਛਾਪਾ, ਜਸਵੰਤ ਸਿੰਘ, ਗੁਰਮੀਤ ਸਿੰਘ ਗਹਿਲ, ਕੇਵਲ ਸਿੰਘ ਜਲਾਲਦੀਵਾਲ, ਗੁਰਚਰਨ ਸਿੰਘ ਹੁੰਝਣ, ਸੋਮ ਨਾਥ, ਬਚਿੱਤਰ ਸਿੰਘ, ਰਵਿੰਦਰ ਕੁਮਾਰ, ਬਲੌਰ ਸਿੰਘ, ਹਰੀ ਸਿੰਘ ਮੂੰਮ, ਬੇਅੰਤ ਸਿੰਘ ਮੂੰਮ, ਇੰਦਰਜੀਤ ਸਿੰਘ, ਸ਼ਿਵਚਰਨ ਸਿੰਘ, ਕੇਵਲ ਸਿੰਘ, ਬਲਵੀਰ ਸਿੰਘ, ਜੰਗ ਬਹਾਦਰ ਸਿੰਘ ਆਦਿ ਹਾਜ਼ਰ ਸਨ।

# ਪਾਵਰਕਾਮ ਪੈਨਸ਼ਨਰਜ਼ ਮੰਗਾਂ ਸੰਬੰਧੀ ਸੂਬਾ ਪੱਧਰੀ ਧਰਨਾ 4 ਨੂੰ ਪਟਿਆਲਾ 'ਚ

**ਸਮਰਾਲਾ (ਸੁਰਜੀਤ ਸਿੰਘ)**



ਪਾਵਰਕਾਮ ਤੇ ਟਰਾਂਸਕੋ ਮੰਡਲ ਸਮਰਾਲਾ ਦੇ ਪੈਨਸ਼ਨਰਾਂ ਦੀ ਮਹੀਨਾਵਾਰ ਮੀਟਿੰਗ ਸਿਕੰਦਰ ਸਿੰਘ ਮੰਡਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਭ ਤੋਂ ਪਹਿਲਾਂ ਪਿਛਲੇ ਸਮੇਂ ਵਿਛੋੜਾ ਦੇ ਗਏ ਸਾਥੀ ਸਚਿੰਦਰ ਕੁਮਾਰ ਬਰਵਾਲੀ ਤੇ ਮੁਖਤਿਆਰ ਕੌਰ ਵਿਧਵਾ ਸਵ. ਆਤਮਾ ਸਿੰਘ ਸਮਸ਼ਪੁਰ ਨੂੰ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਮੀਟਿੰਗ ਵਿੱਚ ਪੈਂਸ਼ਨਰਜ਼ ਦੇ ਭਖਦੇ ਮਸਲੇ ਜਿਵੇਂ ਬਿਜਲੀ ਦੀ ਵਰਤੋਂ ਵਿੱਚ ਰਿਆਇਤ ਦੇਣਾ, ਪੇ ਸਕੇਲ ਸੋਧਣਾ, ਡੀ.ਏ. ਦੀਆਂ ਪੈਂਡਿੰਗ ਕਿਸ਼ਤਾਂ ਦੇਣਾ ਅਤੇ ਬਕਾਏ ਜਾਰੀ ਕਰਨਾ, ਕੈਸ਼ਲੈਸ ਮੈਡੀਕਲ ਸਕੀਮ ਚਾਲੂ ਕਰਨਾ, ਮੈਡੀਕਲ ਬਿੱਲ ਸਮੇਂ ਸਿਰ ਪਾਸ ਕਰਨਾ ਤੇ ਪੈਨਸ਼ਰਜ਼ ਨੂੰ ਆ ਰਹੀਆਂ ਔਕੜਾਂ ਸਬੰਧੀ ਵਿਚਾਰਾਂ ਕੀਤੀਆਂ ਗਈਆਂ।

ਇੰਜ. ਸੁਖਦਰਸ਼ਨ ਸਿੰਘ ਸਕੱਤਰ ਨੇ ਦੱਸਿਆ ਕਿ ਪੈਨਸ਼ਨਰ ਐਸੋਸੀਏਸ਼ਨ ਦੀ ਸੂਬਾ ਪੱਧਰੀ ਜਥੇਬੰਦੀ ਵੱਲੋਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਵਿੱਢਿਆ ਗਿਆ ਹੈ, ਕਿਉਂਕਿ ਪਾਵਰਕਾਮ ਮੈਨੇਜਮੈਂਟ ਸਮੇਂ-ਸਮੇਂ 'ਤੇ ਮੀਟਿੰਗਾਂ ਵਿੱਚ ਮੰਨੀਆਂ ਗਈਆਂ ਮੰਗਾਂ ਨੂੰ ਲਾਗੂ ਕਰਨ ਤੋਂ ਟਾਲ-ਮਟੋਲ ਕਰ ਰਹੀ ਹੈ। ਇਸ ਲਈ ਸੰਘਰਸ਼ ਦੀ ਕੜੀ ਵਿੱਚ ਪਹਿਲਾਂ ਚਾਰ ਮੰਤਰੀਆਂ ਦੇ ਘਰਾਂ ਅੱਗੇ ਧਰਨੇ ਦਿੱਤੇ ਜਾਣਗੇ ਅਤੇ 4 ਅਕਤੂਬਰ ਨੂੰ ਪਟਿਆਲਾ ਹੈਡ ਆਫ਼ਿਸ ਦੇ ਸਾਹਮਣੇ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ।

ਮੀਟਿੰਗ ਵਿੱਚ ਧਰਨੇ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਇੰਜ. ਪ੍ਰੇਮ ਸਿੰਘ ਸਾਬਕਾ ਐਸ.ਡੀ.ਓ., ਇੰਜ. ਜੁਗਲ ਕਿਸ਼ੋਰ ਸਾਹਨੀ ਸਹਾਇਕ ਸਕੱਤਰ, ਰਜਿੰਦਰਪਾਲ ਵਡੇਰਾ ਡਿਪਟੀ ਸੀ.ਏ.ਓ., ਜਗਤਾਰ ਸਿੰਘ ਪ੍ਰੈਸ ਸਕੱਤਰ, ਜਸਵੰਤ ਸਿੰਘ ਢੰਡਾ, ਭੁਪਿੰਦਰਪਾਲ ਚਹਿਲਾਂ, ਸੁਰਜੀਤ ਵਿਸ਼ਾਦ, ਇੰਜ. ਦਰਸ਼ਨ ਸਿੰਘ ਵਿੱਤ ਸਕੱਤਰ, ਦਰਸ਼ਨ ਸਿੰਘ ਕੋਟਾਲਾ, ਹਰਪਾਲ ਸਿੰਘ ਸਿਹਾਲਾ ਆਦਿ ਨੇ ਆਪਣੇ ਵਿਚਾਰ ਰੱਖੇ ਤੇ 4 ਅਕਤੂਬਰ ਦੇ ਹੈਡ ਆਫ਼ਿਸ ਸਾਹਮਣੇ ਧਰਨੇ ਨੂੰ ਕਾਮਯਾਬ ਕਰਨ ਸਬੰਧੀ ਅਪੀਲਾਂ ਕੀਤੀਆਂ।

ਅਖੀਰ ਵਿੱਚ ਸਿਕੰਦਰ ਸਿੰਘ ਮੰਡਲ ਪ੍ਰਧਾਨ ਵੱਲੋਂ ਮੀਟਿੰਗ ਵਿੱਚ ਸ਼ਾਮਲ ਪੈਸ਼ਨਰਾਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਗਿਆ ਕਿ ਸਰਕਾਰ ਵੱਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਪਟਵਾਰੀਆਂ ਤੇ ਡੀ.ਸੀ. ਦਫਤਰ ਦੇ ਮੁਲਾਜ਼ਮਾਂ ਤੇ ਜੋ ਐਸਮਾ ਲਾਇਆ ਗਿਆ ਹੈ, ਉਸ ਦੀ ਨਿਖੇਧੀ ਕੀਤੀ ਗਈ ਅਤੇ ਦੱਸਿਆ ਗਿਆ ਕਿ ਪਾਵਰ ਕਾਮ ਪੈਨਸ਼ਨਰਾਂ ਵੱਲੋਂ ਸਟੇਟ ਕਮੇਟੀ ਦੇ ਸੱਦੇ 'ਤੇ 4 ਅਕਤੂਬਰ ਨੂੰ ਪਟਿਆਲਾ ਹੈਡ ਆਫ਼ਿਸ ਸਾਹਮਣੇ ਧਰਨਾ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਪਹੁੰਚਣ ਲਈ ਦੋ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ, ਜਿਹੜੀਆਂ ਕਿ ਪਹਿਲਾਂ ਦੀ ਤਰ੍ਹਾਂ ਕਟਾਨੀ ਕਲਾਂ ਤੇ ਮਾਛੀਵਾੜਾ ਸਾਹਿਬ ਤੋਂ ਚੱਲਣਗੀਆਂ ਅਤੇ ਸਮੂਹ ਸਮਰਾਲਾ ਮੰਡਲ ਦੇ ਪੈਨਸ਼ਨਰਾਂ ਨੂੰ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਗਈ ਅਤੇ ਸਰਕਾਰ ਨੂੰ ਚੇਤਵਾਨੀ ਵੀ ਦਿੱਤੀ ਗਈ ਕਿ ਸਾਡਾ ਇਹ ਸੰਘਰਸ਼ ਸ਼ਾਂਤਮਈ ਹੋਵੇਗਾ, ਜੇਕਰ ਕੋਈ ਸਰਕਾਰ ਵੱਲੋਂ ਗੜਬੜੀ ਕਰਵਾਈ ਗਈ ਤਾਂ ਇਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

## ਨੰਬਰਦਾਰ ਯੂਨੀਅਨ ਨੇ ਨਸ਼ਾ ਵਿਰੋਧੀ ਫਰੰਟ ਨਾਲ ਇਕਜੁਟਤਾ ਪ੍ਰਗਟਾਈ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)**-ਲੌਂਗੋਵਾਲ ਇਲਾਕੇ 'ਚ ਚਿੱਟੇ ਵਰਗੇ ਭਿਆਨਕ ਨਸ਼ਿਆਂ ਦੇ ਕਹਿਰ ਤੋਂ ਨੌਜਵਾਨਾਂ ਦੀਆਂ ਜਾਨਾਂ ਬਚਾਉਣ ਲਈ ਸਰਗਰਮ ਨਸ਼ਾ ਵਿਰੋਧੀ ਫਰੰਟ ਵੱਲੋਂ ਲਗਾਤਾਰਤਾ ਨਾਲ ਸਮਾਜ ਵਿਰੋਧੀ ਅਨਸਰਾਂ ਤੇ ਨਸ਼ਾ ਤਸਕਰਾਂ ਖਿਲਾਫ਼ ਸੰਘਰਸ਼ ਕੀਤਾ ਜਾ ਰਿਹਾ ਹੈ।

ਫਰੰਟ ਦੇ ਕਨਵੀਨਰ ਪਿਰਥੀ ਸਿੰਘ ਤੇ ਆਗੂਆਂ ਹਰਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਸਿੱਧੂ, ਕਮਲਜੀਤ ਵਿੱਕੀ, ਬਲਜੀਤ ਬੀਟੀ ਸਿੰਘ, ਜੁਝਾਰ ਲੌਂਗੋਵਾਲ, ਭੋਲਾ ਸਿੰਘ, ਅਮਰਜੀਤ ਸਿੰਘ, ਖੁਸ਼ਪੀਤ ਕੌਰ ਨੇ ਦੱਸਿਆ ਕਿ ਇਸੇ ਲੜੀ ਤਹਿਤ ਇਲਾਕੇ ਦੇ ਸਾਰੇ ਨੰਬਰਦਾਰਾਂ ਨਾਲ ਥਾਣਾ ਲੌਂਗੋਵਾਲ ਵਿਖੇ ਇਕੱਤਰਤਾ ਕੀਤੀ ਗਈ, ਜਿਸ ਵਿੱਚ ਨਸ਼ਿਆਂ ਦੇ ਸੌਦਾਗਰਾਂ ਤੇ ਸਮਾਜ ਵਿਰੋਧੀ ਅਨਸਰਾਂ ਦੀਆਂ ਗਤੀਵਿਧੀਆਂ ਦਾ ਸਖਤ ਨੋਟਿਸ ਲੈਂਦਿਆਂ ਇਸ ਜੰਗ ਨੂੰ ਹੋਰ ਸਖਤੀ ਨਾਲ ਲੜਨ ਦਾ ਫੈਸਲਾ ਕੀਤਾ ਗਿਆ।

ਨੰਬਰਦਾਰ ਯੂਨੀਅਨ ਦੇ ਪਧਾਨ ਪਰਮਜੀਤ ਸਿੰਘ ਕਿਲਾ ਭਰੀਆ ਨੇ ਸੰਬੋਧਨ ਕਰਦਿਆਂ ਫੈਸਲਾ ਕੀਤਾ ਕਿ ਭਵਿੱਖ ਵਿੱਚ ਕੋਈ ਵੀ ਨੰਬਰਦਾਰ ਕਿਸੇ ਵੀ ਨਸ਼ਾ ਤਸਕਰ ਜਾਂ ਸਮਾਜ ਵਿਰੋਧੀ ਅਨਸਰ ਦੀ ਜ਼ਮਾਨਤ ਦਾ ਹਿੱਸਾ ਨਹੀਂ ਬਣੇਗਾ। ਇਸ ਮੌਕੇ ਨੰਬਰਦਾਰ ਦਰਸ਼ਨ ਸਿੰਘ, ਸੁਖਵਿੰਦਰ ਸਿੰਘ ਗਿੱਲ, ਸ਼ੁਕਰਪਾਲ ਸਿੰਘ ਐਮ ਸੀ ਤੇ ਦਰਸ਼ਨ ਸਿੰਘ ਤੋਤਾ ਨੰਬਰਦਾਰ ਆਦਿ ਹਾਜ਼ਰ ਸਨ।

12-Sep-PAGE-8.qxd 9/11/2023 10:39 PM Page 1



# ਪੰਜਾਬ ਵਾਸੀਆਂ ਨੂੰ ਕੌਂਸਲ ਦਿਵਾਏਗੀ ਕੇਂਦਰ ਸਰਕਾਰ ਦੀਆਂ ਕਰਜ਼ਾ ਸੰਬੰਧੀ ਸਕੀਮਾਂ ਦੀ ਜਾਣਕਾਰੀ : ਥਾਪਰ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)**-ਐਮ ਐਸ ਐਮ ਈ ਪ੍ਰਮੋਸ਼ਨ ਕੌਂਸਲ ਇੰਡੀਆ ਦੇ ਰਾਜ ਪੰਜਾਬ ਚੈਅਰਮੈਨ ਸੰਜੀਵ ਥਾਪਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਰਕਟ ਹਾਊਸ ਬਠਿੰਡਾ ਵਿਖੇ ਰਾਸ਼ਟਰੀ ਪੱਧਰ 'ਤੇ ਕਨਵੈਂਸ਼ਨ ਕਰਵਾਈ ਗਈ। ਜਿਸ ਦੌਰਾਨ ਐਮ ਐਸ ਐਮ ਈ ਪ੍ਰਮੋਸ਼ਨ ਕੌਂਸਲ ਦੇ ਸੰਪੂਰਨ ਭਾਰਤ ਦੇ ਚੇਅਰਮੈਨ ਵਿਜੇ ਕੁਮਾਰ ਸੰਬੰਧਿਤ ਉੱਚ ਅਧਿਕਾਰੀਆਂ ਵੱਲੋਂ ਲਾਈਵ ਜੂਮ ਰਾਹੀਂ ਕਨਵੈਂਸ਼ਨ ਵਿੱਚ ਹਾਜਰੀ ਵੀ ਲਗਾਈ ਗਈ। ਵਿਜੇ ਕੁਮਾਰ ਨੇ ਦੱਸਿਆ ਕਿ ਪੰਜਾਬ ਦੇ ਚੇਅਰਮੈਨ ਸੰਜੀਵ ਥਾਪਰ ਸੰਬੰਧਿਤ, ਵਾਇਸ ਚੇਅਰਮੈਨਾਂ, ਪੰਜਾਬ ਦੇ ਜ਼ਿਲ੍ਹਿਆਂ ਦੇ ਸਰਕਲ ਹੈੱਡਾਂ, ਸਰਕਲ ਡਾਇਰੈਕਟਰਾਂ, ਸੀਨੀਅਰ ਡਿਪਟੀ ਡਾਇਰੈਕਟਰਾਂ, ਡਾਇਰੈਕਟਰਾਂ, ਫੀਲਡ ਮੈਨੇਜਰਾਂ ਨੂੰ ਜ਼ਿਲ੍ਹਿਆਂ ਦੇ ਅਧਿਕਾਰਿਆਂ, ਮਨਿਸਟਰੀ ਅਧਿਕਾਰਿਆਂ ਅਤੇ ਮੀਡੀਆ ਅਧਿਕਾਰੀਆਂ ਦਾ ਸਹਿਯੋਗ ਲੈਂਦਿਆਂ ਐਮ ਐਸ ਐਮ ਈ ਪ੍ਰਮੋਸ਼ਨ ਕੌਂਸਲ ਵੱਲੋਂ ਤਨ ਮਨ ਦੇ ਨਾਲ ਪੰਜਾਬ ਵਾਸੀਆਂ ਨੂੰ ਸੈਂਟਰਲ ਲੋਨ ਸੰਬਧੀ ਸਕੀਮਾਂ ਦੀ ਸੰਪੂਰਨ ਜਾਣਕਾਰੀ ਦਿੱਤੀ ਜਾਵੇ ਅਤੇ ਪੰਜਾਬ ਰਾਜ ਦੇ ਬੇਰੋਜਗਾਰਾਂ ਨੂੰ ਕਾਰੋਬਾਰ ਦੇ ਰਾਹ ਵਿਖਾ ਕੇ ਬੇਰੋਜਗਾਰੀ ਨੂੰ ਜੜ੍ਹੋਂ ਖਤਮ ਕੀਤਾ ਜਾਵੇ । ਸੰਜੀਵ ਥਾਪਰ, ਚੇਅਰਮੈਨ ਐਡਮਨ ਤਿਲਕ ਰਾਜ ਜੈਨ, ਪ੍ਰਿੰਸੀਪਲ ਵੀਨੂੰ ਗੋਇਲ ਨੇ ਦੱਸਿਆ ਕਿ ਪੰਜਾਬ ਦੇ ਕਿਸੇ ਵੀ ਜ਼ਿਲ੍ਹੇ ਦੇ ਵਸਨੀਕ 18 ਸਾਲ ਤੋਂ ਵੱਧ ਉਮਰ ਦੇ ਬੇਰੁਜਗਾਰ ਨੌਜਵਾਨ ਅਪਣੇ ਕਾਰੋਬਾਰ ਸੰਬੰਧਿਤ ਪਰਪੋਜਲ ਤਿਆਰ ਕਰਨ ਅਤੇ ਜਾਣਕਾਰ ਕਾਰੋਬਾਰ ਦੀ ਚੋਣ ਦੇ ਸਲਾਹ ਮਸ਼ਵਰੇ ਨੂੰ ਲੈ ਕੇ ਐਮ ਐਸ ਐਮ ਈ ਪੀ ਸੀ ਆਈ ਕੌਂਸਲ ਨਾਲ ਟੋਲ ਫ੍ਰੀ ਨੰਬਰ 8360385684 'ਤੇ ਸੰਪਰਕ ਕਰਨ। ਕੌਂਸਲ ਦੇ ਉੱਚ ਅਧਿਕਾਰੀਆਂ, ਐਡਵੋਕੇਟਾਂ, ਚਾਰਟਰਡ ਅਕਾਊਂਟੈਂਟਾਂ ਦੀ ਦੇਖਰੇਖ ਅਧੀਨ ਬਿਨੈਕਾਰਾਂ ਦੀ ਜਰੂਰਤ ਮੁਤਾਬਿਕ ਉਨ੍ਹਾਂ ਪ੍ਰਤੀ ਜਾਗਰੂਕਤਾ, ਪ੍ਰੋਫਾਈਲ, ਲੋਨ ਸੰਬੰਧੀ ਪ੍ਰੋਜੈਕਟ ਫਾਈਲ ਨੂੰ ਪੂਰਾ ਕਰਨ ਲਈ ਕੌਂਸਲ ਵਲੋਂ ਮੁਕੰਮਲ ਉਪਰਾਲੇ ਕੀਤੇ ਜਾਣਗੇ ਜਿਸ ਨਾਲ੍ਹ ਉਨ੍ਹਾਂ ਦੀ ਆਰਥਿਕ ਸਥਿਤਿ ਵਿਚ ਬਦਲਾਵ ਆਏਗਾ ਅਤੇ ਉਨ੍ਹਾਂ ਨਾਲ ਦੇਸ਼ ਦੀ ਆਰਥਿਕ ਵਿਆਵਸਥਾ ਵੀ ਮਜਬੂਤ ਹੋਵੇਗੀ। ਇਸੇ ਦੌਰਾਨ ਕੌਂਸਲ ਅਧਿਕਾਰਿਆਂ ਵਲੋਂ 10 ਲੱਖ ਤੋਂ 10 ਕਰੋੜ ਤੱਕ ਦੇ ਵੱਖ ਵੱਖ ਕਾਰੋਬਾਰੀ ਤੇ ਸਰਵਿਸ ਕੈਟੀਗਰੀ ਦੇ ਸੈਂਟਰਲ ਲੋਨ ਸੰਬੰਧੀ ਕਾਰੋਬਾਰੀ ਪ੍ਰੋਜੈਕਟਾਂ ਬਾਰੇ ਚਾਨਣਾ ਵੀ ਪਾਇਆ ਗਿਆ । ਇਸ ਮੌਕੇ ਵਾਇਸ ਚੇਅਰਮੈਨ ਬਲਵੀਰ ਸਿੰਘ, ਅਸਿਸਟੈਂਟ ਟੂ ਚੇਅਰਮੈਨ ਅਸ਼ਵਨੀ ਕੁੰਡੂ, ਅਸ਼ਵਨੀ ਕੁਮਾਰ ਸ਼ਾਰਦਾ ਫਾਇਨਾਂਸ ਅਡਵਾਈਜਰ, ਆਸਰਾ ਸੰਸਥਾ ਪ੍ਰਧਾਨ ਬਠਿੰਡਾ ਤੋਂ ਰਮੇਸ਼ ਮਹਿਤਾ, ਹਨੂਮਾਨ ਸੇਵਾ ਸਮਿਤੀ ਬਠਿੰਡਾ ਤੋਂ ਪ੍ਰਧਾਨ ਸੋਹਨ ਮਹੇਸ਼ਵਰੀ, ਪੰਜਾਬ ਮੀਡੀਆ ਡਾਇਰੈਕਟਰ ਤੇ ਸਰਕਲ ਡਾਇਰੈਕਟਰ ਰੋਹਿਤ ਭਾਟੀਆ ਗੋਲਡ ਮੈਡੇਲਿਸਟ ਤੇ ਰਾਸ਼ਟਰ ਰਤਨ ਐਵਾਰਡੀ, ਮੀਡੀਆ ਅਡਵਾਈਜਰ ਪਪਿੰਦਰ ਸਿੰਘ, ਸੋਸ਼ਲ ਐਕਟਿਵਿਸਟ ਪੂਨਮ ਉਚੇਚੇ ਤੌਰ 'ਤੇ ਪੁੱਜੇ।

## ਨਾਈਸ ਕੰਪਿਊਟਰ ਵੱਲੋਂ ਨੇਤਰਦਾਨ ਜਾਗਰੂਕਤਾ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਨਾਈਸ ਕੰਪਿਊਟਰ ਹੁਸ਼ਿਆਰਪੁਰ ਵੱਲੋਂ ਸੈਣੀ ਭਵਨ ਬਹਾਦਰਪੁਰ ਵਿਖੇ ਨੇਤਰਦਾਨ ਵਿਸੇ 'ਤੇ ਪ੍ਰਭਾਵਸ਼ਾਲੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਵਿੱਚ ਨੇਤਰਦਾਨ ਸੰਸਥਾ ਦੇ ਸਰਪ੍ਰਸਤ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਵੱਲੋਂ ਸਿਖਿਆਰਥੀਆਂ ਨੂੰ ਨੇਤਰਦਾਨ ਅਤੇ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਨੇਤਰਦਾਨ ਸੰਸਥਾ ਦੇ ਸੀਨੀਅਰ ਉਪ ਪ੍ਰਧਾਨ ਡਾ: ਗੁਰਬਖਸ਼ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਆਖਿਆ ਕਿ ਉਹ ਸਮਾਜ ਵਿੱਚ ਫੈਲੇ ਵਹਿਮਾਂ ਭਰਮਾਂ ਵਿੱਚੋਂ ਨਿਕਲ ਕੇ ਨੇਤਰਹੀਣਤਾ ਮੁਕਤ ਸਮਾਜ ਦੀ ਸਿਰਜਣਾ ਵਾਸਤੇ ਅੱਗੇ ਆਉਣ। ਇੰਜੀਨੀਅਰ ਬਲਜੀਤ ਸਿੰਘ ਨੇ ਕਿਹਾ ਕਿ ਨੇਤਰਦਾਨ ਕਰਨ ਸਮੇਂ ਮ੍ਰਿਤਕ ਦੀਆਂ ਕੇਵਲ ਪੁਤਲੀਆਂ ਹੀ ਲਈਆਂ ਜਾਂਦੀਆਂ ਹਨ ਅਤੇ ਇਹ ਦੋ ਲੋੜਵੰਦ ਨੇਤਰਹੀਣ ਵਿਅਕਤੀਆਂ ਨੂੰ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਹਰਭਜਨ ਸਿੰਘ ਵੱਲੋਂ ਅੱਖਾਂ ਨੂੰ ਸਵੱਸਥ ਰੱਖਣ ਲਈ ਵਿਦਿਆਰਥੀਆਂ ਨੂੰ ਚੰਗੀ ਖੁਰਾਕ ਖਾਣ ਅਤੇ ਨੇਤਰਾਂ ਨੂੰ ਸੱਟ-ਚੋਟ ਲੱਗਣ ਤੋਂ ਬਚਾ ਕੇ ਰੱਖਣ ਲਈ ਕਿਹਾ। ਨਾਈਸ ਕੰਪਿਊਟਰ ਦੇ ਐਮ.ਡੀ. ਪ੍ਰੇਮ ਸੈਣੀ ਵੱਲੋਂ ਆਪਣੇ ਵਿਚਾਰ ਰੱਖੇ ਅਤੇ ਨੇਤਰਦਾਨ ਮੁਹਿੰਮ ਨੂੰ ਘਰ ਘਰ ਤੱਕ ਪਹੁੰਚਾਉਣ ਲਈ ਵਿਦਿਆਰਥੀਆਂ ਨੂੰ ਅਪੀਲ ਕੀਤੀ। ਇਸ ਸੈਮੀਨਾਰ ਵਿੱਚ ਸੰਸਥਾ ਦੇ ਮੈਂਬਰ ਡਾ: ਕਿਸ਼ੋਰੀ ਲਾਲ, ਸ੍ਰੀਮਤੀ ਸੰਤੋਸ਼ ਸੈਣੀ, ਗੁਰਪ੍ਰੀਤ ਸਿੰਘ, ਐਸ ਪੀ ਸ਼ਰਮਾ, ਸ੍ਰੀਮਤੀ ਜਤਿੰਦਰ ਕੌਰ, ਸ੍ਰੀਮਤੀ ਬਲਜੀਤ ਕੌਰ, ਸ੍ਰੀਮਤੀ ਕੰਚਨ ਦਿਓਲ, ਹੁਸਨ ਚੰਦ ਭਟੋਆ ਅਤੇ ਪ੍ਰਿੰਸੀਪਲ ਰਚਨਾ ਕੌਰ ਹਾਜਰ ਸਨ।

# ਦੋ ਸਵਿਫਟ ਕਾਰਾਂ ਦੀ ਭਿਆਨਕ ਟੱਕਰ 'ਚ ਤਿੰਨ ਗੰਭੀਰ ਜ਼ਖਮੀ, ਬੱਚਾ ਵਾਲ-ਵਾਲ ਬਚਿਆ




**ਕਾਲਾ ਸੰਘਿਆਂ (ਮਨਜੀਤ ਮਾਨ)**-ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਵਿਖੇ ਓਵਰਟੇਕ ਕਰਦਿਆਂ ਦੋ ਸਵਿਫਟ ਕਾਰਾਂ ਦੀ ਆਹਮੋ ਸਾਹਮਣੇ ਟੱਕਰ 'ਚ ਤਿੰਨ ਲੋਕਾਂ ਦੇ ਗੰਭੀਰ ਜ਼ਖਮੀ ਹੋ ਜਾਣ ਤੇ ਇੱਕ ਡੇਢ ਕੁ ਸਾਲ ਦੇ ਬੱਚੇ ਦੇ ਬਾਲ ਬਾਲ ਬਚ ਜਾਣ ਦੀ ਸੂਚਨਾ ਪ੍ਰਾਪਤ ਹੋਈ ਹੈ। ਜਾਣਕਾਰੀ ਅਨੁਸਾਰ ਸਵਿਫਟ ਕਾਰ ਨੰਬਰ ਪੀ ਬੀ 08 ਈ ਐਨ 793 ਜੋ ਕਿ ਜ਼ਿਲ੍ਹਾ ਜਲੰਧਰ ਵੱਲੋਂ ਕਸਬਾ ਕਾਲਾ ਸੰਘਿਆਂ ਵੱਲ ਆ ਰਹੀ ਸੀ ਤੇ ਇਸ ਸਵਿਫਟ ਕਾਰ ਨੂੰ ਡਰਾਈਵਰ ਲਲਿਤ ਕੁਮਾਰ ਪੁੱਤਰ ਸੁਖਵਿੰਦਰ ਰਾਮ ਵਾਸੀ ਪਿੰਡ ਬਜੂਹਾ ਕਲਾਂ ਥਾਣਾ ਸਦਰ ਜਮਸ਼ੇਰ ਜ਼ਿਲ੍ਹਾ ਜਲੰਧਰ ਚਲਾ ਰਿਹਾ ਸੀ। ਜਿਸ ਵਿੱਚ ਪੰਜ ਸਵਾਰੀਆਂ ਸਵਾਰ ਸਨ। ਉਕਤ ਪਰਵਾਰ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਜਾ ਰਿਹਾ ਸੀ ਤੇ ਸਾਹਮਣੇ ਤੋਂ ਆ ਰਹੀ ਸਵਿਫਟ ਕਾਰ ਨੰਬਰ ਪੀ ਬੀ 37 ਈ 0737 ਨੂੰ ਵਿੱਕੀ ਪੁੱਤਰ ਰਣਧੀਰ ਸਿੰਘ ਵਾਸੀ ਪਿੰਡ ਰਹੀਮਪੁਰ ਥਾਣਾ ਸਦਰ ਨਕੋਦਰ ਜ਼ਿਲ੍ਹਾ ਜਲੰਧਰ ਚਲਾ ਰਿਹਾ ਸੀ ਜੋ ਪਿੰਡ ਰਹੀਮਪੁਰ ਤੋਂ ਕਾਲਾ ਸੰਘਿਆਂ ਦੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਆ ਰਿਹਾ ਸੀ ਜਿਨ੍ਹਾਂ ਦੀ ਆਹਮੋ ਸਾਹਮਣੇ ਤੋਂ ਭਿਆਨਕ ਟੱਕਰ ਹੋ ਗਈ। ਪੀੜਤ ਪਰਵਾਰ ਦੇ ਵਿਅਕਤੀ ਲਲਿਤ ਕੁਮਾਰ ਨੇ ਦੱਸਿਆ ਕਿ ਕਾਰ ਵਿੱਚ ਉਨ੍ਹਾਂ ਦੀ ਮਾਤਾ ਨਰਿੰਦਰ ਕੌਰ, ਭਰਾ ਦੀਪਕ ਕੁਮਾਰ ਤੇ ਸੀਮਾ ਰਾਣੀ ਦੇ ਗੰਭੀਰ ਸੱਟਾਂ ਲੱਗੀਆਂ ਜਿਨ੍ਹਾਂ ਨੂੰ ਜਲੰਧਰ ਦੇ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਹੈ। ਇਸ ਸਾਰੀ ਘਟਨਾ ਦੀ ਕਾਲਾ ਸੰਘਿਆਂ ਪੁਲਸ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## 9 ਸਤੰਬਰ ਨੂੰ ਰਿਕਾਰਡ 3427 ਲੱਖ ਯੂਨਿਟ ਬਿਜਲੀ ਦੀ ਸਪਲਾਈ : ਹਰਭਜਨ ਸਿੰਘ ਈ ਟੀ ਓ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਅੱਜ ਇਥੇ ਦੱਸਿਆ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ 9 ਸਤੰਬਰ ਨੂੰ ਰਿਕਾਰਡ 3427 ਲੱਖ ਯੂਨਿਟ (ਐਲ.ਯੂ) ਬਿਜਲੀ ਸਪਲਾਈ ਕੀਤੀ ਜਦੋਂਕਿ ਪੂਰਾ ਦਿਨ ਬਿਜਲੀ ਦੀ ਮੰਗ ਲਗਭਗ 14,400 ਮੈਗਾਵਾਟ ਰਹੀ। ਇਹ ਜਾਣਕਾਰੀ ਦਿੰਦਿਆਂ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਦੱਸਿਆ ਕਿ ਇਸ ਸਾਲ ਮੌਨਸੂਨ ਤੋਂ ਪਹਿਲਾਂ 23 ਜੂਨ ਨੂੰ ਸਭ ਤੋਂ ਵੱਧ ਬਿਜਲੀ ਸਪਲਾਈ 3425 ਲੱਖ ਯੂਨਿਟ ਰਹੀ ਸੀ। ਉਨ੍ਹਾ ਕਿਹਾ ਕਿ ਅਗਸਤ ਮਹੀਨੇ ਦੌਰਾਨ 63 ਫੀਸਦੀ ਘੱਟ ਬਾਰਿਸ਼ ਅਤੇ ਸਤੰਬਰ ਮਹੀਨੇ ਵਿੱਚ ਹੁਣ ਤੱਕ ਨਾਮਾਤਰ ਮੀਂਹ ਪੈਣ ਕਾਰਨ ਬਿਜਲੀ ਦੀ ਮੰਗ ਖੇਤੀਬਾੜੀ, ਘਰੇਲੂ ਅਤੇ ਵਪਾਰਕ ਵਰਗਾਂ ਦੇ ਖਪਤਕਾਰਾਂ ਦੇ ਮਾਮਲੇ ਵਿੱਚ ਖਾਸ ਕਰਕੇ ਕਾਫੀ ਵਧ ਗਈ ਹੈ। ਉਨ੍ਹਾਂ ਇਹ ਕਹਿੰਦਿਆਂ ਕਿ ਪੀ.ਐਸ.ਪੀ.ਸੀ.ਐਲ. ਦੁਆਰਾ ਕੀਤੇ ਗਏ ਢੁਕਵੇਂ ਪ੍ਰਬੰਧਾਂ ਕਾਰਨ ਪੰਜਾਬ ਵਿੱਚ ਖਪਤਕਾਰਾਂ ਦੀਆਂ ਸਾਰੀਆਂ ਸ਼੍ਰੇਣੀਆਂ ਨੂੰ ਬਿਨਾਂ ਕਿਸੇ ਕਟੌਤੀ ਦੇ ਬਿਜਲੀ ਸਪਲਾਈ ਕੀਤੀ ਜਾ ਰਹੀ ਹੈ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਝੋਨੇ ਦੀ ਫਸਲ ਨੂੰ ਧਿਆਨ ਵਿੱਚ ਰੱਖਦਿਆਂ ਖੇਤੀਬਾੜੀ ਖੇਤਰ ਨੂੰ ਨਿਯਮਤ ਬਿਜਲੀ ਸਪਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਪਿਛਲੇ ਕੁਝ ਦਿਨਾਂ ਦੌਰਾਨ ਸੂਬੇ ਵਿੱਚ ਗਰਮੀ ਅਤੇ ਹੁੰਮਸ ਕਾਰਨ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ ਬਿਜਲੀ ਦੀ ਖਪਤ 8 ਫੀਸਦੀ ਤੋਂ 12 ਫੀਸਦੀ ਵੱਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਦੌਰਾਨ ਵੱਧ ਤੋਂ ਵੱਧ ਮੰਗ14,500 ਮੈਗਾਵਾਟ ਤੋਂ 15,000 ਮੈਗਾਵਾਟ ਦੀ ਰਿਕਾਰਡ ਰੇਂਜ ਵਿੱਚ ਰਹੀ ਹੈ। ਬਿਜਲੀ ਮੰਤਰੀ ਨੇ ਕਿਹਾ ਕਿ ਪੀ.ਐਸ.ਪੀ.ਸੀ.ਐਲ. ਖਪਤਕਾਰਾਂ ਖਾਸ ਕਰਕੇ ਕਿਸਾਨਾਂ ਦੀ ਲੋੜ ਅਨੁਸਾਰ ਬਿਜਲੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਇਸ ਸੰਬੰਧੀ ਮੁਕੰਮਲ ਪ੍ਰਬੰਧ ਕੀਤੇ ਗਏ ਹਨ।

# ਆਰ ਐੱਮ ਪੀ ਆਈ ਵੱਲੋਂ ਰਾਜਨੀਤਕ ਕਨਵੈਨਸ਼ਨ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਲੋਕ ਚੇਤਨਾ ਜਾਗਰੂਕਤਾ ਮੁਹਿੰਮ ਤਹਿਤ ਅੱਜ 10 ਸਤੰਬਰ ਨੂੰ ਮਹੱਲਾ ਸੁੰਦਰ ਨਗਰ ਵਿੱਚ ਕਾਮਰੇਡ ਗੰਗਾ ਪ੍ਰਸਾਦ ਦੀ ਪ੍ਰਧਾਨਗੀ ਵਿੱਚ ਰਾਜਨੀਤਕ ਕਨਵੈਨਸ਼ਨ ਕੀਤੀ ਗਈ। ਜਿਸ ਨੂੰ ਸੰਬੋਧਨ ਕਰਨ ਲਈ ਆਰ ਐਮ ਪੀ ਆਈ ਦੇ ਸੂਬਾ ਜਨਰਲ ਸਕੱਤਰ ਪ੍ਰਗਟ ਸਿੰਘ ਜਾਮਾਰਾਏ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਜਰਨਲ ਸਕੱਤਰ ਧਰਮਿੰਦਰ ਸਿੰਘ ਹਾਜੀਪੁਰ ਅਤੇ ਪ੍ਰਿੰਸੀਪਲ ਪਿਆਰਾ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਆਰ ਐਮ ਪੀ ਆਈ ਹਾਜ਼ਰ ਹੋਏ। ਡਾਕਟਰ ਸੁਖਦੇਵ ਸਿੰਘ ਢਿੱਲੋਂ ਨੇ ਕਨਵੈਨਸ਼ਨ ਵਿੱਚ ਹਾਜ਼ਰ ਮਹੱਲਾ ਨਿਵਾਸੀਆਂ ਅਤੇ ਸੰਬੋਧਨ ਕਰਨ ਆਏ ਹੋਏ ਸਾਥੀਆਂ ਨੂੰ ਜੀ ਆਇਆਂ ਕਿਹਾ ਤੇ ਆਪਣੇ ਵਿਚਾਰ ਰੱਖੇ। ਸੂਬਾ ਸਕੱਤਰ ਨੇ ਕਿਹਾ ਕਿ ਮੋਦੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਕਰਕੇ ਗਰੀਬ ਜਨਤਾ ਹੋਰ ਗਰੀਬ ਹੋਈ ਜਾ ਰਹੀ ਹੈ। ਅਡਾਨੀ, ਅੰਬਾਨੀ ਹੋਰ ਅਮੀਰ ਹੋਈ ਜਾ ਰਹੇ ਹਨ। ਭਾਰਤ ਦੇ 166 ਅਰਬਪਤੀਆਂ ਕੋਲ ਕੁੱਲ ਜੀ ਡੀ ਪੀ ਦਾ 40.5 ਪ੍ਰਤੀ ਸਰਤ ਜਮਾ ਹੋ ਗਿਆ ਹੈ। ਲੋਕ ਬਿਨਾਂ ਇਲਾਜ ਮਰ ਰਹੇ ਹਨ। ਨੌਜਵਾਨਾਂ ਕੋਲ ਰੁਜਗਾਰ ਨਹੀਂ, ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਨੇ ਲੋਕਾਂ ਦਾ ਕਚੂੰਬਰ ਕੱਢ ਦਿੱਤਾ ਹੈ। ਧਰਮਿੰਦਰ ਨੇ ਇਨ੍ਹਾਂ ਸਾਰੀਆਂ ਸਮੱਸਿਆਵਾਂ ਤੋਂ ਨਿਜਾਤ ਪਾਉਣ ਲਈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਹੋ ਕੇ ਇਕੱਠੇ ਹੋ ਕੇ ਆਪਣੀਆਂ ਸਮੱਸਿਆਵਾਂ ਨੂੰ ਉਜਾਗਰ ਕਰਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਪਿਆਰਾ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਬੀ ਬੀ ਐਮ ਬੀ, ਚੰਡੀਗੜ੍ਹ, ਪੰਜਾਬ ਯੂਨੀਵਰਸਿਟੀ, ਪੰਜਾਬ ਦੇ ਪਾਣੀਆਂ ਦੇ ਮਸਲਿਆਂ ਨੂੰ ਸੁਹਿਰਦਤਾ / ਸੰਜੀਦਗੀ ਨਾਲ ਲੈਣਾ ਚਾਹੀਦਾ ਹੈ ਤਾਂ ਕਿ ਪੰਜਾਬ ਨਾਲ ਧੱਕਾ ਨਾ ਹੋਵੇ ਅਤੇ ਹੜ੍ਹ ਪੀੜਤਾਂ ਨੂੰ ਜਲਦੀ ਤੋਂ ਜਲਦੀ ਯੋਗ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ। ਇਸ ਸਮੇਂ ਧਰਨੇ ਵਿੱਚ ਮਨਜੀਤ ਸਿੰਘ ਬਾਜਵਾ, ਸੱਤਪਾਲ ਲੱਖ, ਓਮ ਪ੍ਰਕਾਸ਼ ਸਲੇਮਪੁਰ, ਮਲਜੀਤ ਸਿੰਘ ਸੈਣੀ, ਵੱਡੀ ਗਿਣਤੀ ਵਿੱਚ ਔਰਤਾਂ ਅਤੇ ਮਜ਼ਦੂਰ ਸ਼ਾਮਲ ਸਨ। ਸਟੇਜ ਸੰਚਾਲਨ ਦਵਿੰਦਰ ਸਿੰਘ ਕੱਕੋਂ ਨੇ ਕੀਤਾ।

## ਮਹਿੰਦਰਾ ਪਬਲਿਕ ਸਕੂਲ ਦਿਆਲਪੁਰ 'ਚ ਕੇਰੀਅਰ ਜਾਗਰੂਕਤਾ ਪ੍ਰੋਗਰਾਮ



**ਕਰਤਾਰਪੁਰ (ਹਰਮੇਸ਼ ਦੱਤ)** ਮਹਿੰਦਰਾ ਪਬਲਿਕ ਸੀਨੀਅਰ ਸਕੈਂਡਰੀ ਸਕੂਲ ਦਿਆਲਪੁਰ ਵਿਖੇ 11ਵੀਂ ਕਲਾਸ ਅਤੇ 12ਵੀਂ ਕਲਾਸ ਦੇ ਵਿਦਿਆਰਥੀਆਂ ਆਈ ਸੀ ਐਸ ਆਈ ਵੱਲੋਂ ਕੇਰੀਅਰ ਗਾਈਡੈਂਸ ਪ੍ਰੋਗਰਾਮ ਦਾ ਅਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਹਾਈ ਸਕੈਂਡਰੀ ਦੀ ਪੜ੍ਹਾਈ ਤੋਂ ਬਾਅਦ ਅਗਲੀ ਪੜ੍ਹਾਈ ਅਤੇ ਕੇਰੀਅਰ ਚੋਣ ਸੰਬੰਧੀ ਜਾਗਰੂਕ ਕਰਨਾ ਸੀ। ਪ੍ਰੋਗਰਾਮ ਵਿੱਚ ਇੰਸਟੀਚਿਊਟ ਆਫ ਕੰਪਨੀ ਸੈਕਰੇਟਰੀਜ ਆਫ ਇੰਡੀਆ ਜਲੰਧਰ ਚੈਪਟਰ ਦੇ ਸੀ ਐਸ ਨਗੇਸ਼ ਕਮਾਰ ਐਡਮਿਨ ਮਨੀਸ਼ ਕੁਮਾਰ ਬੁਲਾਰੇ ਵੱਜੋ ਸ਼ਾਮਲ ਹੋਏ ਉਨਾਂ ਨੇ ਵਿਦਿਆਰਥੀਆਂ ਨਾਲ ਉਪਲੱਬਧ ਕੇਰੀਅਰ ਵਿਕਲਪਾਂ ਬਾਰੇ ਗੱਲਬਾਤ ਕੀਤੀ। ਵਿਦਿਆਰਥੀਆ ਨੂੰ ਆਈ ਸੀ ਐਸ ਆਈ ਟੈਸਟ ਬਾਰੇ ਜਾਣਕਾਰੀ ਦਿੰਦਿਆਂ ਪ੍ਰੋਫੇਸ਼ਨਲ ਸਟੱਡੀ ਬਾਰੇ ਜਾਣੂ ਕਰਵਾਇਆ। ਵਿਦਿਆਰਥੀਆਂ ਨੇ ਪ੍ਰਭਾਵਸ਼ਾਲੀ ਤਰੀਕੇ ਨਾਲ ਭਾਗੀਦਾਰੀ ਕਰਦਿਆਂ ਕਾਮਰਸ ਵਿਸ਼ੇ ਨਾਲ ਸੰਬੰਧਿਤ ਸਵਾਲ ਵੀ ਪੁੱਛੇ। ਕਾਮਰਸ ਅਧਿਆਪਕ ਲੀਨਾ ਨੇ ਵੀ ਸਬੰਧਿਤ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕਰਕੇ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਚੇਅਰਪਰਸਨ ਹਰਮਨ ਸਿੰਘ ਪੱਡਾ ਰੈਣੂ ਸ਼ਰਮਾ,ਪਰਮਜੀਤ ਕੌਰ ਢਾਅ,ਲੀਨਾ ਚਿਟੀ, ਅਨੁਰਾਧਾ ਤੇ ਵਿਦਿਆਰਥੀ ਹਾਜਰ ਸਨ।

# ਡਾ. ਆਹਲੂਵਾਲੀਆ ਨੇ ਮੱਧਿਆਦੇਸ਼ੀਆ ਵੈਸ਼ਯ ਭਵਨ ਬਣਾਉਣ ਲਈ ਦਿੱਤਾ ਭਰੋਸਾ

**ਮੋਹਾਲੀ (ਗੁਰਜੀਤ ਬਿੱਲਾ)**-ਅੱਜ ਇੱਥੇ ਲਕਸ਼ਮੀ ਨਰਾਇਣ ਮੰਦਰ, ਫੇਜ਼ 11, ਮੋਹਾਲੀ ਵਿੱਚ ਮੱਧਿਆਦੇਸ਼ੀਆ ਵੈਸ਼ਯ ਮਹਾਸਭਾ ਮੋਹਾਲੀ, ਪੰਜਾਬ ਦੁਆਰਾ ਸੰਤ ਸ੍ਰੀ ਬਾਬਾ ਗਣੀਨਾਥ ਦਾ ਜਨਮ ਉਤਸਵ ਮਨਾਉਣ ਦੇ ਲਈ ਇੱਕ ਵੱਡੇ ਪ੍ਰੋਗਰਾਮ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਉਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਸਕੱਤਰ ਅਤੇ ਜਲ ਸਪਲਾਈ ਅਤੇ ਸੀਵਰੇ9 ਬੋਰਡ ਦੇ ਚੇਅਰਮੈਨ ਡਾ. ਐਸ.ਐਸ. ਆਹਲੂਵਾਲੀਆ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰੀ ਭਰੀ।

ਇਸ ਮੌਕੇ ਉਤੇ ਮੱਧਿਆਦੇਸ਼ੀਆ ਵੈਸ਼ਯ ਮਹਾਸਭਾ, ਪੰਜਾਬ ਦੇ ਪ੍ਰਧਾਨ ਸੰਜੇ ਗੁਪਤਾ, ਪ੍ਰਦੇਸ਼ ਮਹਾਂਮੰਤਰੀ ਗਣੇਸ਼ ਗੁਪਤਾ, ਖਜ਼ਾਨਚੀ ਸੰਜੀਵ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੱਧਿਆਦੇਸ਼ੀਆ ਵੈਸ਼ਯ ਭਾਈਚਾਰੇ ਦੇ ਲੋਕ ਹਾਜ਼ਰ ਰਹੇ। ਇਸ ਮੌਕੇ ਪ੍ਰਧਾਨ ਸੰਜੇ ਗੁਪਤਾ ਨੇ ਡਾ. ਆਹਲੂਵਾਲੀਆ ਦਾ ਪ੍ਰੋਗਰਾਮ ਵਿੱਚ ਪੁੱਜਣ ਲਈ ਧੰਨਵਾਦ ਕੀਤਾ। ਉਨ੍ਹਾਂ ਡਾ. ਆਹਲੂਵਾਲੀਆ ਦੇ ਧਿਆਨ ਵਿੱਚ ਲਿਆਂਦਾ ਕਿ ਮੋਹਾਲੀ 'ਚ ਮੱਧਿਆਦੇਸ਼ੀਆ ਵੈਸ਼ਯ ਭਾਈਚਾਰੇ ਦੇ ਲਈ ਕੋਈ ਭਵਨ ਨਹੀਂ ਹੈ। ਡਾ. ਆਹਲੂਵਾਲੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਪੰਜਾਬ ਵਿੱਚ ਹਰੇਕ ਵਰਗ ਦੇ ਲੋਕਾਂ ਦਾ ਖਾਸ ਧਿਆਨ ਰੱਖ ਰਹੀ ਹੈ। ਮਾਨ ਸਰਕਾਰ ਵਲੋਂ ਹਰੇਕ ਭਾਈਚਾਰੇ ਦੇ ਲੋਕਾਂ ਦਾ ਮਾਣ ਸਤਿਕਾਰ ਕੀਤਾ ਜਾ ਰਿਹਾ ਹੈ। ਉਨ੍ਹਾ ਅੱਗੇ ਕਿਹਾ ਕਿ ਜੋ ਭਵਨ ਬਨਾਉਣ ਦੇ ਲਈ ਮੰਗ ਮੱਧਿਆਦੇਸ਼ੀਆ ਵੈਸ਼ਯ ਭਾਈਚਾਰੇ ਵਲੋਂ ਰੱਖੀ ਗਈ ਹੈ, ਉਸ ਲਈ ਉਹ ਭਰੋਸਾ ਦਿਵਾਉਂਦੇ ਹਨ ਕਿ ਉਹ ਛੇਤੀ ਹੀ ਹਲਕਾ ਵਿਧਾਇਕ ਕੁਲਵੰਤ ਸਿੰਘ ਦੇ ਨਾਲ ਮਿਲ ਕੇ ਡਿਪਟੀ ਕਮਿਸ਼ਨਰ ਮੋਹਾਲੀ ਨੂੰ ਮਿਲਣਗੇ ਅਤੇ ਛੇਤੀ ਹੀ ਮੋਹਾਲੀ ਵਿੱਚ ਮੱਧਿਆਦੇਸ਼ੀਆ ਵੈਸ਼ਯ ਭਾਈਚਾਰੇ ਦੇ ਲਈ ਭਵਨ ਬਣਾਉਣ ਲਈ ਜਗ੍ਹਾ ਮੁਹੱਈਆ ਕਰਵਾਈ ਜਾਵੇਗੀ। ਇਸ ਮੌਕੇ ਉਤੇ ਮੱਧਿਆਦੇਸ਼ੀਆ ਵੈਸ਼ਯ ਭਾਈਚਾਰੇ ਦੇ ਲੋਕਾਂ ਤੋਂ ਇਲਾਵਾ ਜ਼ਿਲ੍ਹਾ ਯੂਥ ਪ੍ਰਧਾਨ ਮੋਹਾਲੀ, ਅਨੂ ਬੱਬਰ, ਗੁਰਜੀਤ ਸਿੰਘ ਮਟੌਰ, ਟ੍ਰੇਡ ਵਿੰਗ ਮੋਹਾਲੀ ਦੇ ਉਪ ਪ੍ਰਧਾਨ, ਅਮਿਤ ਜੈਨ, ਜਿਲ੍ਹਾ ਉਪ ਪ੍ਰਧਾਨ ਮੋਹਾਲੀ ਵੂਮਨ ਵਿੰਗ, ਸਵਰਨ ਲਤਾ, ਸਰਕਲ ਪ੍ਰਧਾਨ, ਹਰਵਿੰਦਰ ਕੌਰ, ਸਰਕਲ ਪ੍ਰਧਾਨ, ਤਰੁਨਜੀਤ ਸਿੰਘ ਪੱਪੂ, ਸਰਕਲ ਪ੍ਰਧਾਨ, ਅਤੁਲ ਸ਼ਰਮਾ ਅਤੇ ਹੋਰ ਅਹੁਦੇਦਾਰ ਸ਼ਾਮਲ ਸਨ।



## ਆਂਗਨਵਾੜੀ ਸੈਂਟਰਾਂ 'ਚ ਮਨਾਇਆ ਜਾ ਰਿਹੈ ਰਾਸ਼ਟਰੀ ਪੋਸ਼ਨ ਮਾਹ : ਜਗਮੋਹਨ ਕੌਰ

**ਸ੍ਰੀ ਅਨੰਦਪੁਰ ਸਾਹਿਬ ( ਅਰਵਿੰਦਰ ਸਿੰਘ ਬਿੰਦੀ)**

ਬਲਾਕ ਸ੍ਰੀ ਆਨੰਦਪੁਰ ਸਾਹਿਬ ਦੇ ਵੱਖ ਵੱਖ ਆਂਗਨਵਾੜੀ ਸੈਂਟਰਾਂ ਵਿਚ ਪੋਸ਼ਨ ਮਾਹ ਦੀਆਂ ਅਲੱਗ-ਅਲੱਗ ਗਤੀਵਿਧੀਆਂ ਜਿਵੇਂ ਕਿ ਸਵਸਥ ਬਾਲਕ ਸਪਰਦਾ, ਪੋਸ਼ਨ ਵੀ ਪੜ੍ਹਾਈ ਵੀ,ਮੇਰੀ ਮਾਟੀ ਮੇਰਾ ਦੇਸ਼, ਟੈਸਟ, ਟਰੀਟ ਅਤੇ ਟਾਕ ਅਨੀਮੀਆ ਸੰਬੰਧਿਤ ਐਕਟੀਵਿਟਿਜ ਕਰਵਾਈਆਂ ਗਈਆਂ। ਬਾਲ ਵਿਕਾਸ ਪ੍ਰੋਜੈਕਟ ਅਫਸਰ ਸ੍ਰੀ ਅਨੰਦਪੁਰ ਸਾਹਿਬ ਸ਼੍ਰੀਮਤੀ ਜਗਮੋਹਨ ਕੌਰ ਨੇ ਦੱਸਿਆ ਕਿ ਪੋਸ਼ਨ ਮਾਹ 2023 ਦੀ ਇਸ ਸਾਲ ਦੀ ਥੀਮ ਸੁਪੋਸ਼ਿਤ ਭਾਰਤ, ਸਾਕਸ਼ਰ ਭਾਰਤ ਅਤੇ ਸ਼ਸ਼ਕਤ ਭਾਰਤ ਹੈ। ਜਿਸ ਵਿਚ ਪਿੰਡਾਂ ਅਤੇ ਬਲਾਕ ਪੱਧਰ 'ਤੇ ਵੱਖ- ਵੱਖ ਗਤੀਵਿਧਿਆਂ ਕਰਕੇ ਲੋਕਾਂ ਨੂੰ ਕੁਪੋਸ਼ਣ ਅਤੇ ਅਨੀਮੀਆ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ, ਜਿਸਦਾ ਮੁੱਖ ਕੇਂਦਰ ਗਰਭਵਤੀ ਔਰਤਾਂ, ਨਰਸਿੰਗ ਮਾਵਾਂ, 10 ਤੋਂ 19 ਸਾਲ ਤੱਕ ਦੀਆਂ ਕਿਸ਼ੋਰੀਆਂ ਅਤੇ 0 ਤੋਂ 6 ਸਾਲ ਦੇ ਬੱਚੇ ਹੁੰਦੇ ਹਨ। ਉਨਾਂ ਦੱਸਿਆ ਕਿ ਇਹ ਪ੍ਰੋਗਰਾਮ 30 ਸਤੰਬਰ 2023 ਤੱਕ ਬਲਾਕ ਦੇ ਸਾਰੇ ਆਂਗਨਵਾੜੀ ਸੈਂਟਰਾਂ ਵਿਚ ਮਨਾਇਆ ਜਾਵੇਗਾ। ਇਸ ਮੌਕੇ ਸਮੂਹ ਆਂਗਨਵਾੜੀ ਵਰਕਰਾਂ, ਹੈਲਪਰਾਂ ਅਤੇ ਪਿੰਡ ਵਾਸੀ ਤੇ ਪਤਵੰਤੇ ਮੌਜੂਦ ਸਨ।

# ਸਕੂਲ ਦੇ ਸਮੂਹ ਵਿਦਿਆਰਥੀਆਂ ਦਾ ਕੀਤਾ ਮੈਡੀਕਲ ਚੈੱਕਅੱਪ

**ਟਾਂਡਾ ਉੜਮੁੜ (ਉਂਕਾਰ ਸਿੰਘ ਜਸਵਿੰਦਰ ਸੰਧੂ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸਕੂਲ ਸਾਹਬਾਜਪੁਰ ਵਿਖੇ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸਾ ਸੰਗਰ ਦੀ ਅਗਵਾਈ ਦੇ ਵਿੱਚ ਇਸ ਮੈਡੀਕਲ ਜਾਂਚ ਕੈਂਪ ਦੀ ਸ਼ੁਰੂਆਤ ਹੋਈ। ਸਕੂਲ ਦੇ ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ ਅਤੇ ਕੋਆਰਡੀਨੇਟਰ ਵਿਸ਼ਾਲੀ ਸ਼ਰਮਾ ਦੀ ਦੇਖ ਰੇਖ ਹੇਠ ਡਾਕਟਰਾਂ ਦੀ ਟੀਮ ਦੁਆਰਾ ਬੱਚਿਆਂ ਦੀ ਮੈਡੀਕਲ ਜਾਂਚ ਕੀਤੀ ਗਈ। ਸਕੂਲ ਦੇ ਤਮਾਮ ਵਿਦਿਆਰਥੀਆਂ ਦਾ ਮੈਡੀਕਲ ਚੈੱਕਅਪ ਵੇਵਜ਼ ਹਸਪਤਾਲ ਟਾਂਡਾ ਦੀ ਟੀਮ ਵੱਲੋਂ ਕੀਤਾ ਗਿਆ। ਹਸਪਤਾਲ ਦੇ ਸਰਪ੍ਰਸਤ ਡਾਕਟਰ ਲਵਪ੍ਰੀਤ ਸਿੰਘ ਪਾਬਲਾ ਦੀ ਅਗਵਾਈ ਦੇ ਵਿੱਚ ਉਹਨਾਂ ਦੀ ਸਮੁੱਚੀ ਮੈਡੀਕਲ ਟੀਮ ਡਾਕਟਰ ਹਰਸਿਮਰਨ ਕੌਰ (ਮੈਡੀਕਲ ਅਫਸਰ), ਸਟਾਫ਼ ਨਰਸ ਸੋਵਤੀ ਸੋਹਲ ਅਤੇ ਹੋਰ ਮੈਂਬਰਾਂ ਨਾਲ ਸਕੂਲ ਦੇ ਵਿੱਚ ਹਾਜਰ ਰਹੀ। ਉਹਨਾਂ ਨੇ ਵਿਦਿਆਰਥੀਆਂ ਦੀ ਹਰ ਪੱਖ ਤੋਂ ਚੰਗੀ ਤਰ੍ਹਾਂ ਮੈਡੀਕਲ ਜਾਂਚ ਕੀਤੀ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ , ਰਮਨਪ੍ਰੀਤ, ਅਮਰਜੀਤ ਕੌਰ ਸੈਣੀ, ਜਗਬੰਧੰਨ ਸਿੰਘ, ਬਲਜੀਤ ਕੌਰ, ਪਰਮਜੀਤ ਕੌਰ, ਪੂਜਾ, ਅਰਚਨਾ, ਗੁਰਪ੍ਰੀਤ, ਰਾਜਵੀਰ ਕੌਰ, ਰਾਜਵਿੰਦਰ, ਗੁਰਦੇਵ ਸਿੰਘ, ਹਰਜੀਤ ਸਿੰਘ ਤੇ ਬਾਕੀ ਸਟਾਫ ਮੈਂਬਰ ਮੌਜੂਦ ਸਨ।




# ਬੈਂਸ ਦੀ ਹਾਜ਼ਰੀ ਦੌਰਾਨ ਆਮ ਆਦਮੀ ਪਾਰਟੀ 'ਚ ਸ਼ਮੂਲੀਅਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪਿੰਡ ਗੰਭੀਰਪੁਰ ਵਿਖੇ ਲੋਕ ਮਿਲਣੀ ਦੌਰਾਨ ਖਾਨਪੁਰ ਦੇ ਵਸਨੀਕ ਧਰਮ ਸਿੰਘ ਸਾਬਕਾ ਸਰਪੰਚ, ਹਰਮਿੰਦਰ ਸਿੰਘ ਰਿਟਾਇਰਡ ਜੇ ਈ, ਹਰਦੀਪ ਸਿੰਘ ਕਾਕੂ, ਚਤਰ ਸਿੰਘ, ਸੋਹਣ ਲਾਲ, ਮੋਹਨ ਲਾਲ ਵੱਲੋਂ ਵੱਖ ਵੱਖ ਸਿਆਸੀ ਪਾਰਟੀਆਂ ਛੱਡ ਕੇ ਕੈਬਨਿਟ ਮੰਤਰੀ ਹਰਜੋਤ ਬੈਂਸ ਦੀ ਹਾਜ਼ਰੀ ਵਿਚ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ ਹੈ। ਬੈਂਸ ਨੇ ਸਿਰੋਪਾ ਇਹਨਾਂ ਦੇ ਗੱਲ ਵਿਚ ਪਾ ਕੇ ਇਹਨਾਂ ਨੂੰ ਪਾਰਟੀ ਵਿਚ ਸ਼ਾਮਿਲ ਕੀਤਾ। ਆਪ ਵਿਚ ਸ਼ਾਮਿਲ ਹੋਏ ਇਹਨਾਂ ਆਗੂਆਂ ਨੇ ਕਿਹਾ ਕਿ ਉਹ ਆਪ ਦੀ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਬੈਂਸ ਦੀ ਸ਼ਖਸੀਅਤ ਤੋਂ ਪ੍ਰਭਾਵਿਤ ਹੋ ਕੇ ਆਪ ਵਿਚ ਸ਼ਾਮਿਲ ਹੋਏ ਹਨ। ਬੈਂਸ ਨੇ ਕਿਹਾ ਕਿ ਲੋਕ ਆਪ ਸਰਕਾਰ ਦੀ ਕੰਮ ਕਰਨ ਦੀ ਕਾਬਲੀਅਤ ਅਤੇ ਭ੍ਰਿਸ਼ਟਾਚਾਰ ਮੁਕਤ ਤੇ ਬਿਨਾਂ ਸਿਫਾਰਸ਼ ਤੋਂ ਹੋ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਆਪ ਨਾਲ ਜੁੜ ਰਹੇ ਹਨ, ਇਹਨਾਂ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ। ਇਸ ਮੌਕੇ ਜਸਪਾਲ ਸਿੰਘ ਢਾਹੇ,ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਕੁਲਦੀਪ ਸਿੰਘ ਖਾਨਪੁਰ, ਸੁਰਿੰਦਰ ਸਿੰਘ ਖਾਨਪੁਰ, ਠੇਕੇਦਾਰ ਮਨਜੀਤ ਦਸਗਰਾਈ ਤੇ ਹੋਰ ਪਾਰਟੀ ਵਰਕਰ ਹਾਜ਼ਰ ਸਨ।



## ਮਿਸ਼ਨ ਇੰਦਰਧਨੁਸ਼ ਦਾ ਮੰਤਵ 5 ਸਾਲ ਤੱਕ ਦੇ ਬੱਚੇ ਤੇ ਗਰਭਵਤੀ ਮਾਵਾਂ ਦਾ ਸੌ ਫ਼ੀਸਦੀ ਟੀਕਾਕਰਨ : ਡਾ. ਲੂਨਾ

**ਗੁਰਾਇਆ (ਬਿੰਦਰ ਸੁਮਨ)**- ਸਿਵਲ ਸਰਜਨ ਡਾ. ਰਮਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਟੈਂਸੀਫਾਈਡ ਮਿਸ਼ਨ ਇੰਦਰਧਨੁਸ਼ 5.0 ਤਹਿਤ ਸਿਹਤ ਬਲਾਕ ਬੜਾ ਪਿੰਡ ਅਧੀਨ ਵਿਸ਼ੇਸ਼ ਟੀਕਾਕਰਨ ਕੈਂਪ ਲਗਾਏ ਜਾ ਰਹੇ ਹਨ। ਸੀਨੀਅਰ ਮੈਡੀਕਲ ਅਫਸਰ ਅਮਿਤਾ ਲੂਨਾ ਨੇ ਦੱਸਿਆ ਕਿ ਮਿਸ਼ਨ ਇੰਦਰਧਨੁਸ਼ ਦਾ ਮੁੱਖ ਮਕਸਦ ਕਿਸੇ ਕਾਰਨ ਕਰਕੇ ਜੋ ਬੱਚੇ ਅਤੇ ਗਰਭਵਤੀ ਮਾਵਾਂ ਵੈਕਸੀਨੇਸ਼ਨ ਤੋਂ ਵਾਂਝੇ ਰਹਿ ਗਏ ਜਾਂ ਜਿਹਨਾਂ ਦਾ ਟੀਕਾਕਰਣ ਅਧੂਰਾ ਹੈ, ਉਨ੍ਹਾਂ ਨੂੰ ਇਸ ਮਿਸ਼ਨ ਅਧੀਨ ਕਵਰ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪਹਿਲਾ ਰਾਊਂਡ 11 ਸਤੰਬਰ ਤੋਂ 16 ਸਤੰਬਰ, ਦੂਸਰਾ ਰਾਊਂਡ 9 ਅਕਤੂਬਰ ਤੋਂ 14 ਅਕਤੂਬਰ ਅਤੇ ਤੀਸਰਾ ਰਾਊਂਡ 20 ਨਵੰਬਰ ਤੋਂ 25 ਨਵੰਬਰ ਤੱਕ ਹੈ। ਉਨ੍ਹਾਂ ਦੱਸਿਆ ਕਿ ਵੱਖ ਵੱਖ ਥਾਂਵਾਂ 'ਤੇ ਸੈਸ਼ਨ (ਕੈਂਪ) ਲਗਾਏ ਜਾ ਰਹੇ ਹਨ, ਜਿੰਨ੍ਹਾ ਵਿਚੋਂ ਕੁੱਝ ਕੈਂਪ ਹਾਈ ਰਿਸਕ ਥਾਵਾਂ ਵਿੱਚ ਲਗਾਏ ਜਾਣੇ ਹਨ, ਜਿੰਨ੍ਹਾਂ ਵਿੱਚ ਬੱਚਿਆਂ ਅਤੇ ਗਰਭਵਤੀ ਮਾਵਾਂ ਨੂੰ ਵੈਕਸੀਨੇਸ਼ਨ ਲਗਾਉਣ ਦਾ ਟੀਚਾ ਹੈ। ਨੋਡਲ ਅਫਸਰ ਡਾ. ਪ੍ਰਭਜੋਤ ਨੇ ਦੱਸਿਆ ਕਿ ਦਸੰਬਰ 2023 ਤੱਕ ਐਮ.ਆਰ.ਦਾ ਟੀਚਾ ਪੂਰਾ ਕਰਨ ਦਾ ਉਦੇਸ਼ ਰੱਖਿਆ ਗਿਆ ਹੈ, ਜਿਹੜੇ ਬੱਚੇ ਐਮ.ਆਰ ਦੀ ਪਹਿਲੀ ਅਤੇ ਦੂਸਰੀ ਖੁਰਾਕ ਤੋਂ ਵਾਂਝੇ ਹਨ, ਜਿੰਨ੍ਹਾਂ ਬੱਚਿਆਂ ਦੀ ਉਮਰ ਪੰਜ ਸਾਲ ਤੋਂ ਘੱਟ ਹੈ ਉਨ੍ਹਾਂ ਦਾ ਟੀਕਾਕਰਨ ਕੀਤਾ ਜਾਣਾ ਹੈ।

# ਨਡਾਲੋਂ ਵਿਖੇ ਧੂਮਧਾਮ ਨਾਲ ਮਨਾਈ ਜਨਮ ਅਸ਼ਟਮੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਮਹੰਤ ਚਤੁਰਭੁਜ ਦਾਸ ਦੀ ਅਗਵਾਈ ਵਿਚ ਪਿੰਡ ਨਡਾਲੋਂ ਦੇ ਸ੍ਰੀ ਰਾਮ ਮੰਦਿਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਧੂਮਧਾਮ ਨਾਲ ਮਨਾਈ ਗਈ। ਸ੍ਰੀ ਕ੍ਰਿਸਨ ਜੀ ਦੀ ਅਰਤੀ ਕੀਤੀ ਗਈ ਤੇ ਪ੍ਰਸ਼ਾਦਿ ਵੰਡਿਆ ਗਿਆ। ਸ੍ਰੀ ਮਦ ਭਗਵਤ ਕਥਾ ਦੇ ਪਾਠ ਦੇ ਭੋਗ ਪਾਏ ਗਏ ।

ਉਪਰੰਤ ਕੀਰਤਨ ਮੰਡਲੀਆਂ ਓਮ ਪ੍ਰਕਾਸ਼ ਬੱਡੋਂ ਐਂਡ ਪਾਰਟੀ ,ਅਸ਼ੋਕ ਗੌਸਵਾਮੀ,ਨਰੇਸ਼ ਕੁਮਾਰ ਠੰਡਲ ਆਦਿ ਨੇ ਸ਼੍ਰੀ ਭਗਵਾਨ ਕ੍ਰਿਸ਼ਨ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਮਹੰਤ ਰਾਮ ਨਰਾਇਣ ਦਾਸ, ਅਸ਼ੋਕ ਗੋਸੁਆਮੀ, ਬਲਵੀਰ ਸਿੰਘ, ਉਂਕਾਰ ਸਿੰਘ ਖਾਨਖਾਨਾ, ਸਤਨਾਮ ਸਿੰਘ ਅੱਪਰਾ,ਗੋਪੀ ਪਰਮਾਰ, ਰਣਵੀਰ ਠੰਡਲ, ਰਜਿੰਦਰ ਪੰਡਤ, ਵੀਰੂ ਦਾਦਾ,ਅੰਕਿਤ ਕੁਮਾਰ ,ਕੈਲਾਸ਼ ਨਡਾਲੋਂ, ਜੈ ਨੰਦਨ, ਬਲਵੀਰ ਬਿੰਜੋਂ, ਮਨਵੀਰ ਸਿੰਘ, ਜੋਰਾਵਰ ਸਿੰਘ , ਜਗਤਪਾਲ ਪੰਜੌੜ,ਮਾ.ਗਿਆਨ ਸਿੰਘ ਨਡਾਲੋਂ, ਸਰਪੰਚ ਸ਼ਿੰਗਾਰਾ ਰਾਮ ਅਟਾਰੀ ਆਦਿ ਹਾਜਰ ਸਨ।

## ਸੋਲੋ ਭੰਗੜਾ ਮੁਕਾਬਲੇ 'ਚ ਯਸਵਾਗੀ ਨੇ ਦੂਜਾ ਸਥਾਨ ਹਾਸਲ ਕੀਤਾ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਗੁਰੂ ਨਾਨਕ ਨੈਸ਼ਨਲ ਕਾਲਜ ਕੋ-ਐਡ ਨਕੋਦਰ ਦੀ ਵਿਦਿਆਰਥਣ ਨੇ ਸਿੱਖ ਨੈਸ਼ਨਲ ਕਾਲਜ ਬੰਗਾ ਵਿਚ ਸੋਲੋ ਭੰਗੜਾ ਮੁਕਾਬਲੇ ਵਿਚ ਦੂਸਰਾ ਸਥਾਨ ਹਾਸਲ ਕੀਤਾ ਸ਼ਾਨ ਏ ਪੰਜਾਬ ਲੋਕ ਨਾਚ ਅਕੈਡਮੀ ਵਲੋਂ ਕਰਵਾਏ ਗਏ ਦੂਜੇ ਸੋਲੋ ਭੰਗੜਾ ਮੁਕਾਬਲਾ ਵਿੱਚ ਯਸ਼ਵਾਗੀ ਨੇ 40 ਵਿਦਿਅਰਥੀਆਂ ਵਿੱਚੋ ਦੂਜਾ ਸਥਾਨ ਹਾਸਲ ਕਰਕੇ ਆਪਣੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਕਾਲਜ ਪਹੁੰਚਣ 'ਤੇ ਕਾਲਜ ਦੀ ਪ੍ਰਬੰਧਕ ਕਮੇਟੀ ਨੇ ਵਿਦਿਆਰਥਣ ਨੂੰ ਵਧਾਈ ਦਿੱਤੀ ਅਤੇ ਕਾਰਜਕਾਰੀ ਪ੍ਰਿੰਸੀਪਲ ਪ੍ਰਬਲ ਕੁਮਾਰ ਜੋਸ਼ੀ ਤੇ ਸਕੂਲ ਕੋਡੀਨੇਟਰ ਮੈਡਮ ਖੁਸ਼ਦੀਪ ਕੌਰ ਨੇ ਵਿਦਿਆਰਥਣ ਦੇ ਹੌਸਲੇ ਤੇ ਉਤਸ਼ਾਹ ਨੂੰ ਹੋਰ ਵਧਾਇਆ।



# ਦਿਹਾਣਾ ਦੇ ਸਮਾਜ ਸੇਵਕ ਠਾਕਰ ਦਾਸ ਨੂੰ ਸ਼ਰਧਾਂਜਲੀਆਂ ਭੇਂਟ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਦਿਹਾਣਾ ਦੇ ਉਘੇ ਸਮਾਜ ਸੇਵਕ ਠਾਕਰ ਦਾਸ ਸਾਬਕਾ ਸਰਪੰਚ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ। ਇਲਾਕੇ ਭਰ ਤੋਂ ਵੱਖ-ਵੱਖ ਪਾਰਟੀਆਂ ਦੇ ਰਾਜਨੀਤਕ, ਧਾਰਮਿਕ, ਸਮਾਜਿਕ ਸੰਸਥਾਵਾਂ ਤੇ ਪੱਤਰਕਾਰ ਭਾਈਚਾਰੇ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਹਰਬੰਸ ਲਾਲ ਨੇ ਦੱਸਿਆ ਕਿ ਠਾਕਰ ਦਾਸ (90) ਪੁੱਤਰ ਫਕੀਰ ਚੰਦ ਵਾਸੀ ਦਿਹਾਣਾ ਜ਼ਿਲ੍ਹਾ ਹੁਸ਼ਿਆਰਪੁਰ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਦੇ ਅਸਥਾਨ 'ਤੇ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਭਾਈ ਸਿਰਤਾਜ ਸਿੰਘ ਮਜਾਰਾ ਡੀਗਰੀਆਂ ਨੇ ਵੈਰਾਗਮਈ ਕੀਰਤਨ ਕੀਤਾ ਗਿਆ। ਵੱਖ-ਵੱਖ ਪਾਰਟੀਆਂ ਦੇ ਆਗੂਆਂ ਅਤੇ ਪ੍ਰਮੁੱਖ ਸ਼ਖਸੀਅਤਾਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ, ਹਰਬੰਸ ਲਾਲ ਲੁਧਿਆਣਾ, ਰਤਨ ਲਾਲ ਅਮਰੀਕਾ, ਮਲਕੀਅਤ ਸਿੰਘ ਠੰਡਲ, ਰਾਮ ਪ੍ਰਕਾਸ਼ ਸਾਬਕਾ ਸਰਪੰਚ,ਅਮਰਜੀਤ ਸਿੰਘ, ਗੁਰਨਾਮ ਸਿੰਘ ਗਾਮਾ, ਸੰਤੋਖ ਸਿੰਘ, ਬਲਵੀਰ ਸਿੰਘ ਸਮਰਾ, ਅਸ਼ੋਕ ਕੁਮਾਰ, ਪ੍ਰਸ਼ੋਤਮ ਲਾਲ ਆਦਿ ਹਾਜਰ ਸਨ।

## ਬੀਬੀ ਨਿਰਮਲਾ ਰਾਣੀ ਮੰਢਾਲੀ ਨੂੰ ਸ਼ਰਧਾਂਜਲੀ ਭੇਂਟ



**ਬਹਿਰਾਮ (ਅਵਤਾਰ ਕਲੇਰ)** ਪਿਛਲੇ ਦਿਨੀਂ ਸੰਖੇਪ ਬਿਮਾਰੀ ਪਿਛੋਂ ਬੀਬੀ ਨਿਰਮਲਾ ਰਾਣੀ ਦਾ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੇ ਸ਼ੋਕ ਸਮਾਗਮ 'ਚ ਸੀ ਪੀ ਆਈ ਐਮ ਦੇ ਸੂਬਾ ਸਕੱਤਰ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ ਕਾਮਰੇਡ ਮਦਨ ਗੋਪਾਲ ਨੇ ਇਮਾਨਦਾਰੀ ਨਾਲ ਪਾਰਟੀ ਵਿੱਚ ਕੰਮ ਕੀਤਾ ਅਤੇ ਹੁਣ ਇਨ੍ਹਾਂ ਦਾ ਲੜਕਾ ਸੁਸ਼ੀਲ ਕੁਮਾਰ ਮੰਢਾਲੀ ਡੀ ਵਾਈ ਐਫ ਆਈ ਦਾ ਜ਼ਿਲ੍ਹਾ ਪ੍ਰਧਾਨ ਹੈ। ਲਾਲ ਝੰਡੇ ਦੀ ਪਾਰਟੀ ਹਰ ਇਕ ਦੇ ਦੁੱਖ ਸੁੱਖ ਵਿਚ ਹਮੇਸ਼ਾ ਨਾਲ ਖੜਦੀ ਹੈ। ਹਰ ਇੱਕ ਮਜਲੂਮ ਦੇ ਨਾਲ ਖੜਨਾ ਹੀ ਬੀਬੀ ਨਿਰਮਲਾ ਰਾਣੀ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਇਸ ਮੌਕੇ 'ਤੇ ਸੀ ਪੀ ਆਈ ਐਮ ਦੇ ਤਹਿਸੀਲ ਸਕੱਤਰ ਕੁਲਦੀਪ ਝਿੰਗੜ , ਜੋਗਿੰਦਰ ਲੜੋਆ , ਸੁਨੀਤਾ ਤਲਵੰਡੀ , ਪ੍ਰੇਮ ਸਿੰਘ ਮੰਢਾਲੀ , ਨੰਬਰਦਾਰ ਨਾਜਰ ਸਿੰਘ , ਰੌਸ਼ਨ ਲਾਲੀ, ਮਹੰਤ ਦਲਜੀਤ ਸਿੰਘ, ਰਿਸ਼ਤੇਦਾਰ ਅਤੇ ਮੋਹਤਬਰ ਸੱਜਣ ਹਾਜਰ ਸਨ।


**Capital Small Finance Bank**

HO:- MIDAS Corporate Park, 3rd Floor, 37, G.T. Road, Jalandhar-144001, Punjab, India.

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 10.7.2023 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| ਕਰਜ਼ਦਾਰ ਅਤੇ ਗਰੰਟਰ ਦਾ ਨਾਂਅ | ਅਚੱਲ ਜਾਇਦਾਦ ਦਾ ਵੇਰਵਾ | ਕਰਜ਼ਾ ਨੰਬਰ ਅਤੇ ਬਕਾਇਆ ਰਕਮ |
|---|---|---|
| ਕਰਜ਼ਦਾਰ : 1. ਮੈਸਰਜ਼ ਵੀਰ ਜੀ ਐਪਲੀਮੈਂਟਸ, ਜਲੰਧਰ ਰੋਡ ਨਕੋਦਰ ਜ਼ਿਲ੍ਹਾ ਜਲੰਧਰ ਵਿਖੇ ਸਥਿਬ ਰਾਹੀਂ ਇਸ ਦੇ ਮਾਲਕ : (2) ਸ੍ਰੀ ਪਰਮਜੀਤ ਸਿੰਘ ਭੰਗੂ ਪੁੱਤਰ ਹਰਦੀਪ ਸਿੰਘ ਭੰਗੂ ਵਾਸੀਪਿੰਡ ਛੋਟੇ ਬਿੱਲੇ, ਡਾਕ: ਉੜਮੁੜ ਬਿੱਲੇ, ਤਹਿ: ਮਹਿਤਪਰ, ਜ਼ਿਲਾ ਜਲੰਧਰ। ਗਰੰਟਰ : (3) ਸ੍ਰੀ ਸੰਦੀਪ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਤੰਦਾਉਰਾ, ਤਹਿ: ਨਕੋਦਰ, ਜ਼ਿਲ੍ਹਾ ਜਲੰਧਰ | ਅਚੱਲ ਜਾਇਦਾਦ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ ਪੈਮਾਇਸ਼ 12 ਮਰਲਾ ਵਾਕਿਆ ਨਕੋਦਰ, ਜ਼ਿਲ੍ਹਾ ਜਲੰਧਰ ਹੱਦਬਸਤ ਨੰ: 31 ਪਰਮਜੀਤ ਸਿੰਘ ਭੰਗੂ ਪੁੱਤਰ ਹਰਦੀਪ ਸਿੰਘ ਦੀ ਮਲਕੀਅਤ ਟਾਈਟਲ ਡੀਡ ਦਾ ਵਸੀਕਾਨੰ: 1457 ਮਿਤੀ 19.12.2014 | ਸੀ ਸੀ ਲਿਮਟ/001300000693 ਡਿਮਾਂਡ ਨੋਟਿਸ ਦੀ ਮਿਤੀ ਤੱਕ ਰੁਪਏ 4,07,502.19 (1.7.2023 ਤੋਂ ਵਿਆਜ ਤੋਂ ਬਿਨਾਂ) |

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਨਕੋਦਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਸਥਾਨ : ਜਲੰਧਰ — ਮਿਤੀ : 11.9.2023 — ਸਹੀ/-ਅਧਿਕਾਰਤ ਅਫਸਰ


# ਹਰਜਿੰਦਰ ਸਿੰਘ ਸਹੋਤਾ ਚੱਕ ਦੇਸ ਰਾਜ ਨੂੰ ਸ਼ਰਧਾਂਜਲੀਆਂ ਭੇਟ



**ਗੁਰਾਇਆ (ਬਿੰਦਰ ਸੁਮਨ)** ਸਾਥੀ ਹਰਜਿੰਦਰ ਸਿੰਘ ਸਹੋਤਾ ਜੋ ਕਿ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਦੇ ਸਾਬਕਾ ਪ੍ਰਧਾਨ ਅਤੇ ਗੌਰਮਿੰਟ ਟੀਚਰਜ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਸਨ, ਉਹ ਬਲੱਡ ਕੈਂਸਰ ਨਾਲ ਜੂਝਦੇ ਹੋਏ ਸਦੀਵੀ ਵਿਛੋੜਾ ਦੇ ਗਏ। ਉਹਨਾਂ ਦੀ ਜੀਵਨ ਸਾਥਣ ਸ੍ਰੀਮਤੀ ਗੁਰਮੇਲ ਕੌਰ, ਉਹਨਾਂ ਦੇ ਨਕਸ਼ੇ ਕਦਮਾਂ ਤੇ ਸੰਜੀਦਗੀ ਨਾਲ ਚੱਲਣ ਵਾਲੇ ਸਪੁੱਤਰ ਜਸਕਰਨ ਸਿੰਘ ਸਹੋਤਾ ਅਤੇ ਨੂੰਹ ਪੁੱਤਰੀ ਕਨੂੰ ਪ੍ਰਿਆ ਵਲੋਂ ਉਹਨਾਂ ਨਮਿੱਤ ਅੰਤਿਮ ਅਰਦਾਸ ਕਰਨ ਅਤੇ ਸ਼ਰਧਾਂਜਲੀ ਭੇਟ ਕਰਨ ਹਿੱਤ ਰਖਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਗੁਰਦੁਆਰਾ ਸਾਹਿਬ ਸਿੰਘਾਂ ਸ਼ਹੀਦਾਂ ਚੱਕਦੇਸਰਾਜ ਵਿਖੇ ਪਵਾਏ ਗਏ। ਉਪਰੰਤ ਰਾਗੀ ਸਿੰਘਾਂ ਨੇ ਵੈਰਾਗਮਈ ਕੀਰਤਨ ਕਰਦੇ ਹੋਏ ਸਮੂਹ ਸੰਗਤਾਂ ਨੂੰ ਜ਼ਿੰਦਗੀ ਦੀ ਸਚਾਈ ਮੌਤ ਪ੍ਰਤੀ ਸੁਚੇਤ ਕੀਤਾ। ਉਹਨਾਂ ਦੇ ਵਿਚਾਰ ਧਾਰਕ ਸੰਘਰਸ਼ਾਂ ਦੇ ਭਾਈਵਾਲ ਜੁਝਾਰੂ ਸਾਥੀਆਂ ਦੇਸ਼ ਭਗਤ ਯਾਦਗਾਰ ਹਾਲ ਕਮੇਟੀ ਜਲੰਧਰ ਅਤੇ ਪਲੱਸ ਮੰਚ ਦੇ ਆਗੂ ਅਮੋਲਕ ਸਿੰਘ,ਪ.ਸ.ਸ.ਫ.ਦੇ ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਨਿਰਮੋਲਕ ਸਿੰਘ ਹੀਰਾ,ਪੰਜਾਬ ਪੈਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ ਜਲੰਧਰ ਦੇ ਜ਼ਿਲ੍ਹਾ ਆਗੂ ਬਲਵਿੰਦਰ ਕੁਮਾਰ, ਜਮਹੂਰੀ ਅਧਿਕਾਰ ਸਭਾ ਦੇ ਬੂਟਾ ਸਿੰਘ ਮਹਿਮੂਦਪੁਰ, ਸਾਬਕਾ ਮੰਤਰੀ ਸਰਵਨ ਸਿੰਘ ਫਿਲੌਰ ਆਦਿ ਨੇ ਸ਼ਰਧਾਂਜਲੀ ਭੇਟ ਕਰਦੇ ਹੋਏ ਕਿਹਾ ਕਿ ਉਹਨਾਂ ਦੇ ਸਦੀਵੀ ਵਿਛੋੜੇ ਨਾਲ ਜਿੱਥੇ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਕੇ ਸੰਬੰਧੀਆਂ ਨੂੰ ਅਕਹਿ ਤੇ ਅਸਹਿ ਨਾ ਪੂਰਾ ਹੋਣ ਯੋਗ ਘਾਟਾ ਪਿਆ ਹੈ, ਉੱਥੇ ਉਹਨਾਂ ਦੀ ਘਾਟ ਉਹਨਾਂ ਦੇ ਸੰਘਰਸ਼ਾਂ ਦੇ ਜੁਝਾਰੂ ਯੁੱਧ ਸਾਥੀਆਂ ਦੇ ਮਨਾਂ ਵਿੱਚ ਸਦਾ ਸਦਾ ਲਈ ਰੜਕਦੀ ਰਹੇਗੀ। ਉਹਨਾਂ ਦੇ ਅਧੂਰੇ ਸੰਘਰਸ਼ਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਜੱਦੋ ਜਹਿਦ ਕਰਦੇ ਰਹਿਣ ਦਾ ਅਹਿਦ ਵੀ ਕੀਤਾ ਗਿਆ। ਕਾਮਰੇਡ ਸੱਤਪਾਲ ਸਿੰਘ, ਕਾਮਰੇਡ ਸ਼ਿੰਗਾਰਾ ਸਿੰਘ ਦੋਸਾਂਝ, ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਕਰਨੈਲ ਸਿੰਘ ਸੰਧੂ,ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਪੰਜਾਬ ਪੈਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ ਫਗਵਾੜਾ ਦੇ ਸੰਦੇਸ਼ ਨਿਰਮੋਲਕ ਸਿੰਘ ਹੀਰਾ ਨੇ ਪੜ੍ਹ ਕੇ ਸੁਣਾਏ। ਸ਼ਰਧਾਂਜਲੀ ਸਮਾਗਮ ਦੀ ਕਾਰਵਾਈ ਪ੍ਰਾਈਮ ਟੀ.ਵੀ. ਦੇ ਐਂਕਰ ਅਤੇ ਰਿਪੋਰਟਰ ਪਰਮਵੀਰ ਸਿੰਘ ਬਾਠ ਨੇ ਚਲਾਈ ਅਤੇ ਉਹਨਾਂ ਨੇ ਆਏ ਸ਼ੋਕ ਸੰਦੇਸ਼ਾਂ ਦੇ ਨਾਵਾਂ ਦਾ ਜ਼ਿਕਰ ਵਿਸਥਾਰ ਵਿੱਚ ਕੀਤਾ। ਅੰਤਿਮ ਅਰਦਾਸ ਮੌਕੇ ਪਰਵਾਰਕ ਮੈਂਬਰਾਂ ਤੋਂ ਇਲਾਵਾ ਨਜਦੀਕੀ ਰਿਸ਼ਤੇਦਾਰਾਂ, ਸਕੇ ਸੰਬੰਧੀਆਂ ਅਤੇ ਸਨੇਹੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਸਮੇਂ ਕੁਲਦੀਪ ਸਿੰਘ ਕੌੜਾ, ਸੀਤਲ ਰਾਮ ਬੰਗਾ,ਗਿਆਨ ਚੰਦ, ਕੁਲਵੰਤ ਸਿੰਘ ਬਾਸੀ, ਸੁਖਦੇਵ ਮਾਹੀ, ਹਰਬੰਸ ਸਿੰਘ ਗੋਹਲੜੋਂ,ਪ੍ਰੀਤਮ ਸਿੰਘ ਲੱਲੀ, ਰੋਸ਼ਨ ਲਾਲ,ਸੋਹਣ ਸਿੰਘ ਭਿੰਡਰ, ਕੁਲਵੰਤ ਸਿੰਘ ਭਿੰਡਰ, ਗੁਰਮੀਤ ਰਾਮ ਲੁੱਗਾ, ਅਜਮੇਰ ਸਿੰਘ,ਹਰਮੇਸ਼ ਹੁਸ਼ਿਆਰਪੁਰੀ, ਦਰਸ਼ਨ ਸਿੰਘ ਬਾਸੀ,ਗਿਆਨ ਸਿੰਘ ਦੋਸਾਂਝ, ਕੁਲਦੀਪ ਵਾਲੀਆ, ਸੁਰਿੰਦਰ ਸਿੰਘ, ਸੁਰਿੰਦਰ ਪਾਲ, ਹਰਮੇਸ਼ ਪਾਠਕ, ਰਤਨ ਸਿੰਘ, ਪ੍ਰਕਾਸ਼ ਰਾਮ ਦੋਸਾਂਝ, ਮੱਖਣ ਰੱਤੂ, ਇੰਦਰਪਾਲ ਸਿੰਘ, ਨੌਜਵਾਨ ਸਭਾ ਦੇ ਆਗੂ ਮੰਗਾ, ਪਰਸ਼ੋਤਮ ਸਿੰਘ, ਗਿਆਨ ਸਿੰਘ ,ਪ੍ਰੋ.ਬਲਵਿੰਦਰ ਸਿੰਘ,ਪ੍ਰੋ.ਰਾਜਵਿੰਦਰ,ਪ੍ਰੋ.ਦਲਜੀਤ ਕੌਰ ਆਦਿ ਸਾਥੀ ਹਾਜਰ ਹੋਏ।

# ਵਿਧਾਇਕ ਡਾ. ਰਵਜੋਤ ਦੀ ਮਾਤਾ ਸੁਰਿੰਦਰ ਕੌਰ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ ਭੇਟ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਵਿਧਾਇਕ ਸ਼ਾਮਚੁਰਾਸੀ ਡਾ. ਰਵਜੋਤ ਸਿੰਘ ਦੇ ਮਾਤਾ ਸੁਰਿੰਦਰ ਕੌਰ, ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਨਮਿਤ ਅੰਤਿਮ ਅਰਦਾਸ ਅੱਜ ਗੁਰਦੁਆਰਾ ਮਿੱਠਾ ਟਿਵਾਣਾ ਹੁਸ਼ਿਆਰਪੁਰ ਵਿਖੇ ਹੋਈ। ਇਸ ਮੌਕੇ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਇਸ ਦੌਰਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ, ਕੁਲਦੀਪ ਸਿੰਘ ਧਾਲੀਵਾਲ ਤੇ ਹਰਭਜਨ ਸਿੰਘ ਈ.ਟੀ.ਓ, ਆਰਥਕ ਨੀਤੀ ਤੇ ਯੋਜਨਾ ਬੋਰਡ ਅਤੇ ਸੋਨਾਲੀਕਾ ਇੰਡਸਟਰੀ ਦੇ ਵਾਈਸ ਚੇਅਰਮੈਨ (ਕੈਬਨਿਟ ਰੈਂਕ) ਅੰਮ੍ਰਿਤ ਸਾਗਰ ਮਿੱਤਲ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਤੇ ਕਰਮਬੀਰ ਸਿੰਘ ਘੁੰਮਣ, ਸੀਨੀਅਰ ਅਡੀਸ਼ਨਲ ਐਡਵੋਕੇਟ ਜਨਰਲ ਪੰਜਾਬ ਇੰਦਰਪਾਲ ਸਿੰਘ ਧੰਨਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਧਾਰਮਕ, ਰਾਜਨੀਤਕ ਅਤੇ ਸਮਾਜਕ ਸ਼ਖਸੀਅਤਾਂ ਨੇ ਸ਼ਰਧਾਂਜਲੀਆਂ ਭੇਟ ਕਰਦਿਆਂ ਮਾਤਾ ਜੀ ਦੇ ਚਲਾਣੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਪਰਸਨ ਕਰਮਜੀਤ ਕੌਰ, ਜ਼ਿਲ੍ਹਾ ਪ੍ਰਧਾਨ ਦਿਹਾਤੀ ਗੁਰਵਿੰਦਰ ਸਿੰਘ ਪਾਬਲਾ, ਲੋਕ ਸਭਾ ਇੰਚਾਰਜ ਹਰਵਿੰਦਰ ਸਿੰਘ ਬਖਸ਼ੀ, ਚੇਅਰਮੈਨ ਨਗਰ ਸੁਧਾਰ ਟਰੱਸਟ ਹਰਮੀਤ ਸਿੰਘ ਔਲਖ, ਸਾਬਕਾ ਕੇਂਦਰੀ ਰਾਜ ਮੰਤਰੀ ਸੰਤੋਸ਼ ਚੌਧਰੀ, ਸਾਬਕਾ ਕੇਂਦਰੀ ਰਾਜ ਮੰਤਰੀ ਵਿਜੈ ਸਾਂਪਲਾ, ਸਾਬਕਾ ਐਮ ਪੀ ਅਵਿਨਾਸ਼ ਰਾਏ ਖੰਨਾ, ਸਾਬਕਾ ਕੈਬਨਿਟ ਮੰਤਰੀ ਤੀਕਸ਼ਣ ਸੂਦ, ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ, ਐਸ ਡੀ ਐਮ ਪ੍ਰੀਤ ਇੰਦਰ ਸਿੰਘ ਬੈਂਸ, ਪ੍ਰੋ. ਜੀ.ਐਸ ਮੁਲਤਾਨੀ, ਦਿੱਲੀ ਦੇ ਕੌਂਡਲੀ ਵਿਧਾਨ ਸਭਾ ਖੇਤਰ ਦੇ ਵਿਧਾਇਕ ਕੁਲਦੀਪ ਕੁਮਾਰ ਮੋਨੂੰ, ਪਰਮਜੀਤ ਸਿੰਘ ਸੱਚਦੇਵਾ, ਪਰਦੀਪ ਪ੍ਰਭਾਕਰ ਸਾਬੀ, ਸੂਬਾ ਸੰਯੁਕਤ ਸਕੱਤਰ ਮੋਹਨ ਲਾਲ ਚਿੱਤੋਂ, ਸੰਦੀਪ ਸੈਣੀ, ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਮਨਜੀਤ ਕੌਰ, ਜ਼ਿਲ੍ਹਾ ਯੂਥ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ, ਸੰਜੇ ਚੌਧਰੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਹਿਮ ਸ਼ਖਸੀਅਤਾਂ ਅਤੇ ਰਿਸ਼ਤੇਦਾਰਾਂ ਨੇ ਵੀ ਸ਼ਮੂਲੀਅਤ ਕੀਤੀ।

12-Sep-PAGE-9.qxd 9/11/2023 10:38 PM Page 1



# ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ 'ਚ 13ਵੀਂ ਕੌਮੀ ਯੋਗਾ ਮੀਟ ਸ਼ੁਰੂ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਭਾਰਤ ਦੇ ਸਿੱਖਿਆ ਮੰਤਰਾਲੇ ਅਧੀਨ ਮਿਆਰੀ ਸਿੱਖਿਆ ਦੇ ਰਹੇ 649 ਜਵਾਹਰ ਨਵੋਦਿਆ ਵਿਦਿਆਲਿਆਂ ਦੇ ਪੂਰੇ ਦੇਸ਼ ਵਿੱਚੋਂ ਆਏ 335 ਖਿਡਾਰੀਆਂ ਦੀ 13ਵੀਂ ਕੌਮੀ ਯੋਗਾ ਮੀਟ ਅੱਜ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਵਿਚ ਸ਼ੁਰੂ ਹੋਈ। ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਉਦਘਾਟਨੀ ਸਮਾਰੋਹ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜੇ ਐਨ ਵੀ ਫਲਾਹੀ ਦੇ ਵਿਦਿਆਰਥੀਆਂ ਨੇ ਸਵਾਗਤੀ ਗੀਤ ਗਾ ਕੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ। ਸੰਤੋਸ਼ ਸ਼ਰਮਾ ਸਹਾਇਕ ਕਮਿਸ਼ਨਰ ਨੇ ਮੁੱਖ ਮਹਿਮਾਨ, ਟੀਮ ਮੈਨੇਜਰਾਂ, ਮਹਿਮਾਨਾਂ ਅਤੇ ਮੀਟ ਵਿਚ ਹਿੱਸਾ ਲੈਣ ਆਏ ਖਿਡਾਰੀਆਂ ਦਾ ਸਵਾਗਤ ਕਰਦਿਆਂ ਵਿਦਿਆਰਥੀਆਂ ਨੂੰ ਯੋਗਾ ਦੇ ਮਹੱਤਵ ਬਾਰੇ ਦੱਸਿਆ। ਇਸ ਦੌਰਾਨ ਭਾਰਤ ਦੇ ਅੱਠ ਨਵੋਦਿਆ ਵਿਦਿਆਲਿਆ ਸਮਿਤੀ ਖੇਤਰਾਂ ਦੇ ਖਿਡਾਰੀਆਂ ਨੇ ਸ਼ਾਨਦਾਰ ਮਾਰਚ ਪਾਸਟ ਕੀਤਾ। ਮੁੱਖ ਮਹਿਮਾਨ ਨੇ ਨਵੋਦਿਆ ਵਿਦਿਆਲਿਆ ਸਮਿਤੀ ਦਾ ਝੰਡਾ ਲਹਿਰਾਇਆ। ਇਸ ਉਪਰੰਤ ਖਿਡਾਰੀਆਂ ਨੇ ਖੇਡ ਨੂੰ ਖੇਡ ਦੀ ਸੱਚੀ ਭਾਵਨਾ ਨਾਲ ਖੇਡਣ ਦੀ ਸਹੁੰ ਚੁੱਕੀ। ਵਿਦਿਆਲਿਆ ਦੇ ਪ੍ਰਿੰਸੀਪਲ ਰੰਜੂ ਦੁੱਗਲ ਨੇ ਵਿਦਿਆਰਥੀਆਂ ਦੀਆਂ ਵਿਸ਼ੇਸ਼ ਪ੍ਰਾਪਤੀਆਂ ਦੀ ਰਿਪੋਰਟ ਪੜ੍ਹੀ। ਜੇ ਐਨ ਵੀ ਪੋਜੇਵਾਲ ਨੇ ਗਿੱਧਾ ਅਤੇ ਜੇ ਐਨ ਵੀ ਹਮੀਰਪੁਰ ਨੇ ਹਰਿਆਣਵੀ ਡਾਂਸ ਪੇਸ਼ ਕੀਤਾ। ਮੁੱਖ ਮਹਿਮਾਨ ਕੋਮਲ ਮਿੱਤਲ ਨੇ ਵਿਦਿਆਰਥੀਆਂ ਨੂੰ ਇਸ ਮੀਟ ਵਿੱਚ ਹਿੱਸਾ ਲੈਣ ਲਈ ਅਸ਼ੀਰਵਾਦ ਦਿੱਤਾ । ਮੁੱਖ ਮਹਿਮਾਨ ਨੂੰ ਵਿਦਿਆਲਿਆ ਵਲੋਂ ਯਾਦ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਸਹਾਇਕ ਕਮਿਸ਼ਨਰ ਡੀ.ਡੀ ਸ਼ਰਮਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਨਵੋਦਿਆ ਵਿਦਿਆਲਿਆ ਸਮਿਤੀ ਖੇਤਰੀ ਦਫ਼ਤਰ ਚੰਡੀਗੜ੍ਹ ਦੇ ਸਹਾਇਕ ਕਮਿਸ਼ਨਰ ਸੰਤੋਸ਼ ਸ਼ਰਮਾ, ਅਨੀਤਾ ਕੁਮਾਰੀ, ਆਰ. ਕੇ ਵਰਮਾ, ਡੀ. ਡੀ ਸ਼ਰਮਾ, ਵੱਖ-ਵੱਖ ਜਵਾਹਰ ਨਵੋਦਿਆ ਵਿਦਿਆਲਿਆਂ ਦੇ ਪ੍ਰਿੰਸੀਪਲ ਐਸ. ਡੀ. ਸ਼ਰਮਾ, ਰਵਿੰਦਰ ਕੁਮਾਰ, ਰਵਿੰਦਰ ਸਿੰਘ, ਨਿਸ਼ੀ ਗੋਇਲ, ਸੁਨੀਤਾ, ਦਿਨੇਸ਼ ਸੱਭਰਵਾਲ, ਟੀਮਾਂ ਦੇ ਮੈਨੇਜਰ ਨਰੰਜਣ ਦਲਾਈ (ਭੋਪਾਲ ਰੀਜ਼ਨ), ਪਵਨ ਕੁਮਾਰ ਦੂਬੇ (ਪਟਨਾ ਰੀਜ਼ਨ), ਸੁਨੀਲ (ਪੁਣੇ ਰੀਜ਼ਨ), ਐਸ. ਕੇ ਤਿਵਾੜੀ (ਚੰਡੀਗੜ੍ਹ ਰੀਜ਼ਨ), ਰਤੀਸ਼ (ਸ਼ਿਲੌਂਗ ਰੀਜ਼ਨ), ਯੋਗੇਸ਼ ਕੁਮਾਰ ਮੌਰੀਆ (ਲਖਨਊ ਰੀਜ਼ਨ), ਗਜ਼ੇ ਸਿੰਘ (ਜੈਪੁਰ ਰੀਜ਼ਨ), ਪਾਂਡੂ ਰੰਗਾਰਾਓ (ਹੈਦਰਾਬਾਦ ਰੀਜ਼ਨ), ਸੀਨੀਅਰ ਅਧਿਆਪਕ ਸੰਜੀਵ ਕੁਮਾਰ ਤੋਂ ਇਲਾਵਾ ਵੱਖ-ਵੱਖ ਸਕੂਲਾਂ ਤੋਂ ਆਏ ਅਤੇ ਨਵੋਦਿਆ ਫਲਾਹੀ ਦੇ ਸਟਾਫ ਮੈਂਬਰ, ਸੁਰਜੀਤ ਲਾਲ ਸਰਪੰਚ ਫਲਾਹੀ, ਬਲਜਿੰਦਰ ਕੌਰ ਸਰਪੰਚ ਮਹਿਮੋਵਾਲ ਹਾਜ਼ਰ ਸਨ।

# 34 ਸਿੰਘ ਸ਼ਹੀਦਾਂ ਦੀ ਯਾਦ 'ਚ ਧਾਰਮਕ ਸਮਾਗਮ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ )**- ਸਾਲ 1982 'ਚ ਤਰਨ ਤਾਰਨ ਵਿਖੇ ਲੱਗੇ ਧਰਮ ਯੁੱਧ ਮੋਰਚੇ 'ਚ ਸ਼ਮੂਲੀਅਤ ਕਰਨ ਜਾ ਰਹੇ ਇਲਾਕੇ ਦੇ ਵੱਖ ਵੱਖ ਪਿੰਡਾਂ ਦੇ 34 ਸਿੰਘਾਂ ਦੀ ਭਿਆਨਕ ਰੇਲ ਹਾਦਸੇ 'ਚ ਹੋਈ ਸ਼ਹੀਦੀ ਨੂੰ ਸਮਰਪਤ 41ਵਾਂ ਸ਼ਹੀਦੀ ਸਮਾਗਮ ਬੜੀ ਸ਼ਰਧਾ ਨਾਲ ਮਨਾਇਆ ਗਿਆ। ਅੱਜ ਅੱਡਾ ਕਲਵਾਂ ਮੋੜ ਵਿਖੇ ਸਥਿਤ ਗੁਰਦੁਆਰਾ ਸ੍ਰੀ ਆਕਾਲ ਬੁੰਗਾ ਸਾਹਿਬ ਵਿਖੇ ਮੁੱਖ ਪ੍ਰਬੰਧਕ ਬਾਬਾ ਮਲਕੀਅਤ ਸਿੰਘ ਕਾਰ ਸੇਵਾ ਵਾਲਿਆਂ ਦੀ ਦੇਖ ਰੇਖ ਹੇਠ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਕੀਰਤਨੀ ਜਥੇ ਅਤੇ ਢਾਡੀ ਸਿੰਘਾਂ ਵਲੋਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸੇ ਦੌਰਾਨ ਬਾਬਾ ਜਸਵਿੰਦਰ ਸਿੰਘ ਬਡਿਆਲ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਦਿਆਂ ਗੁਰੂ ਸਾਹਿਬਾਨ ਵਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਸੰਗਤਾਂ ਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ ਤੇ ਪਹਿਰਾ ਦੇਣ ਦੀ ਲੋੜ 'ਤੇ ਜ਼ੋਰ ਦਿੱਤਾ। ਸ਼ਹੀਦਾਂ ਦੇ ਪਰਵਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਮੂਹ ਸੰਗਤ ਲਈ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਇਨ੍ਹਾਂ ਸਮਾਗਮਾਂ ਦੌਰਾਨ ਬਾਬਾ ਗੁਰਚਰਨ ਸਿੰਘ ਬੇਈਂਹਾਰਾ, ਬਾਬਾ ਸਰੂਪ ਸਿੰਘ, ਐਡਵੋਕੇਟ ਹਰਦੇਵ ਸਿੰਘ, ਕਰਮ ਸਿੰਘ ਕਲਵਾਂ, ਕਸ਼ਮੀਰ ਸਿੰਘ ਮੋਠਾਂਪੁਰ, ਹਰਜਿੰਦਰ ਸਿੰਘ ਭਾਓਵਾਲ, ਮੰਗਲ ਸਿੰਘ ਗਿੱਲ, ਰਾਮ ਸਿੰਘ ਸੈਣੀ, ਬਚਿੱਤਰ ਸਿੰਘ ਭੱਠਲ, ਅਵਤਾਰ ਸਿੰਘ, ਖੁਸ਼ਹਾਲ ਸਿੰਘ ਬੈਂਸ, ਭਜਨ ਲਾਲ ਸਵਾੜਾ, ਦਿਲਬਾਰਾ ਸਿੰਘ ਬਾਲਾ, ਮੋਹਨ ਸਿੰਘ ਡੂਮੇਵਾਲ, ਸਰਬਣ ਸਿੰਘ, ਦਰਸ਼ਨ ਸਿੰਘ ਕਾਹਲੋਂ, ਮੱਖਣ ਸਿੰਘ ਸਾਧੜਾ, ਬਾਦਲ ਸਿੰਘ ਬਸੀ, ਸੁੱਚਾ ਸਿੰਘ ਮੰਡੇਰ, ਸੁਖਵੀਰ ਸਿੰਘ ਗਿੱਲ, ਜੋਗਿੰਦਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਖੇਤੀ ਮਸ਼ੀਨਰੀ ਦਾ ਕੱਢਿਆ ਡਰਾਅ

**ਐੱਸ.ਏ.ਐੱਸ ਨਗਰ, (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਐੱਸ.ਏ.ਐੱਸ.ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੀਤਿਕਾ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਐੱਸ.ਏ.ਐੱਸ.ਨਗਰ ਦੀ ਪ੍ਰਧਾਨਗੀ ਹੇਠ ਪਰਾਲੀ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ ਲਈ ਦਿੱਤੀਆਂ ਗਈਆਂ ਆਨਲਾਇਨ ਅਰਜ਼ੀਆਂ ਨਾਲ ਸਬੰਧਤ ਕਿਸਾਨਾਂ ਦੀ ਚੋਣ ਕਰਨ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਐੱਸ.ਏ.ਐੱਸ.ਨਗਰ ਵਿਖੇ ਆਨਲਾਇਨ ਪੋਰਟਲ ਰਾਹੀਂ ਡਰਾਅ ਕੱਢਿਆ ਗਿਆ।

ਇਸ ਮੌਕੇ ਡਾ. ਗੁਰਮੇਲ ਸਿੰਘ ਮੁੱਖ ਖੇਤੀਬਾੜੀ ਅਫਸਰ-ਕਮ-ਕਨਵੀਨਰ ਜ਼ਿਲ੍ਹਾ ਪੱਧਰੀ ਕਾਰਜਕਾਰੀ ਐਗਜ਼ੀਕਿਊਟਿਵ ਕਮੇਟੀ ਐੱਸ.ਏ.ਐੱਸ.ਨਗਰ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਪ੍ਰਬੰਧਨ ਹਿੱਤ ਸਬਸਿਡੀ ਅਧੀਨ ਖੇਤੀ ਮਸ਼ੀਨਾਂ ਦੀ ਵੰਡ ਅਤੇ ਆਈ.ਈ.ਸੀ. ਕੰਪੋਨੈਂਟ ਅਧੀਨ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸਰਕਾਰ ਦੁਆਰਾ ਤਿਆਰ ਕੀਤੇ ਗਏ ਸੀ.ਆਰ.ਐਮ. ਪੋਰਟਲ 'ਤੇ ਕਿਸਾਨਾਂ ਵੱਲੋਂ ਸਾਲ 2023-24 ਦੌਰਾਨ ਕੁੱਲ ਅਰਜ਼ੀਆਂ 415 ਵਿਅਗਤੀਗਤ, ਐਫ.ਪੀ.ਓ. 2 , ਗਰੁੱਪ 8 , 110 ਗ੍ਰਾਮ ਪੰਚਾਇਤਾਂ ਅਤੇ ਕੋਆਪ੍ਰੇਟਿਵ ਸੁਸਾਇਟੀਆਂ 50 ਮਸ਼ੀਨਾਂ ਲਈ ਆਨਲਾਇਨ ਅਰਜ਼ੀਆਂ ਪ੍ਰਾਪਤ ਹੋਈਆਂ ਸਨ। ਜਿਨ੍ਹਾਂ ਵਿੱਚੋਂ 168 ਵਿਅਕਤੀਗਤ ਨੂੰ ਦੇਣ ਦਾ ਟੀਚਾ ਜਿਸ ਵਿੱਚੋਂ ਉਨ੍ਹਾਂ ਵੱਲੋਂ ਦਿੱਤੀ ਤਰਜੀਹ ਦੇ ਆਧਾਰ 'ਤੇ 107 ਮਸ਼ੀਨਾਂ ਦਾ ਡਰਾਅ ਕੱਢਿਆ ਗਿਆ। ਇਸੇ ਤਰ੍ਹਾਂ ਅਨੁਸੂਚਿਤ ਜਾਤੀ ਲਈ 82 ਮਸ਼ੀਨਾਂ ਦਾ ਡਰਾਅ ਕੱਢਣ ਦਾ ਟੀਚਾ ਸੀ ਜਿਸ ਵਿੱਚੋਂ ਕੇਵਲ 6 ਅਰਜ਼ੀਆਂ ਹੀ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚ ਸਾਰਿਆਂ ਨੂੰ ਹੀ ਮਸ਼ੀਨਾਂ ਦੇ ਦਿੱਤੀਆਂ ਗਈਆਂ ਹਨ। ਇਸ ਤਰ੍ਹਾਂ 9 ਬੇਲਰ, 65 ਸੁਪਰ ਸੀਡਰ, 9 ਜ਼ੀਰੋ ਟਿੱਲ ਡਰਿੱਲ, ਦੋ ਮਲਚਰ, 3 ਸਰੱਬਕੱਟਰ , 5 ਐਮ.ਬੀ.ਪਲਾਓ , 2 ਐਸ.ਐਮ.ਐੱਸ., ਤਿੰਨ ਚੋਪਰ ਕਮ ਸਰੈਡਰ ਡਰਾਅ ਵਿੱਚ ਦਿੱਤੇ ਗਏ। ਇਸ ਮੌਕੇ ਅਮਰਿੰਦਰਪਾਲ ਸਿੰਘ ਚੌਹਾਨ, ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਗੁਰਬੀਰ ਸਿੰਘ ਢਿਲੋਂ ਉਪ ਰਜਿਸਟਰਾਰ ਸਹਿਕਾਰੀ ਸਭਾਵਾਂ, ਡਾ. ਹਰਮੀਤ ਕੌਰ ਕੇ.ਵੀ.ਕੇ., ਡਾ. ਸੁੱਚਾ ਸਿੰਘ ਸਿੱਧੂ ਖੇਤੀਬਾੜੀ ਵਿਸਥਾਰ ਅਫਸਰ, ਲਖਵਿੰਦਰ ਸਿੰਘ ਜੂਨੀਅਰ ਤਕਨੀਸ਼ੀਅਨ, ਕਿਸਾਨ ਗੁਰਤੇਜ ਸਿੰਘ ਡੇਰਾਬਸੀ, ਸੁਖਦੀਪ ਸਿੰਘ ਦਸਮੇਸ਼ ਕਿਸਾਨ ਵੈਲਫੇਅਰ ਸੁਸਾਇਟੀ, ਪਰਦੀਪ ਸਿੰਘ ਸੋਹਾਣਾ, ਰਵਿੰਦਰ ਸਿੰਘ ਅਤੇ ਕੁਲਵਿੰਦਰ ਸਿੰਘ ਸੋਹਾਣਾ ਨੇ ਭਾਗ ਲਿਆ।

## ਭਾਜਪਾ ਦੇ ਪੁਰਾਣੇ ਵਰਕਰਾਂ ਨੇ ਕੀਤਾ ਸੁਨੀਲ ਜਾਖੜ ਦਾ ਧੰਨਵਾਦ



**ਮਾਹਿਲਪੁਰ (ਸਫਰੀ)**- ਹਲਕਾ ਗੜ੍ਹਸ਼ੰਕਰ ਤੋਂ ਭਾਜਪਾ ਦੇ ਪੁਰਾਣੇ ਵਰਕਰਾਂ ਨੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਨਾਲ ਮੁਲਾਕਾਤ ਕੀਤੀ ਅਤੇ ਜਿਥੇ ਉਨ੍ਹਾਂ ਨੂੰ ਪੰਜਾਬ ਪ੍ਰਧਾਨ ਬਣਨ ਦੀਆਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਨੇ ਹਲਕਾ ਗੜ੍ਹਸ਼ੰਕਰ ਤੋਂ ਇੰਚਾਰਜ ਨਿਮਿਸ਼ਾ ਮਹਿਤਾ ਨੂੰ ਵਾਰ ਵਾਰ ਅਨੁਸ਼ਾਸਨ ਭੰਗ ਕਰਨ ਕਾਰਨ ਪਾਰਟੀ ਤੋਂ ਕੱਢਣ 'ਤੇ ਸੁਨੀਲ ਜਾਖੜ ਦਾ ਧੰਨਵਾਦ ਕੀਤਾ ਅਤੇ ਇਹ ਭਰੋਸਾ ਵੀ ਦਵਾਇਆ ਕੇ ਆਉਣ ਵਾਲੇ ਸਮੇਂ ਵਿੱਚ ਭਾਜਪਾ ਦੇ ਸਾਰੇ ਵਰਕਰ ਜੀਅ ਜਾਨ ਨਾਲ ਮਿਹਨਤ ਕਰਕੇ ਪਾਰਟੀ ਨੂੰ ਜਿੱਤ ਹਾਸਲ ਕਰਵਾਉਣਗੇ। ਜਾਖੜ ਨੇ ਪਾਰਟੀ ਵਰਕਰਾਂ ਨੂੰ ਪਾਰਟੀ ਦੀ ਰੀੜ੍ਹ ਦੀ ਹੱਡੀ ਦੱਸਿਆ ਅਤੇ ਆਪਣਾ ਫੋਨ ਨੰਬਰ ਸਾਂਝਾ ਕੀਤਾ ਆਉਣ ਵਾਲੇ ਸਮੇਂ 'ਚ ਹਮੇਸ਼ਾ ਹੀ ਵਰਕਰਾਂ ਨਾਲ ਖੜਨ ਦਾ ਭਰੋਸਾ ਦਵਾਇਆ । ਇਸ ਮੌਕੇ ਤ੍ਰੀਅੰਬਕ ਸੋਨੀ , ਓਂਕਾਰ ਚਾਹਲਪੁਰੀ , ਬਿੱਲਾ ਕੰਬਾਲਾ, ਨੰਬਰਦਾਰ ਅਜਿੰਦਰ ਰਾਣਾ, ਸਤਪਾਲ ਹਰਵਾ , ਨਿਤਿਨ ਸ਼ਰਮਾ , ਅਲੋਕ ਰਾਣਾ , ਮਨੋਜ ਰਾਣਾ , ਸੰਦੀਪ ਰਾਣਾ ,ਸੰਜੀਵ ਕਟਾਰੀਆ, ਰੋਸੀ ਡੰਗੋਰੀ,ਪਰਦੀਪ ਬਿੱਲਾ ਪੋਸੀ ,ਰਾਜੂ ਕਟਾਰੀਆ ਅਤੇ ਉਨ੍ਹਾਂ ਦੇ ਹੋਰ ਸਾਥੀ ਹਾਜਰ ਸਨ।

## ਬਾਬਾ ਦਲੀਪ ਸਾਈਂ ਭਾਜਪਾ 'ਚ ਸ਼ਾਮਲ



**ਆਦਮਪੁਰ, (ਪਰਮਜੀਤ ਸਿੰਘ)**- 'ਮੇਰੀ ਮਾਟੀ ਮੇਰਾ ਦੇਸ' ਪ੍ਰੋਗਰਾਮ ਤਹਿਤ ਭਾਜਪਾ ਮੰਡਲ ਆਦਮਪੁਰ ਦੀ ਇਕ ਅਹਿਮ ਮੀਟਿੰਗ ਠਾਕੁਰ ਦੁਆਰਾ ਮੰਦਿਰ ਮੇਨ ਬਜਾਰ ਆਦਮਪੁਰ ਵਿਖੇ ਭਾਜਪਾ ਦੇ ਸੀਨੀਅਰ ਆਗੂ ਵਿਕਰਮ ਸਿੰਘ ਵਿੱਕੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਮੁੱਖ ਮਹਿਮਾਨ ਵਜੋਂ ਭਾਜਪਾ ਮੰਡਲ ਆਦਮਪੁਰ ਦੇ ਪੰਜਾਬ ਜਨਰਲ ਸਕੱਤਰ ਰਾਜੇਸ਼ ਬਾਘਾ ਅਤੇ ਨਿਧੀ ਤਿਵਾੜੀ ਪ੍ਰਧਾਨ ਭਾਜਪਾ ਮਹਿਲਾ ਮੋਰਚਾ ਜਲੰਧਰ ਦਿਹਾਤੀ ਨੇ ਸ਼ਿਰਕਤ ਕੀਤੀ। ਇਸ ਮੌਕੇ ਹਾਜ਼ਰ ਭਾਜਪਾ ਦੇ ਸਾਰੇ ਸੀਨੀਅਰ ਆਗੂਆਂ ਨੇ ਮਿਲ ਕੇ 'ਮੇਰੀ ਮਾਟੀ ਮੇਰਾ ਦੇਸ' ਪ੍ਰੋਗਰਾਮ ਦਾ ਆਯੋਜਨ ਕੀਤਾ। ਉਪਰੰਤ ਮੁੱਖ ਮਹਿਮਾਨ ਰਾਜੇਸ ਬਾਘਾ ਅਤੇ ਨਿਧੀ ਤਿਵਾੜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਪਿੰਡ ਪਿੰਡ ਵਿੱਚ ਜਾ ਕੇ ਲੋਕਾਂ ਨਾਲ ਮੀਟਿੰਗਾਂ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੇ ਗਏ 'ਮੇਰੀ ਮਾਟੀ ਮੇਰਾ ਦੇਸ' ਪ੍ਰੋਗਰਾਮ ਨੂੰ ਸਫਲ ਬਣਾਉਣਾ ਚਾਹੀਦਾ ਹੈ ਤਾਂ ਜੋ ਕੇਂਦਰ ਸਰਕਾਰ ਵਲੋਂ ਸ਼ੁਰੂ ਕੀਤੀਆਂ ਲੋਕ ਭਲਾਈ ਸਕੀਮਾਂ ਜਾਗਰੂਕ ਕਰ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜਨਾ ਚਾਹੀਦਾ ਹੈ। ਇਸ ਦੌਰਾਨ ਰਾਜੇਸ਼ ਬਾਘਾ ਤੇ ਨਿਧੀ ਤਿਵਾੜੀ ਵਲੋਂ ਵਿਕਰਮ ਸਿੰਘ ਵਿੱਕੀ ਦੀ ਮਿਹਨਤ ਸਦਕਾ ਆਦਮਪੁਰ ਵਿੱਚ ਬਾਬਾ ਦਲੀਪ ਸਾਈਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ। ਇਸ ਮੌਕੇ ਜ਼ਿਲ੍ਹਾ ਕਾਰਜਕਾਰਨੀ ਕਮੇਟੀ ਮੈਂਬਰ ਹਰੀਸ਼ ਚੰਦਰ, ਪਰਮਿੰਦਰ ਰਾਣਾ, ਸਰਬਜੀਤ ਸਿੰਘ, ਨਰਿੰਦਰ ਬਾਬੀ, ਹੁਸਨ ਲਾਲ, ਪਿਆਰਾ ਸਿੰਘ, ਦਿਨੇਸ਼ ਸ਼ਰਮਾ, ਦੀਪਕ ਸ਼ਰਮਾ, ਵਜ਼ੀਰ ਸਿੰਘ, ਨੀਲਮ ਗੋਗਨਾ, ਕਪਿਲ ਕੁਮਾਰ, ਪਿੰਕੀ, ਅੰਜੂ ਕੁਮਾਰੀ, ਦੁਲੀ ਚੰਦ, ਤਿਲਕ ਰਾਜ ਯਾਦਵ, ਧਰਮਵੀਰ ਸ਼ਰਮਾ, ਨਰੇਸ਼ ਕੁਮਾਰ, ਚਮਨ ਲਾਲ ਕੜਿਆਣਾ, ਰਾਮ ਨਾਥ, ਨੀਰਜ ਸ਼ਿੰਗਾਰੀ, ਅਮਿਤ ਸ਼ਰਮਾ, ਡਾ.ਨਿੱਕਾ, ਨੀਲਮ, ਸੰਦੀਪ ਕਪੂਰ ਅਤੇ ਹੋਰ ਭਾਜਪਾ ਵਰਕਰ ਹਾਜ਼ਰ ਸਨ।

## 800 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਦੋ ਔਰਤਾਂ ਗ੍ਰਿਫਤਾਰ



**ਟਾਂਡਾ ਉੜਮੁੜ, ਅੱਡਾ ਸਰਾਂ (ਜਸਵਿੰਦਰ ਸੰਧੂ, ਉਂਕਾਰ ਸਿੰਘ, ਜਸਵੀਰ ਕਾਜਲ)**- ਐਸ.ਆਈ ਰਜੇਸ਼ ਕੁਮਾਰ ਇੰਚਾਰਜ ਚੌਕੀ ਸਰਾਂ ਥਾਣਾ ਟਾਂਡਾ ਸਮੇਤ ਲੇਡੀ ਸਟਾਫ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋਂ ਨਜ਼ਦੀਕ ਸਰਕਾਰੀ ਸਕੂਲ ਮਿਰਜਾਪੁਰ ਪਾਸ ਇਕ ਔਰਤ ਸੁਮਨ ਪਤਨੀ ਧੀਰਾ ਸਿੰਘ ਵਾਸੀ ਥੀਰੇਵਾਲ ਥਾਣਾ ਰੰਗੜ ਨੰਗਲ, ਬਟਾਲਾ ਹਾਲ ਵਾਸੀ ਚੋਟਾਲਾ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਾਬੂ ਕਰਕੇ ਉਸ ਪਾਸੋਂ ਭਾਰੀ ਮਾਤਰਾ ਵਿਚ ਨਸ਼ੀਲਾ ਪਦਾਰਥ ਬ੍ਰਾਮਦ ਕਰਕੇ ਤੁਰੰਤ ਮੁਕੱਦਮਾ ਦਰਜ ਰਜਿਸਟਰ ਕਰਕੇ ਲੋੜੀਂਦੀ ਕਾਰਵਾਈ ਅਮਲ ਵਿਚ ਲਿਆਂਦੀ। ਦੌਰਾਨੇ ਤਫਤੀਸ਼ ਉਸ ਦੀ ਇਕ ਹੋਰ ਸਾਥਣ ਨੂੰ ਜੋ ਇਸ ਸਮਗਲਿੰਗ ਦੇ ਧੰਦੇ ਵਿੱਚ ਸ਼ਾਮਲ ਨੰਦਨੀ ਉਰਫ ਮਾਣੀ ਪਤਨੀ ਰੋਹਿਤ ਕੁਮਾਰ ਵਾਸੀ ਗੰਨਾ ਪਿੰਡ ਫਿਲੌਰ ਹਾਲ ਵਾਸੀ ਚੰਡੀਗੜ੍ਹ ਕਲੋਨੀ ਟਾਂਡਾ ਥਾਣਾ ਟਾਂਡਾ ਜ਼ਿਲਾ ਹੁਸ਼ਿਆਰਪੁਰ ਨੂੰ ਗ੍ਰਿਫਤਾਰ ਕਰਕੇ ਬ੍ਰਾਮਦਗੀ ਕੀਤੀ। ਇਨ੍ਹਾਂ ਖਿਲਾਫ ਪਹਿਲਾ ਵੀ ਮੁਕੱਦਮੇ ਦਰਜ ਹਨ ਤੇ ਜੇਲਾਂ ਵਿੱਚੋ ਜ਼ਮਾਨਤ 'ਤੇ ਆਈਆਂ ਹੋਈਆਂ ਹਨ।

# ਅਵਤਾਰ ਸਿੰਘ ਖਾਲਸਾ ਨੇ ਲਾਏ ਪੁਲਸ 'ਤੇ ਕਾਰਵਾਈ ਨਾ ਕਰਨ ਦੇ ਦੋਸ਼



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਪਿੰਡ ਕਾਲੂਵਾਹਰ ਖਰਦੇਹੜ ਰੋਡ ਤੇ ਸੋਢੀ ਫਾਰਮ ਵਿਖੇ ਰਹਿ ਰਹੇ ਅਵਤਾਰ ਸਿੰਘ ਖਾਲਸਾ ਨੇ ਦੱਸਿਆ ਕਿ ਬੀਤੇ ਦਿਨੀਂ ਕੁਝ ਵਿਅਕਤੀ ਜਿਨ੍ਹਾਂ ਨੇ ਮੂੰਹ ਬੰਨ੍ਹੇ ਹੋਏ ਸਨ, ਗੇਟ ਟੱਪ ਕੇ ਕੋਠੀ ਵਿੱਚ ਦਾਖਲ ਹੋਏ। ਸਫਾਰੀ ਗੱਡੀ ਅਤੇ ਕੋਠੀ ਦੇ ਸ਼ੀਸ਼ੇ ਤੋੜੇ ਗਏ ਅਤੇ ਜਾਣ ਲੱਗਿਆਂ ਮੱਝਾਂ ਦੇ ਰੱਸੇ ਵੀ ਦਾਤਰ ਨਾਲ ਕੱਟ ਦਿੱਤੇ ਗਏ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਕਿਸੇ ਨਾਲ ਵੀ ਕੋਈ ਵੀ ਦੁਸ਼ਮਣੀ ਜਾਂ ਰੰਜਿਸ਼ ਨਹੀਂ ਹੈ। ਤਕਰੀਬਨ ਦੋ ਮਹੀਨੇ ਪਹਿਲਾਂ ਵੀ ਉਨ੍ਹਾਂ ਦੇ ਘਰ ਦੇ ਬਾਹਰ ਅਣਪਛਾਤੇ ਵਿਅਕਤੀਆਂ ਵਲੋਂ ਪਿੰਡ ਦੇ ਸਰਪੰਚ 'ਤੇ ਗੋਲੀਆਂ ਚਲਾਈਆਂ ਗਈਆਂ ਸਨ। ਉਸ ਤੋਂ ਇੱਕ ਹਫਤੇ ਬਾਦ ਸਾਡੇ ਘਰ ਦੇ ਬਾਹਰ ਭੰਨ ਤੋੜ ਵੀ ਕੀਤੀ ਗਈ ਅਤੇ ਘਰ ਦੇ ਅੰਦਰ ਪੈਟਰੋਲ ਬੰਬ ਵੀ ਸੁੱਟੇ ਗਏ। ਜਿਸ ਦੀ ਸ਼ਿਕਾਇਤ ਥਾਣਾ ਬੁਲੋਵਾਲ ਵਿਖੇ ਕੀਤੀ ਗਈ ਸੀ। ਪੁਲਸ ਵਲੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਗੁੰਡਿਆਂ ਦੇ ਹੌਂਸਲੇ ਹੋਰ ਬੁਲੰਦ ਹੋ ਗਏ ਹਨ। ਘਰ ਦੇ ਆਲੇ ਦੁਆਲੇ ਅਣਪਛਾਤੇ ਲੋਕਾਂ ਦੀ ਰੇਕੀ ਕਰਦਿਆਂ ਦੀ ਵੀਡਿਓ ਐੱਸ. ਐੱਚ. ਓ. ਬੁਲੋਵਾਲ ਨੂੰ ਭੇਜੀ ਵੀ ਗਈ ਸੀ, ਕੋਈ ਵੀ ਕਾਰਵਾਈ ਨਹੀਂ ਹੋਈ। ਇਸ ਮੌਕੇ 'ਤੇ ਅਮਰੀਕ ਸਿੰਘ ਖਾਲਸਾ, ਲਾਲੀ ਵਾਜਵਾ, ਪ੍ਰਧਾਨ ਭੁਪਿੰਦਰ ਸਿੰਘ ਮਹਿੰਦੀਪੁਰ, ਗੁਰਨਾਮ ਸਿੰਘ ਸਰਪੰਚ, ਹਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਸਰਬਜੀਤ ਸਿੰਘ, ਗੁਰਪ੍ਰੀਤ ਸਿੰਘ, ਸੁਖਵੀਰ ਸਿੰਘ ਆਦਿ ਹਾਜਰ ਸਨ।

# ਪਰਮ ਸੇਵਾ ਵੈੱਲਫੇਅਰ ਸੁਸਾਇਟੀ ਵੱਲੋਂ ਲੋੜਵੰਦ ਦੀ ਸਹਾਇਤਾ



**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)**-ਪਰਮ ਸੇਵਾ ਵੈਲਫੇਅਰ ਸੁਸਾਇਟੀ ਵੱਲੋਂ ਨਜ਼ਦੀਕੀ ਪਿੰਡ ਬਲਰਾਮਪੁਰ ਵਿਖੇ ਇੱਕ ਲੋੜਵੰਦ ਪਰਵਾਰ ਦੀ ਵਿੱਤੀ ਸਹਾਇਤਾ ਕੀਤੀ ਗਈ । ਸੁਸਾਇਟੀ ਦੇ ਪ੍ਰਧਾਨ ਸੋਮਨਾਥ ਭੱਟ ਨੇ ਦੱਸਿਆ ਕਿ ਬੇਲਾ ਕਾਲਜ ਦੇ ਸਾਬਕਾ ਪ੍ਰਿੰਸੀਪਲ ਸੁਰਮੁੱਖ ਸਿੰਘ ਨੇ ਸੁਸਾਇਟੀ ਦੇ ਧਿਆਨ ਵਿੱਚ ਲਿਆਂਦਾ ਕਿ ਉਨ੍ਹਾਂ ਦੇ ਪਿੰਡ ਬਲਰਾਮਪੁਰ ਦੀ ਵਿਧਵਾ ਪਰਮਜੀਤ ਕੌਰ ਪਤਨੀ ਸਵ. ਮਹਿੰਦਰ ਸਿੰਘ ਦੀ ਆਰਥਕ ਹਾਲਤ ਬਹੁਤ ਹੀ ਕਮਜ਼ੋਰ ਹੈ ਅਤੇ ਉਸ ਦੇ ਪਤੀ ਦੀ ਅਚਾਨਕ ਮੌਤ ਹੋਣ ਕਾਰਨ ਪਰਵਾਰ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਪਰਿਵਾਰ ਵਿੱਚ ਕੋਈ ਵੀ ਕਮਾਉਣਾ ਵਾਲਾ ਨਹੀਂ ਹੈ , ਜਿਸ 'ਤੇ ਸੁਸਾਇਟੀ ਵੱਲੋਂ ਉਕਤ ਪਰਵਾਰ ਦੀ 15000 ਹਜ਼ਾਰ ਰੁਪਏ ਨਾਲ ਆਰਥਕ ਮਦਦ ਕੀਤੀ ਗਈ । ਸਰਕਾਰੀ ਕਾਲਜ ਰੂਪਨਗਰ ਦੇ ਸਾਬਕਾ ਪ੍ਰਿੰਸੀਪਲ ਡਾ. ਸੰਤ ਸੁਰਿੰਦਰ ਪਾਲ ਸਿੰਘ ਨੇ ਦੱਸਿਆ ਕਿ ਪਰਮ ਸੇਵਾ ਵੈਲਫੇਅਰ ਸੁਸਾਇਟੀ ਵੱਲੋਂ ਸੂਬੇ ਅੰਦਰ ਲੋੜਵੰਦ ਪਰਵਾਰਾਂ ਸਮੇਤ ਮਰੀਜ਼ਾਂ ਦੀ ਵੀ ਆਰਥਕ ਮਦਦ ਕੀਤੀ ਜਾਂਦੀ ਹੈ ।

ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਲੋੜਵੰਦ ਪਰਵਾਰਾਂ ਸਮੇਤ ਮਰੀਜ਼ਾਂ ਦੀ 15000 ਰੁਪਏ ਨਾਲ ਹੀ ਮਦਦ ਕੀਤੀ ਜਾਂਦੀ ਹੈ । ਉਨ੍ਹਾਂ ਇਹ ਵੀ ਦੱਸਿਆ ਕਿ ਇਸ ਨੇਕ ਕੰਮ ਕਰਨ ਲਈ ਸੁਸਾਇਟੀ ਵਿੱਚ ਔਰਤਾਂ ਦਾ ਬਹੁਤ ਵੱਡਾ ਯੋਗਦਾਨ ਹੈ । ਪਿੰਡ ਬਲਰਾਮਪੁਰੇ ਦੇ ਪਤਵੰਤੇ ਸੱਜਣਾ ਵੱਲੋਂ ਸੁਸਾਇਟੀ ਦਾ ਧੰਨਵਾਦ ਕੀਤਾ ਗਿਆ । ਇਸ ਮੌਕੇ ਸੁਸਾਇਟੀ ਦੇ ਮੈਂਬਰ ਸੁਰਜੀਤ ਮੰਡ, ਕੁਲਦੀਪ ਕੌਰ, ਸੋਭਾ ਸ਼ਰਮਾ, ਸੁਰਿੰਦਰ ਕੌਰ, ਮਧੂ ਸ਼ਰਮਾ, ਸੋਨੀਆ ਰਾਣੀ, ਚੰਦਰ ਕਾਂਤਾ, ਬਿਮਲਾ ਦੇਵੀ, ਕਮਲੇਸ਼ ਕਾਲਕਾ, ਆਰਤੀ ਸਹਿਗਲ, ਸੁਨੀਤਾ ਗੌਤਮ ਅਤੇ ਅੰਜੂ ਰਾਣੀ ਆਦਿ ਹਾਜ਼ਰ ਸਨ । ਕੈਪਸ਼ਨ : ਪਿੰਡ ਬਲਰਾਮਪੁਰ ਵਿਖੇ ਲੋੜਵੰਦ ਔਰਤ ਦੀ ਮਦਦ ਕਰਦੇ ਹੋਏ ਸੁਸਾਇਟੀ ਦੇ ਮੈਂਬਰ ।

# ਜ਼ਿਲ੍ਹੇ 'ਚ ਵਿਸ਼ੇਸ਼ ਟੀਕਾਕਰਨ ਕੈਂਪ ਸ਼ੁਰੂ



**ਮੋਹਾਲੀ, (ਗੁਰਜੀਤ ਬਿੱਲਾ)**-ਬੱਚਿਆਂ ਅਤੇ ਗਰਭਵਤੀ ਔਰਤਾਂ ਦਾ 100 ਫ਼ੀਸਦੀ ਟੀਕਾਕਰਨ ਯਕੀਨੀ ਬਣਾਉਣ ਲਈ ਇੰਦਰਧਨੁਸ਼-5.0 ਸ਼ੁਰੂ ਹੋ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦੱਸਿਆ ਕਿ ਸਿਵਲ ਸਰਜਨ ਡਾ. ਮਹੇਸ਼ ਕੁਮਾਰ ਆਹੂਜਾ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਪੰਜ ਸਾਲ ਤੱਕ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ 100 ਫੀਸਦੀ ਟੀਕਾਕਰਨ ਲਈ ਤਿੰਨ ਗੇੜਾਂ ਵਿੱਚ ਤੀਬਰ ਮਿਸ਼ਨ ਇੰਦਰਧਨੁਸ਼-5.0 ਚਲਾਇਆ ਜਾਵੇਗਾ। ਦੂਜਾ ਗੇੜ 9 ਅਕਤੂਬਰ ਤੋਂ ਚਲਾਇਆ ਜਾਵੇਗਾ ਜੋ 14 ਅਕਤੂਬਰ ਤੱਕ ਜਾਰੀ ਰਹੇਗਾ। ਤੀਜਾ ਗੇੜ ਨਵੰਬਰ ਮਹੀਨੇ ਦੇ ਚੌਥੇ ਹਫਤੇ 20 ਨਵੰਬਰ ਤੋਂ 25 ਨਵੰਬਰ ਤੱਕ ਚੱਲੇਗਾ। ਇਸ ਮਿਸ਼ਨ ਦਾ ਮੁੱਖ ਮੰਤਵ ਬੱਚਿਆਂ ਤੇ ਗਰਭਵਤੀ ਔਰਤਾਂ ਦੇ ਸੰਪੂਰਨ ਟੀਕਾਕਰਨ ਨੂੰ ਯਕੀਨੀ ਬਣਾਉਣਾ ਹੈ ਤਾਂਕਿ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਸੰਪੂਰਨ ਟੀਕਾਕਰਨ ਕਰਕੇ ਬਾਲ ਅਤੇ ਮਾਤਰੀ ਮੌਤ ਦਰ ਨੂੰ ਘਟਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਪੰਜ ਸਾਲ ਤੱਕ ਦੀ ਉਮਰ ਦੇ ਜਿਹੜੇ ਬੱਚੇ ਕਿਸੇ ਕਾਰਨ ਕਿਸੇ ਟੀਕਾਕਰਨ ਤੋਂ ਵਾਂਝੇ ਰਹਿ ਗਏ ਜਾਂ ਫਿਰ ਅਧੂਰਾ ਟੀਕਾਕਰਨ ਹੋਇਆ ਹੈ, ਉਨ੍ਹਾਂ ਨੂੰ ਮਿਸ਼ਨ ਇੰਦਰਧਨੁਸ਼ ਅਧੀਨ ਵਿਸ਼ੇਸ਼ ਕੈਂਪਾਂ ਰਾਹੀਂ ਕਵਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜਿਹੜੇ ਬੱਚੇ ਘਰਾਂ ਵਿਚ ਪੈਦਾ ਹੁੰਦੇ ਹਨ ਅਤੇ ਉਨ੍ਹਾਂ ਬੱਚਿਆਂ ਦੀਆਂ ਜਨਮ ਖੁਰਾਕਾਂ ਵੀ ਰਹਿ ਜਾਂਦੀਆ ਹਨ, ਉਹ ਬੱਚੇ ਵੀ ਇਸ ਮੁਹਿੰਮ ਵਿਚ ਕਵਰ ਕੀਤੇ ਜਾਣਗੇ। ਡਾ. ਡੋਗਰਾ ਨੇ ਕਿਹਾ ਕਿ ਸ਼ਹਿਰੀ ਤੇ ਪੇਂਡੂ ਇਲਾਕਿਆਂ ਖਾਸ ਕਰਕੇ ਉਚ ਜੋਖਮ ਵਾਲੇ ਖੇਤਰਾਂ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ ਸੰਪੂਰਨ ਟੀਕਾਕਰਨ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਜਾਵੇਗਾ। ਇਸ ਵਿਸ਼ੇਸ਼ ਟੀਕਾਕਰਨ ਮਿਸ਼ਨ ਤਹਿਤ ਜ਼ਿਲ੍ਹੇ ਦੀਆਂ ਝੁੱਗੀਆਂ-ਝੌਂਪੜੀਆਂ, ਇੱਟਾਂ ਦੇ ਭੱਠਿਆਂ, ਗੁੱਜਰਾਂ ਦੇ ਡੇਰਿਆਂ, ਸ਼ੈੱਲਰਾਂ, ਦਾਣਾ ਮੰਡੀਆਂ, ਉਸਾਰੀ ਅਧੀਨ ਇਮਾਰਤਾਂ ਵਿਚ ਰਹਿੰਦੇ ਪ੍ਰਵਾਸੀ ਮਜ਼ਦੂਰਾਂ ਦੇ ਬੱਚਿਆਂ, ਖੇਤੀਬਾੜੀ ਦੇ ਕੰਮਾਂ ਵਿਚ ਲੱਗੀ ਪ੍ਰਵਾਸੀ ਆਬਾਦੀ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਤੱਕ ਮੋਬਾਇਲ ਟੀਮਾਂ ਰਾਹੀਂ ਵਿਸ਼ੇਸ਼ ਪਹੁੰਚ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਤਿੰਨ ਗੇੜਾਂ ਦੇ ਲਾਭਪਾਤਰੀਆਂ ਨੂੰ ਯੂ-ਵਿਨ ਪੋਰਟਲ ਰਾਹੀਂ ਪੰਜੀਕਰਣ ਤੇ ਟੀਕਾਕਰਨ ਕੀਤਾ ਜਾਵੇਗਾ।

## ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਡੇਰਾ ਬਾਪੂ ਗੰਗਾ ਦਾਸ ਜੀ ਵੈਲਫੇਅਰ ਸੋਸਾਇਟੀ ਮਾਹਿਲਪੁਰ ਵੱਲੋਂ ਡੇਰੇ ਵਿਖੇ ਮੁੱਖ ਸੇਵਾਦਾਰ ਮਨਦੀਪ ਸਿੰਘ ਬੈਂਸ ਦੀ ਅਗਵਾਈ ਹੇਠ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਪੂਰਬਕ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਪੰਡਤ ਸੱਜਣ ਸ਼ਾਸਤਰੀ ਸ੍ਰੀ ਕ੍ਰਿਸ਼ਨ ਕਾਂਸੀ ਵੱਲੋਂ ਸ੍ਰੀ ਕ੍ਰਿਸ਼ਨ ਮਹਿਮਾ ਦਾ ਗੁਣ ਗਾਇਨ ਕੀਤਾ ਗਿਆ। ਇਸ ਮੌਕੇ ਮੁੱਖ ਸੇਵਾਦਾਰ ਮਨਦੀਪ ਸਿੰਘ ਬੈਂਸ, ਸਾਬਕਾ ਵਿਧਾਇਕ ਲਵ ਕੁਮਾਰ ਗੋਲਡੀ, ਰਵੀ,ਪਰਮਜੀਤ ਸਿੰਘ ਬੈਂਸ ਇੰਸਪੈਕਟਰ, ਵਿੱਕੀ ਅਗਨੀਹੋਤਰੀ, ਅੱਛਰ ਕੁਮਾਰ ਜੋਸ਼ੀ, ਅਨੁਰਾਗ ਹਾਂਡਾ, ਹਰਵਿੰਦਰ ਸਿੰਘ ਰਾਣਾ, ਪਰਮਜੀਤ ਰਾਣਾ ਇੰਸਪੈਕਟਰ,ਰਾਜ ਕੁਮਾਰ, ਗੋਪੀ ਬਸਰਾ, ਅਵਤਾਰ ਸਿੰਘ, ਡਾਕਟਰ ਬਲਦੇਵ ਸਿੰਘ,ਰਾਜੇਸ਼ ਕਿਰਪਾਲ,ਕਾਕਾ ਅਰਮੇਸ ਕੁਮਾਰ ਕਾਕਾ ਸੰਜੇ ਖੰਨਾ, ਜੁਗਿੰਦਰ ਪਾਲ ਪਿੰਕੀ ਆਦਿ ਹਾਜਰ ਸਨ।

# ਹਿਮਾਚਲ ਨਾਲ ਲਗਦੇ ਇਲਾਕਿਆਂ 'ਚ ਨਾਕੇ ਲਗਾ ਵਾਹਨਾਂ ਦੀ ਕੀਤੀ ਚੈਕਿੰਗ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਐਸ.ਐਸ.ਪੀ ਰੂਪਨਗਰ ਵਿਵੇਕ ਐੱਸ ਸੋਨੀ ਦੀ ਅਗਵਾਈ ਹੇਠ ਰੂਪਨਗਰ ਪੁਲਸ ਵੱਲੋਂ ਅਪ੍ਰੇਸ਼ਨ ਸੀਲ-4 ਤਹਿਤ ਹਿਮਾਚਲ ਪ੍ਰਦੇਸ ਦੇ ਨਾਲ ਲਗਦੇ ਇਲਾਕਿਆਂ ਉਤੇ ਨਾਕੇ ਲਗਾ ਵਾਹਨਾਂ ਦੀ ਸਖਤੀ ਨਾਲ ਚੈਕਿੰਗ ਕੀਤੀ ਜਾ ਰਹੀ ਹੈ। ਇਸ ਮੌਕੇ ਰਾਜਪਾਲ ਸਿੰਘ ਹੁੰਦਲ ਐਸ.ਪੀ ਹੈੱਡਕੁਆਟਰ ਰੂਪਨਗਰ ਨੇ ਦੱਸਿਆ ਕਿ ਅਪ੍ਰੇਸ਼ਨ ਸੀਲ-4 ਤਹਿਤ ਜ਼ਿਲ੍ਹੇ ਦੇ ਹਿਮਾਚਲ ਪ੍ਰਦੇਸ਼ ਨਾਲ ਲਗਦੇ ਵੱਖ-ਵੱਖ 7 ਥਾਵਾਂ ਉਤੇ ਇਹ ਇੰਟਰ-ਸਟੇਟ ਨਾਕੇ ਲਗਾਏ ਗਏ ਹਨ ਤਾਂ ਜੋ ਕਿਸੇ ਵੀ ਸ਼ਰਾਰਤੀ ਅਨਸਰ ਦੁਆਰਾ ਸੂਬੇ ਅੰਦਰ ਕੋਈ ਗਲਤ ਘਟਨਾ ਨੂੰ ਅੰਜਾਮ ਨਾ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਚੈਕਿੰਗ ਅਤੇ ਨਾਕਾਬੰਦੀ ਦਾ ਮੁੱਖ ਉਦੇਸ਼ ਆਮ ਲੋਕਾਂ ਦੇ ਲਈ ਸੁਖਾਵਾਂ ਮਾਹੌਲ, ਲੋਕਾਂ ਵਿੱਚ ਸਹੀ ਸੋਚ ਅਤੇ ਉਸਾਰੂ ਵਿਸ਼ਵਾਸ ਪੈਦਾ ਕਰਨਾ ਹੈ ਅਤੇ ਨਾਲ ਹੀ ਸ਼ਰਾਰਤੀ ਅਨਸਰਾਂ ਉੱਤੇ ਨਕੇਲ ਕੱਸਣ ਅਤੇ ਕਾਬੂ ਕਰਨ ਲਈ ਇਹ ਮੁਹਿੰਮ ਚਲਾਈ ਜਾ ਰਹੀ ਹੈ ਤਾਂ ਜੋ ਅਪਰਾਧਕ ਸੋਚ ਵਾਲੇ ਗੈਰ ਸਮਾਜੀ ਤੱਤਾਂ ਵਾਲੇ ਕਿਸੇ ਅਣਸੁਖਾਵੀਂ ਘਟਨਾ ਨੂੰ ਅੰਜਾਮ ਨਾ ਦੇ ਸਕਣ। ਉਨ੍ਹਾਂ ਕਿਹਾ ਕਿ ਕਈ ਥਾਵਾਂ 'ਤੇ ਸਪੈਸ਼ਲ ਟੀਮਾਂ ਵੀ ਤਾਇਨਾਤ ਕੀਤੀਆਂ ਗਈਆਂ ਹਨ ਅਤੇ ਕੁਝ ਮੇਜਰ ਪੁਆਇੰਟ ਉਤੇ ਡਾਗ ਸਕਾਡ ਵੀ ਲਾਈ ਗਈ ਹੈ। ਉਨ੍ਹਾਂ ਦੱਸਿਆ ਕਿ ਰੇਲਵੇ ਸਟੇਸ਼ਨਾਂ, ਬੱਸ ਅੱਡਿਆਂ 'ਤੇ ਵੱਖ-ਵੱਖ ਥਾਵਾਂ ਉੱਤੇ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਹੈ। ਇਸ ਮੌਕੇ ਐਸ.ਐਚ.ਓ ਹਰਕੀਰਤ ਸਿੰਘ ਅਤੇ ਪੁਲਸ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਭਰਤਗੜ੍ਹ (ਕੀਰਤਪੁਰ ਸਾਹਿਬ ) ਵਿਖੇ ਸਬ ਇੰਸਪੈਕਟਰ ਰਣਜੀਤ ਸਿੰਘ ਵੱਲੋਂ ਭਰਤਗੜ੍ਹ ਤੋ ਪੰਜੈਰਾ ਰੋਡ 'ਤੇ ਨਾਕੇਬੰਦੀ ਕਰਕੇ ਵਾਹਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਹੜ੍ਹਾਂ ਦੇ ਝੰਬੇ ਲੋਕਾਂ ਨੂੰ ਕੋਈ ਸਰਕਾਰੀ ਰਾਹਤ ਨਹੀਂ : ਗੌਰਵ ਰਾਣਾ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**- ਜ਼ਿਲ੍ਹਾ ਰੂਪਨਗਰ ਵਿਚ ਹੜ੍ਹਾਂ ਤੇ ਬਰਸਾਤਾਂ ਦੌਰਾਨ ਟੁੱਟੇ ਤੇ ਹੜ੍ਹ ਚੁੱਕੇ ਮਕਾਨਾਂ ਦੇ ਪੁਨਰ ਨਿਰਮਾਣ ਲਈ ਪੀੜਤ ਲੋਕਾਂ ਨੂੰ ਹੁਣ ਤੱਕ ਸਰਕਾਰੀ ਰਾਹਤ ਨਸੀਬ ਨਹੀਂ ਹੋਈ। ਬਰਸਾਤ ਕਾਰਨ ਨੁਕਸਾਨੇ ਗਏ ਘਰਾਂ ਨਾਲ ਸਬੰਧਤ ਲੋਕ ਹੁਣ ਤੱਕ ਸਰਕਾਰ ਦੀ ਰਾਹਤ ਰਾਸ਼ੀ ਨਾਲ ਮੁੜ ਮਕਾਨ ਬਣਨ ਦੀ ਆਸ ਵਿਚ ਬੈਠੇ ਦਿਨ ਕੱਟ ਰਹੇ ਹਨ। ਅਜਿਹਾ ਹੀ ਇੱਕ ਮਾਮਲਾ ਨੂਰਪੁਰ ਬੇਦੀ ਇਲਾਕੇ ਦੇ ਪਿੰਡ ਸਮੁੰਦੜੀਆਂ ਦੇ ਗਰੀਬ ਪਰਵਾਰ ਦਾ ਸਾਹਮਣੇ ਆਇਆ ਹੈ ਜੋ ਕਿ ਖੁੱਲ੍ਹੇ ਅਸਮਾਨ ਥੱਲੇ ਤਰਪਾਲਾਂ ਪਾ ਕੇ ਰਹਿਣ ਲਈ ਮਜਬੂਰ ਹੋਇਆ ਪਿਆ ਹੈ। ਪਿੰਡ ਸਮੁੰਦੜੀਆਂ ਦੀ ਦੀਪ ਕੌਰ ਪਤਨੀ ਜਸਵੰਤ ਸਿੰਘ ਨੇ ਦੱਸਿਆ ਕਰੀਬ ਇੱਕ ਮਹੀਨਾ ਪਹਿਲਾਂ ਇਲਾਕੇ ਵਿਚ ਹੋਈ ਭਾਰੀ ਵਰਖਾ ਦੌਰਾਨ ਖੱਡ ਦਾ ਪਾਣੀ ਭਾਰੀ ਮਾਤਰਾ ਵਿੱਚ ਉਸ ਦੇ ਘਰ ਦੀ ਦੀਵਾਰ ਨੂੰ ਪਾੜ ਕੇ ਦਾਖਲ ਹੋ ਗਿਆ। ਜਿਸ ਨਾਲ ਉਸ ਦੇ ਘਰ ਦਾ ਇਕ ਵੱਡਾ ਹਿੱਸਾ ਟੁੱਟ ਗਿਆ ਤੇ ਇਸ ਘਰ ਦਾ ਸਾਰਾ ਸਾਮਾਨ ਹੜ੍ਹ ਗਿਆ। ਉਸ ਨੇ ਦੁਖੀ ਮਨ ਨਾਲ ਦੱਸਿਆ ਕਿ ਬੇਸ਼ੱਕ ਇਸ ਘਟਨਾ ਤੋਂ ਬਾਅਦ ਸੱਤਾਧਾਰੀ ਆਗੂਆਂ ਵੱਲੋਂ ਸਾਨੂੰ ਮੁਆਵਜ਼ੇ ਦਾ ਵਿਸ਼ਵਾਸ ਦਿਵਾਇਆ ਗਿਆ, ਪਰ ਹੁਣ ਤੱਕ ਇੱਕ ਰੁਪਈਆ ਵੀ ਸਰਕਾਰੀ ਮਦਦ ਦਾ ਨਹੀਂ ਮਿਲਿਆ। ਉਹਨਾਂ ਨੇ ਕਿਹਾ ਕਿ ਉਹ ਗਰੀਬ ਪਰਵਾਰ ਨਾਲ ਸੰਬੰਧਤ ਹਨ ਤੇ ਉਨ੍ਹਾਂ ਦੇ ਪਤੀ ਦਿਹਾੜੀਦਾਰ ਡਰਾਈਵਰ ਹਨ। ਪਰਵਾਰ ਦੇ ਮਦਦ ਦੀ ਗੁਹਾਰ ਲਗਾਉਣ ਤੋਂ ਬਾਅਦ ਪੰਜਾਬ ਮੋਰਚਾ ਦੇ ਕਨਵੀਨਰ ਗੌਰਵ ਰਾਣਾ ਸਮੁੰਦੜੀਆਂ ਪਿੰਡ ਪਹੁੰਚੇ। ਰਾਣਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਸੰਸਥਾਵਾਂ ਦੇ ਮੁਖੀਆਂ ਦੇ ਨਾਲ ਰਾਬਤਾ ਕੀਤਾ ਜਾ ਰਿਹਾ ਹੈ ਤਾਂ ਕਿ ਇਸ ਗਰੀਬ ਭੈਣ ਦੇ ਸਿਰ ਉੱਤੇ ਛੱਤ ਆ ਜਾਵੇ। ਉਨ੍ਹਾਂ ਨੇ ਦੱਸਿਆ ਕਿ ਫਿਲਹਾਲ ਇਹ ਪਰਵਾਰ ਖੁੱਲ੍ਹੇ ਅਸਮਾਨ ਥੱਲੇ ਤਰਪਾਲਾਂ ਪਾ ਕੇ ਰਹਿ ਰਿਹਾ ਹੈ। ਉਨ੍ਹਾਂ ਵੱਖ ਵੱਖ ਸੰਸਥਾਵਾਂ ਤੋਂ ਇਸ ਮਾਮਲੇ ਵਿੱਚ ਜਲਦ ਸਾਥ ਦੇ ਕੇ ਇਨ੍ਹਾਂ ਦਾ ਘਰ ਮੁਕੰਮਲ ਕਰਵਾਉਣ ਲਈ ਅਪੀਲ ਕੀਤੀ ਹੈ।

## ਕੌਮਾਂਤਰੀ ਭਾਰਤੀ ਵਪਾਰ ਮੇਲੇ ਵਿਚ ਐੱਸ ਐੱਚ ਜੀ ਦੇ ਉਤਪਾਦਾਂ ਨੂੰ ਕੀਤਾ ਜਾਵੇਗਾ ਪ੍ਰਦਰਸ਼ਿਤ : ਕੌਸ਼ਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਸਕੱਤਰ ਸੰਜੀਵ ਕੌਸ਼ਲ ਨੇ ਕਿਹਾ ਕਿ ਇਸ ਸਾਲ 14 ਤੋਂ 27 ਨਵੰਬਰ ਤਕ ਪ੍ਰਬੰਧਿਤ ਹੋਣ ਵਾਲੇ ਕੌਮਾਂਤਰੀ ਭਾਰਤੀ ਵਪਾਰ ਮੇਲੇ ਵਿਚ ਲੋਕਲ ਫਾਰ ਵੋਕਲ ਨੂੰ ਪ੍ਰੋਤਸਾਹਨ ਦੇਣ ਲਈ ਰਾਜ ਦੇ ਸਵੈ ਸਹਾਇਤਾ ਸਮੂਹਾਂ ਅਤੇ ਕਿਸਾਨ ਉਤਪਾਦਕ ਸਮੂਹਾਂ ਦੇ ਉਤਪਾਦਾਂ ਨੂੰ ਵਿਆਪਕ ਪੱਧਰ 'ਤੇ ਪ੍ਰਦਰਸ਼ਿਤ ਕੀਤਾ ਜਾਵੇਗਾ। ਰਾਜ ਸਰਕਾਰ ਘਰੇਲੂ ਅਤੇ ਕੌਮਾਂਤਰੀ ਪੱਧਰ 'ਤੇ ਹੋਰ ਵਪਾਰ ਮੇਲਿਆਂ ਵਿਚ ਐਸਐਚਜੀ ਉਤਪਾਦਾਂ ਨੂੰ ਪ੍ਰੋਤਸਾਹਨ ਦੇਣ ਦੀ ਯੋਜਨਾ ਬਣਾ ਰਹੀ ਹੈ ਤਾਂ ਜੋ ਇੰਨ੍ਹਾਂ ਦੀ ਆਮਦਨੀ ਵਿਚ ਵੀ ਇਜਾਫਾ ਹੋ ਸਕੇ। ਮੁੱਖ ਸਕੱਤਰ ਇੱਥੇ ਕੌਮਾਂਤਰੀ ਭਾਰਤੀ ਵਪਾਰ ਮੇਲੇ ਦੀ ਤਿਆਰੀਆਂ ਨੂੰ ਲੈ ਕੇ ਹਰਿਆਣਾ ਵਪਾਰ ਮੇਲਾ ਅਥਾਰਿਟੀ ਦੀ ਗਵਰਨਿੰਗ ਬਾਡੀ ਦੀ 34ਵੀਂ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੁੱਖ ਸਕੱਤਰ ਨੇ ਕਿਹਾ ਕਿ ਸੂਬਾ ਸਰਕਾਰ ਮਹਿਲਾਵਾਂ ਅਤੇ ਕਿਸਾਨਾਂ ਦੇ ਆਰਥਕ ਮਜਬੂਤੀਕਰਣ ਨੂੰ ਪ੍ਰੋਤਸਾਹਨ ਦੇਣ ਲਈ ਪ੍ਰਤੀਬੱਧ ਹੈ। ਐਸਐਚਜੀ ਅਤੇ ਐਫਪੀਓ ਉਤਪਾਦ ਇਸ ਦਾ ਪ੍ਰਮੁੱਖ ਉਦਾਹਰਣ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਐਸਐਚਜੀ ਅਤੇ ਐਫਪੀਓ ਨੂੰ ਭਰਪੂਰ ਸਮਰਥਨ ਦੇ ਰਹੀ ਹੈ ਤਾਂ ਜੋ ਇਹ ਸਮੂਹ ਆਪਣੇ ਉਤਪਾਦਾਂ ਨੂੰ ਵਿਆਪਕ ਪੱਧਰ 'ਤੇ ਜਨਤਾ ਤਕ ਪਹੁੰਚਾ ਸਕਣ। ਇਸ ਮੌਕੇ ਵਧੀਕ ਮੁੱਖ ਸਕੱਤਰ ਆਨੰਦ ਮੋਹਨ ਸ਼ਰਨ, ਮੁੱਖ ਪ੍ਰਸਾਸ਼ਕ ਵਾਪਰ ਮੇਲਾ ਡਾ. ਜੀ ਅਨੁਪਮਾ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਅਤੇ ਮਹਾਨਿਦੇਸ਼ਕ ਸੂਚਨਾ, ਲੋਕ ਸੰਪਰਕ, ਭਾਸ਼ਾ ਅਤੇ ਸਭਿਆਚਾਰ ਵਿਭਾਗ ਡਾ. ਅਮਿਤ ਅਗਰਵਾਲ, ਵਿਸ਼ੇ ਸਕੱਤਰ ਹਰਿਆਣਾ ਸਰਕਾਰ ਆਦਿਤਅ ਦਹਿਆ ਸਮੇਤ ਕਈ ਪ੍ਰਸਾਸ਼ਨਿਕ ਅਧਿਕਾਰੀ ਮੌਜੂਦ ਰਹੇ।

## ਵਿਦਿਆਰਥੀਆਂ ਨੂੰ ਫਿਲਮ 'ਮਸਤਾਨੇ' ਦਿਖਾਈ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਅਤੇ ਮੈਂਬਰ ਇੰਚਾਰਜ ਸਾਹਿਬਾਨ ਇਕਬਾਲ ਸਿੰਘ ਲਾਲਪੁਰਾ (ਚੇਅਰਮੈਨ ਕੌਮੀ ਘੱਟ ਗਿਣਤੀ ਕਮਿਸ਼ਨ), ਡਾ. ਪ੍ਰਭਜੋਤ ਕੌਰ (ਰਿਟਾ. ਪ੍ਰਿੰਸੀਪਲ), ਇੰਦਰਜੀਤ ਸਿੰਘ (ਉੱਘੇ ਸਮਾਜ ਸੇਵੀ), ਗੁਰਮਿੰਦਰ ਸਿੰਘ ਭੁੱਲਰ (ਡਾਇਰੈਕਟਰ ਐਜੂਕੇਸ਼ਨ) ਦੀ ਯੋਗ ਅਗਵਾਈ ਹੇਠ ਚੱਲ ਰਹੇ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਅਤੇ ਸਿੱਖਾਂ ਦੇ ਕਿਰਦਾਰ ਨੰ ਦਰਸਾਉਂਦੀ ਫਿਲਮ ਮਸਤਾਨੇ ਦਿਖਾਈ ਗਈ। ਸਕੂਲ ਇੰਚਾਰਜ ਗੁਰਿੰਦਰ ਕੌਰ ਨੇ ਦੱਸਿਆ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਇੱਕ ਗਰੁੱਪ ਹਿਮਾਚਲ ਪ੍ਰਦੇਸ਼ ਦੇ ਮਹਿਤਪੁਰ ਲਾਗੇ ਸਥਿਤ ਮਾਲ 'ਦਾ ਗਰੈਂਡ ਗੁਲਮੋਹਰ' ਵਿਖੇ ਸਿੱਖ ਇਤਿਹਾਸ ਅਤੇ ਸਿੱਖਾਂ ਦੇ ਉੱਚੇ ਕਿਰਦਾਰ ਦੀ ਝਲਕ ਪੇਸ਼ ਕਰਦੀ ਫਿਲਮ 'ਮਸਤਾਨੇ' ਦੇਖਣ ਗਿਆ। ਉਪਰੰਤ ਵਿਦਿਆਰਥੀਆਂ ਨੂੰ ਨੰਗਲ ਸਥਿਤ ਇਤਿਹਾਸਕ ਗੁਰਦੁਆਰਾ ਸ੍ਰੀ ਬਿਭੌਰ ਸਾਹਿਬ ਦੇ ਦਰਸ਼ਨ ਕਰਵਾਏ ਗਏ। ਵਿਦਿਆਰਥੀਆਂ ਨੂੰ ਸ੍ਰੀ ਬਿਭੌਰ ਸਾਹਿਬ ਦੇ ਇਤਿਹਾਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੇਵਾ ਸਿੰਘ, ਨਿਸ਼ਾ ਗਰਗ, ਮਮਤਾ ਦੇਵੀ, ਨਰਿੰਦਰ ਕੌਰ, ਸੰਦੀਪ ਕੌਰ, ਰਵੀਇੰਦਰ ਕੌਰ ਹਾਜ਼ਰ ਸਨ।

# ਅੰਤਰਰਾਸ਼ਟਰੀ ਜਮਹੂਰੀਅਤ ਦਿਹਾੜੇ 'ਤੇ ਅੰਮ੍ਰਿਤਸਰ ਵਿਖੇ ਹੋਵੇਗਾ ਵੱਡਾ ਇਕੱਠ : ਨਾਰੀਕੇ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 1925 ਵਿੱਚ ਵੱਡੀਆਂ ਕੁਰਬਾਨੀਆਂ ਕਰਨ ਤੋਂ ਬਾਅਦ ਹੋਂਦ 'ਚ ਆਈ ਅਤੇ ਇਸ ਦੀਆਂ ਚੋਣਾਂ ਹਰ ਪੰਜ ਸਾਲ ਬਾਅਦ ਹੋਣੀਆਂ ਲਾਜਮੀ ਹਨ, ਪਰ ਕੇਂਦਰ ਅਤੇ ਪੰਜਾਬ ਦੀਆਂ ਸਰਕਾਰਾਂ ਸਿੱਖ ਕੌਮ ਨਾਲ ਲਗਾਤਾਰ ਧੱਕੇਸ਼ਾਹੀ ਕਰਦੀਆਂ ਆ ਰਹੀਆਂ ਹਨ।

ਮਿਆਦ ਖਤਮ ਹੋ ਚੁੱਕੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਹੀਂ ਕਰਵਾਈਆਂ ਜਾ ਰਹੀਆਂ ਜਿਸ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ ਅੰਤਰਰਾਸ਼ਟਰੀ ਜਮਹੂਰੀਅਤ ਦਿਹਾੜੇ 'ਤੇ 15 ਸਤੰਬਰ ਨੂੰ "ਜਮਹੂਰੀਅਤ ਬਹਾਲ ਕਾਨਫਰੰਸ" ਕਰਕੇ ਵੱਡਾ ਇਕੱਠ ਕੀਤਾ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਕੌਮੀ ਜਰਨਲ ਸਕੱਤਰ ਤੇ ਜ਼ਿਲ੍ਹਾ ਇੰਚਾਰਜ ਮਾਸਟਰ ਕਰਨੈਲ ਸਿੰਘ ਨਾਰੀਕੇ ਨੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਮਾਸਟਰ ਕੁਲਦੀਪ ਸਿੰਘ ਮਸੀਤੀ ਸੀਨੀਅਰ ਮੀਤ ਪ੍ਰਧਾਨ ਦੀ ਅਗਵਾਈ ਹੇਠ ਹੋਈ ਮੀਟਿੰਗ 'ਚ ਕੀਤਾ। ਨਾਰੀਕੇ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਪਿਛਲੇ ਸਮੇਂ 2011 ਵਿੱਚ ਹੋਈਆਂ ਸਨ ਅਤੇ 2016 ਵਿਚ ਇਸ ਦੀ ਮਿਆਦ ਖਤਮ ਹੋ ਚੁੱਕੀ ਹੈ ਪਰ ਫੇਰ ਵੀ ਕੇਂਦਰ ਅਤੇ ਪੰਜਾਬ ਦੀਆਂ ਸਰਕਾਰਾਂ ਸਿੱਖ ਕੌਮ ਨਾਲ ਧੱਕੇਸ਼ਾਹੀ ਅਤੇ ਜਮਹੂਰੀਅਤ ਦਾ ਘਾਣ ਕਰ ਰਹੀਆਂ ਹਨ। ਉਹਨਾਂ ਇਸ ਸਮੇਂ ਕਿਹਾ ਕਿ ਕੌਮੀ ਸਿਧਾਂਤਾਂ ਦੇ ਪਹਿਰੇਦਾਰੀ ਕਰਦੇ ਹੋਏ ਵੱਖ-ਵੱਖ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘ ਜੋ ਕਿ ਆਪਣੀ ਸਜਾ ਪੂਰੀ ਹੋਣ ਦੇ ਬਾਵਜੂਦ ਵੀ ਗੈਰ ਕਾਨੂੰਨੀ ਢੰਗ ਨਾਲ ਜੇਲ੍ਹਾਂ ਵਿੱਚ ਡੱਕੇ ਹੋਏ ਹਨ ਤੇ ਮਨੁੱਖੀ ਅਧਿਕਾਰਾਂ ਦੇ ਕੀਤੇ ਜਾ ਰਹੇ ਘਾਣ ਵਿਰੁੱਧ 15 ਸਤੰਬਰ ਨੂੰ ਅੰਮ੍ਰਿਤਸਰ ਵਿਖੇ ਵੱਡਾ ਇਕੱਠ ਕਰਕੇ ਭਾਰੀ ਵਿਰੋਧ ਕੀਤਾ ਜਾਵੇਗਾ। ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਜਨਰਲ ਸਕੱਤਰ ਨੇ ਕਿਹਾ ਕਿ "ਜਮਹੂਰੀਅਤ ਬਹਾਲ ਕਾਨਫਰੰਸ" ਨੂੰ ਕਾਮਯਾਬ ਕਰਨ ਲਈ ਜ਼ਿਲ੍ਹੇ ਵਿੱਚੋਂ ਸੰਗਤਾਂ ਵੱਧ ਤੋਂ ਵੱਧ ਸ਼ਮੂਲੀਅਤ ਕਰਨਗੀਆਂ। ਇਸ ਸਮੇਂ ਜਸਵੰਤ ਸਿੰਘ ਫੌਜੀ ਟਾਂਡਾ, ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ, ਮਾਸਟਰ ਧਰਮਪਾਲ ਸਿੰਘ, ਸਤਵੰਤ ਸਿੰਘ ਮੁਰਾਦਪੁਰ, ਗੁਰਵਿੰਦਰ ਸਿੰਘ ਮਿਆਣੀ, ਕਰਨੈਲ ਸਿੰਘ ਲਵਲੀ, ਰਣਵੀਰ ਸਿੰਘ ਬੈਂਸਤਾਨੀ, ਭਾਗ ਸਿੰਘ ਘੋਗਰਾ, ਸੁਖਵਿੰਦਰ ਸਿੰਘ ਸਾਬ੍ਹੀ, ਜਸਬੀਰ ਸਿੰਘ ਖੁਣ ਖੁਣ, ਰਚਨ ਸਿੰਘ ਟਾਂਡਾ ਚੂੜੀਆਂ, ਮਨਦੀਪ ਸਿੰਘ ਮੋਨਾ ਕਲਾਂ, ਗੁਰਪ੍ਰਤਾਪ ਸਿੰਘ ਬਿੱਲੂ, ਸੁਖਦੇਵ ਸਿੰਘ ਕਾਹਰੀ, ਕੁਲਵਿੰਦਰ ਸਿੰਘ ਨਾਰੀਕੇ, ਹਰਪ੍ਰੀਤ ਸਿੰਘ ਸ਼ਾਮਚੁਰਾਸੀ, ਅੰਮ੍ਰਿਤਪਾਲ ਸਿੰਘ, ਅਮਨਦੀਪ ਸਿੰਘ ਸਨੀ, ਗੁਰਵਿੰਦਰ ਸਿੰਘ ਹੈਦਰੋਵਾਲ, ਗੁਰਕੀਤ ਸਿੰਘ ਤੇ ਭਜਨ ਸਿੰਘ ਟਾਂਡਾ ਚੂੜੀਆਂ ਆਦਿ ਹਾਜਰ ਸਨ।

# ਇੰਮੀਗ੍ਰੇਸ਼ਨ ਏਜੰਟ ਦਾ ਸਤਾਇਆ ਨੌਜਵਾਨ ਇਨਸਾਫ ਲਈ ਖਾ ਰਿਹਾ ਦਰ-ਦਰ ਠੋਕਰਾਂ

**ਮੋਹਾਲੀ (ਗੁਰਜੀਤ ਬਿੱਲਾ)**- ਇੰਮੀਗ੍ਰੇਸ਼ਨ ਕੰਪਨੀਆਂ ਸਰਕਾਰਾਂ ਦੀ ਸਖਤੀ ਦੇ ਬਾਵਜੂਦ ਏਨੇ ਬੁਲੰਦ ਹੌਸਲੇ ਰੱਖਦੀਆਂ ਹਨ ਕਿ ਪੁਲਸ ਵੀ ਉਨ੍ਹਾਂ ਦਾ ਕੁਝ ਨਹੀਂ ਵਿਗਾੜ ਸਕਦੀ। ਅਜਿਹਾ ਇਕ ਮਾਮਲਾ ਅੱਜ ਮੋਹਾਲੀ ਪ੍ਰੈਸ ਕਲੱਬ 'ਚ ਮੀਡੀਆ ਨੂੰ ਮੁਖਾਤਬ ਹੋਏ ਨੌਜਵਾਨ ਅੰਮ੍ਰਿਤਪਾਲ ਸਿੰਘ ਨੇ ਬਿਆਨ ਕੀਤਾ। ਇਕ ਇੰਮੀਗ੍ਰੇਸ਼ਨ ਏਜੰਟ ਦੀ ਵਧੀਕੀ ਬਾਰੇ ਦੱਸਦਿਆਂ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਐਨ ਪੁਲਸ ਦੇ ਨੱਕ ਹੇਠ ਗੁਰਪ੍ਰੀਤ ਸਿੰਘ ਬੈਨੀਪਾਲ ਵਾਸੀ 65 ਹੋਮਬਾਗ ਪਟਿਆਲਾ, ਜੋ ਕਿ ਜਾਅਲੀ ਨਾਮਾਂ ਹੇਠ ਵੱਖ ਵੱਖ ਸ਼ਹਿਰਾਂ ਵਿਚ ਆਪਣੀਆਂ ਨਜਾਇਜ਼ ਤੌਰ 'ਤੇ ਕੰਪਨੀਆਂ ਚਲਾ ਰਿਹਾ ਹੈ ਅਤੇ ਭੋਲੇ ਭਾਲੇ ਲੋਕਾਂ ਤੋਂ ਕਰੋੜਾਂ ਰੁਪਿਆ ਠੱਗ ਕੇ ਆਪਣੀਆਂ ਨਜਾਇਜ਼ ਜਾਇਦਾਦਾਂ ਬਣਾ ਚੁੱਕਾ ਹੈ। ਉਸ ਦੀਆਂ ਜ਼ਿਆਦਤੀਆਂ ਅਤੇ ਲੋਕਾਂ ਨਾਲ ਮਾਰੀਆਂ ਠੱਗੀਆਂ ਖਿਲਾਫ਼ ਅੰਮ੍ਰਿਤਪਾਲ ਸਿੰਘ ਨੇ ਜਦੋਂ ਅਵਾਜ਼ ਚੁੱਕੀ ਤਾਂ ਉਸ ਉਪਰ ਪੰਜਾਬ ਦੇ ਵੱਖ ਵੱਖ ਸ਼ਹਿਰਾਂ 'ਚ ਕਥਿਤ ਤੌਰ 'ਤੇ ਨਜਾਇਜ਼ ਪਰਚੇ ਵੀ ਕਰਵਾਏ ਅਤੇ ਜੇਲ੍ਹ ਵੀ ਕਰਵਾਈ ਗਈ ਤਾਂ ਕਿ ਉਸ ਖਿਲਾਫ਼ ਕੋਈ ਅਵਾਜ਼ ਚੁੱਕਣ ਦੀ ਹਿੰਮਤ ਨਾ ਕਰੇ। ਪੁਲਸ ਅਤੇ ਪ੍ਰਸ਼ਾਸਨ ਦੀ ਸ਼ਹਿ ਨਾਲ ਚੱਲਣ ਵਾਲਾ ਇਹ ਇੰਮੀਗ੍ਰੇਸ਼ਨ ਏਜੰਟ ਪਟਿਆਲਾ ਅਤੇ ਖੰਨਾ ਵਿਖੇ ਬਿਨਾਂ ਲਾਇਸੰਸ ਤੋਂ ਚੱਲਣ ਵਾਲੀਆਂ ਇਸ ਦੀਆਂ ਵੱਖ ਵੱਖ ਕੰਪਨੀਆਂ ਰਾਹੀਂ ਆਮ ਲੋਕਾਂ ਦੇ ਖੂਨ ਪਸੀਨੇ ਦੀ ਕਮਾਈ ਨਾਲ ਆਪਣੀਆਂ ਜੇਬਾਂ ਭਰ ਰਿਹਾ ਹੈ। ਅੰਮ੍ਰਿਤਪਾਲ ਨੇ ਆਪਬੀਤੀ ਦੱਸਦਿਆਂ ਕਿਹਾ ਕਿ ਉਕਤ ਏਜੰਟ ਵੱਲੋਂ ਕਰੀਬ 8 ਮਹੀਨਿਆਂ ਤੋਂ ਧਮਕੀਆਂ ਦੇਣ ਅਤੇ ਉਸ ਦੇ ਘਰ ਉਤੇ ਜਾਨਲੇਵਾ ਹਮਲੇ ਕਰਵਾਉਣ ਦਾ ਸਿਲਸਿਲਾ ਜਾਰੀ ਹੈ। 452 ਦਾ ਪਰਚਾ ਐਫ ਆਈ ਆਰ ਨੰ: 264 ਥਾਣਾ ਤ੍ਰਿਪੜੀ, ਪਟਿਆਲਾ ਦਰਜ ਹੋਣ ਦੇ ਬਾਵਜੂਦ 22 ਅਗਸਤ 2023 ਨੂੰ ਮੇਰੇ ਘਰ ਦਾ ਜਿੰਦਰਾ ਇਕ ਵਾਰ ਫਿਰ ਤੋੜ ਕੇ ਹਮਲਾਵਰ ਕਈ ਘੰਟੇ ਬੈਠ ਕੇ ਕਾਨੂੰਨ ਨੂੰ ਛਿੱਕੇ ਟੰਗ ਕੇ ਅਤੇ ਚੈਲੰਜ ਕਰਕੇ ਗਏ ਹਨ, ਜਿਸ ਦੇ ਸੀਸੀ ਟੀ ਵੀ ਫੁਟੇਜ ਦੇ ਸਬੂਤ ਮੌਜੂਦ ਹਨ। ਪਰੰਤੂ ਬਾਜਵੂਦ ਇਸ ਦੇ ਇਹ ਇੰਮੀਗ੍ਰੇਸ਼ਨ ਏਜੰਟ ਖੁੱਲ੍ਹੇਆਮ ਘੁੰਮ ਰਿਹਾ ਹੈ ਅਤੇ ਪਟਿਆਲਾ ਪੁਲਸ ਵੱਲੋਂ ਇਸ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾ ਰਿਹਾ।

ਜਦੋਂ ਆਪਣੇ ਕੇਸ ਦੀ ਬਾਬਤ ਅੰਮ੍ਰਿਤਪਾਲ ਵੱਲੋਂ ਕੇਸ ਦੇ ਆਈ.ਓ. ਨਾਲ ਗੱਲਬਾਤ ਕੀਤੀ ਜਾਂਦੀ ਹੈ ਤਾਂ ਉਲਟਾ ਉਸ ਉਪਰ ਹੀ ਕੇਸ ਦਰਜ ਕਰਨ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ। ਇਨ੍ਹਾਂ ਘਟਨਾਵਾਂ ਤੋਂ ਨਿਰਾਸ਼ ਹੋ ਕੇ ਅੰਮ੍ਰਿਤਪਾਲ ਵੱਲੋਂ ਡੀ ਜੀ ਪੀ ਗੌਰਵ ਯਾਦਵ ਨੂੰ ਵੀ ਇਸ ਸਬੰਧੀ ਸ਼ਿਕਾਇਤ ਭੇਜੀ ਗਈ ਹੈ ਜਿਨ੍ਹਾਂ ਵੱਲੋਂ ਆਈ ਜੀ ਪਟਿਆਲਾ ਨੂੰ ਇਹ ਕੇਸ ਮਾਰਕ ਕਰ ਦਿੱਤਾ ਗਿਆ ਹੈ। ਅੰਮ੍ਰਿਤਪਾਲ ਵੱਲੋਂ ਇਸ ਸ਼ਿਕਾਇਤ ਆਪਣੀ ਜਾਨ ਨੂੰ ਖਤਰੇ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਭੇਜੀ ਗਈ ਹੈ। ਉਨ੍ਹਾਂ ਦੇ ਓ ਐਸ ਡੀ ਨਵਰਾਜ ਬਰਾੜ ਵਲੋਂ ਬੁਲਾ ਕੇ ਮਾਮਲੇ ਦੀ ਜਾਣਕਾਰੀ ਹਾਸਲ ਕੀਤੀ ਗਈ ਅਤੇ ਉਨ੍ਹਾਂ ਨੂੰ ਮੁੱਖ ਮੰਤਰੀ ਨਾਲ ਜਲਦ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਅਤੇ ਮਾਮਲੇ ਦੀ ਤਹਿ ਤੱਕ ਜਾਣ ਬਾਰੇ ਸ਼ਿਕਾਇਤ ਡੀ ਜੀ ਪੀ ਪੰਜਾਬ ਨੂੰ ਮਾਰਕ ਕੀਤੀ ਗਈ। ਦੂਜੇ ਪਾਸੇ ਆਈ ਜੀ ਛੀਨਾ ਵੱਲੋਂ ਵੀ ਅੰਮ੍ਰਿਤਪਾਲ ਨੂੰ ਭਰੋਸਾ ਦਿੱਤਾ ਗਿਆ ਕਿ ਉਸ ਨਾਲ ਭਵਿੱਖ ਵਿਚ ਅਜਿਹੀ ਕੋਈ ਵੀ ਘਟਨਾ ਨਹੀਂ ਹੋਣ ਦਿੱਤੀ ਜਾਵੇਗੀ ਅਤੇ ਦੋਸ਼ੀਆਂ ਖਿਲਾਫ਼ ਜਲਦ ਕਾਰਵਾਈ ਕੀਤੀ ਜਾਵੇਗੀ। ਇਸ ਸੰਬੰਧੀ ਜਦੋਂ ਇੰਮੀਗ੍ਰੇਸ਼ਨ ਏਜੰਟ ਗੁਰਪ੍ਰੀਤ ਸਿੰਘ ਬੈਨੀਪਾਲ ਨਾਲ ਗੱਲ ਕਰਨੀ ਚਾਹੀ ਤਾਂ ਉਸ ਵੱਲੋਂ ਵਾਰ ਵਾਰ ਫੋਨ ਕੱਟ ਦਿੱਤਾ ਗਿਆ।

# ਕੁਸ਼ਤੀ ਤੇ ਕਬੱਡੀ ਕੱਪ ਵਰਗੇ ਉਪਰਾਲੇ ਪੰਜਾਬੀ ਸੱਭਿਆਚਾਰ ਦਾ ਅਮੀਰ ਵਿਰਸਾ : ਜਸਟਿਸ ਸ਼ਰਮਾ



**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)**-ਕਬੱਡੀ ਕੱਪ ਅਤੇ ਕੁਸ਼ਤੀ ਦੰਗਲ ਵਰਗੇ ਉਪਰਾਲੇ ਸਾਡੇ ਪੰਜਾਬੀ ਸੱਭਿਆਚਾਰ ਦੇ ਅਮੀਰ ਵਿਰਸੇ ਨੂੰ ਦਰਸਾਉਂਦੇ ਹਨ, ਜੋ ਕਿ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਅਤੇ ਖੇਡਾਂ ਨਾਲ ਜੋੜਨ ਲਈ ਅਹਿਮ ਰੋਲ ਅਦਾ ਕਰਦੇ ਹਨ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕਪਾਲ ਪੰਜਾਬ ਜਸਟਿਸ ਵਿਨੋਦ ਕੇ. ਸ਼ਰਮਾ ਨੇ ਪਿੰਡ ਓਇੰਦ ਵਿਖੇ ਗੁੱਗਾ ਜਾਹਰ ਪੀਰ ਦੀ ਯਾਦ ਨੂੰ ਸਮਰਪਤ ਨਹਿਰੂ ਯੁਵਾ ਕੇਂਦਰ ਰੋਪੜ ਦੀ ਸਰਪ੍ਰਸਤੀ ਹੇਠ ਯੂਥ ਵੈਲਫੇਅਰ ਕਲੱਬ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਕਰਵਾਏ ਕਬੱਡੀ ਕੱਪ ਤੇ ਕੁਸ਼ਤੀ ਦੰਗਲ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੀਤਾ। ਇਨ੍ਹਾਂ ਖੇਡ ਮੁਕਾਬਲਿਆਂ ਵਿਚ ਝੰਡੀ ਕੁਸ਼ਤੀ ਦਾ ਇਨਾਮ ਇੱਕ ਲੱਖ ਰੁਪਏ ਦਿੱਤਾ ਗਿਆ ਅਤੇ ਜੇਤੂ ਪਹਿਲਵਾਨ ਨੂੰ ਮੱਝ ਦਿੱਤੀ ਗਈ। ਇਸ ਮੌਕੇ ਸਕੱਤਰ ਲੋਕਪਾਲ ਪੰਜਾਬ ਹਰਬੰਸ ਸਿੰਘ, ਐਡਵੋਕੇਟ ਅਨਮੋਲ ਮਾਨ, ਐਡਵੋਕੇਟ ਪ੍ਰਿੰਸ ਮਾਨ, ਸਾਬਕਾ ਪ੍ਰਧਾਨ ਅਮਨਦੀਪ ਸਿੰਘ ਮਾਂਗਟ, ਐਸ ਡੀ ਐਮ ਦੀਪਾਂਕਰ ਗਰਗ, ਨਹਿਰੂ ਯੁਵਾ ਕੇਂਦਰ ਦੇ ਕੋਆਰਡੀਨੇਟਰ ਪੰਕਜ ਯਾਦਵ, ਕਲੱਬ ਪ੍ਰਧਾਨ ਕੁਲਦੀਪ ਸਿੰਘ ਅਤੇ ਨੰਬਰਦਾਰ ਬਹਾਦਰ ਸਿੰਘ ਆਦਿ ਹਾਜ਼ਰ ਸਨ ।

# ਫੈਕਟਰੀ ਨੂੰ ਪਾਣੀ ਦੇਣ ਖਿਲਾਫ ਤਿੰਨ ਪਿੰਡਾਂ ਦੇ ਕਿਸਾਨਾਂ ਵੱਲੋਂ ਮੋਰਚਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਲਹਿਰੀ, ਮੈਨੂੰਆਣਾ ਤੇ ਬਹਿਮਣ ਕੌਰ ਸਿੰਘ ਨਹਿਰੀ ਪਾਣੀ ਦੀ ਕਮੀਂ ਹੋਣ ਦੇ ਮੱਦੇਨਜ਼ਰ ਈਥੋਨੋਲ ਫੈਕਟਰੀ ਨੂੰ ਪਾਣੀ ਦੇ ਕੇ ਸਮੱਸਿਆ ਨੂੰ ਹੋਰ ਵੱਡਾ ਕੀਤਾ ਜਾ ਰਿਹਾ ਹੈ। ਇਸ ਲਈ ਅੱਜ ਤਿੰਨਾਂ ਪਿੰਡਾਂ ਦੇ ਕਿਸਾਨਾਂ ਵੱਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਲਹਿਰੀ ਵਾਲੀ ਕੱਸੀ ਜਿੱਥੇ ਟੇਲ ਬਣਦੀ ਹੈ (ਤਲਵੰਡੀ ਸਾਬੋ-ਸਰਦੂਲਗੜ੍ਹ ਜੀ ਟੀ ਰੋਡ ਕਿਨਾਰੇ) ਪੱਕਾ ਮੋਰਚਾ ਲਗਾ ਦਿੱਤਾ ਗਿਆ। ਅੱਜ ਦੇ ਧਰਨੇ ਦੀ ਅਗਵਾਈ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਕੀਤੀ। ਇਸ ਸਮੇਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਦੱਸਿਆ ਕਿ ਤਲਵੰਡੀ ਸਾਬੋ ਦੇ ਕਈ ਪਿੰਡਾਂ ਵਿੱਚ ਨਹਿਰੀ ਪਾਣੀ ਬਹੁਤ ਘੱਟ ਪਹੁੰਚਦਾ ਹੈ, ਟੇਲਾਂ ਵਾਲੇ ਪਿੰਡਾਂ ਦਾ ਹੋਰ ਬੁਰਾ ਹਾਲ ਹੈ, ਖੇਤਾਂ ਵਿੱਚ ਪਾਣੀ ਲੱਗੇ ਤਾਂ ਦੂਰ ਦੀ ਗੱਲ ਹੈ, ਸਗੋਂ ਪੀਣ ਦਾ ਪਾਣੀ ਵੀ ਔਖਾ ਮਿਲਦਾ ਹੈ। ਟਿਊਬਵੈੱਲਾਂ ਦਾ ਪਾਣੀ ਪਹਿਲਾਂ ਹੀ ਮਾੜਾ ਹੈ। ਇਨ੍ਹਾਂ ਪਿੰਡਾਂ ਦੀ ਕਿਸੇ ਸਰਕਾਰ ਨੇ ਅਜੇ ਤੱਕ ਸੁਣਵਾਈ ਨਹੀਂ ਕੀਤੀ, ਸਗੋਂ ਲਹਿਰੀ ਪਿੰਡ ਵਿੱਚ ਲੱਗ ਰਹੀ ਈਥੋਨੋਲ ਦੀ ਫੈਕਟਰੀ ਨੂੰ 8 ਇੰਚ ਪਾਣੀ ਦਿੱਤਾ ਜਾ ਰਿਹਾ ਹੈ, ਪਰ ਕਿਸਾਨਾਂ ਨੂੰ ਦੇਣ ਲਈ ਪਾਣੀ ਨਹੀਂ ਹੈ।

ਇਸ ਮੌਕੇ ਬਲਾਕ ਤਲਵੰਡੀ ਸਾਬੋ ਦੇ ਜਰਨਲ ਸਕੱਤਰ ਕਾਲਾ ਸਿੰਘ ਚੱਠੇਵਾਲਾ ਨੇ ਦੱਸਿਆ ਕਿ ਮੈਨੂੰਆਣਾ, ਬਹਿਮਣ ਕੌਰ ਸਿੰਘ ਤੇ ਲਹਿਰੀ ਤਿੰਨ ਪਿੰਡਾਂ ਦੀ ਟੇਲ ਪੈਂਦੀ ਹੈ, ਪਰ ਇੱਥੇ ਕਦੇ ਵੀ ਲੋੜ ਵੇਲੇ ਪਾਣੀ ਨਹੀਂ ਪਹੁੰਚਦਾ। ਇਨ੍ਹਾਂ ਪਿੰਡਾਂ ਦੇ ਲੋਕਾਂ ਵੱਲੋਂ ਅੱਜ ਤੱਕ ਜਿੰਨੀਆਂ ਵੀ ਸਰਕਾਰਾਂ ਪੰਜਾਬ ਵਿੱਚ ਬਣੀਆਂ ਹਨ, ਉਨ੍ਹਾਂ ਤੱਕ ਪਹੁੰਚ ਕੀਤੀ ਜਾਂਦੀ ਰਹੀ ਹੈ, ਪਰ ਸਿਰਫ ਲਾਰਿਆਂ ਤੋਂ ਇਲਾਵਾ ਕੁਝ ਨਹੀਂ ਮਿਲਿਆ। ਪੱਕਾ ਮੋਰਚਾ ਲਾਉਣ ਤੋਂ ਪਹਿਲਾਂ ਤਿੰਨਾਂ ਪਿੰਡਾਂ ਵਿੱਚ ਜਥੇਬੰਦੀ ਵੱਲੋਂ ਮਾਰਚ ਕੱਢਿਆ ਗਿਆ ਤੇ ਲੋਕਾਂ ਨੂੰ ਇਕੱਠੇ ਹੋ ਕੇ ਸੰਘਰਸ਼ ਕਰਨ ਦਾ ਸੁਨੇਹਾ ਦਿੱਤਾ। ਇਸ ਸਮੇਂ ਜ਼ਿਲ੍ਹਾ ਆਗੂ ਜਸਵੀਰ ਸਿੰਘ ਸੇਮਾ, ਰਣਜੋਧ ਸਿੰਘ ਮਾਹੀ ਨੰਗਲ, ਜਸਵੀਰ ਸਿੰਘ ਲੇਲੇਵਾਲਾ ਨੇ ਮੰਗ ਕੀਤੀ ਕਿ ਟੇਲਾਂ 'ਤੇ ਪਾਣੀ ਪੂਰਾ ਕੀਤਾ ਜਾਵੇ ਤੇ ਫੈਕਟਰੀ ਦਾ ਕੋਈ ਹੋਰ ਹੱਲ ਕੀਤਾ ਜਾਵੇ।

# ਪਾਵਰ ਕਾਲੋਨੀ ਦੇ ਦੋ ਕੁਆਟਰਾਂ 'ਚੋਂ ਗਹਿਣੇ ਤੇ ਨਗਦੀ ਚੋਰੀ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਲੰਘੀ ਰਾਤ ਚੋਰਾਂ ਵੱਲੋਂ ਪਾਵਰ ਕਾਲੋਨੀ ਲਹਿਰਾ ਮੁਹੱਬਤ ਦੇ ਰਿਹਾਇਸ਼ੀ ਏਰੀਏ 'ਚ ਦੋ ਕੁਆਟਰਾਂ 'ਚੋਂ ਲੱਖਾਂ ਰੁਪਏ ਦੇ ਸੋਨੇ ਦੇ ਗਹਿਣੇ ਤੇ ਹਜ਼ਾਰਾਂ ਰੁਪਏ ਦੀ ਨਗਦੀ ਚੁਰਾਏ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਦੋਨੋਂ ਹੀ ਕੁਆਟਰਾਂ ਨੂੰ ਤਾਲੇ ਲੱਗੇ ਹੋਏ ਸਨ ਅਤੇ ਦੋਵੇਂ ਪਰਿਵਾਰ ਹੀ ਬਾਹਰ ਗਏ ਹੋਏ ਸਨ। ਫਸਟ ਫਲੋਰ ਕੁਆਟਰ ਨੰ: 151, ਜੋ ਕਿ ਦਲਵਿੰਦਰ ਕੌਰ ਪੈਨਸ਼ਨਰਜ਼ ਦੇ ਨਾਮ 'ਤੇ ਹੈ ਅਤੇ ਉਸ ਦਾ ਪੁੱਤਰ ਪਰਮਜੋਤ ਸਿੰਘ (ਜੋ ਥਰਮਲ ਪਲਾਂਟ ਵਿੱਚ ਕਲਰਕ ਲੱਗਾ ਹੋਇਆ ਹੈ) ਦਾ ਪਰਿਵਾਰ ਮੂਣਕ ਖੁਰਦ (ਜ਼ਿਲ੍ਹਾ ਹੁਸ਼ਿਆਰਪੁਰ) ਵਿਖੇ ਗਿਆ ਹੋਇਆ ਸੀ। ਪਰਮਜੋਤ ਸਿੰਘ (ਜਿਸ ਦੇ ਵਿਆਹ ਦੀਆਂ ਤਿਆਰੀਆਂ ਚੱਲ ਰਹੀਆਂ ਹਨ) ਨੇ ਦੱਸਿਆ ਕਿ ਗੇਟ ਦਾ ਜਿੰਦਰਾ ਟੁੱਟਿਆ ਹੋਣ ਬਾਰੇ ਜਦ ਸਵੇਰੇ ਗੁਆਂਢੀਆਂ ਤੋਂ ਸਾਨੂੰ ਪਤਾ ਲੱਗਿਆ ਤਾਂ ਅਸੀਂ ਸਵੇਰੇ ਸਵਾ ਕੁ ਸੱਤ ਵਜੇ ਹੀ ਇੱਥੇ ਪਹੁੰਚ ਗਏ। ਗੇਟ ਦਾ ਜਿੰਦਰਾ ਤੇ ਇੱਕ ਰੂਮ ਵਿੱਚ ਅਲਮਾਰੀ ਦਾ ਲਾਕਰ ਟੁੱਟਿਆ ਹੋਇਆ ਸੀ, ਜਿਸ ਵਿੱਚ ਰੱਖੇ ਲੱਗ-ਭੱਗ 11 ਤੋਲੇ ਸੋਨੇ ਦੇ ਗਹਿਣੇ ਤੇ 25 ਹਜ਼ਾਰ ਰੁਪਏ ਦੀ ਨਗਦੀ ਚੋਰ ਚੁਰਾ ਕੇ ਲੈ ਗਏ। ਇਸੇ ਤਰ੍ਹਾਂ ਹਰਭਜਨ ਸਿੰਘ ਪੁੱਤਰ ਜਰਨੈਲ ਸਿੰਘ, ਜੋ ਫੋਰ ਟਾਈਪ ਕੁਆਟਰ ਨੰ: 125 ਵਿੱਚ ਆਪਣੇ ਪਰਿਵਾਰ ਨਾਲ ਰਹਿੰਦਾ ਹੈ, ਜਿਸ ਦੀ ਫਿਰੋਜ਼ਪੁਰ ਵਿਖੇ ਬਦਲੀ ਹੋਣ ਕਾਰਨ ਉਹ ਪਰਿਵਾਰ ਸਮੇਤ ਬਾਹਰ ਗਿਆ ਹੋਇਆ ਸੀ। ਕੁਆਟਰ ਦਾ ਜਿੰਦਾ ਤੋੜ ਕੇ ਚੋਰ 4 ਤੋਲੇ ਸੋਨਾ ਤੇ 40 ਹਜ਼ਾਰ ਰੁਪਏ ਦੇ ਲੱਗਭੱਗ ਨਗਦੀ ਚੁਰਾ ਕੇ ਲੈ ਗਏ। ਘਟਨਾ ਬਾਰੇ ਸਵੇਰੇ ਇਤਲਾਹ ਕਰਨ 'ਤੇ ਪੁਲਸ ਚੌਕੀ ਭੁੱਚੋ ਦੇ ਅਧਿਕਾਰੀਆਂ ਤੋਂ ਇਲਾਵਾ ਫੋਰੈਂਸਿਕ ਟੀਮ ਮਾਹਰਾਂ ਨੇ ਘਟਨਾ ਵਾਲੀ ਥਾਂ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਜਾਂਚ ਸ਼ੁਰੂ ਕੀਤੀ। ਸੀਸੀਟੀਵੀ ਫੁਟੇਜ 'ਚ ਚੋਰਾਂ ਦੀ ਗਿਣਤੀ ਪੰਜ ਦਿਖਾਈ ਦੇ ਰਹੀ ਹੈ, ਜਿਨ੍ਹਾਂ ਦੇ ਮੂੰਹ ਬੰਨੇ ਹੋਏ ਅਤੇ ਹੱਥਾਂ ਵਿੱਚ ਦਸਤਾਨੇ ਪਹਿਨੇ ਹੋਏ ਦਿਖਾਈ ਦੇ ਰਹੇ ਹਨ। ਚੋਰੀ ਦੀਆਂ ਵਾਰਦਾਤਾਂ ਰੋਕਣ ਦੇ ਵਿੱਚ ਅਸਫਲ ਰਹਿਣ 'ਤੇ ਥਰਮਲ ਪਲਾਂਟ ਦੀਆਂ ਮੁਆਜ਼ਮ ਜਥੇਬੰਦੀਆਂ ਨੇ ਪੀੜਤ ਪਰਿਵਾਰਾਂ ਨੂੰ ਨਾਲ ਲੈ ਕੇ ਥਰਮਲ ਦੇ ਚੀਫ ਇੰਜੀਨੀਅਰ ਦੇ ਦਫਤਰ ਅੱਗੇ ਰੋਸ ਧਰਨਾ ਦਿੰਦੇ ਹੋਏ ਥਰਮਲ ਮੈਨੇਜਮੈਂਟ, ਥਰਮਲ ਸਕਿਓਰਟੀ ਤੇ ਪੁਲਸ ਪ੍ਰਸ਼ਾਸਨ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਪਿਛਲੇ ਕਾਫੇ ਸਮੇਂ ਤੋਂ ਕਾਲੋਨੀ ਅੰਦਰ ਚੋਰੀਆਂ ਹੋ ਰਹੀਆਂ ਹਨ, ਪ੍ਰੰਤੂ ਅੱਜ ਤੱਕ ਪੁਲਸ ਕਿਸੇ ਦਾ ਵੀ ਸੁਰਾਗ ਨਹੀਂ ਲਗਾ ਸਕੀ ਹੈ ਤੇ ਥਰਮਲ ਦੀ ਆਪਣੀ ਸਕਿਓਰਟੀ ਦੇ ਹੁੰਦਿਆਂ ਇਹ ਵਾਰਦਾਤਾਂ ਹੋ ਰਹੀਆਂ ਹਨ ਤਾਂ ਫਿਰ ਸਕਿਓਰਟੀ ਦਾ ਵੀ ਕੀ ਫਾਇਦਾ ਹੋਇਆ।

## ■ ਮੁਲਾਜ਼ਮਾਂ ਨੇ ਚੋਰੀਆਂ ਖਿਲਾਫ ਥਰਮਲ ਚੀਫ ਇੰਜੀਨੀਅਰ ਦੇ ਦਫਤਰ ਅੱਗੇ ਦਿੱਤਾ ਰੋਸ ਧਰਨਾ



ਪਾਵਰ ਕਾਲੋਨੀ 'ਚ ਹੋਈਆਂ ਚੋਰੀਆਂ ਖਿਲਾਫ ਥਰਮਲ ਚੀਫ ਇੰਜੀਨੀਅਰ ਦੇ ਦਫਤਰ ਅੱਗੇ ਰੋਸ ਧਰਨੇ ਦੌਰਾਨ ਨਾਅਰੇਬਾਜ਼ੀ ਕਰਦੇ ਹੋਏ ਬਿਜਲੀ ਮੁਲਾਜ਼ਮ।

# ਖੇਡਾਂ ਵਤਨ ਪੰਜਾਬ ਦੀਆਂ 'ਚ ਪੰਡੋਰੀ ਦੇ ਵਿਦਿਆਰਥੀਆਂ ਮਾਰੀਆਂ ਮੱਲਾਂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਖੇਡਾਂ ਵਤਨ ਪੰਜਾਬ ਦੀਆਂ ਤਹਿਤ ਕਾਲਾ ਮਹਿਰ ਸਟੇਡੀਅਮ ਵਿਖੇ ਕਰਵਾਏ ਗਏ ਮੁਕਾਬਲਿਆਂ ਦੌਰਾਨ ਸਰਕਾਰੀ ਮਿਡਲ ਸਕੂਲ ਪੰਡੋਰੀ ਦੇ ਵਿਦਿਆਰਥੀਆਂ ਨੇ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰ ਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਸੰਸਥਾ ਦੇ ਵਿਦਿਆਰਥੀਆਂ ਨੇ ਖੇਡਾਂ ਵਤਨ ਪੰਜਾਬ ਦੀਆਂ ਦੌਰਾਨ ਅੰਡਰ 14 ਰੱਸਾਕਸ਼ੀ, 60 ਮੀਟਰ ਦੌੜ, ਲੰਮੀ ਛਾਲ ਮੁਕਾਬਲਿਆਂ ਵਿੱਚ ਭਾਗ ਲਿਆ ਤੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਵਿਦਿਆਰਥੀਆਂ ਨੇ ਰੱਸਾਕਸ਼ੀ 'ਚੋਂ ਪਹਿਲਾ, ਲੰਮੀ ਛਾਲ 'ਚੋਂ ਸੁਖਵਿੰਦਰ ਕੌਰ ਨੇ ਪਹਿਲਾ ਤੇ 60 ਮੀਟਰ ਦੌੜ 'ਚੋਂ ਸੁਹਾਨਾ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਲਈ ਉਨ੍ਹਾਂ ਨੂੰ ਸਕੂਲ ਮੁਖੀ ਸਰਬਜੀਤ ਕੌਰ ਤੇ ਪੰਜਾਬੀ ਅਧਿਆਪਕਾ ਕਮਲਦੀਪ ਕੌਰ ਵੱਲੋਂ ਸਰਟੀਫਿਕੇਟ ਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

## ਕਾਤਰਾਂ

### ਕਾਮਰੇਡ ਅਵਤਾਰ ਸਿੰਘ ਛਾਪਿਆਂਵਾਲੀ ਨੂੰ ਸਦਮਾ



**ਮਾਨਸਾ (ਪਮਾਰ)**-ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਜ਼ਿਲ੍ਹਾ ਮਾਨਸਾ ਦੇ ਸੀਨੀਅਰ ਆਗੂ ਕਾਮਰੇਡ ਅਵਤਾਰ ਸਿੰਘ ਛਾਪਿਆਂਵਾਲੀ ਨੂੰ ਉਸ ਸਮੇਂ ਡੂੰਘਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੇ ਚਚੇਰੇ ਭਰਾ ਸ੍ਰ: ਸੰਤੋਖ ਸਿੰਘ ਆਹਲੂਵਾਲੀਆ ਸਾਬਕਾ ਮੈਂਬਰ ਪੰਚਾਇਤ ਪਿਛਲੇ ਦਿਨੀਂ ਅਚਾਨਕ ਵਿਛੋੜਾ ਦੇ ਗਏ। ਉਨ੍ਹਾ ਨਮਿਤ ਪਾਠ ਦਾ ਭੋਗ 14 ਸਤੰਬਰ ਨੂੰ ਦੁਪਹਿਰ 12:30 ਵਜੇ ਗੁਰਦੁਆਰਾ ਸਾਹਿਬ ਪਿੰਡ ਛਾਪਿਆਂਵਾਲੀ (ਮਾਨਸਾ) ਵਿਖੇ ਪਵੇਗਾ। ਇਸ ਦੁੱਖ ਦੀ ਘੜੀ 'ਚ ਸੀ.ਪੀ.ਆਈ. (ਐੱਮ) ਸੂਬਾ ਸਕੱਤਰੇਤ ਮੈਂਬਰ ਕਾਮਰੇਡ ਭੂਪ ਚੰਦ ਚੰਨੋਂ, ਜ਼ਿਲ੍ਹਾ ਸਕੱਤਰ ਕਾ. ਸਵਰਨਜੀਤ ਸਿੰਘ ਦਲਿਓ ਐਡਵੋਕੇਟ, ਜ਼ਿਲ੍ਹਾ ਸਕੱਤਰੇਤ ਮੈਂਬਰ ਨਛੱਤਰ ਸਿੰਘ ਢੈਪਈ, ਜਸਵੰਤ ਸਿੰਘ ਬੀਰੋਕੇ, ਅਮਰਜੀਤ ਸਿੰਘ ਸਿੱਧੂ, ਘਨੀਸ਼ਾਮ ਨਿੱਕੂ ਤੇ ਹਰਨੇਕ ਸਿੰਘ ਖੀਵਾ, ਸੁਰੇਸ਼ ਕੁਮਾਰ ਮਾਨਸਾ, ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਬਰੇਟਾ, ਮਨਜੀਤ ਕੌਰ ਬੀਰੋਕੇ ਆਦਿ ਨੇ ਕਮਿਊਨਿਸਟ ਆਗੂ ਕਾਮਰੇਡ ਅਵਤਾਰ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ ਅਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

### ਮਾਤਾ ਪਰਵਿੰਦਰ ਕੌਰ ਨੂੰ ਸ਼ਰਧਾਂਜਲੀਆਂ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਪਿਛਲੇ ਦਿਨੀਂ ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ ਮਹਾਪੁਰਸ਼ਾਂ ਨੂੰ ਉਸ ਸਮੇਂ ਵੱਡਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੀ ਮਾਤਾ ਪਰਵਿੰਦਰ ਕੌਰ ਦਾ ਦਿਹਾਂਤ ਹੋ ਗਿਆ। ਮਾਤਾ ਪਰਵਿੰਦਰ ਕੌਰ ਦਾ ਸਸਕਾਰ ਗੁਰਦੁਆਰਾ ਪਰਮੇਸ਼ਵਰ ਸਾਹਿਬ ਸੇਖੂਪੁਰਾ ਜ਼ਿਲ੍ਹਾ ਪਟਿਆਲਾ ਵਿਖੇ ਸ਼ਰਧਾਲੂਆਂ ਦੀ ਵੱਡੀ ਗਿਣਤੀ ਵਿੱਚ ਕੀਤਾ ਗਿਆ। ਇਸ ਮੌਕੇ ਕਾਂਗਰਸ ਪਾਰਟੀ ਦੇ ਸਾਬਕਾ ਮੰਤਰੀ ਵਿਜੇਇੰਦਰ ਸਿੰਗਲਾ, ਚੇਤਨ ਸਿੰਘ ਜੌੜਾਮਾਜਰਾ ਤੇ ਮਨਜੀਤ ਸਿੰਘ ਚੇਅਰਮੈਨ ਫਰੀਡਮ ਫਾਈਟਰ ਜਥੇਬੰਦੀ ਸੰਗਰੂਰ, ਬਿੰਦਰ ਕੁਮਾਰ, ਪ੍ਰਧਾਨ ਸੁਰਜੀਤ ਸਿੰਘ, ਪ੍ਰਧਾਨ ਮਹਿਲ ਸਿੰਘ ਢੱਡਰੀਆਂ, ਗੁਰਦੁਆਰਾ ਕਮੇਟੀ ਦੇ ਪ੍ਰਧਾਨ ਕੁਲਦੀਪ ਸਿੰਘ ਢੱਡਰੀਆਂ, ਸਾਬਕਾ ਸਰਪੰਚ ਅਜੈਬ ਸਿੰਘ, ਬਿੰਦਰ ਢੱਡਰੀਆਂ, ਮਨਜੀਤ ਸਿੰਘ, ਸੁਰਜੀਤ ਸਿੰਘ, ਕੁਲਦੀਪ ਸਿੰਘ, ਭਜਨ ਸਿੰਘ, ਮਹਿੰਗਾ ਸਿੰਘ ਆਦਿ ਨੇ ਮਾਤਾ ਪਰਵਿੰਦਰ ਕੌਰ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ।

### ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਜੋਗੇਵਾਲਾ 'ਚ ਇਕਾਈ ਦਾ ਗਠਨ



**ਮੱਖੂ (ਰਛਪਾਲ ਸਿੰਘ ਸੰਧੂ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ੋਨ ਮਖੂ ਦੇ ਪਿੰਡ ਜੋਗੇਵਾਲਾ ਵਿਖੇ ਨਵੀਂ ਇਕਾਈ ਦਾ ਗਠਨ ਕਰਦਿਆਂ ਇਕਾਈ ਪ੍ਰਧਾਨ ਬਲਕਾਰ ਸਿੰਘ, ਸਕੱਤਰ ਜਸਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ, ਖਜ਼ਾਨਚੀ ਹਰਭਜਨ ਸਿੰਘ, ਮੀਤ ਪ੍ਰਧਾਨ ਭੋਲਾ ਸਿੰਘ ਤੇ ਸੋਨੂੰ, ਮੀਤ ਸਕੱਤਰ ਹਰਜਿੰਦਰ ਸਿੰਘ, ਬਚਿੱਤਰ ਸਿੰਘ, ਬਾਜ ਸਿੰਘ, ਮੀਤ ਖਜ਼ਾਨਚੀ ਬਲਜੀਤ ਸਿੰਘ, ਅੰਗਰੇਜ ਸਿੰਘ ਨੂੰ ਸਰਬਸੰਮਤੀ ਨਾਲ ਨਿਯੁਕਤ ਕਰਦਿਆਂ 21 ਮੈਂਬਰੀ ਕਮੇਟੀ ਬਣਾਈ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ, ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ, ਜ਼ੋਨ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਕਿਸਾਨ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਆਮ ਲੋਕਾਂ ਦੇ ਹੱਕਾਂ ਦਾ ਘਾਣ ਕਰਕੇ ਦੇਸ਼ ਨੂੰ ਨਿੱਤ ਨਵੇਂ ਰਾਹ ਅਪਣਾ ਕੇ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਦੇਣ ਦੀਆਂ ਨੀਤੀਆਂ ਲਾਗੂ ਕਰਕੇ ਦੇਸ਼ ਵੇਚਿਆ ਜਾ ਰਿਹਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਹਰੇਕ ਵਰਗ ਦੇ ਲੋਕਾਂ ਨੂੰ ਮਿਲ ਕੇ ਆਪਣੀ ਆਵਾਜ਼ ਬੁਲੰਦ ਕਰਨ ਤੋਂ ਰੋਕਣ ਦੇ ਸਰਕਾਰਾਂ ਦੇ ਕੀਤੇ ਜਾ ਰਹੇ ਜਬਰ ਦਾ ਸਾਹਮਣਾ ਸਬਰ ਵਿੱਚ ਰਹਿ ਕੇ ਇਕਮੁੱਠ ਹੋ ਕੇ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਇਸ ਮੌਕੇ ਇੰਦਰਜੀਤ ਸਿੰਘ ਪੰਮਾ, ਗੁਰਸੇਵਕ ਸਿੰਘ, ਬਲਵਿੰਦਰ ਸਿੰਘ, ਬਲਕਾਰ ਸਿੰਘ, ਦਰਸ਼ਨ ਸਿੰਘ, ਅਮਰੀਕ ਸਿੰਘ ਆਦਿ ਆਗੂ ਹਾਜ਼ਰ ਸਨ।

### ਨਸ਼ਿਆਂ ਖਿਲਾਫ ਜਾਗਰੂਕਤਾ ਰੈਲੀ

**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਸਾਂਝ ਕੇਂਦਰ ਸਬ-ਡਵੀਜ਼ਨ ਮਲੋਟ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਪਿੰਡ ਸਰਾਵਾਂ ਬੋਦਲਾਂ ਵਿਖੇ ਨਸ਼ਾ ਵਿਰੋਧੀ ਰੈਲੀ ਕੱਢੀ ਗਈ। ਇਸ ਰੈਲੀ ਵਿੱਚ ਪਬਲਿਕ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ, ਨਸ਼ਾ ਵੇਚਣ ਵਾਲੇ ਦੀ ਸੂਚਨਾ ਪੁਲਸ ਹੈਲਪ ਲਾਈਨ 8054942100 'ਤੇ ਦੇਣ ਬਾਰੇ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਲੋਕਾਂ ਤੋਂ ਨਸ਼ੇ ਦੇ ਖਾਤਮੇ ਲਈ ਸਹਿਯੋਗ ਦੀ ਮੰਗ ਕੀਤੀ ਗਈ ਤੇ ਸਹਿਯੋਗ ਕਰਨ ਵਾਲੇ ਦਾ ਨਾਮ-ਪਤਾ ਗੁਪਤ ਰੱਖਿਆ ਜਾਵੇਗਾ।

### ਤਿੰਨ ਰੋਜ਼ਾ ਰੋਲਰ ਸਕੇਟਿੰਗ ਚੈਂਪੀਅਨਸ਼ਿਪ 14 ਤੋਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਰੋਲਰ ਸਕੇਟਿੰਗ ਐਸੋਸੀਏਸ਼ਨ ਵੱਲੋਂ ਤਿੰਨ ਰੋਜ਼ਾ ਚੈਂਪੀਅਨਸ਼ਿਪ ਸ਼ੁਰੂ ਕੀਤੀ ਜਾ ਰਹੀ ਹੈ। ਐਸੋਸੀਏਸ਼ਨ ਵੱਲੋਂ ਪ੍ਰਧਾਨ ਡਾ. ਅਨਿਰੁਧ ਗੁਪਤਾ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ, ਜਿਸ ਵਿੱਚ ਐਸੋਸੀਏਸ਼ਨ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ ਤੇ ਆਉਣ ਵਾਲੀ ਚੈਂਪੀਅਨਸ਼ਿਪ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਮਨਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਦਾਸ ਐਂਡ ਬਰਾਊਨ ਵਰਲਡ ਸਕੂਲ ਵਿਖੇ 14 ਸਤੰਬਰ ਤੋਂ 16 ਸਤੰਬਰ ਤੱਕ ਹੋਣ ਵਾਲੀ ਇਸ ਚੈਂਪੀਅਨਸ਼ਿਪ ਵਿੱਚ ਪੂਰੇ ਜ਼ਿਲ੍ਹੇ ਦੇ ਖਿਡਾਰੀ ਭਾਗ ਲੈਣਗੇ।ਉਨ੍ਹਾਂ ਦੱਸਿਆ ਕਿ ਇਹ ਚੈਂਪੀਅਨਸ਼ਿਪ ਅੰਡਰ-5 ਤੋਂ 7, ਅੰਡਰ-7 ਤੋਂ 11, ਅੰਡਰ-11 ਤੋਂ 14, ਅੰਡਰ-14 ਤੋਂ 17 ਤੇ ਅੰਡਰ 17 ਅਤੇ 30 ਤੋਂ ਵੱਧ ਉਮਰ ਵਰਗਾਂ ਵਿੱਚ ਕਰਵਾਈ ਜਾਵੇਗੀ।

# ਲੱਖੇ ਦੇ ਸੰਘਰਸ਼ ਨੇ ਰਿਕਾਰਡ ਪੈਦਾ ਕੀਤਾ : ਭਾਨਾ ਸਿੱਧੂ



**ਹਠੂਰ (ਨਛੱਤਰ ਸੰਧੂ)**-ਪਿਛਲੇ ਇੱਕ ਮਹੀਨੇ ਤੋਂ ਦਿਨ-ਰਾਤ ਦੇ ਸ਼ਾਂਤਮਈ ਸੰਘਰਸ਼ ਨੇ ਰਿਕਾਰਡ ਪੈਦਾ ਕੀਤਾ ਹੈ। ਉਪਰੋਕਤ ਵਿਚਾਰ ਪਿੰਡ ਲੱਖਾ ਵਿਖੇ ਟੁੱਟ ਚੁੱਕੀਆਂ ਸੜਕਾਂ ਬਣਾਉਣ ਲਈ ਧਰਨੇ ਵਿੱਚ ਸ਼ਾਮਲ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਨੌਜਵਾਨ ਆਗੂ ਭਾਨਾ ਸਿੱਧੂ ਨੇ ਕਿਹਾ ਕਿ ਪਹਿਲਾਂ ਸੰਘਰਸ਼ ਸ਼ੁਰੂ ਕਰਦੇ ਸੀ, ਉਦੋਂ ਹੀ ਸਰਕਾਰ ਉਨ੍ਹਾਂ ਦੇ ਸੰਘਰਸ਼ ਅੱਗੇ ਝੁਕ ਕੇ ਕੰਮ ਸ਼ੁਰੂ ਕਰਦੀ ਸੀ, ਪਰ ਹੁਣ ਸਰਕਾਰ ਨੂੰ ਆਪ ਪਾਰਟੀ ਦਿੱਲੀ ਤੋਂ ਚਲਾ ਰਹੀ ਹੈ, ਜਿਨ੍ਹਾਂ ਨੂੰ ਪੰਜਾਬੀ ਭਾਸ਼ਾ ਹੀ ਨਹੀਂ ਆਉਂਦੀ, ਉਹ ਲੋਕ ਪੰਜਾਬ ਦਾ ਕੀ ਸਵਾਰਨਗੇ?

ਉਨ੍ਹਾਂ ਕਿਹਾ ਕਿ ਪਿਛਲੇ ਇੱਕ ਮਹੀਨੇ ਤੋਂ ਹਲਕੇ ਦੀ ਵਿਧਾਇਕ ਨੇ ਇੱਕ ਦਿਨ ਵੀ ਧਰਨਾ ਸਥਾਨ 'ਤੇ ਪਹੁੰਚ ਕੇ ਲੋਕਾਂ ਦਾ ਪੱਖ ਨਹੀਂ ਸੁਣਿਆ, ਉਪਰੋਂ ਗਲਤ ਬਿਆਨਬਾਜ਼ੀਆਂ ਤੇ ਖ਼ਬਰਾਂ ਪ੍ਰਕਾਸ਼ਤ ਕਰਵਾ ਰਹੀ ਹੈ, ਜੋ ਆਉਣ ਵਾਲੇ ਸਮੇਂ ਵਿੱਚ ਹਲਕਾ ਵਿਧਾਇਕ ਨੂੰ ਭਾਰੀ ਵਿਰੋਧ ਝੱਲਣਾ ਪਵੇਗਾ। ਨੌਜਵਾਨ ਆਗੂ ਭਾਨਾ ਸਿੱਧੂ ਨੇ ਕਿਹਾ ਕਿ ਅੱਜ ਲੱਖੇ ਸਿਧਾਣੇ ਦੇ ਪਿੰਡ ਜੋ ਨਸ਼ਿਆਂ ਵਿਰੁੱਧ ਕਮੇਟੀ ਬਣੀ ਸੀ, ਉਸ ਕਮੇਟੀ ਮੈਂਬਰ ਨੂੰ ਰਾਤ ਸਮੇਂ ਮਾਰ ਦਿੱਤਾ ਗਿਆ ਹੈ, ਜਿਸ ਦੇ ਕਾਤਲ ਦਾ ਪਰਚਾ ਸਰਕਾਰ ਤੇ ਪ੍ਰਸ਼ਾਸਨ 'ਤੇ ਵੀ ਹੋਣਾ ਚਾਹੀਦਾ ਹੈ, ਕਿਉਂਕਿ ਪ੍ਰਸ਼ਾਸਨ ਦੀ ਲਾਪ੍ਰਵਾਹੀ ਕਾਰਨ ਹੀ ਇਹੋ ਜਿਹੀ ਘਟਨਾ ਵਾਪਰੀ ਹੈ। ਬੁਲਾਰਿਆਂ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਮਾਸਟਰ ਮਹਿੰਦਰ ਸਿੰਘ ਕਮਾਲਪੁਰਾ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬੂਟਾ ਸਿੰਘ ਚਕਰ, ਮਾਸਟਰ ਤਾਰਾ ਸਿੰਘ ਅੱਚਰਵਾਲ, ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਜਸਵੀਰ ਸਿੰਘ ਦੇਹੜਕਾ, ਤਰਸੇਮ ਸਿੰਘ ਬੱਸੂਵਾਲ, ਚਮਕੌਰ ਸਿੰਘ ਕਮਾਲਪੁਰਾ, ਹਰਬਖਸ਼ੀਸ਼ ਸਿੰਘ ਚੱਕ ਭਾਈ ਕਾ, ਸਰਪੰਚ ਮਲਕੀਤ ਸਿੰਘ ਹਠੂਰ, ਪ੍ਰਧਾਨ ਸੁਰਜੀਤ ਸਿੰਘ ਲੱਖਾ, ਪਿਰਤਾ ਸਿੰਘ, ਸਰਪੰਚ ਜਸਵੀਰ ਸਿੰਘ ਲੱਖਾ, ਰਾਏ ਸਿੰਘ ਲੱਖਾ ਆਦਿ ਨੇ ਵੀ ਸੰਬੋਧਨ ਕੀਤਾ।

# ਕਿਸਾਨ ਜਾਗਰੂਕਤਾ ਕੈਂਪ ਲਾਇਆ

**ਮੱਖੂ (ਰਛਪਾਲ ਸਿੰਘ ਸੰਧੂ)**

ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਔਰਤਾਂ ਨੂੰ ਆਤਮਨਿਰਭਰ ਬਣਾਉਣ ਲਈ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ (ਪੀਏਸੀਐਸ) ਤੇ ਫਾਰਮਰ ਪ੍ਰੋਡਿਊਸਰ ਕੰਪਨੀ (ਐਫਪੀਓ) ਵੱਲੋਂ ਜਾਗਰੂਕਤਾ ਸੈਮੀਨਾਰ ਦਾਣਾ ਮੰਡੀ ਵਿਖੇ ਲਾਇਆ ਗਿਆ। ਇਸ ਜਾਗਰੂਕਤਾ ਸੈਮੀਨਾਰ ਵਿੱਚ ਵੱਡੀ ਗਿਣਤੀ 'ਚ ਕਿਸਾਨ ਪਹੁੰਚੇ ਹੋਏ ਸਨ। ਜਾਗਰੂਕਤਾ ਸੈਮੀਨਾਰ ਦੌਰਾਨ ਬਲਰਾਮ ਦਾਸ ਬਾਵਾ ਪ੍ਰਧਾਨ ਪੰਜਾਬ, ਉੱਤਰੀ ਭਾਰਤ ਪੰਜਾਬ ਸੰਗਠਨ ਦੇ ਪ੍ਰਮੁੱਖ ਸ਼ੰਕਰ ਦੱਤ ਤਿਵਾੜੀ ਤੇ ਲੋਕੇਸ਼ ਗਰੋਵਰ ਮਖੂ ਵੱਲੋਂ ਕਿਸਾਨਾਂ ਨੂੰ ਕੋਆਪ੍ਰੇਟਿਵ ਸੁਸਾਇਟੀ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣੂ ਕਰਾਇਆ ਅਤੇ ਸੁਸਾਇਟੀ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਿਸਾਨ ਸਰਬਜੀਤ ਸਿੰਘ, ਨਿਸ਼ਾਨ ਸਿੰਘ, ਪਿਆਰਾ ਸਿੰਘ, ਸੇਵਾ ਸਿੰਘ, ਸਿਤਾਰਾ ਸਿੰਘ, ਸੂਰਤ ਸਿੰਘ, ਕੁਲਵੰਤ ਸਿੰਘ, ਤ੍ਰਿਲੋਕ ਸਿੰਘ, ਗੁਰਵਿੰਦਰ ਸਿੰਘ, ਗੁਰਲਾਲ ਸਿੰਘ, ਰਾਜਿੰਦਰ ਸਿੰਘ, ਕਰਮਜੀਤ ਸਿੰਘ ਆਦਿ ਹਾਜ਼ਰ ਸਨ।

# ਡੀ ਐੱਸ ਪੀ ਤੇ ਥਾਣਾ ਮੁਖੀ ਵੱਲੋਂ ਪੱਤਰਕਾਰਾਂ ਨਾਲ ਮੀਟਿੰਗ

## ■ ਨਸ਼ਿਆਂ ਖਿਲਾਫ ਇੱਕਮੁੱਠ ਹੋ ਕੇ ਲੜਨ ਦੀ ਲੋੜ : ਸੰਦੀਪ ਸਿੰਘ



**ਮਮਦੋਟ (ਹਰਪਾਲ ਸਿੰਘ ਸੋਢੀ)**-ਸਮਾਜਿਕ ਕੁਰਤੀਆਂ ਨਾਲ ਨਜਿੱਠਣ ਲਈ ਪੁਲਸ, ਪਬਲਿਕ ਤੇ ਪ੍ਰੈੱਸ ਦਾ ਆਪਸੀ ਚੰਗਾ ਤਾਲਮੇਲ ਹੋਣਾ ਜ਼ਰੂਰੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਬ ਡਵੀਜ਼ਨ ਦਿਹਾਤੀ ਦੇ ਡੀ ਐੱਸ ਪੀ ਸੰਦੀਪ ਸਿੰਘ ਨੇ ਪੁਲਸ ਤੇ ਮਮਦੋਟ ਪ੍ਰੈੱਸ ਦੇ ਪੱਤਰਕਾਰਾਂ ਨਾਲ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਪੁਲਸ ਥਾਣਾ ਮਮਦੋਟ ਦੇ ਮੁਖੀ ਸਬ ਇੰਸਪੈਕਟਰ ਗੁਰਮੀਤ ਸਿੰਘ, ਮੁੱਖ ਮੁਨਸ਼ੀ ਤਿਲਕ ਰਾਜ ਤੇ ਹੈੱਡ ਕਾਂਸਟੇਬਲ ਵਿਕਰਮਜੀਤ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਡੀ ਐੱਸ ਪੀ ਸੰਦੀਪ ਸਿੰਘ ਨੇ ਕਿਹਾ ਕਿ ਚਿੱਟੇ ਦੇ ਨਸ਼ੇ ਤੇ ਮੈਡੀਕਲ ਨਸ਼ਿਆਂ ਅਤੇ ਗ਼ਲਤ ਅਨਸਰਾਂ ਨੂੰ ਠੱਲ੍ਹ ਪਾਉਣ ਲਈ ਸਾਨੂੰ ਸਾਰਿਆਂ ਨੂੰ ਰਲ-ਮਿਲ ਕੇ ਇਹ ਲੜਾਈ ਲੜਨ ਦੀ ਲੋੜ ਹੈ ਅਤੇ ਅਸੀਂ ਸਾਰੇ ਇਕੱਠੇ ਹੋ ਕੇ ਸਮਾਜ 'ਚ ਫੈਲੀਆਂ ਕੁਰਤੀਆਂ ਨੂੰ ਆਸਾਨੀ ਨਾਲ ਖਤਮ ਕਰ ਸਕਦੇ ਹਾਂ। ਸਮਾਜ ਵਿੱਚ ਵਾਪਰ ਰਹੀਆਂ ਗਤੀਵਿਧੀਆਂ ਦਾ ਸਾਨੂੰ ਮੀਡੀਆ ਰਾਹੀਂ ਹੀ ਪਤਾ ਚਲਦਾ ਹੈ। ਉਨ੍ਹਾਂ ਨੇ ਮੀਡੀਆ ਦੇ ਮਾਧਿਅਮ ਰਾਹੀਂ ਲੋਕਾਂ ਨੂੰ ਨਸ਼ੇ ਵਿਰੁੱਧ ਇੱਕਮੁੱਠ ਹੋ ਕੇ ਜੰਗ ਲੜਨ ਦੀ ਅਪੀਲ ਕੀਤੀ ਤੇ ਗਲਤ ਅਨਸਰਾਂ ਦੀ ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਥੋੜ੍ਹੇ ਦਿਨ ਪਹਿਲਾਂ ਨਵੇਂ ਆਏ ਥਾਣਾ ਮੁਖੀ ਗੁਰਮੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਲਾਕੇ ਵਿੱਚ ਕਾਨੂੰਨ ਵਿਵਸਥਾ ਬਹਾਲ ਰੱਖਣਾ ਮੇਰਾ ਪਹਿਲਾ ਕੰਮ ਹੈ। ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਗੁਰਪ੍ਰੀਤ ਸਿੰਘ ਸੰਧੂ ਪ੍ਰਧਾਨ ਪ੍ਰੈੱਸ ਕਲੱਬ ਮਮਦੋਟ, ਪੱਤਰਕਰ ਬਲਦੇਵ ਰਾਜ ਸ਼ਰਮਾ, ਪੱਤਰਕਾਰ ਹਰਪਾਲ ਸਿੰਘ ਸੋਢੀ, ਪੱਤਰਕਾਰ ਜਸਬੀਰ ਸਿੰਘ ਕੰਬੋਜ, ਪੱਤਰਕਾਰ ਜੋਗਿੰਦਰ ਸਿੰਘ ਭੋਲਾ, ਪੱਤਰਕਾਰ ਜਸਵੰਤ ਸਿੰਘ ਕੰਬੋਜ, ਪੱਤਰਕਾਰ ਡਾ: ਨਿਰਵੈਰ ਸਿੰਘ ਸਿੰਧੀ, ਪੱਤਰਕਾਰ ਰਵਿੰਦਰ ਸਿੰਘ ਕਾਲਾ, ਪੱਤਰਕਾਰ ਸੰਜੀਵ ਮਦਾਨ, ਪੱਤਰਕਾਰ ਹਰਪ੍ਰੀਤ ਸਿੰਘ ਹੈਪੀ, ਪੱਤਰਕਾਰ ਰਾਜਿੰਦਰ ਸਿੰਘ ਹਾਂਡਾ, ਪੱਤਰਕਾਰ ਬਗੀਚਾ ਸਿੰਘ, ਪੱਤਰਕਾਰ ਬਲਜੀਤ ਸਿੰਘ ਕਚੂਰਾ, ਪੱਤਰਕਾਰ ਤੇਜਿੰਦਰ ਢੀਂਗਰਾ, ਪੱਤਰਕਾਰ ਭੁਪਿੰਦਰ ਨਰੂਲਾ, ਪੱਤਰਕਾਰ ਸੰਦੀਪ ਸੋਨੀ, ਪੱਤਰਕਾਰ ਨਿਸ਼ਾਨ ਸਿੰਘ ਖਾਲਸਾ, ਪੱਤਰਕਾਰ ਕਮਲ ਸੋਨੂੰ ਗਿੱਲ ਹਾਜ਼ਰ ਸਨ।

# ਸੀਨੀਅਰ ਪ੍ਰੈੱਸ ਕਲੱਬ ਵੱਲੋਂ ਖ਼ੂਨਦਾਨ ਕੈਂਪ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)**-ਸਥਾਨਕ ਸੀਨੀਅਰ ਪ੍ਰੈੱਸ ਕਲੱਬ ਦੇ ਸਮੂਹ ਪੱਤਰਕਾਰਾਂ ਵੱਲੋਂ ਐੱਸ. ਐੱਸ. ਜੈਨ ਸਭਾ ਲੌਂਗੋਵਾਲ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਦੌਰਾਨ 137 ਨੌਜਵਾਨਾਂ ਤੇ ਵੱਖ-ਵੱਖ ਕਲੱਬ, ਸੰਤ ਲੌਂਗੋਵਾਲ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ 'ਚ ਸ਼ਿਰਕਤ ਕਰਕੇ ਖੂਨ ਦਾਨ ਕੀਤਾ। ਇਸ ਦੌਰਾਨ ਕੈਬਨਿਟ ਮੰਤਰੀ ਪੰਜਾਬ ਅਮਨ ਅਰੋੜਾ ਨੇ ਮੁੱਖ ਮਹਿਮਾਨ, ਸਾਬਕਾ ਪ੍ਰਧਾਨ ਐੱਸ.ਜੀ.ਪੀ.ਸੀ. ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਲਾਈਟ ਡਾਇਰੈਕਟਰ ਡਾ. ਮਣੀ ਕਾਂਤ ਪਾਸਵਾਨ, ਅਮ੍ਰਿਤ ਕਾਂਸਲ ਸਲਾਈਟ, ਮੇਲਾ ਸਿੰਘ ਸੂਬੇਦਾਰ ਲੌਂਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਜ਼ਿਲ੍ਹਾ ਯੂਥ ਕਾਂਗਰਸ ਪ੍ਰਧਾਨ ਗੁਰਤੇਗ ਸਿੰਘ ਲੌਂਗੋਵਾਲ, ਡਾ. ਮਨੀਸ਼ ਵਸ਼ਿਸ਼ਟ ਲੌਂਗੋਵਾਲ ਨੇ ਆਖਿਆ ਕਿ ਨੌਜਵਾਨਾਂ ਨੂੰ ਵੱਖ-ਵੱਖ ਥਾਵਾਂ 'ਤੇ ਲੱਗ ਰਹੇ ਖੂਨਦਾਨ ਕੈਂਪਾਂ 'ਚ ਲੋੜਵੰਦਾਂ ਦੀ ਮਦਦ ਲਈ ਆਪਣਾ ਖੂਨ ਦਾਨ ਕਰਨਾ ਚਾਹੀਦਾ ਹੈ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫਤਿਹ) ਦੇ ਮੈਂਬਰ ਪੀ.ਏ.ਸੀ. ਕੌਮੀ ਜਨਰਲ ਸਕੱਤਰ ਅਤੇ ਕਿਸਾਨ ਯੂਨੀਅਨ ਅੰਮ੍ਰਿਤਸਰ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਅੰਮ੍ਰਿਤਪਾਲ ਸਿੰਘ ਸਿੱਧੂ, ਆਮ ਆਦਮੀ ਪਾਰਟੀ ਦੇ ਆਗੂ ਬਲਵਿੰਦਰ ਸਿੰਘ ਢਿੱਲੋਂ, ਸ਼੍ਰੋਮਣੀ ਅਕਾਲੀ ਦਲ (ਅ) ਦੇ ਕਾਲਾ ਮਿੱਤਲ, ਸੰਜੇ ਸੈਨ, ਵਿਜੇ ਗੋਇਲ, ਭਾਜਪਾ ਦੇ ਮੰਡਲ ਲੌਂਗੋਵਾਲ ਪ੍ਰਧਾਨ ਰਤਨ ਕੁਮਾਰ ਮੰਗੂ, ਸੋਨੂੰ, ਮੋਨੂੰ ਤੇ ਨੀਟੂ ਸ਼ਰਮਾ ਤੋਂ ਇਲਾਵਾ ਵੱਖ-ਵੱਖ ਕਲੱਬਾਂ ਦੇ ਨੌਜਵਾਨਾਂ ਨੇ ਸ਼ਿਰਕਤ ਕੀਤੀ। ਇਸ ਸਮੇਂ ਨੌਜਵਾਨ ਆਗੂ ਕਮਲਜੀਤ ਸਿੰਘ ਵਿੱਕੀ ਨੇ ਵੀ ਆਪਣਾ ਖੂਨ ਦਾਨ ਕੀਤਾ ਤੇ ਹੋਰਨਾਂ ਨੌਜਵਾਨਾਂ ਨੂੰ ਲੋੜਵੰਦਾਂ ਦੀ ਸਹਾਇਤਾ ਲਈ ਖੂਨ ਦਾਨ ਕਰਨ ਲਈ ਪ੍ਰੇਰਿਆ। ਇਸ ਕੈਂਪ ਦੀ ਅਗਵਾਈ ਦਵਿੰਦਰ ਕੁਮਾਰ ਵਸ਼ਿਸ਼ਟ ਨੇ ਕੀਤੀ ਤੇ ਸਟੇਜ ਦੀ ਸੇਵਾ ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰੈੱਸ ਸਕੱਤਰ ਅਮਰਜੀਤ ਸਿੰਘ ਗਿੱਲ ਨੇ ਨਿਭਾਈ ਅਤੇ ਬਾਹਰੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਖੂਨ ਦਾਨ ਕਰਨ ਵਾਲੇ ਨੌਜਵਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

# ਰਾਏਸਰ 'ਚ ਸਿਹਤ ਸੰਭਾਲ, ਵਾਤਾਵਰਣ ਤੇ ਕੁਦਰਤੀ ਸਰੋਤਾਂ ਦੀ ਸਾਂਭ ਸੰਭਾਲ ਸੰਬੰਧੀ ਸੈਮੀਨਾਰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਲੋਕ ਕਵੀ ਸੰਤ ਰਾਮ ਉਦਾਸੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਏਸਰ ਪੰਜਾਬ ਦੇ ਇੰਚਾਰਜ ਮੈਡਮ ਮਨਜੀਤ ਕੌਰ ਮਾਨ ਦੀ ਅਗਵਾਈ ਵਿੱਚ ਮਿਸ਼ਨ ਤੰਦਰੁਸਤ ਪੰਜਾਬ ਤਹਿਤ ਵਿਦਿਆਰਥੀਆਂ ਤੇ ਪਿੰਡ ਵਾਸੀਆਂ ਨੂੰ ਸਿਹਤ ਅਤੇ ਵਾਤਾਵਰਣ ਸੰਭਾਲ ਸੰਬੰਧੀ ਜਾਣੂ ਕਰਵਾਉਣ ਹਿੱਤ ਜਾਗਰੂਕਤਾ ਸੈਮੀਨਾਰ ਗੁਰਦੁਆਰਾ ਸਾਹਿਬ ਬਾਰਪੱਤੂ ਪਿੰਡ ਰਾਏਸਰ ਵਿਖੇ ਕਰਵਾਇਆ ਗਿਆ।



ਵਿਸ਼ੇਸ਼ ਤੌਰ 'ਤੇ ਪਹੁੰਚੇ ਡਾ: ਬਲਵਿੰਦਰ ਸਿੰਘ ਲੱਖੇਵਾਲੀ ਨੇ ਕਿਹਾ ਕਿ ਅੱਜ ਹਵਾ, ਪਾਣੀ ਤੇ ਮਿੱਟੀ ਪ੍ਰਦੂਸ਼ਤ ਹੋ ਚੁੱਕੇ ਹਨ, ਨੂੰ ਬਚਾਉਣ ਲਈ ਸਾਦਾ ਰਹਿਣ-ਸਹਿਣ ਤੇ ਖਾਣ-ਪੀਣ ਅਪਣਾਉਣ ਅਤੇ ਵਾਤਾਵਰਣ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਬੂਟੇ ਲਾਉਣ ਤੇ ਇਨ੍ਹਾਂ ਦੀ ਦੇਖਭਾਲ ਕਰਨ ਲਈ ਪ੍ਰੇਰਿਤ ਕੀਤਾ। ਗਿਆਨੀ ਗੁਰਮੀਤ ਸਿੰਘ ਖੋਸਾ ਕੋਟਲਾ ਨੇ ਕਿਹਾ ਕਿ ਰੁੱਖਾਂ ਨੂੰ ਪਿਆਰ ਕਰਨ ਵਾਲੇ ਅਸਲੀ ਵਾਤਾਵਰਣ ਪ੍ਰੇਮੀ ਹੁੰਦੇ ਹਨ, ਰੁੱਖ ਲਗਾ ਕੇ ਇਨ੍ਹਾਂ ਦਾ ਪਾਲਣ-ਪੋਸ਼ਣ ਕਰਨਾ ਸਾਡੀ ਸਭ ਦੀ ਨੈਤਿਕ ਜਿੰਮੇਵਾਰੀ ਹੈ। ਉਨ੍ਹਾਂ ਕਿਸਾਨਾਂ ਨੂੰ ਵਿਰਾਸਤੀ ਢੰਗ ਨਾਲ ਜ਼ਹਿਰ ਮੁਕਤ ਖੇਤੀ ਕਰਨ ਤੇ ਵਿਦਿਆਰਥੀਆਂ ਨੂੰ ਸਮਾਜਿਕ ਕਦਰਾਂ ਕੀਮਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਿਪਟੀ ਡੀ.ਈ.ਓ. ਡਾ: ਬਰਜਿੰਦਰਪਾਲ ਸਿੰਘ, ਪ੍ਰਿੰਸੀਪਲ ਸੰਜੇ ਸਿੰਗਲਾ, ਗੁਰਪ੍ਰੀਤ ਸਿੰਘ, ਗੁਰਬਾਜ ਸਿੰਘ ਵਿਰਕ, ਰਾਜਾ ਰਾਏਸਰ, ਮਨਜੀਤ ਸਿੰਘ ਬਾਸੀ, ਜਗਮੋਹਣ ਸ਼ਾਹ, ਮਾ: ਨਿਰਮਲ ਸਿੰਘ, ਸਿਮਰਨਜੀਤ ਕੌਰ ਨੇ ਵਿਚਾਰ ਰੱਖੇ। ਇੰਚਾਰਜ ਮਨਜੀਤ ਕੌਰ ਮਾਨ ਨੇ ਸੰਬੋਧਨ ਕਰਦਿਆਂ ਪੰਚਾਇਤ ਤੇ ਪਿੰਡ ਵਾਸੀਆਂ ਅਤੇ ਵਿਦਿਆਰਥੀਆਂ ਨੂੰ ਇਸ ਦੌਰਾਨ ਹਵਾ, ਪਾਣੀ, ਬਿਜਲੀ ਦੀ ਬੱਚਤ ਤੇ ਵਧੀਆ ਵਾਤਾਵਰਣ ਸਿਰਜਣ ਲਈ ਕੀਤੇ ਵਿਚਾਰਾਂ ਅਨੁਸਾਰ ਆਪਣਾ ਜੀਵਨ ਢਾਲਣ ਲਈ ਪ੍ਰੇਰਿਆ ਅਤੇ ਪਿੰਡ ਦੀਆਂ ਦੋਵੇਂ ਪੰਚਾਇਤਾਂ ਤੇ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਵਿਦਿਆਰਥੀਆਂ ਦੇ ਬਿਹਤਰ ਭਵਿੱਖ ਲਈ ਸਕੂਲ ਲਈ ਖੁੱਲ੍ਹੇ ਖੇਡ ਮੈਦਾਨ ਵਾਲੀ ਬਿਲਡਿੰਗ ਦਾ ਪ੍ਰਬੰਧ ਕਰਨ ਲਈ ਕਿਹਾ ਅਤੇ ਸਹਿਯੋਗ ਦੇਣ ਵਾਲੀਆਂ ਸਮੂਹ ਸੰਸਥਾਵਾਂ, ਸਕੂਲ ਮੈਨੇਜਮੈਂਟ ਕਮੇਟੀ, ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਵੱਖ ਵੱਖ ਪ੍ਰਕਾਰ ਦੇ ਬੂਟੇ ਵੀ ਵੰਡੇ ਗਏ।

# ਨਿਰਮਾਣ ਅਧੀਨ ਟੋਲ ਪਲਾਜ਼ਾ 'ਚ ਵੱਜੀ ਕਾਰ, ਦੋ ਜ਼ਖ਼ਮੀ



**ਮਲੋਟ (ਗੁਰਮੀਤ ਸਿੰਘ ਮੱਕੜ)** ਮਲੋਟ-ਡੱਬਵਾਲੀ ਰੋਡ 'ਤੇ ਨਿਰਮਾਣ ਅਧੀਨ ਟੋਲ ਪਲਾਜ਼ਾ ਵਿਚ ਕਾਰ ਵੱਜਣ ਕਾਰਨ ਦੋ ਜ਼ਖ਼ਮੀ ਹੋ ਗਏ। ਸੀਕਰ ਤੋਂ ਮਲੋਟ ਆ ਰਹੇ ਕਾਰ ਡਰਾਈਵਰ ਨੇ ਕਿਹਾ ਕਿ ਟੋਲ ਪਲਾਜ਼ੇ 'ਤੇ ਸਾਈਨ ਬੋਰਡ ਜਾਂ ਲਾਈਟ ਆਦਿ ਨਾ ਜਗਦੀ ਹੋਣ ਕਰਕੇ ਉਨ੍ਹਾਂ ਨੂੰ ਇੱਕਦਮ ਕਾਰ ਨੂੰ ਕੰਟਰੋਲ ਕਰਨਾ ਔਖਾ ਹੋ ਗਿਆ, ਜਿਸ ਕਰਕੇ ਉਨ੍ਹਾਂ ਦੀ ਸਾਰੀ ਕਾਰ ਨੁਕਸਾਨੀ ਗਈ ਅਤੇ ਨਾਲ ਹੀ ਦੋ ਔਰਤਾਂ ਵੀ ਜ਼ਖ਼ਮੀ ਹੋ ਗਈਆਂ ਅਤੇ ਟਾਂਕੇ ਲਾਉਣੇ ਪਏ, ਜਦਕਿ ਉਸ ਦੇ ਖੁਦ ਦੇ ਵੀ ਅੰਦਰੂਨੀ ਸੱਟਾਂ ਵੱਜੀਆਂ ਹਨ। ਟੋਲ ਪਲਾਜ਼ਾ ਦੇ ਪ੍ਰਬੰਧਕਾਂ ਨੇ ਕਿਹਾ ਕਿ ਕਾਰ ਤੇਜ਼ ਗਤੀ ਨਾਲ ਆ ਰਹੀ ਸੀ ਤੇ ਜਿਸ ਕਰਕੇ ਉਨ੍ਹਾਂ ਦੇ ਟੋਲ ਦੀ ਇੱਕ ਲਾਈਨ ਪੂਰੀ ਤਰ੍ਹਾਂ ਖਤਮ ਹੋ ਗਈ ਹੈ, ਜਿਸ ਦੇ ਮਹਿੰਗੇ ਭਾਅ ਦੇ ਪਾਰਟ ਫਿਰ ਤੋਂ ਲਿਆਉਣੇ ਪੈਣਗੇ। ਉਨ੍ਹਾਂ ਕਿਹਾ ਕਿ ਦੋਵੇਂ ਪਾਸੇ ਸਾਈਨ ਬੋਰਡ ਲੱਗੇ ਹੋਏ ਹਨ।

# ਰੋਟਰੀ ਕਲੱਬ ਵੱਲੋਂ 21 ਪ੍ਰਤਿਭਾਸ਼ਾਲੀ ਅਧਿਆਪਕ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੋਟਰੀ ਕਲੱਬ ਫ਼ਿਰੋਜ਼ਪੁਰ ਕੈਂਟ ਤੇ ਰੋਟਰੀ ਕਲੱਬ ਫ਼ਿਰੋਜ਼ਪੁਰ ਗੋਲ੍ਡ ਨੇ ਅਧਿਆਪਕ ਦਿਵਸ ਸੰਯੁਕਤ ਰੂਪ ਵਿੱਚ ਧਰਮਪਾਲ ਬਾਂਸਲ ਡਾਇਰੈਕਟਰ ਹਾਰਮਨੀ ਕਾਲਜ ਤੇ ਰੋਟਰੀ ਕਲੱਬ ਫ਼ਿਰੋਜ਼ਪੁਰ ਕੈਂਟ ਦੇ ਪ੍ਰਧਾਨ ਵਿਪੁਲ ਨਾਰੰਗ ਦੀ ਅਗਵਾਈ ਵਿੱਚ ਫ਼ਿਰੋਜ਼ਪੁਰ ਜ਼ਿਲ੍ਹੇ ਦੇ 21 ਸਕੂਲ-ਕਾਲਜ ਅਧਿਆਪਕਾਂ ਨੂੰ "ਨੇਸ਼ਨ ਬਿਲਡਰ ਐਵਾਰਡ" ਦੇ ਕੇ ਸਨਮਾਨਤ ਕੀਤਾ ਗਿਆ। ਪ੍ਰੋਗਰਾਮ ਕੋਆਡਰੀਨੇਟਰ ਕਮਲ ਸ਼ਰਮਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਮੌਕੇ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੋ ਅਧਿਆਪਕਾਂ ਅਸ਼ਵਨੀ ਸ਼ਰਮਾ ਗਣਿਤ ਅਧਿਆਪਕ ਸਰਕਾਰੀ ਹਾਈ ਸਕੂਲ ਝੋਕ ਹਰੀਹਰ ਤੇ ਬਲਕਾਰ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਯਾਰੇ ਸ਼ਾਹ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਨ੍ਹਾਂ ਦੋ ਅਧਿਆਪਕਾਂ ਨੂੰ ਪੰਜ ਸਤੰਬਰ 2023 ਮੌਕੇ ਪੰਜਾਬ ਸਰਕਾਰ ਵੱਲੋਂ ਰਾਜ ਪੁਰਸਕਾਰ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ।ਅਸ਼ਵਨੀ ਸ਼ਰਮਾ ਤੇ ਬਲਕਾਰ ਸਿੰਘ ਨੇ ਕਿਹਾ ਕਿ ਹੁਣ ਉਨ੍ਹਾਂ ਉੱਪਰ ਜ਼ਿੰਮੇਵਾਰੀਆਂ ਤੇ ਸੇਵਾ ਭਾਵਨਾ ਹੋਰ ਵੀ ਵਧ ਜਾਂਦੀ ਗਈ ਹੈ ਅਤੇ ਮਿਹਨਤ ਦੇ ਰਸਤੇ 'ਤੇ ਚੱਲ ਕੇ ਵਿਦਿਆਰਥੀਆਂ ਦਾ ਭਵਿੱਖ ਸੰਵਾਰਦੇ ਹੋਏ ਉਨ੍ਹਾਂ ਨੂੰ ਸਮਾਜ ਦੇ ਇੱਕ ਚੰਗੇ ਇਨਸਾਨ ਬਣਾਉਣ ਦੀ ਕੋਸ਼ਿਸ਼ ਕਰਾਂਗੇ।ਸੀਈਓ ਡੀਸੀਐੱਮ ਡਾ. ਅਨਿਰੁਧ ਗੁਪਤਾ, ਅਸ਼ੋਕ ਬਹਿਲ, ਡਾ. ਸਤਿੰਦਰ ਸਿੰਘ, ਅਭਿਸ਼ੇਕ ਅਰੋੜਾ ਤੇ ਰੰਜੂ ਪੁੰਜ ਨੇ ਆਪਣੇ ਭਾਸ਼ਣ ਦੌਰਾਨ ਅਧਿਆਪਕਾਂ ਦੀ ਪ੍ਰਸੰਸਾ ਕੀਤੀ ਤੇ ਕਿਹਾ ਅਧਿਆਪਕਾਂ ਦੀ ਜਗ੍ਹਾ ਦੂਸਰਾ ਹੋਰ ਕੋਈ ਨਹੀਂ ਲੈ ਸਕਦਾ।ਇਸ ਮੌਕੇ ਹੈੱਡ ਮਾਸਟਰ ਅਵਤਾਰ ਸਿੰਘ. ਸੁਖਵਿੰਦਰ ਕੌਰ, ਸ਼ਰਨਜੀਤ ਕੌਰ, ਡਾ. ਨੇਹਾ ਠਾਕੁਰ, ਸੁਖਪ੍ਰੀਤ ਕੌਰ, ਗੁਰਦੇਵ ਸਿੰਘ, ਰੁਪਿੰਦਰ ਸਿੰਘ, ਗੁਰਪ੍ਰੀਤ ਸਿੰਘ, ਡਾ. ਪ੍ਰਦੀਪ ਸੇਠੀ, ਸੀ ਐੱਚ ਟੀ ਨਵਦੀਪ ਕੁਮਾਰ, ਹਰੀਸ਼ ਕੁਮਾਰ, ਅਵਤਾਰ ਸਿੰਘ, ਸੁਨੀਲ ਕੁਮਾਰ, ਤਲਵਿੰਦਰ ਸਿੰਘ, ਸਰਬਜੀਤ ਸਿੰਘ, ਗੀਤਾ ਰਾਣੀ, ਅਨਾਮਿਕਾ, ਰਾਜੀਵ ਸ਼ਰਮਾ ਨੂੰ ਨੇਸ਼ਨ ਬਿਲਡਰ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਅਤੇ ਸਟੇਜ ਸਕੱਤਰ ਦੀ ਭੂਮਿਕਾ ਗੁਰਪ੍ਰੀਤ ਸਿੰਘ ਭੁੱਲਰ ਨੇ ਬਾਖ਼ੂਬੀ ਨਿਭਾਈ।ਇਸ ਮੌਕੇ ਸੀਨੀਅਰ ਰੋਟਰੀਅਨ ਗੁਲਸ਼ਨ ਸਚਦੇਵਾ, ਅੰਜੂ ਸਚਦੇਵਾ ਆਦਿ ਹਾਜ਼ਰ ਸਨ।

# ਸਾਖਰਤਾ ਦਿਵਸ ਮੌਕੇ ਲੋੜਵੰਦ ਵਿਦਿਆਰਥੀਆਂ ਨੂੰ ਕਿਤਾਬਾਂ ਭੇਟ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਅੰਤਰਰਾਸ਼ਟਰੀ ਸਾਖਰਤਾ ਦਿਵਸ ਮੌਕੇ ਡੀ ਸੀ ਐੱਮ ਏ ਇੰਟਰਨੈਸ਼ਨਲ ਸਕੂਲ ਵੱਲੋਂ ਕਮਿਊਨਿਟੀ ਆਊਟਰੀਚ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਕਿਤਾਬਾਂ ਭੇਟ ਕੀਤੀਆਂ ਗਈਆਂ।ਪ੍ਰਿੰਸੀਪਲ ਸੋਮੇਸ਼ ਚੰਦਰ ਮਿਸ਼ਰਾ ਨੇ ਦੱਸਿਆ ਕਿ ਵਿਦਿਆਰਥੀ ਤੇ ਅਧਿਆਪਕ ਇੱਕ ਸਰਕਾਰੀ ਸਕੂਲ ਵਿੱਚ ਗਏ ਤੇ ਉਥੇ ਪੜ੍ਹ ਰਹੇ ਵਿਦਿਆਰਥੀਆਂ ਨੂੰ ਕਿਤਾਬਾਂ ਭੇਟ ਕੀਤੀਆਂ।ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਵਿੱਦਿਆ ਪ੍ਰਾਪਤ ਕਰਨਾ ਜੀਵਨ ਦਾ ਅਨਿੱਖੜਵਾਂ ਅੰਗ ਹੈ ਤੇ ਵਿੱਦਿਆ ਤੋਂ ਬਿਨਾਂ ਮਨੁੱਖੀ ਜੀਵਨ ਅਧੂਰਾ ਹੈ।ਉਨ੍ਹਾਂ ਕਿਹਾ ਕਿ ਡੀ ਸੀ ਐੱਮ ਗਰੁੱਪ ਵੱਲੋਂ ਸਰਹੱਦੀ ਜ਼ਿਲ੍ਹੇ ਵਿੱਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਸਕੂਲ ਪ੍ਰਸ਼ਾਸਨ ਸਰਕਾਰੀ ਸਕੂਲਾਂ ਤੋਂ ਇਲਾਵਾ ਝੁੱਗੀ-ਝੌਂਪੜੀ ਵਾਲੇ ਇਲਾਕਿਆਂ ਦਾ ਦੌਰਾ ਕਰਕੇ ਵਿੱਦਿਅਕ ਸਮੱਗਰੀ ਵੰਡਦਾ ਸੀ।

# ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਵੱਲੋਂ ਵਿਸ਼ਾਲ ਸਮਾਗਮ ਕਰਵਾਇਆ

- ■ ਰਿਸ਼ਤੇਦਾਰਾਂ ਦੇ ਕੰਮ ਲਈ ਝਿਜਕ ਸਕਦਾ ਹਾਂ, ਪਰ ਧੂਰੀ ਵਾਸੀਆਂ ਲਈ ਨਹੀਂ : ਪ੍ਰੋ. ਉਂਕਾਰ ਸਿੰਘ
- ■ ਉਦਯੋਗਪਤੀਆਂ ਨੂੰ ਦਰਪੇਸ਼ ਮੁਸ਼ਕਲਾਂ ਪਹਿਲ ਦੇ ਅਧਾਰ 'ਤੇ ਵਿਚਾਰਨ ਦਾ ਭਰੋਸਾ
- ■ ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਵੱਲੋਂ ਵਿਸ਼ਾਲ ਸਮਾਗਮ



**ਧੂਰੀ (ਰਾਜੇਸ਼ਵਰ ਪਿੰਟੂ, ਬਿਨੀ ਗਰਗ)**

ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਬਲਾਕ ਧੂਰੀ ਵੱਲੋਂ ਪ੍ਰਧਾਨ ਮੁਕੇਸ਼ ਸਿੰਗਲਾ ਬੰਟੀ ਦੀ ਅਗਵਾਈ ਹੇਠ ਸਥਾਨਕ ਸਪੈਂਗਲ ਸਟੋਨ ਹੋਟਲ ਵਿਖੇ ਕਰਵਾਏ ਗਏ ਵਿਸ਼ਾਲ ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਧੂਰੀ ਦੇ ਲੋਕਾਂ ਨੇ ਮੁੱਖ ਮੰਤਰੀ ਜਿਤਾਇਆ ਹੈ ਤੇ ਪੰਜਾਬ ਸਮੇਤ ਖਾਸਕਰ ਧੂਰੀ ਵਾਸੀਆਂ ਲਈ 'ਮੁੱਖ ਮੰਤਰੀ ਦਫ਼ਤਰ' ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ। ਉਨ੍ਹਾ ਕਿਹਾ ਕਿ ਉਹ ਆਪ ਖੁਦ ਤੇ ਉਨ੍ਹਾਂ ਦੀ ਟੀਮ ਧੂਰੀ ਕੈਂਪ ਦਫ਼ਤਰ ਵਿਖੇ ਡਿਊਟੀ ਦੇ ਕੇ ਲੋਕਾਂ ਦੇ ਕੰਮ ਆਉਣ ਦਾ ਜ਼ਰੀਆ ਬਣ ਰਹੇ ਹਾਂ ਅਤੇ ਜੇਕਰ ਕਿਸੇ ਵੀ ਇਲਾਕਾ ਨਿਵਾਸੀ ਨੂੰ ਕੋਈ ਕੰਮ ਹੈ ਤਾਂ ਉਹ ਬੇਝਿਜਕ ਧੂਰੀ ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ। ਉਨ੍ਹਾ ਕਿਹਾ ਕਿ ਉਹ ਆਪਣੇ ਕਿਸੇ ਹਕੀਕੀ ਦੇ ਕੰਮ ਕਹਿਣ ਲਈ 'ਝਿਜਕ' ਸਕਦੇ ਹਨ, ਪਰ ਧੂਰੀ ਵਾਸੀਆਂ ਲਈ ਉਹ 'ਅੱਧੀ ਰਾਤ' ਵੀ ਹਾਜ਼ਰ ਹਨ। ਉਨ੍ਹਾ ਧੂਰੀ ਉਦਯੋਗਪਤੀਆਂ ਵੱਲੋਂ ਪੇਸ਼ ਕੀਤੇ ਗਈਆਂ ਮੰਗਾਂ ਤੇ ਮੁਸ਼ਕਲਾਂ ਬਾਰੇ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਉਦਯੋਗਪਤੀਆਂ ਨੂੰ ਬਿਜਲੀ ਸਬੰਧੀ ਦਰਪੇਸ਼ ਮੁਸ਼ਕਲਾਂ ਦਾ ਹੱਲ ਇੱਕ ਦਿਨ 'ਵਿਸ਼ੇਸ਼ ਕੈਂਪ' ਲਗਵਾ ਕੇ ਕਰਵਾ ਦਿੱਤਾ ਜਾਵੇਗਾ ਤੇ ਬਾਕੀ ਮੰਗਾਂ ਨੂੰ ਵੀ ਸਰਕਾਰ ਪਹਿਲ ਦੇ ਅਧਾਰ 'ਤੇ ਹਾਂ-ਪੱਖੀ ਸੋਚ ਨਾਲ ਵਿਚਾਰੇਗੀ। ਇਸ ਮੌਕੇ ਕਪਤਾਨ ਪੁਲਸ ਸੰਗਰੂਰ ਯੋਗੇਸ਼ ਸ਼ਰਮਾ, ਐੱਸ.ਡੀ.ਐੱਮ. ਧੂਰੀ ਅਮਿਤ ਗੁਪਤਾ, ਡੀ.ਐੱਸ.ਪੀ. ਧੂਰੀ ਤਲਵਿੰਦਰ ਸਿੰਘ ਗਿੱਲ, ਐੱਸ.ਐੱਚ.ਓ. ਸਿਟੀ ਰਮਨਦੀਪ ਸਿੰਘ ਬਾਵਾ ਤੇ ਥਾਣੇਦਾਰ ਜਗਦੀਪ ਸਿੰਘ ਐੱਸ.ਐੱਚ.ਓ. ਥਾਣਾ ਸਦਰ ਧੂਰੀ, ਮੁੱਖ ਮੰਤਰੀ ਕੈਂਪ ਦਫ਼ਤਰ ਇੰਚਾਰਜ ਅੰਮ੍ਰਿਤ ਸਿੰਘ ਬਰਾੜ, 'ਆਪ' ਆਗੂ ਸਤਿੰਦਰ ਸਿੰਘ ਚੱਠਾ ਹਾਜ਼ਰ ਸਨ। ਚੈਂਬਰ ਦੇ ਪ੍ਰਧਾਨ ਮੁਕੇਸ਼ ਸਿੰਗਲਾ ਨੇ ਆਪਣੇ ਸੰਬੋਧਨ ਵਿੱਚ ਉਦਯੋਗਾਂ ਨੂੰ ਦਰਪੇਸ਼ ਬਿਜਲੀ ਦੀ ਟਰੀਪਿੰਗ ਸਮੱਸਿਆ, ਪੁਰਾਣੀਆਂ ਤਾਰਾਂ ਨੂੰ ਬਦਲਣ ਤੇ ਉਦਯੋਗਿਕ ਫੀਡਰਾਂ ਦਾ ਨਿਰਮਾਣ ਕਰਵਾਉਣ ਸਮੇਤ ਸੀ. ਐੱਲ. ਯੂ. ਦੀ ਗੁੰਝਲਦਾਰ ਪ੍ਰਕਿਰਿਆ ਨੂੰ ਸੁਖਾਲਾ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਉਦਯੋਗਾਂ ਨੂੰ 'ਭਗਵੰਤ ਮਾਨ ਸਰਕਾਰ' ਤੋਂ ਵਿਸ਼ੇਸ਼ ਉਮੀਦਾਂ ਹਨ। ਚੈਂਬਰ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸ਼ੈਂਟੀ ਸਿੰਗਲਾ ਨੇ ਧੂਰੀ ਸ਼ੈਲਰ ਟਰੇਡ ਨੂੰ ਝੋਨੇ ਦੇ ਸੀਜ਼ਨ 'ਚ ਸਭ ਤੋਂ ਵੱਧ ਕੱਟ ਲਗਾਇਆ ਜਾਂਦਾ ਹੈ ਤੇ ਬਾਹਰਲੀ ਜ਼ੀਰੀ ਲਿਆਉਣ ਵਿੱਚ ਧੂਰੀ ਸ਼ੈਲਰ ਮਾਲਕਾਂ ਨੂੰ ਪਹਿਲ ਦਿੱਤੀ ਜਾਵੇ। ਇਸ ਮੌਕੇ ਜ਼ਿਲ੍ਹਾ ਚੇਅਰਮੈਨ ਏ ਆਰ ਸ਼ਰਮਾ, ਸੰਜੀਵ ਕੁਮਾਰ ਕਿੱਟੀ ਜ਼ਿਲ੍ਹਾ ਪ੍ਰਧਾਨ, ਐੱਮ ਪੀ ਸਿੰਘ ਜ਼ਿਲ੍ਹਾ ਸੈਕਟਰੀ, ਪ੍ਰੇਮ ਗੁਪਤਾ ਜ਼ਿਲ੍ਹਾ ਖਜ਼ਾਨਚੀ, ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸ਼ੈਂਟੀ ਸਿੰਗਲਾ, ਸੈਕਟਰੀ ਅਮਿਤ ਗੋਇਲ, ਸੰਜੇ ਗੋਇਲ ਸੈਕਟਰੀ, ਸੁਰੇਸ਼ ਜਿੰਦਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਉਦਯੋਗਪਤੀਆਂ ਨੇ ਸ਼ਿਰਕਤ ਕੀਤੀ।

# ਜਸਵੀਰ ਕੌਰ ਮਨਰੇਗਾ ਮਜ਼ਦੂਰ ਭਲਾਈ ਮੋਰਚਾ ਕੋਕਰੀ ਫੂਲਾ ਸਿੰਘ ਦੇ ਬਣੇ ਪ੍ਰਧਾਨ



**ਮੋਗਾ (ਅਮਰਜੀਤ ਬੱਬਰੀ)**-ਪਿੰਡ ਕੋਕਰੀ ਫੂਲਾ ਸਿੰਘ ਵਿਖੇ ਮਨਰੇਗਾ ਵਰਕਰਾਂ ਦੀ ਇੱਕ ਭਰਵੀਂ ਮੀਟਿੰਗ ਮਨਰੇਗਾ ਮਜ਼ਦੂਰ ਭਲਾਈ ਮੋਰਚਾ ਪਿੰਡ ਮਹਿਣਾ ਦੇ ਪ੍ਰਧਾਨ ਬਲਜੀਤ ਸਿੰਘ ਨੇ ਕਰਵਾਈ। ਮੀਟਿੰਗ ਵਿੱਚ ਭਾਰਤੀਯ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਮਨਰੇਗਾ ਮਜ਼ਦੂਰਾਂ ਨੇ ਆਪਣੀਆਂ ਸਮੱਸਿਆਵਾਂ ਭਾਰਤੀਯ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਨਾਲ ਸਾਂਝੀਆਂ ਕਰਦਿਆਂ ਦੱਸਿਆ ਕਿ ਉਨ੍ਹਾਂ ਨੂੰ ਗਰੰਟੀ ਮੁਤਾਬਕ ਇੱਕ ਸਾਲ ਵਿੱਚ 100 ਦਿਨ ਦਾ ਕੰਮ ਨਹੀਂ ਦਿੱਤਾ ਜਾ ਰਿਹਾ ਹੈ ਤੇ ਉਨ੍ਹਾਂ ਵੱਲੋਂ ਕੀਤੇ ਗਏ ਕੰਮ ਦੀਆਂ ਦਿਹਾੜੀਆਂ ਦੀ ਹਾਜ਼ਰੀ ਉਨ੍ਹਾਂ ਦੇ ਜਾਬ ਕਾਰਡਾਂ 'ਚ ਦਰਜ ਨਹੀਂ ਕੀਤੀ ਜਾਂਦੀ ਹੈ ਅਤੇ ਉਨ੍ਹਾਂ ਨੂੰ ਬਣਦੀ ਪੂਰੀ ਮਜ਼ਦੂਰੀ ਵੀ ਨਹੀਂ ਮਿਲਦੀ ਹੈ। ਇਸ ਮੌਕੇ ਮਨਰੇਗਾ ਮਜ਼ਦੂਰਾਂ ਨੇ ਭਾਰਤੀਯ ਮਜ਼ਦੂਰ ਸੰਘ ਨਾਲ ਸਬੰਧਤ ਮਨਰੇਗਾ ਮਜ਼ਦੂਰ ਭਲਾਈ ਮੋਰਚਾ ਪਿੰਡ ਕੋਕਰੀ ਫੂਲਾ ਸਿੰਘ ਇਕਾਈ ਦਾ ਜਸਵੀਰ ਕੌਰ ਨੂੰ ਪ੍ਰਧਾਨ ਚੁਣ ਲਿਆ। ਚੁਣੇ ਗਏ ਆਗੂਆਂ ਨੂੰ ਭਾਰਤੀਯ ਮਜ਼ਦੂਰ ਸੰਘ ਦੇ ਆਗੂਆਂ ਤੇ ਮਨਰੇਗਾ ਵਰਕਰਾਂ ਨੇ ਜਸਵੀਰ ਕੌਰ, ਬਲਜੀਤ ਕੌਰ, ਮਨਜੀਤ ਕੌਰ, ਵੀਰ ਪਾਲ ਕੌਰ ਨੂੰ ਫੁੱਲ ਮਾਲਾਵਾਂ ਪਹਿਨਾ ਕੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਧੀਰ ਨੇ ਮਨਰੇਗਾ ਮਜ਼ਦੂਰਾਂ ਨੂੰ ਭਰੋਸਾ ਦਿੱਤਾ ਕਿ ਉਹ ਮਨਰੇਗਾ ਦੇ ਕੰਮ ਵਿੱਚ ਪਾਈਆਂ ਜਾ ਰਹੀਆਂ ਉਪਰੋਕਤ ਬੇਨਿਯਮੀਆਂ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਉਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਿੰਦਰ ਕੌਰ, ਪਰਮਜੀਤ ਕੌਰ, ਮਲਕੀਤ ਕੌਰ, ਮਾਇਆ ਤੇ ਪਰਮਜੀਤ ਕੌਰ ਆਦਿ ਹਾਜ਼ਰ ਸਨ।

# ਪੇਂਡੂ ਮਜ਼ਦੂਰ ਯੂਨੀਅਨ ਨੇ ਧਾਲੀਵਾਲ ਨੂੰ ਮੰਗ ਪੱਤਰ ਸੌਂਪਿਆ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਪੇਂਡੂ ਮਜਦੂਰ ਯੂਨੀਅਨ ਦੇ ਆਗੂ ਮੇਜਰ ਸਿੰਘ, ਸੈਮੂਅਲ ਹੰਸ, ਸਟੀਫਨ ਗਿੱਲ, ਵਿੱਕੀ ਜੌਹਲ ਦੀ ਸਾਂਝੀ ਅਗਵਾਈ ਹੇਠ ਰੁਜ਼ਗਾਰ ਅਤੇ ਜ਼ਮੀਨ ਨਾਲ ਸਬੰਧਿਤ ਮੰਗਾਂ ਤੇ ਦਰਪੇਸ਼ ਮੁਸ਼ਕਿਲਾਂ ਦੇ ਮੁੱਦੇ ਨੂੰ ਲੈ ਕੇ ਐੱਸਡੀਐੱਮ ਦਫਤਰ ਅਜਨਾਲਾ ਅੱਗੇ ਮੁਜ਼ਾਹਰਾ ਕਰਨ ਉਪਰੰਤ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੇ ਦਫਤਰ ਪਹੁੰਚ ਕੇ ਮੰਗ ਪੱਤਰ ਦਿੱਤਾ। ਇਸ ਮੌਕੇ ਜਥੇਬੰਦੀ ਦੇ ਉਕਤ ਆਗੂਆਂ ਨੇ ਕਿਹਾ ਕਿ ਪੇਂਡੂ ਮਜ਼ਦੂਰਾਂ ਦਾ ਵੱਡਾ ਹਿੱਸਾ ਅੱਜ ਵੀ ਖੇਤੀ ਸੈਕਟਰ 'ਤੇ ਨਿਰਭਰ ਹੈ ਅਤੇ ਪੇਂਡੂ ਮਜ਼ਦੂਰਾਂ ਕੋਲ ਜ਼ਮੀਨ ਨਾ ਹੋਣ ਕਾਰਨ ਉਨ੍ਹਾਂ ਨੂੰ ਮਨਰੇਗਾ ਹੇਠ 303 ਰੁਪਏ ਦੀ ਦਿਹਾੜੀ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਉਹ ਵੀ 100 ਦਿਨਾਂ ਚੋਂ ਕੁਝ ਦਿਨ ਹੀ ਮਜ਼ਦੂਰਾਂ ਨੂੰ ਕੰਮ ਮਿਲਦਾ ਹੈ।

ਇਸ ਮੌਕੇ ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਮਜ਼ਦੂਰਾਂ ਨੂੰ ਦਿੱਤੀਆਂ ਗਈਆਂ ਗਾਰੰਟੀਆਂ 'ਚੋਂ ਜ਼ਿਆਦਾਤਰ ਗਾਰੰਟੀਆਂ ਉਹ ਹਨ, ਜਿਨ੍ਹਾਂ ਨੂੰ ਪੂਰਾ ਕਰਨ ਨਾਲ ਸਰਕਾਰ ਦੇ ਬਜਟ 'ਤੇ ਧੇਲੇ ਦਾ ਬੋਝ ਨਹੀਂ ਪੈਂਦਾ। ਇਸ ਮੌਕੇ ਉਨ੍ਹਾਂ ਮੰਗ ਕੀਤੀ ਕਿ ਸਵੈ-ਮਿਤਵਾ ਸਕੀਮ ਹੇਠ ਲਾਲ ਲਕੀਰ ਦੇ ਮਾਲਕੀ ਹੱਕ ਦੇਣ, ਮਜ਼ਦੂਰਾਂ ਨੂੰ ਸਿਰ ਢੱਕਣ ਲਈ 5-5 ਮਰਲੇ ਦੇ ਪਲਾਟ ਦੇਣ, ਪਲਾਟਾਂ ਤੇ ਨਾਜਾਇਜ਼ ਕਬਜ਼ੇ ਹਟਾ ਕੇ ਲੋੜਵੰਦਾਂ ਨੂੰ ਦੇਣ ਤੋਂ ਇਲਾਵਾ ਕਈ ਹੋਰ ਅਹਿਮ ਮੰਗਾਂ ਰੱਖੀਆਂ। ਇਸ ਮੌਕੇ ਮਜ਼ਦੂਰਾਂ ਵੱਲੋਂ ਇੱਕ ਮਤਾ ਪਾਸ ਕਰਕੇ ਜ਼ਿਲ੍ਹਾ ਪਟਿਆਲਾ ਦੇ ਬਲਾਕ ਨਾਭਾ ਦੇ ਪਿੰਡ ਮੰਡੋਰ ਦੇ ਮਜ਼ਦੂਰਾਂ ਦੇ ਚੱਲ ਰਹੇ ਸੰਘਰਸ਼ ਦੀ ਹਮਾਇਤ ਕਰਨ ਦਾ ਫੈਸਲਾ ਵੀ ਲਿਆ ਗਿਆ। ਇਸ ਮੌਕੇ ਮਜ਼ਦੂਰ ਆਗੂ ਜੀਨਤ ਵਡਾਲਾ, ਗੁਰਦਿਆਲ ਸਿੰਘ ਪੰਧੇਰ, ਜਸਵੰਤ ਸਿੰਘ, ਬਿੱਲਾ ਜੌਹਲ, ਯਕੂਬ ਮਸੀਹ ਆਦਿ ਆਗੂ ਤੇ ਕਾਰਕੁੰਨਾਂ ਹਾਜ਼ਰ ਸਨ।

# 'ਕਾਰਪੋਰੇਟ ਭਜਾਓ ਮੋਦੀ ਹਰਾਓ' ਵਿਸ਼ਾਲ ਕਾਨਫਰੰਸ 20 ਨੂੰ : ਦਰਾਜਕੇ



**ਭਿੱਖੀਵਿੰਡ/ ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਮਿਤੀ 20 ਸਤੰਬਰ ਨੂੰ ਭਿੱਖੀਵਿੰਡ ਵਿਖੇ 'ਕਾਰਪੋਰੇਟ ਭਜਾਓ ਮੋਦੀ ਹਰਾਓ' ਦੇ ਨਾਅਰੇ ਹੇਠ ਵਿਸ਼ਾਲ ਕਾਨਫਰੰਸ ਕੀਤੀ ਜਾ ਰਹੀ ਹੈ।

ਕਾਨਫਰੰਸ ਦੀਆਂ ਤਿਆਰੀਆਂ ਤਹਿਸੀਲ ਭਿੱਖੀਵਿੰਡ ਅੰਦਰ ਪੂਰੇ ਜ਼ੋਰਾਂ 'ਤੇ ਚੱਲ ਰਹੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਦਰਾਜਕੇ ਨੇ ਦੱਸਿਆ ਕਿ ਭਾਰਤ ਦੀਆਂ ਵੱਖ-ਵੱਖ ਸੰਸਥਾਵਾਂ ਤੇ ਕਾਰਪੋਰੇਟ ਘਰਾਣਿਆਂ ਦੇ ਤੇਜ਼ੀ ਨਾਲ ਹੋ ਰਹੇ ਕਬਜ਼ੇ ਚਿੰਤਾ ਦਾ ਵਿਸ਼ਾ ਹਨ।

ਕੇਂਦਰ ਦੀ ਭਾਜਪਾ ਸਰਕਾਰ ਆਮ ਲੋਕਾਂ ਦਾ ਗਲਾ ਘੁੱਟ ਕੇ ਕਾਰਪੋਰੇਟਾਂ ਨੂੰ ਫਾਇਦਾ ਪਹੁੰਚਾ ਰਹੀ ਹੈ। ਉਨ੍ਹਾਂ ਕਿਹਾ ਕਿ ਸੱਤਾ 'ਚ ਆਉਣ ਤੋਂ ਪਹਿਲਾਂ 'ਅੱਛੇ ਦਿਨ ਆਏਂਗੇ' ਦਾ ਨਾਅਰਾ ਬੁਲੰਦ ਕਰਨ ਵਾਲੀ ਮੋਦੀ ਸਰਕਾਰ ਨੇ ਗਰੀਬ ਵਰਗ ਦਾ ਕਚੂੰਬਰ ਕੱਢ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਲੋਕਮਾਰੂ ਨੀਤੀਆਂ ਤੋਂ ਤੰਗ ਚੁੱਕੇ ਲੋਕਾਂ ਦੀ ਅਵਾਜ ਨੂੰ ਬੁਲੰਦ ਕਰਨ ਲਈ ਆਰਐਮਪੀਆਈ ਵੱਲੋਂ 'ਕਾਰਪੋਰੇਟ ਭਜਾਓ ਮੋਦੀ ਹਰਾਓ' ਮੁਹਿੰਮ ਤਹਿਤ ਇੱਕ ਵਿਸ਼ਾਲ ਕਾਨਫਰੰਸ ਭਿੱਖੀਵਿੰਡ ਵਿਖੇ ਮਿਤੀ 20 ਸਤੰਬਰ ਨੂੰ ਆਯੋਜਿਤ ਕੀਤੀ ਜਾ ਰਹੀ ਹੈ।

ਦਰਾਜਕੇ ਨੇ ਕਿਹਾ ਕਿ ਇਸ ਵਿਸ਼ਾਲ ਕਾਨਫਰੰਸ 'ਚ ਪਾਰਟੀ ਦੇ ਕੁਲ ਹਿੰਦ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਅਤੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਵੱਲੋਂ ਵਿਸੇਸ ਤੌਰ ਤੇ ਸ਼ਿਰਕਤ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਸ ਕਾਨਫਰੰਸ ਦਾ ਮਕਸਦ ਆਮ ਜਨਤਾ ਨੂੰ ਕੇਂਦਰ ਦੀਆਂ ਮਾਰੂ ਨੀਤੀਆਂ ਤੋਂ ਜਾਣੂ ਕਰਵਾਉਣਾ ਹੈ। ਇਸ ਮੌਕੇ ਉਨ੍ਹਾਂ ਸੰਘਰਸ਼ਸ਼ੀਲ ਲੋਕਾਂ ਨੂੰ 20 ਸਤੰਬਰ ਨੂੰ ਕਾਨਫਰੰਸ ਵਿੱਚ ਪਹੁੰਚਣ ਦੀ ਅਪੀਲ ਕੀਤੀ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਕੈਬਨਿਟ ਮੰਤਰੀ ਭੁੱਲਰ ਦੀ ਰਿਹਾਇਸ਼ ਅੱਗੇ ਧਰਨਾ ਸ਼ੁਰੂ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)- ਸੰਯੁਕਤ ਕਿਸਾਨ ਮੋਰਚੇ ਦੇ ਸੂਬਾਈ ਫੈਸਲੇ ਅਨੁਸਾਰ ਪੱਟੀ ਵਿਖੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਰਿਹਾਇਸ਼ ਸਾਹਮਣੇ ਮੋਰਚੇ 'ਚ ਸ਼ਾਮਿਲ ਜਥੇਬੰਦੀਆ ਜਮਹੂਰੀ ਕਿਸਾਨ ਸਭਾ ਤੋਂ ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਮੁਗਲਚੱਕ ਕਿਰਤੀ ਕਿਸਾਨ ਯੂਨੀਅਨ, ਗੁਰਚਰਨ ਸਿੰਘ ਕੌਮੀ ਕਿਸਾਨ ਯੂਨੀਅਨ, ਬਲਬੀਰ ਸਿੰਘ ਝਾਮਕਾ ਪੰਜਾਬ ਕਿਸਾਨ ਯੂਨੀਅਨ, ਪਰਗਟ ਸਿੰਘ ਭਾਰਤੀ ਕਿਸਾਨ ਯੂਨੀਅਨ, ਤਰਸੇਮ ਸਿੰਘ ਕਲਸੀ ਕਿਸਾਨ ਸੰਘਰਸ਼ ਕਮੇਟੀ ਪੰਜਾਬ ,ਰਛਪਾਲ ਸਿੰਘ ਬਾਠ ਕੁਲ ਹਿੰਦ ਕਿਸਾਨ ਸਭਾ, ਕੁਲਦੀਪ ਸਿੰਘ ਫਤਿਆਬਾਦ ਇੰਡੀਅਨ ਫਾਰਮਰ ਐਸੋਸੀਏਸ਼ਨ, ਨਿਰਵੈਰ ਸਿੰਘ ਡਾਲੇਕੇ ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਏਕਤਾ ਪੰਜਾਬ ਅਧਾਰਿਤ ਪ੍ਰਧਾਨਗੀ ਮੰਡਲ ਦੀ ਅਗਵਾਈ ਵਿੱਚ ਧਰਨਾ ਦਿੱਤਾ ਗਿਆ। ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਬੋਲਦਿਆਂ ਹੋਇਆਂ ਪੰਜਾਬ ਸਰਕਾਰ ਦੀ ਹੜ੍ਹ ਪੀੜਤਾਂ ਪ੍ਰਤੀ ਉਦਾਸੀਨ ਰਵੱਈਏ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਤੇ ਕਿਹਾ ਕਿ ਪੰਜਾਬ ਸਰਕਾਰ ਨੇ ਜਿਥੇ ਹੜ੍ਹਾਂ ਤੋਂ ਪਹਿਲਾਂ ਕੋਈ ਤਿਆਰੀ ਨਹੀ ਸੀ ਕੀਤੀ ਉਥੇ ਹੀ ਹੜ੍ਹ ਦੌਰਾਨ ਵੀ ਮੌਕੇ 'ਤੇ ਕੋਈ ਰਾਹਤ ਪਹੁੰਚਾਉਣ ਵਿੱਚ ਅਸਮਰੱਥ ਰਹੀ ਹੈ। ਪੰਜਾਬ ਸਰਕਾਰ ਮੁਆਵਜ਼ੇ ਬਾਰੇ ਮੀਡੀਆ ਤੇ ਖੋਖਲੇ ਦਾਅਵੇ ਕਰਦੀ ਰਹੀ ਪਰ ਅਸਲੀਅਤ ਵਿੱਚ ਸਰਕਾਰ ਦੇ ਸਾਰੇ ਵਾਅਦੇ ਝੂਠੇ ਸਾਬਤ ਹੋਏ। ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨਾਂ ਨੇ ਖਰਾਬੇ ਬਾਰੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਫਸਲ ਦੇ ਖਰਾਬੇ/ਮੁਆਵਜ਼ੇ ਲਈ ਪ੍ਰਤੀ ਏਕੜ ਘੱਟੋ-ਘੱਟ 70 ਹਜਾਰ ਰੁਪੈ, ਕਿਸੇ ਦੀ ਮੌਤ ਹੋਣ ਤੇ ਦਸ ਲੱਖ ਦੀ ਰਾਸ਼ੀ ਜਾਰੀ ਕੀਤੀ ਜਾਵੇ, ਮਕਾਨ ਦੇ ਨੁਕਸਾਨ ਲਈ ਯੋਗ ਮੁਆਵਜ਼ਾ ਤੁਰੰਤ ਜਾਰੀ ਕੀਤਾ ਜਾਵੇ। ਇਸੇ ਤਰ੍ਹਾਂ ਬੰਬੀਆਂ ਦੇ ਬੋਰ ਦਾ ਨੁਕਸਾਨ ਹੋਣ ਤੇ ਮੁਆਵਜ਼ਾ ਜਾਰੀ ਕੀਤਾ ਜਾਵੇ। ਇਸ ਮੌਕੇ ਰੇਸ਼ਮ ਸਿੰਘ ਫੈਲੋਕੇ, ਸੁਖਚੈਨ ਸਿੰਘ ਸਰਹਾਲੀ ਖੁਰਦ, ਸਤਨਾਮ ਸਿੰਘ ਜੌਹਲ, ਸਾਹਿਬ ਸਿੰਘ, ਤਰਸੇਮ ਸਿੰਘ ਲੁਹਾਰ, ਕੁਲਦੀਪ ਸਿੰਘ ਭਲਾਈਪੁਰ, ਪਰਮਜੀਤ ਸਿੰਘ ਗਦਾਈਕੇ, ਦਲਵਿੰਦਰ ਸਿੰਘ, ਹਰਦੀਪ ਸਿੰਘ ਬਹਾਦਰਪੁਰ ਆਦਿ ਨੇ ਵੀ ਸੰਬੋਧਨ ਕੀਤਾ।

## *ਪਿੰਡ ਚੇਲਾ ਵਿਖੇ ਗੁੱਗਾ ਪੀਰ ਦਾ ਸਾਲਾਨਾ ਜੋੜ ਮੇਲਾ ਕਰਵਾਇਆ*



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਪਿੰਡ ਚੇਲਾ ਵਿਖੇ ਬਾਬਾ ਗੁੱਗਾ ਪੀਰ ਜੀ ਦਾ ਸਾਲਾਨਾ ਜੋੜ ਮੇਲਾ ਮੈਨੇਜਿੰਗ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਬੜੀ ਸ਼ਰਧਾ ਤੇ ਧੂਮ-ਧਾਮ ਨਾਲ ਮਨਾਇਆ ਗਿਆ। ਮੇਲੇ 'ਚ ਦੂਰੋਂ ਨੇੜਿਓਂ ਪੁੱਜੀਆਂ ਸੰਗਤਾਂ ਨੇ ਦਰਗਾਹ 'ਤੇ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਭ ਭੁੱਲਰ ਨੇ ਦੱਸਿਆ ਕਿ ਮੇਲੇ ਦੀ ਸ਼ੁਰੂਆਤ ਮੇਜਰ ਸਿੰਘ, ਹਰਿੰਦਰ ਭੁੱਲਰ ਅਤੇ ਮੰਨਾ ਭੁੱਲਰ ਵੱਲੋਂ ਬਾਬਾ ਗੁੱਗਾ ਪੀਰ ਜੀ ਦੀ ਦਰਗਾਹ 'ਤੇ ਚਾਦਰ ਚੜ੍ਹਾ ਕੇ ਕੀਤੀ ਗਈ। ਦੱਸਣਯੋਗ ਹੈ ਕਿ ਮੇਲੇ 'ਚ ਪੰਜਾਬ ਦੇ ਮਸ਼ਹੂਰ ਗਾਇਕ ਸੁਰਜੀਤ ਭੁੱਲਰ ਅਤੇ ਅਮਰ ਸੈਂਬੀ ਨੇ ਆਪਣੇ ਸੁਪਰਹਿੱਟ ਗੀਤਾਂ ਰਾਹੀਂ ਸਰੋਤਿਆਂ ਦਾ ਮਨੋਰੰਜਨ ਕੀਤਾ। ਮੇਲੇ ਦੇ ਅੰਤ ਵਿੱਚ ਪੰਜਾਬੀ ਗਾਇਕ ਸੁਰਜੀਤ ਭੁੱਲਰ ਅਤੇ ਕਮੇਟੀ ਵੱਲੋਂ ਗਾਇਕ ਅਮਰ ਸੈਂਬੀ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਉਸ ਤੋਂ ਬਾਅਦ ਮੇਲਾ ਕਮੇਟੀ ਵੱਲੋਂ ਗਾਇਕ ਸੁਰਜੀਤ ਭੁੱਲਰ ਨੂੰ ਵੀ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਇਸ ਮੌਕੇ ਗਾਇਕ ਸੁਰਜੀਤ ਭੁੱਲਰ ਵੱਲੋਂ ਉੱਪ-ਪੁਲਸ ਕਪਤਾਨ ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਅੰਤ ਵਿੱਚ ਪੰਜਾਬੀ ਗਾਇਕ ਸੁਰਜੀਤ ਭੁੱਲਰ ਵੱਲੋਂ ਮੇਲੇ ਵਿੱਚ ਪੁੱਜੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਐੱਸਐੱਚਓ ਬਲਜਿੰਦਰ ਸਿੰਘ ਔਲਖ, ਗੀਤਕਾਰ ਬਿੱਟੂ ਚੀਮਾ, ਪੀਏ ਗੁਰਪ੍ਰੀਤ ਸਿੰਘ, ਪ੍ਰਧਾਨ ਰਾਣਾ ਬੁੱਗ, ਸੁਖਚੈਨ ਸਿੰਘ ਚੈਨਾ, ਭਿੱਖੀਵਿੰਡ ਪਿੰਡ ਤੋਂ ਸਰਪੰਚ ਸਰਬਜੀਤ ਸਿੰਘ, ਸੇਠੀ ਭਿੱਖੀਵਿੰਡ ਆਦਿ ਹਾਜ਼ਰ ਸਨ।

## *ਸਿਆਸਤ ਦੀ ਭੇਟ ਚੜ੍ਹਿਆ ਸ਼ਹੀਦ ਦੇ ਨਾਂਅ 'ਤੇ ਉਸਰਨ ਵਾਲਾ ਯਾਦਗਾਰੀ ਗੇਟ*



ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੁਲਸ ਸਟੇਸ਼ਨ ਬਹਿਰਾਮਪੁਰ ਅਧੀਨ ਆਉਂਦੇ ਪਿੰਡ ਖੁਦਾਦਪੁਰ ਦਾ ਮਾਪਿਆਂ ਦਾ ਇਕਲੌਤਾ ਪੁੱਤਰ ਜੋ ਸੀਆਰਪੀਐਫ ਵਿੱਚ ਡਿਊਟੀ ਦੌਰਾਨ 2018 ਵਿਚ ਸ੍ਰੀਨਗਰ ਵਿਖੇ ਅੱਤਵਾਦੀਆਂ ਨਾਲ ਮੁਕਾਬਲੇ ਦੌਰਾਨ ਸ਼ਹੀਦ ਹੋ ਗਿਆ ਸੀ, ਦੀ ਯਾਦ ਵਿਚ ਪੰਜਾਬ ਸਰਕਾਰ ਵੱਲੋਂ ਪਿੰਡ ਵਿੱਚ ਗੇਟ ਬਣਾਉਣ ਲਈ ਪੰਚਾਇਤ ਦੇ ਖਾਤੇ ਵਿੱਚ 8 ਲੱਖ 60 ਹਜ਼ਾਰ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਸੀ ਜਿਸ ਤਹਿਤ 10 ਜੂਨ ਨੂੰ ਦੀਨਾਨਗਰ ਦੇ ਆਪ ਪਾਰਟੀ ਦੇ ਆਗੂ ਤੇ ਗੁਰਦਾਸਪੁਰ ਸ਼ਹਿਰੀ ਪ੍ਰਧਾਨ ਸ਼ਮਸ਼ੇਰ ਸਿੰਘ ਵੱਲੋਂ ਨੀਂਹ ਪੱਥਰ ਵੀ ਰੱਖਿਆ ਗਿਆ ਸੀ ਪਰ 3 ਮਹੀਨੇ ਤੋਂ ਵੱਧ ਦਾ ਸਮਾਂ ਬੀਤ ਜਾਣ ਪਿੱਛੋਂ ਵੀ ਅੱਜ ਤੱਕ ਗੇਟ ਦਾ ਕੋਈ ਕੰਮ ਸ਼ੁਰੂ ਨਹੀਂ ਹੋ ਸਕਿਆ ਜਿਸ ਕਾਰਨ ਸ਼ਹੀਦ ਦੇ ਮਾਪਿਆਂ ਤੇ ਪਿੰਡ ਵਾਸੀਆਂ ਵਿਚ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਗੱਲਬਾਤ ਕਰਦੇ ਹੋਏ ਸ਼ਹੀਦ ਮਨਦੀਪ ਕੁਮਾਰ ਦੇ ਪਿਤਾ ਨਾਨਕ ਚੰਦ ਨੇ ਦੱਸਿਆ ਕਿ ਸਾਡੇ ਪੁੱਤਰ ਦੇ ਯਾਦਗਾਰੀ ਗੇਟ ਦੀ ਉਸਾਰੀ ਵਿਚ ਵੀ ਪਿੰਡ ਵਿੱਚ ਸਿਆਸਤ ਹੋ ਰਹੀ ਹੈ ਜਿਸ ਕਾਰਨ ਨੂੰ ਕਾਫੀ ਖੱਜਲ ਖੁਆਰ ਹੋਣਾ ਪੈ ਰਿਹਾ ਹੈ ਪਰ ਸਾਡੀ ਕੋਈ ਸੁਣਵਾਈ ਨਹੀਂ ਹੋ ਰਹੀ। ਉਨ੍ਹਾ ਦਸਿਆ ਕਿ ਇਸ ਸਬੰਧੀ ਕਈ ਅਧਿਕਾਰੀ ਨੂੰ ਮਿਲ ਚੁੱਕੇ ਹਾਂ ਪਰ ਸਿਰਫ ਜਲਦ ਕੰਮ ਸ਼ੁਰੂ ਕਰਨ ਦਾ ਭਰੋਸਾ ਦਿੱਤਾ ਜਾਂਦਾ ਹੈ ਪਰ ਅੱਜ ਤੱਕ ਕੋਈ ਕੰਮਕਾਰ ਸ਼ੁਰੂ ਨਹੀਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਾਡਾ ਸਿਰਫ ਇਲੋਕਤਾ ਪੁੱਤਰ ਸੀ ਜਿਸ ਵੱਲੋਂ ਵੀ ਛੋਟੀ ਉਮਰ ਵਿਚ ਆਪਣੇ ਦੇਸ਼ ਦੀ ਖਾਤਰ ਜਾਨ ਵਾਰ ਦਿੱਤੀ ਗਈ ਪਰ ਜੇਕਰ ਸਰਕਾਰ ਵੱਲੋਂ ਉਸ ਦੀ ਯਾਦ ਵਿਚ ਗੇਟ ਲਈ ਰਾਸ਼ੀ ਜਾਰੀ ਕਰ ਦਿੱਤੀ ਹੈ ਤਾਂ ਪ੍ਰਸ਼ਾਸਨ ਵੱਲੋਂ ਅਤੇ ਪਿੰਡ ਦੀ ਪੰਚਾਇਤ ਵੱਲੋਂ ਦੇਰੀ ਕਿਉਂ ਕੀਤੀ ਜਾ ਰਹੀ ਹੈ। ਉਨ੍ਹਾਂ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਮੇਰੇ ਸ਼ਹੀਦ ਪੁੱਤਰ ਦੀ ਯਾਦਗਾਰੀ ਗੇਟ ਦੀ ਉਸਾਰੀ ਜਲਦ ਤੋਂ ਜਲਦ ਕਰਵਾਈ ਜਾਵੇ।

## *ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਵੱਲੋਂ ਰੋਜ਼ਗਾਰ ਕੈਂਪ ਭਲਕੇ*

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਸੀਈਓ-ਡੀਬੀਈਈ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਹਫਤੇ ਵਿੱਚ ਦੋ ਦਿਨ (ਬੁੱਧਵਾਰ ਅਤੇ ਸ਼ੁੱਕਰਵਾਰ) ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਵਿੱਚ ਪਲੇਸਮੈਂਟ ਕੈਂਪ ਲਗਾਏ ਜਾਂਦੇ ਹਨ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਡਾਇਰੈਕਟਰ ਵਿਕਰਮ ਜੀਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਨੇ ਦੱਸਿਆ ਕਿ 13-09-2023 ਦਿਨ ਬੁੱਧਵਾਰ ਨੂੰ ਰੋਜ਼ਗਾਰ ਕੈਂਪ ਵਿੱਚ ਸਿਮਬਾ ਕਵਾਟਰਸ, ਆਈਆਈਐਫਐਲ ਫਾਈਨਾਂਸ ਲਿਮਟਿਡ, ਐਕਸਿਸ ਬੈਂਕ, ਇਕਵੁਈਟਾਸ ਬੈਂਕ, ਆਰਬੀਐਲ ਅਤੇ ਫਸਨ ਮਾਈਕਰੋਫਾਈਨਾਂਸ ਲਿਮਿਟਿਡ ਵਰਗੀਆਂ ਨਾਮੀ ਕੰਪਨੀਆ ਵੱਲੋਂ ਭਾਗ ਲਿਆ ਜਾਣਾ ਹੈ। ਇਨ੍ਹਾਂ ਸਾਰੀਆ ਕੰਪਨੀਆ ਵੱਲੋਂ ਵੱਖ-ਵੱਖ ਅਸਾਮੀਆਂ 14000 ਤੋਂ 25,000 ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵ। ਉਨ੍ਹਾਂ ਦੱਸਿਆ ਕਿ ਹੋਰ ਵਧੇਰੇ ਜਾਣਕਾਰੀ ਲਈ ਦਫਤਰ ਦੇ ਟੈਲੀਗ੍ਰਮ ਪੇਜ https://tinyurl.com/dbeeasr ਨਾਲ ਜੁੜੋ ਜਾਂ ਦਫਤਰ ਦੇ ਮੋਬਾਇਲ ਨੰਬਰ 9915789068 ਤੇ ਨਾਲ ਸਪੰਰਕ ਕਰੋ।

# ਸੇਂਟ ਕਬੀਰ ਸਕੂਲ ਦੇ ਸੰਸਥਾਪਕ ਹਰਪਾਲ ਸਿੰਘ ਦੀ ਯਾਦਗਾਰ 'ਤੇ ਸ਼ਰਧਾ ਦੇ ਫੁੱਲ ਭੇਟ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੇ ਸੰਸਥਾਪਕ ਤੇ ਸਮਾਜ ਸੇਵੀ ਸਵਰਗੀ ਸ. ਹਰਪਾਲ ਸਿੰਘ ਜੀ ਦਾ ਸਮਾਜ ਕਲਿਆਣ ਦੇ ਕੰਮਾਂ ਵਿੱਚ ਵਡਮੁੱਲਾ ਯੋਗਦਾਨ ਰਿਹਾ ਸੀ। ਉਹਨ੍ਹਾਂ ਹਮੇਸ਼ਾ ਆਮ ਜਨਤਾ ਦੀ ਭਲਾਈ ਤੇ ਉਹਨਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਪਹਿਲਕਦਮੀ ਵਰਤੀ ਅਤੇ ਇਸੇ ਵਿਚਾਰਧਾਰਾ ਤਹਿਤ ਹੀ ਉਨ੍ਹਾਂ ਨੇ ਪੇਂਡੂ ਖੇਤਰ ਵਿੱਚ ਸੇਂਟ ਕਬੀਰ ਪਬਲਿਕ ਸਕੂਲ ਦੀ ਸਥਾਪਨਾ ਕੀਤੀ ਸੀ। ਉਨ੍ਹਾਂ ਦੀ ਏਸੇ ਸੋਚ ਨੂੰ ਸਲਾਮ ਕਰਨ ਤੇ ਆਉਣ ਵਾਲੇ ਸਮੇਂ ਵਿੱਚ ਉਹਨਾਂ ਦੇ ਦਰਸਾਏ ਨਕਸ਼ੇ ਕਦਮ ਤੇ ਚੱਲਣ ਲਈ ਸਕੂਲ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਉਹਨਾਂ ਦੇ ਪਰਿਵਾਰਕ ਮੈਂਬਰਾਂ ਦੁਆਰਾ ਸਕੂਲ ਵਿੱਚ ਆਪ ਜੀ ਦੇ ਯਾਦਗਾਰੀ ਬੁੱਤ ਦੀ ਸਥਾਪਨਾ ਕੀਤੀ ਗਈ। ਇਸ ਮੌਕੇ ਪੈਨਸ਼ਨਰ ਐਸੋਸੀਏਸ਼ਨ ਦੇ ਜ਼ਿਲ੍ਹਾ ਆਗੂ ਜਾਵੰਦ ਸਿੰਘ ਆਪਣੇ ਸਮੁੱਚੇ ਮੈਂਬਰਾਂ ਸਮੇਤ ਸਵਰਗੀ ਸ ਹਰਪਾਲ ਸਿੰਘ ਦੀ ਯਾਦਗਾਰ ਤੇ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚੇ। ਉਨ੍ਹਾਂ ਨੇ ਸਵਰਗੀ ਸ ਹਰਪਾਲ ਸਿੰਘ ਦੀ ਯਾਦਗਾਰ ਤੇ ਫੁੱਲ ਮਾਲਾਵਾਂ ਪਾ ਕੇ ਸ਼ਰਧਾਂਜ਼ਲੀ ਦਿੱਤੀ ਅਤੇ ਉਨ੍ਹਾਂ ਨਾਲ ਬਿਤਾਈਆਂ ਹੋਈਆਂ ਯਾਦਾਂ ਨੂੰ ਤਾਜ਼ਾ ਕਰਦੇ ਹੋਏ ਉਹਨਾਂ ਦੀ ਉੱਚੀ ਤੇ ਸੁੱਚੀ ਸੋਚ ਦੀ ਤਾਰੀਫ਼ ਕੀਤੀ। ਇਸ ਮੌਕੇ ਪਹੁੰਚੇ ਹੋਏ ਪੈਨਸਨਰ ਐਸੋਸ਼ੀਏਸ਼ਨ ਦੇ ਮੈਂਬਰਾਂ ਨੇ ਕਿਹਾ ਕਿ ਸਵਰਗੀ ਸ ਹਰਪਾਲ ਸਿੰਘ ਦੁਆਰਾ ਕੀਤੇ ਸਮਾਜ ਭਲਾਈ ਦੇ ਕਾਰਜਾਂ ਅਤੇ ਇਲਾਕੇ ਦਿੱਤੀ ਦੇਣ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦੇ। ਉਨ੍ਹਾਂ ਨੂੰ ਸਵਰਗੀ ਸ.ਹਰਪਾਲ ਸਿੰਘ ਦੇ ਅਧੂਰੇ ਰਹਿ ਗਏ ਸੁਪਨਿਆਂ ਨੂੰ ਪੂਰਾ ਕਰਨ ਲਈ ਆਪਣਾ ਹਰ ਸਹਿਯੋਗ ਦੇਣ ਦਾ ਵਿਸ਼ਵਾਸ਼ ਦਿਵਾਇਆ। ਇਸ ਕਾਬਲ ਸੋਚ ਲਈ ਸਕੂਲ ਮੈਨੇਜਮੈਂਟ, ਪ੍ਰਿੰਸੀਪਲ ਐਸ ਬੀ ਨਾਯਰ ਅਤੇ ਪਰਿਵਾਰਕ ਮੈਂਬਰਾਂ ਨੇ ਐਸੋਸੀਏਸ਼ਨ ਦੇ ਸਮੂਹਿਕ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਸ.ਹਰਪਾਲ ਸਿੰਘ ਜੀ ਨੂੰ ਮਾਣ ਤੇ ਸਤਿਕਾਰ ਨਿਵਾਜਿਆ ਹੈ।

ਇਸ ਮੌਕੇ ਸਲਵੰਤ ਸਿੰਘ ਲਾਧੂਪੁਰ ,ਭਜਨ ਸਿੰਘ ਲਾਧੂਪੁਰ, ਗੁਰਦੀਪ ਸਿੰਘ ਸਠਿਆਲੀ, ਸੁਰੇਸ਼ ਚੰਦਰ ਸ਼ਰਮਾ ਕਾਹਨੂੰਵਾਨ, ਗੁਰਮੇਜ ਸਿੰਘ ਜਾਫਲਪੁਰ ਆਦਿ ਤੋਂ ਇਲਾਵਾ ਸਕੂਲ ਮੈਨੇਜਮੈਂਟ ਮੈਂਬਰ ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਅਖਲਾਸਪੁਰ ਦਾ ਸਾਬਕਾ ਸਰਪੰਚ ਕਈ ਆਗੂਆਂ ਸਮੇਤ 'ਆਪ' 'ਚ ਸ਼ਾਮਲ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਵਿਧਾਨ ਸਭਾ ਹਲਕਾ ਕਾਦੀਆਂ ਦੇ ਬਲਾਕ ਧਾਰੀਵਾਲ ਦੇ ਪਿੰਡ ਅਖਲਾਸਪੁਰ ਦੇ ਸਾਬਕਾ ਸਰਪੰਚ ਸੰਤੋਸ਼ ਕੁਮਾਰੀ, ਮੌਜੂਦਾ ਪੰਚਾਂ ਅਤੇ ਹੋਰ ਕਈ ਆਗੂ ਆਪਣੇ ਪਰਿਵਾਰਾਂ ਤੇ ਸਾਥੀਆਂ ਸਮੇਤ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸਾਮਲ ਹੋ ਗਏ। ਇਸ ਮੌਕੇ ਪਿੰਡ ਅਖਲਾਸਪੁਰ ਦੇ ਸਾਬਕਾ ਸਰਪੰਚ ਸੰਤੋਸ਼ ਕੁਮਾਰੀ, ਮੌਜੂਦਾ ਪੰਚ ਵਿਸ਼ਨੂੰ ਸ਼ਰਮਾ, ਪੰਚ ਨੀਲਮ ਕੁਮਾਰੀ, ਸੁਭਾਸ਼ ਮਸੀਹ ਪੰਚ, ਸੁਮਨ ਕੁਮਾਰੀ, ਸ਼ਾਂਤਾ ਰਾਣੀ, ਸਾਬਕਾ ਪੰਚ ਰਾਜ ਰਾਣੀ, ਸਾਬਕਾ ਪੰਚ ਇੰਦਰਜੀਤ ਸ਼ਰਮਾ, ਭਾਰਤ ਭੂਸ਼ਣ ਸਾਬਕਾ ਪੰਚ, ਰਾਮ ਸਰੂਪ ਪਟਵਾਰੀ (ਰਿਟਾ), ਵਿਜੇ ਕੁਮਾਰ ਸੂਬੇਦਾਰ (ਰਿਟਾ), ਰੋਸ਼ਨ ਲਾਲ, ਲੱਖਾ ਮਸੀਹ, ਵਿਜੇ ਮਸੀਹ, ਰਮਨ ਕੁਮਾਰ, ਸ਼ਿਵ ਕੁਮਾਰ, ਪ੍ਰੇਮ ਸਿੰਘ, ਅਮਰ ਸਿੰਘ, ਸੁਖਦੇਵ ਸਿੰਘ, ਰਵੀ ਮਸੀਹ ਆਦਿ ਆਮ ਆਦਮੀ ਪਾਰਟੀ ਵਿੱਚ ਸਾਮਲ ਹੋਏ। ਇਸ ਮੌਕੇ ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਬੋਰਡ ਗੁਰਦਾਸਪੁਰ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਸਨਮਾਨਿਤ ਕੀਤਾ। ਐਡਵੋਕੇਟ ਜਗਰੂਪ ਸੇਖਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਧੜਾ ਧੜ 'ਆਪ' ਪਾਰਟੀ ਵਿੱਚ ਸਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਪੂਰਾ ਮਾਣ ਸਤਿਕਾਰ ਬਹਾਲ ਰੱਖਿਆ ਜਾਵੇਗਾ। ਇਸ ਮੌਕੇ ਨਗਰ ਕੌਂਸਲ ਧਾਰੀਵਾਲ ਦੇ ਪ੍ਰਧਾਨ ਅਸ਼ਵਨੀ ਦੁੱਗਲ, ਕੌਂਸਲਰ ਰਜਿੰਦਰ ਕੁਮਾਰ ਲਵਲੀ, ਸਰਪੰਚ ਜਤਿੰਦਰ ਕੌਰ ਖੁੰਡੀ, ਮਨਿੰਦਰਪਾਲ ਸਿੰਘ ਘੁੰਮਣ, ਬਲਦੇਵ ਸਿੰਘ ਨਿਮਾਣਾ, ਸਰਪੰਚ ਹਰਪਾਲ ਸਿੰਘ ਕੰਗ ਆਦਿ ਤੋਂ ਇਲਾਵਾ ਵੀ ਆਮ ਆਦਮੀ ਪਾਰਟੀ ਦੇ ਆਗੂਅ ਤੇ ਵਰਕਰ ਹਾਜ਼ਰ ਸਨ।

# ਰਵੀਕਰਨ ਕਾਹਲੋਂ ਸ਼ੁਕਰਾਨੇ ਵਜੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਹੋਏ ਨਤਮਸਤਕ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਰਵੀਕਰਨ ਸਿੰਘ ਕਾਹਲੋ ਜਿਨ੍ਹਾਂ ਦੀ ਕੁਝ ਦਿਨ ਪਹਿਲਾਂ ਸਿਹਤ ਖਰਾਬ ਹੋ ਗਈ ਸੀ, ਪ੍ਰਮਾਤਮਾ ਦੀ ਮਿਹਰ ਸਦਕਾ ਤੰਦਰੁਸਤ ਹੋਣ ਤੋਂ ਬਾਅਦ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਨ ਲਈ ਹਲਕੇ ਦੇ ਅਕਾਲੀ ਵਰਕਰਾਂ ਸਮੇਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਨਤਮਸਤਕ ਹੋਏ। ਇਸ ਮੌਕੇ ਹੈੱਡ ਗ੍ਰੰਥੀ ਭਾਈ ਗੁਰਦੇਵ ਸਿੰਘ ਵੱਲੋਂ ਹਲਕਾ ਇੰਚਾਰਜ ਰਵੀਕਰਨ ਸਿੰਘ ਕਾਹਲੋਂ ਦੀ ਸਿਹਤ ਤੰਦਰੁਸਤੀ ਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ ਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਦਿੱਤਾ ਗਿਆ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਵੀਕਰਨ ਸਿੰਘ ਕਾਹਲੋਂ ਨੇ ਕਿਹਾ ਕਿ ਮੈਂ ਅੱਜ ਤੰਦਰੁਸਤ ਹੋਣ ਤੋ ਬਾਅਦ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਕੇ ਅਸ਼ੀਰਵਾਦ ਲਿਆ ਹੈ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਹੈ। ਇਸ ਮੌਕੇ ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਮੈਨੇਜਰ ਬਲਜੀਤ ਸਿੰਘ ਤਲਵੰਡੀ ਰਾਮਾ, ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਬਾਜਵਾ ਵੇਰੋਕੇ, ਇੰਦਰਜੀਤ ਸਿੰਘ ਸ਼ਹਿਜ਼ਾਦਾ, ਮੋਹਣ ਸਿੰਘ ਚਾਂਕਾਵਾਲੀ, ਬਲਵਿੰਦਰ ਸਿੰਘ ਬਿੱਲੂ, ਵਿਜੇ ਸੋਨੀ ਮੋਹਲੋਵਾਲੀ, ਸਤਬੀਰ ਸਿੰਘ ਬਿੱਟੂ ਪੀਏ, ਅਮਰਜੀਤ ਸਿੰਘ ਭੰਗੀ, ਜੋਗਾ ਸਿੰਘ ਮਾਨ,ਬਲਕਾਰ ਸਿੰਘ ਬਲਾਕ ਸੰਮਤੀ ਮੈਂਬਰ, ਬਲਦੇਵ ਸਿੰਘ ਤਪਾਲਾ, ਅਮਰਜੀਤ ਸਿੰਘ ਸਾਧਾਂਵਾਲੀ, ਅਮਰਜੀਤ ਸਿੰਘ ਗੁਰਾਇਆ ਬੰਬ, ਸਤਨਾਮ ਸਿੰਘ ਮੇਤਲਾ, ਸ਼ਰਨਜੀਤ ਸਿੰਘ ਤਲਵੰਡੀ ਰਾਮਾ, ਹਰਭਜਨ ਸਿੰਘ ਖਹਿਰਾ, ਅੰਮ੍ਰਿਤਪਾਲ ਸਿੰਘ ਖੰਨਾ, ਲਖਬੀਰ ਸਿੰਘ ਸਮਰਾਵਾ, ਗੱਜਣ ਸਿੰਘ ਹਰੂਵਾਲ, ਜਗਰੂਪ ਸਿੰਘ ਸ਼ਾਹਪੁਰ, ਗੁਰਮੁੱਖ ਸਿੰਘ ਭੋਜਰਾਜ, ਗੁਰਦੇਵ ਸਿੰਘ ਹਰੀਮਾਬਾਦ, ਕੁਲਵੰਤ ਸਿੰਘ ਠੇਠਰਕੇ, ਬਖਸ਼ੀਸ਼ ਸਿੰਘ ਠੇਠਰਕੇ, ਕਸ਼ਮੀਰ ਸਿੰਘ ਗਿੱਲਾਂਵਾਲੀ, ਬਲਰਾਜ ਸਿੰਘ ਖਹਿਰਾ, ਸੁਖਦੇਵ ਸਿੰਘ ਤਲਵੰਡੀ ਗੋਰਾਇਆ, ਸੁਖਵੰਤ ਸਿੰਘ ਚੌੜਾ, ਪ੍ਰੀਤਮ ਸਿੰਘ ਮੰਗੀਆਂ, ਬਚਿੱਤਰ ਸਿੰਘ ਰੱਤਾ, ਲਾਲੀ ਰੱਤਾ, ਦਿਲਬਾਗ ਸਿੰਘ ਮੰਗੀਆਂ, ਮਹਿੰਦਰ ਸਿੰਘ ਭਗਠਾਨਾ ਬੋਹੜ ਵਾਲਾ, ਬਲਕਾਰ ਸਿੰਘ ਚੈਨੇਵਾਲ, ਚਰਨਜੀਤ ਸਿੰਘ ਉਦੋਵਾਲੀ, ਮਨਜੀਤ ਸਿੰਘ ਲਾਲੀ ਖੁਸ਼ਹਾਲਪੁਰ, ਪਰਮਜੀਤ ਸਿੰਘ ਸ਼ਾਹਪੁਰ ਗੋਰਾਇਆ, ਜਸਵੰਤ ਸਿੰਘ ਰਾਏਚੱਕ, ਹਰਭਜਨ ਸਿੰਘ ਰਾਏਚੱਕ, ਬਲਦੇਵ ਸਿੰਘ ਸਰਪੰਚ ਨੜਾਂਵਾਲੀ, ਸਾਬਕਾ ਸਰਪੰਚ ਸ਼ਮਸ਼ੇਰ ਸਿੰਘ ਆਦਿ ਹਾਜ਼ਰ ਸਨ।

# 'ਮੇਲਾ ਠਾਣੇਵਾਲ ਦਾ' ਅਮਿੱਟ ਪੈੜਾਂ ਛੱਡਦਾ ਸੰਪੰਨ



ਬੁਤਾਲਾ (ਨਿਰਮਲ ਸਿੰਘ ਸੰਘਾ)-ਬਾਬਾ ਜੋਗੀ ਪੀਰ ਚਾਹਲ ਦੀ ਯਾਦ ਵਿਚ ਕਰਵਾਏ ਜਾਂਦੇ ਨਾਮੀ ਮੇਲਿਆਂ ਵਿਚ ਗਿਣੇ ਜਾਂਦੇ 'ਮੇਲਾ ਠਾਣੇਵਾਲ ਦਾ' ਅਮਿੱਟ ਪੈੜਾਂ ਛੱਡਦਾ ਸੰਪੰਨ ਹੋ ਗਿਆ। ਇਸ ਦੌਰਾਨ ਕਰਵਾਏ ਗਏ ਸਭਿਆਚਾਰਕ ਪ੍ਰੋਗਰਾਮ ਵਿਚ ਪੰਜਾਬ ਦੇ ਨਾਮੀ ਗਾਇਕ ਬਾਗੀ ਅਤੇ ਹੁਨਰ ਸਿੱਧੂ ਨੇ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ। ਇਸ ਤੋਂ ਇਲਾਵਾ ਗਾਇਕ ਗੁਰਜੋਤ ਢਿੱਲੋਂ, ਦੋਗਾਣਾ ਜੋੜੀ ਸ਼ੇਰਾ ਬੋੜਵਾਲੀਆ, ਨੂਰਦੀਪ, ਗੁਰਿੰਦਰ ਗੈਰੀ, ਟਿਮਸੀ ਭੁੱਲਰ, ਰਾਜਬੀਰ ਢਿੱਲੋਂ, ਗੁਰਮੇਲ ਯੋਧੇ ਨੇ ਵੀ ਖੂਬ ਰੰਗ ਬੰਨ੍ਹਿਆ। ਖੂਨਦਾਨ ਕੈਂਪ ਵਿਚ ਨੌਜਵਾਨਾਂ ਨੇ ਵੱਡੀ ਗਿਣਤੀ ਵਿਚ ਹਿੱਸਾ ਲਿਆ। ਇਸੇ ਦੌਰਾਨ ਸੰਤੋਖ ਸਿੰਘ ਭੁੱਲਰ ਯੂ. ਕੇ. ਅਤੇ ਹਰਪਾਲ ਸਿੰਘ ਸੱਪਲ ਯੂ. ਕੇ. ਵੱਲੋਂ ਲੋੜਵੰਦਾਂ ਨੂੰ ਭੇਜੀਆਂ ਗਈਆਂ ਸਿਲਾਈ ਮਸ਼ੀਨਾਂ ਵੀ ਵੰਡੀਆਂ ਗਈਆਂ। ਆਪਣੇ ਧੰਨਵਾਦੀ ਭਾਸ਼ਣ ਵਿਚ ਮੇਲੇ ਮੁੱਖ ਪ੍ਰਬੰਧਕ ਬਖਸ਼ੀ ਠਾਣੇਵਾਲ ਨੇ ਕਿਹਾ ਕਿ ਖੇਡ ਸਟੇਡੀਅਮ ਬਣ ਕਿ ਤਿਆਰ ਹੋ ਚੁੱਕਾ ਹੈ, ਜਲਦੀ ਹੀ ਬੱਚਿਆਂ ਦੀ ਸਹੂਲੀਅਤ ਲਈ ਹਾਕੀ, ਫੁੱਟਬਾਲ, ਕ੍ਰਿਕਟ ਅਤੇ ਹੋਰ ਖੇਡਾਂ ਦੇ ਕੋਚ ਭਰਤੀ ਕੀਤੇ ਜਾਣਗੇ। ਮੰਚ ਸੰਚਾਲਨ ਦਾ ਫਰਜ਼ ਬਲਵਿੰਦਰ ਸਿੰਘ ਪੱਖੋਕੇ ਨੇ ਨਿਭਾਇਆ। ਇਸ ਮੌਕੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ, ਸਾ. ਸਰਪੰਚ ਅਜ਼ਾਦ ਖਾਨਪੁਰ, ਸਾ. ਸਰਪੰਚ ਸੂਰਤਾ ਸਿੰਘ ਠਾਣੇਵਾਲ, ਬਲਜਿੰਦਰ ਸਿੰਘ ਕੇਨੈਡਾ, ਆਪ ਆਗੂ ਅਮਰਜੀਤ ਸਿੰਘ ਕਾਲੇਕੇ, ਗੁਰਮੀਤ ਸਿੰਘ ਮਾਨ, ਸਿੱਧੂ ਸਰਬਜੀਤ, ਬੱਲ ਬੁਤਾਲੇ ਵਾਲਾ, ਗੁਰਪ੍ਰੀਤ ਬਾਬਾ ਬਕਾਲਾ, ਦਵਿੰਦਰ ਸਿੰਘ ਮੱਲ੍ਹੀ, ਗੁਰਜਿੰਦਰ ਟਾਂਗਰਾ, ਸਾ. ਸਰਪੰਚ ਰਾਮ ਸਿੰਘ ਠਾਣੇਵਾਲ, ਅਕਾਸ਼ ਬੱਲ, ਸੰਗਤ ਭੁੱਲਰ, ਪ੍ਰਤਾਪ ਸਿੰਘ ਸਾ. ਪੰਚ, ਇੰਸ: ਹਰਿੰਦਰ ਲਾਲੀ, ਡਾ. ਜਸਪਿੰਦਰ ਮਠਾੜੂ, ਕੁਲਦੀਪ ਸਿੰਘ ਧਾਮੀ, ਪੂਰਨ ਸਿੰਘ ਲੱਖੂਵਾਲ, ਜਗਜੀਤ ਸਿੰਘ ਛੱਜਲਵੱਡੀ, ਗਿੰਨੀ ਅੰਮ੍ਰਿਤਸਰ, ਕੁਲਵਿੰਦਰ ਸਿੰਘ, ਲਾਲੀ ਭਿੰਡਰ (ਪਿੰਜੋਰੀਆ ਵਾਲੇ), ਬਲਜੀਤ ਪ੍ਰਧਾਨ ਮਹਿਤਾ, ਮਨਜਿੰਦਰ ਭਿੰਡਰ, ਅਰਸ਼ਦੀਪ ਖੱਖ, ਜਗਦੀਪ ਭਿੰਡਰ, ਕੀਤ ਰਜਾਦੇਵਾਲ, ਗੁਰਮਨ ਠਾਣੇਵਾਲ, ਸੁਖਮਨ ਠਾਣੇਵਾਲ, ਬਿੱਕਾ ਖਾਨਪੁਰ, ਗੋਪੀ ਬਾਠ, ਸੋਨੂੰ ਆਧੀ, ਸੁਖਬੀਰ ਭੁੱਲਰ, ਨਵਰੂਪ ਸਲਵਾਨ, ਰਾਜਾ ਕਾਲੇਕੇ, ਸ਼ਰਨਜੀਤ ਸਿੰਘ ਸੰਘਾ, ਵਿਸ਼ਵ ਖਿਲਚੀਆਂ, ਰੋਹਿਤ ਅਰੋੜਾ ਬਿਆਸ, ਗੋਪੀ ਸਠਿਆਲਾ, ਰਾਹੁਲ ਚੌਧਰੀ, ਮੰਗਲ ਠੱਠੀਆਂ ਆਦਿ ਮੌਜੂਦ ਸਨ।

# ਤਨਖਾਹ ਵਿਹੂਣੇ ਜੰਗਲਾਤ ਕਾਮਿਆਂ ਡੀਸੀ ਦਫਤਰ ਘੇਰਿਆ



ਗੁਰਦਾਸਪੁਰ (ਦਿਨੇਸ਼ ਕੁਮਾਰ)-ਡਿਪਟੀ ਕਮਿਸਨਰ ਦਫਤਰ ਵਿਖੇ ਜੰਗਲਾਤ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੇ ਪਿਛਲੇ ਅੱਠ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਦੇ ਰੋਸ ਵਜੋਂ ਪੰਜਾਬ ਸਰਕਾਰ ਦੇ ਖਿਲਾਫ ਜਮ ਕੇ ਰੋਸ ਪ੍ਰਦਰਸ਼ਨ ਕੀਤਾ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਜੰਗਲਾਤ ਵਿਭਾਗ ਯੂਨੀਅਨ ਗੁਰਦਾਸਪੁਰ ਨੇ ਦੱਸਿਆ ਕਿ ਪਿਛਲੇ ਅੱਠ ਮਹੀਨਿਆਂ ਤੋਂ ਸਾਡੀਆਂ ਤਨਖਾਹਾਂ ਰੋਕੀਆਂ ਹੋਈਆਂ ਹਨ ਜਿਸ ਦੇ ਰੋਸ ਵਜੋਂ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਦਫਤਰ ਦਾ ਘੇਰਾਓ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕੀ ਸਾਡੇ ਹੀ ਯੂਨੀਅਨ ਦੇ ਕੁੱਛ ਲੋਕਾਂ ਵੱਲੋਂ ਮਾਣਯੋਗ ਅਦਾਲਤ ਵਿੱਚ ਸਾਡੀ ਤਨਖਾਹ ਤੇ ਰੋਕ ਲਗਾਈ ਗਈ ਸੀ ਤੇ ਕਈ ਵਾਰ ਮਾਨਯੋਗ ਪੰਜਾਬ ਸਰਕਾਰ ਦੇ ਮੰਤਰੀਆਂ ਨੂੰ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਨਾਲ-ਨਾਲ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਜਾਣੂ ਕਰਵਾ ਚੁੱਕੇ ਹਾਂ ਪਰ ਹਾਲੇ ਤੱਕ ਸਾਡੀ ਸੁਣਵਾਈ ਨਹੀਂ ਹੋ ਰਹੀ ਜਿਸ ਦੇ ਚਲਦਿਆਂ ਮਜਬੂਰਨ ਸਾਨੂੰ ਅੱਠ ਮਹੀਨੇ ਬਾਅਦ ਘਿਰਾਓ ਕਰਨਾ ਪਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਆਉਣ ਵਾਲੇ ਸਮੇਂ ਵਿੱਚ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਅਸੀਂ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਯੂਨੀਅਨ ਵਲੋਂ ਪੰਜਾਬ ਸਰਕਾਰ ਦੇ ਨਾਮ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ।

# ਅਜਨਾਲਾ ਹਸਪਤਾਲ 'ਚ ਸਿਹਤ ਸੇਵਾਵਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ: ਧਾਲੀਵਾਲ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)—ਕੈਬਨਿਟ ਮੰਤਰੀ ਸ: ਕੁਲਦੀਪ ਸਿੰਘ ਧਾਲੀਵਾਲ ਜਿਨਾਂ ਨੂੰ ਬੀਤੀ ਰਾਤ ਤਖ਼ਤੂ ਚੱਕ ਵਾਸੀ ਦੀ ਮ੍ਰਿਤਕ ਦੇਹ ਸੰਭਾਲਣ ਸਬੰਧੀ ਸਿਵਲ ਹਸਪਤਾਲ ਅਜਨਾਲਾ ਵਿੱਚ ਸਮੱਸਿਆ ਆਉਣ ਦੀ ਸ਼ਿਕਾਇਤ ਮਿਲੀ ਸੀ, ਸਬੰਧੀ ਅੱਜ ਮੌਕਾ ਵੇਖਣ ਲਈ ਸਿਵਲ ਹਸਪਤਾਲ ਅਜਨਾਲਾ ਪੁੱਜੇ ਜਿਨਾਂ ਨੇ ਉਥੇ ਪੋਸਟਮਾਰਟਮ ਵਿਭਾਗ ਵਿੱਚ ਮੌਜੂਦ ਮ੍ਰਿਤਕ ਦੇਹ ਸੰਭਾਲ ਘਰ ਵੇਖਿਆ ਅਤੇ ਖ਼ਰਾਬ ਹੋਈਆਂ ਕੈਂਡੀਆਂ ਦਾ ਗੰਭੀਰ ਨੋਟਿਸ ਲੈਂਦੇ ਹੋਏ ਤੁਰੰਤ ਇਸਦੇ ਬਦਲਵੇਂ ਪ੍ਰਬੰਧ ਕਰਨ ਦੀ ਹਦਾਇਤ ਕੀਤੀ। ਸ: ਧਾਲੀਵਾਲ ਨੇ ਇਸ ਮੌਕੇ ਗੱਲਬਾਤ ਕਰਦਿਆਂ ਕਿਹਾ ਕਿ ਮੈਨੂੰ ਜੋ ਸ਼ਿਕਾਇਤ ਮਿਲੀ ਸੀ ਉਸ ਸਬੰਧੀ ਸਿਵਲ ਸਰਜਨ ਅੰਮ੍ਰਿਤਸਰ ਨੇ ਦੱਸਿਆ ਕਿ ਐਸਐਮਓ ਅਜਨਾਲਾ ਨੇ ਦੋ ਦਿਨ ਪਹਿਲਾਂ ਕੈਂਡੀ ਖਰਾਬ ਹੋਣ ਦੀ ਸੂਚਨਾ ਦਿੱਤੀ ਸੀ ਅਤੇ ਇਸ ਸਬੰਧੀ ਸਬੰਧਤ ਠੇਕੇਦਾਰ ਜੋ ਕਿ ਪੰਜਾਬ ਭਰ ਵਿੱਚ ਇਹ ਮੁਰੰਮਤ ਕਰਦਾ ਹੈ, ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਪਰ ਲੇਬਰ ਦੀ ਸ਼ਾਰਟੇਜ ਕਾਰਨ ਉਹ ਦੋ ਦਿਨ ਲੈ ਗਿਆ। ਸ: ਧਾਲੀਵਾਲ ਨੇ ਉਕਤ ਮਸਲੇ ਦੇ ਹੱਲ ਲਈ ਨਵੀਂ ਕੈਂਡੀ ਤੁਰੰਤ ਲਗਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਜੇਕਰ ਵਿਭਾਗ ਵਲੋਂ ਦੇਰੀ ਹੁੰਦੀ ਹੈ ਤਾਂ ਮੇਰੇ ਅਖਤਿਆਰੀ ਫੰਡ ਵਿਚੋਂ ਇਹ ਰਕਮ ਲੈ ਲਈ ਜਾਵੇ। ਇਸ ਮੌਕੇ ਧਾਲੀਵਾਲ ਨੇ ਕਿਹਾ ਕਿ ਅਜਨਾਲਾ ਹਸਪਤਾਲ 'ਚ ਸਿਹਤ ਸੇਵਾਵਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

# ਦਿਹਾਤੀ ਮਜ਼ਦੂਰ ਸਭਾ ਵੱਲੋਂ ਲਗਾਇਆ ਧਰਨਾ ਬਾਦਸਤੂਰ ਜਾਰੀ



ਪਠਾਨਕੋਟ (ਦਵਿੰਦਰ ਸਿੰਘ) ਗਰੀਬ ਪਰਿਵਾਰਾਂ ਦੇ ਨਜਾਇਜ਼ ਕੱਟੇ ਰਾਸ਼ਨ ਕਾਰਡਾਂ ਦੀ ਬਹਾਲੀ, ਕੱਟੇ ਗਏ ਮੈਂਬਰਾਂ ਦੇ ਨਾਮ ਮੁੜ ਸ਼ਾਮਲ ਕਰਾਉਣ, ਸਾਫ ਸੁਥਰੀ ਕਣਕ ਦਾ ਮਿਲਣਾ ਯਕੀਨੀ ਬਣਾਇਆ ਜਾਵੇ ਅਤੇ ਬਿਨਾਂ ਕਿਸੇ ਪੜਤਾਲ ਦੇ ਰਾਸ਼ਨ ਕਾਰਡ ਕੱਟਣ ਵਾਲੇ ਅਧਿਕਾਰੀਆਂ ਨੂੰ ਬਰਖਾਸਤ ਦੀ ਮੰਗ ਨੂੰ ਲੈ ਕੇ ਦਿਹਾਤੀ ਮਜ਼ਦੂਰ ਸਭਾ ਦੇ ਆਗੂਆਂ ਸਾਥੀ ਅਜੀਤ ਰਾਮ ਗੰਦਲਾਂ ਲਾਹੜੀ, ਪ੍ਰਵੀਨ ਕੁਮਾਰ ਬਮਿਆਲ, ਯਸ਼ਪਾਲ ਅਤੇ ਬਲਕਾਰ ਚੰਦ ਭਰਿਆਲ ਲਾਹੜੀ ਦੀ ਅਗਵਾਈ ਹੇਠ ਸ਼ੁਰੂ ਕੀਤਾ ਜ਼ਿਲ੍ਹਾ ਹੈੱਡਕੁਆਰਟਰ ਪਠਾਨਕੋਟ ਵਿਖੇ ਅਣਮਿੱਥੇ ਸਮੇਂ ਲਈ ਲੱਗਾ ਧਰਨਾ ਅੱਠਵੇਂ ਦਿਨ ਵੀ ਜਾਰੀ ਰਿਹਾ। ਜ਼ਿਲ੍ਹਾ ਫੂਡ ਤੇ ਸਿਵਲ ਸਪਲਾਈ ਕੰਟਰੋਲਰ ਦੇ ਦਫਤਰ ਸਾਹਮਣੇ ਧਰਨਾ ਦਿੱਤਾ ਗਿਆ ਤਾਂ ਜਦੋਂ ਤਿੰਨ ਘੰਟਿਆਂ ਤੱਕ ਕਿਸੇ ਵੀ ਅਧਿਕਾਰੀ ਨੇ ਮਜ਼ਦੂਰਾਂ ਦੀ ਗੱਲ ਨਹੀਂ ਸੁਣੀ ਤਾਂ ਔਰਤਾਂ ਮਰਦਾਂ ਨੂੰ ਬੱਚਿਆਂ ਸਮੇਤ ਦਫਤਰ ਸਾਹਮਣੇ ਹੀ ਲੰਗਰ ਛਕਿਆ ਤਾਂ ਆਪਣੇ ਦਫਤਰ ਪੱਕਾ ਧਰਨਾ ਲੱਗਦਾ ਦੇਖ ਡੀ ਐਫ ਐਸ ਸੀ ਦੀ ਗੈਰਹਾਜ਼ਰੀ ਵਿੱਚ ਏ ਐਫ ਐਸ ਓ ਨੇ ਧਰਨਾਕਾਰੀਆਂ ਤੋਂ ਨਜਾਇਜ਼ ਕੱਟੇ ਰਾਸ਼ਨ ਕਾਰਡਾਂ ਅਤੇ ਕੁਝ ਮੈਂਬਰਾਂ ਦੇ ਕੱਟੇ ਨਾਮ ਮੁੜ ਸ਼ਾਮਲ ਕਰਾਉਣ ਲਈ ਲਿਸਟਾਂ ਅਧਿਕਾਰੀਆਂ ਨੇ ਲਿਸਟਾਂ ਲਈਆਂ। ਆਗੂਆਂ ਨੇ ਜੋਰ ਦੇ ਕੇ ਕਿਹਾ ਕਿ ਜਦੋਂ ਤੱਕ ਮਜ਼ਦੂਰਾਂ ਦੀਆਂ ਮੰਗਾਂ ਦਾ ਨਿਪਟਾਰਾ ਨਹੀਂ ਹੁੰਦਾ ਧਰਨਾ ਲਗਾਤਾਰ ਜਾਰੀ ਰਹੇਗਾ ਅਤੇ ਰੋਜ਼ਾਨਾ ਰੋਸ ਮਾਰਚ ਕਰਕੇ ਕੱਟੇ ਰਾਸ਼ਨ ਕਾਰਡਾਂ ਤੇ ਕੱਟੇ ਨਾਵਾਂ ਦੀਆਂ ਲਿਸਟਾਂ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਦਿੱਤੀਆਂ ਜਾਣਗੀਆਂ।

# ਪਰਾਲੀ ਨੂੰ ਅੱਗ ਨਾ ਲਾਉਣ ਬਾਬਤ ਕਿਸਾਨਾਂ ਨੂੰ ਕੀਤਾ ਜਾਗਰੂਕ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਦੇ ਦਿਸ਼ਾ ਨਿਰਦੇਸ਼ ਹੇਠ ਅਤੇ ਚੀਫ ਐਗਰੀਕਲਚਰ ਅਫਸਰ ਡਾ. ਕਿਰਪਾਲ ਸਿੰਘ ਦੇ ਹੁਕਮਾਂ ਅਨੁਸਾਰ ਪਿੰਡ ਡੱਲਾ ਗੋਰੀਆ ਬਲਾਕ ਕਾਹਨੂੰਵਾਨ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਖੇਤੀਬਾੜੀ ਵਿਭਾਗ ਕਾਹਨੂੰਵਾਨ ਵੱਲੋਂ ਜਾਗਰੂਕਤਾ ਕੈਂਪ ਲਗਾਇਆ ਗਿਆ। ਖੇਤੀਬਾੜੀ ਅਫਸਰ ਡਾ. ਦਿਲਬਾਗ ਸਿੰਘ ਭੱਟੀ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ ਅਤੇ ਪਿੰਡ ਦੇ ਸਰਪੰਚ ਅਤੇ ਪੰਚਾਇਤ ਮੈਂਬਰ ਕੋਲੋਂ ਪਿੰਡ ਵਿੱਚ ਬਿਨਾਂ ਅੱਗ ਲਾਏ ਕਣਕ ਬੀਜਣ ਦਾ ਪ੍ਰਣ ਲਿਆ।

ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਬਾਸਮਤੀ ਉਪਰ ਪੰਜਾਬ ਸਰਕਾਰ ਵੱਲੋਂ ਬੈਨ ਜ਼ਹਿਰਾਂ ਨੂੰ ਫਸਲ ਉਪਰ ਸਪਰੇਅ ਨਾ ਕਰਨ ਦੀ ਅਪੀਲ ਕੀਤੀ। ਇੰਦਰਜੋਤ ਸਿੰਘ ਖੇਤੀਬਾੜੀ ਸਬ-ਇੰਸਪੈਕਟਰ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ 'ਤੇ ਵਾਤਾਵਰਨ ਨੂੰ ਨੁਕਸਾਨ ਹੋਣ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਘਟਣ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਖੇਤੀਬਾੜੀ ਵਿਭਾਗ ਕਾਹਨੂੰਵਾਨ ਦੀ ਟੀਮ, ਬਲਵਿੰਦਰ ਸਿੰਘ ਸਰਪੰਚ, ਪੰਚਾਇਤ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਪਹੁੰਚੇ ਹੋਏ ਸਨ।

**ਕੇਂਦਰੀ ਪੰਜਾਬੀ ਲੇਖਕ ਸਭਾ ਚੋਣਾਂ**

# ਬੁੱਟਰ ਪ੍ਰਧਾਨ, ਦੁਸਾਂਝ ਜਨਰਲ ਸਕੱਤਰ, ਰਾਜਨ ਮੀਤ ਪ੍ਰਧਾਨ ਅਤੇ ਦੀਪ ਸੱਕਤਰ ਬਣੇ



ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)-ਕੇਂਦਰੀ ਪੰਜਾਬੀ ਲੇਖਕ ਸਭਾ ਦੀਆਂ ਤਿੰਨ ਸਾਲ ਬਾਅਦ ਹੋਣ ਵਾਲੀਆਂ ਬਹੁ-ਵੱਕਾਰੀ ਚੋਣਾਂ ਵਿਚ ਦਰਸ਼ਨ ਬੁੱਟਰ-ਸੁਸ਼ੀਲ ਦੁਸਾਂਝ ਦਾ ਗਰੁੱਪ ਬਿਨਾਂ ਮੁਕਾਬਲਾ ਜਿੱਤ ਗਿਆ ਹੈ। ਡਾ. ਸੁਖਦੇਵ ਸਿਰਸਾ ਦੀ ਅਗਵਾਈ ਵਾਲੇ ਗਰੁੱਪ ਵੱਲੋਂ ਚੋਣ ਮੈਦਾਨ ਵਿਚ ਉਤਾਰੇ ਸਾਰੇ ਉਮੀਦਵਾਰਾਂ ਦੇ ਨਾਮ ਵਾਪਸ ਲੈਣ ਤੋਂ ਬਾਅਦ ਬੁੱਟਰ-ਦੁਸਾਂਝ ਗਰੁੱਪ ਦੇ ਸਾਰੇ ਉਮੀਦਵਾਰਾਂ ਨੂੰ ਵੱਖੋ-ਵੱਖ ਅਹੁਦਿਆਂ ਲਈ ਜੇਤੂ ਕਰਾਰ ਦੇ ਦਿੱਤਾ ਗਿਆ।

ਇਸ ਮੌਕੇ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਅਟਵਾਲ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਦਲਜੀਤ ਸਿੰਘ ਸ਼ਾਹੀ, ਬਲਵਿੰਦਰ ਸੰਧੂ, ਮਨਜੀਤ ਇੰਦਰਾ ਅਤੇ ਮੂਲ ਚੰਦ ਸ਼ਰਮਾ, ਜਦਕਿ ਸਕੱਤਰ ਸੁਰਿੰਦਰ ਪ੍ਰੀਤ ਘਣੀਆ, ਦੀਪ ਦੇਵਿੰਦਰ ਸਿੰਘ, ਭੁਪਿੰਦਰ ਕੌਰ ਪ੍ਰੀਤ, ਰਜਿੰਦਰ ਸਿੰਘ ਰਾਜਨ ਚੁਣੇ ਗਏ ਹਨ। ਜ਼ਿਲ੍ਹਾ ਅੰਮ੍ਰਿਤਸਰ ਨੂੰ ਵੱਡੀ ਨੁਮਾਇੰਦਗੀ ਮਿਲੀ ਹੈ। ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸੇਲਿੰਦਰਜੀਤ ਸਿੰਘ ਰਾਜਨ ਨੂੰ ਮੀਤ ਪ੍ਰਧਾਨ ਅਤੇ ਦੀਪ ਦਵਿੰਦਰ ਸਿੰਘ ਨੂੰ ਸਕੱਤਰ ਦੇ ਪ੍ਰਮੁੱਖ ਅਹੁਦੇ ਮਿਲੇ ਹਨ । ਜਿਕਰਯੋਗ ਹੈ ਕਿ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਦੁਨੀਆ ਭਰ ਦੇ ਲੇਖਕ ਮੈਂਬਰ ਤੇ ਕੇਂਦਰੀ ਸਭਾ ਨਾਲ ਜੁੜੀਆਂ ਸਥਾਨਕ ਸਾਹਿਤਕ ਸਭਾਵਾਂ ਦੇ ਲੇਖਕ ਮੈਂਬਰ ਵੋਟਾਂ ਪਾ ਕੇ ਕੇਂਦਰੀ ਸਭਾ ਦੇ ਅਹੁਦੇਦਾਰਾਂ ਦੀ ਚੋਣ ਕਰਦੇ ਹਨ। ਬੀਤੀ 09 ਸਤੰਬਰ 2023 ਨੂੰ ਚੋਣ ਲੜਨ ਦੇ ਚਾਹਵਾਨ ਲੇਖਕ ਮੈਂਬਰਾਂ ਦੀ ਸੂਚੀ ਜਾਰੀ ਕੀਤੀ ਗਈ ਸੀ।

ਉਸ ਤੋਂ ਬਾਅਦ ਜੋੜ-ਤੋੜ ਦਾ ਸਿਲਸਿਲਾ ਸਿਖਰਾਂ ਤੇ ਪਹੁੰਚ ਗਿਆ ਸੀ। ਇਸ ਦੌਰਾਨ ਦੋਵਾਂ ਧਿਰਾਂ ਵਿਚਾਲੇ ਸਰਬਸੰਮਤੀ ਦੀਆਂ ਕੋਸ਼ਿਸ਼ਾਂ ਵੀ ਕੀਤੀਆਂ ਗਈਆਂ। ਇਸ ਦੌਰਾਨ 10 ਸਤੰਬਰ 2023 ਨੂੰ ਸ਼ਾਮ ਪੌਣੇ ਚਾਰ ਵਜੇ ਤੱਕ ਸਰਬ-ਸੰਮਤੀ ਦੀ ਗੱਲਬਾਤ ਨੇਪਰੇ ਨਾ ਚੜ੍ਹਨ ਕਰਕੇ ਚੋਣਾਂ ਹੋਣ ਦੀ ਪੂਰੀ ਸੰਭਾਵਨਾ ਬਣੀ ਹੋਈ ਸੀ । ਅਖ਼ੀਰ, ਕਰੀਬ ਪੌਣੇ ਚਾਰ ਵਜੇ ਸੀ.ਪੀ.ਆਈ. ਦਾ ਸਮੱਰਥਨ ਪ੍ਰਾਪਤ ਡਾ. ਸੁਖਦੇਵ ਸਿੰਘ ਸਰਸਾ ਗਰੁੱਪ ਦੇ ਸਾਰੇ ਉਮੀਦਵਾਰ ਚੋਣ ਅਧਿਕਾਰੀ ਕੋਲ ਪਹੁੰਚੇ ਅਤੇ ਸਾਰਿਆਂ ਉਮੀਦਵਾਰਾਂ ਨੇ ਚੋਣ ਵਿਚੋਂ ਆਪਣਾ ਨਾਮ ਵਾਪਸ ਲੈਣ ਵਾਲੇ ਪੱਤਰ ਸੌਂਪ ਦਿੱਤੇ।

ਮੀਤ ਪ੍ਰਧਾਨ ਦੇ ਅਹੁਦੇ 'ਤੇ ਖੜ੍ਹੇ ਸੁਤੰਤਰ ਉਮੀਦਵਾਰ ਮੂਲ ਚੰਦ ਸ਼ਰਮਾ ਤੇ ਸਕੱਤਰ ਦੇ ਅਹੁਦੇ ਤੇ ਖੜ੍ਹੇ ਸੁਤੰਤਰ ਉਮੀਦਵਾਰ ਰਜਿੰਦਰ ਸਿੰਘ ਰਾਜਨ ਨੂੰ ਵੀ ਬੁੱਟਰ-ਦੁਸਾਂਝ ਗਰੁੱਪ ਨੇ ਸਮਰਥਨ ਦੇ ਦਿੱਤਾ ਤੇ ਆਪਣੇ ਦੋ ਉਮੀਦਵਾਰਾਂ ਦੇ ਨਾਮ ਵਾਪਸ ਲੈ ਲਏ। ਇਸ ਤਰ੍ਹਾਂ ਉਹ ਦੋਵੇਂ ਉਮੀਦਰਵਾਰ ਵੀ ਬਿਨਾਂ ਮੁਕਾਬਲਾ ਜੇਤੂ ਹੋ ਗਏ। ਅਗਲੇਰੀ ਕਾਰਵਾਈ ਕਰਦਿਆਂ ਚੋਣ ਅਧਿਕਾਰੀ ਮਨਜੀਤ ਸਿੰਘ ਛਾਬੜਾ ਨੇ ਦਰਸ਼ਨ ਬੁੱਟਰ ਤੇ ਸੁਸ਼ੀਲ ਦੁਸਾਂਝ ਗਰੁੱਪ ਦੀ ਸਮੁੱਚੀ ਟੀਮ ਨੂੰ ਬਿਨਾਂ ਮੁਕਾਬਲਾ ਜੇਤੂ ਐਲਾਨ ਦਿੱਤਾ।

ਇਸ ਤਰ੍ਹਾਂ ਹੁਣ 17 ਸਤੰਬਰ 2023 ਨੂੰ ਹੋਣ ਵਾਲੀ ਚੋਣ ਹੁਣ ਨਹੀਂ ਹੋਵੇਗੀ। ਇਸ ਐਲਾਨ ਤੋਂ ਬਾਅਦ ਜੇਤੂ ਟੀਮ ਦੇ ਮੈਂਬਰਾਂ ਤੇ ਸਮਰਥਕਾਂ ਵਿਚ ਖ਼ੁਸ਼ੀ ਲਹਿਰ ਦੌੜ ਗਈ ਤੇ ਵਧਾਈਆਂ ਲੈਣ-ਦੇਣ ਦਾ ਸਿਲਸਿਲਾ ਸ਼ੁਰੂ ਹੋ ਗਿਆ। ਨਵੇਂ ਚੁਣੇ ਗਏ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ ਤੇ ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਅਟਵਾਲ ਨੇ ਕਿਹਾ ਕਿ ਬਿਨਾਂ ਮੁਕਾਬਲਾ ਜੇਤੂ ਹੋਣ ਦੇ ਨਾਲ ਕੇਂਦਰੀ ਸਭਾ ਵਰਗੀ ਲੇਖਕਾਂ ਦੀ ਜੁਝਾਰੂ ਜੱਥੇਬੰਦੀ ਦੀ ਵੱਡੀ ਜ਼ਿੰਮੇਵਾਰੀ ਉਨ੍ਹਾਂ ਦੇ ਮੋਢੇ 'ਤੇ ਆ ਪਈ ਹੈ। ਉਹ ਇਸ ਜ਼ਿੰਮੇਵਾਰੀ ਨੂੰ ਨੇਪਰੇ ਚਾੜ੍ਹਨ ਲਈ ਤਨਦੇਹੀ ਨਾਲ ਕੰਮ ਕਰਨਗੇ।

12-Sep-PAGE-12.qxd 9/11/2023 10:42 PM Page 1



# 40ਵੇਂ ਸੁਰਜੀਤ ਹਾਕੀ ਟੂਰਨਾਮੈਂਟ ਦਾ ਮੁੱਖ ਮੰਤਰੀ ਨੇ ਕੀਤਾ ਪੋਸਟਰ ਜਾਰੀ




**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਵਿਖੇ ਦੇਸ਼ ਦੇ ਵੱਕਾਰੀ 40ਵੇਂ ਇੰਡੀਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ ਦਾ ਪੋਸਟਰ ਜਾਰੀ ਕੀਤਾ ਹੈ ।ਇਸ ਮੌਕੇ ਬਲਕਾਰ ਸਿੰਘ, ਸਥਾਨਕ ਸਰਕਾਰਾਂ ਬਾਰੇ ਮੰਤਰੀ, ਸੁਸ਼ੀਲ ਕੁਮਾਰ ਰਿੰਕੂ, ਮੈਂਬਰ ਪਾਰਲੀਮੈਂਟ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ, ਜਲੰਧਰ ਵਿਸ਼ੇਸ਼ ਸਾਰੰਗਲ, ਆਈ.ਏ.ਐਸ., ਜੋ ਕਿ ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਵੀ ਹਨ, ਦੇ ਅਨੁਸਾਰ ਸਥਾਨਕ ਸੁਰਜੀਤ ਹਾਕੀ ਸਟੇਡੀਅਮ, ਬਲਟਰਨ ਪਾਰਕ ਵਿਖੇ 25 ਅਕਤੂਬਰ ਤੋਂ ਸ਼ੁਰੂ ਹੋਣ ਵਾਲੇ 40ਵੇਂ ਇੰਡੀਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਮੁੱਖ ਮੰਤਰੀ ਨੇ ਪੋਸਟਰ ਜਾਰੀ ਕੀਤਾ। ਇਸ ਮੌਕੇ ਉਪਰ ਸੁਸਾਇਟੀ ਦੇ ਪੈਟਰਨ (ਪੁਲਸ ਕਮਿਸ਼ਨਰ ) ਕੁਲਦੀਪ ਚਾਹਲ , ਇਕਬਾਲ ਸਿੰਘ ਸੰਧੂ, (ਸੀ.ਈ.ਓ.), ਰਣਬੀਰ ਸਿੰਘ ਟੁੱਟ (ਆਨਰੇਰੀ ਸਕੱਤਰ), ਸੁਰਿੰਦਰ ਸਿੰਘ ਭਾਪਾ (ਸਕੱਤਰ ਜਨਰਲ) ਨੇ ਸਾਂਝੇ ਤੌਰ 'ਤੇ ਮੁੱਖ ਮੰਤਰੀ ਨੂੰ 3 ਨਵੰਬਰ ਨੂੰ ਟੂਰਨਾਮੈਂਟ ਦੇ ਫਾਈਨਲ ਮੌਕੇ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਣ ਦਾ ਸੱਦਾ ਵੀ ਦਿੱਤਾ। ਇਸ ਸਾਲ 18 ਟੀਮਾਂ ਟੂਰਨਾਮੈਂਟ ਵਿੱਚ ਭਾਗ ਲੈਣਗੀਆਂ ਜਿਸ ਵਿੱਚ ਪਾਕਿਸਤਾਨ ਦੀਆਂ 2 ਟੀਮਾਂ ਤੋਂ ਇਲਾਵਾ ਰੇਲਵੇ , ਇੰਡੀਅਨ ਆਇਲ , ਐਫ ਸੀ ਆਈ ਦਿੱਲੀ , ਪੰਜਾਬ ਐਂਡ ਸਿੰਧ ਬੈਂਕ , ਭਾਰਤੀ ਏਅਰ ਫੋਰਸ , ਭਾਰਤੀ ਨੇਵੀ , ਕੈਗ ਦਿੱਲੀ , ਪੰਜਾਬ ਪੁਲਸ , ਰੇਲ ਕੋਚ ਫੈਕਟਰੀ ਕਪੂਰਥਲਾ , ਪੀ ਐਨ ਬੀ ਦਿੱਲੀ ਆਦਿ ਮੁੱਖ ਰੂਪ ਵਿਚ ਸ਼ਾਮਿਲ ਹਨ । ਪਾਕਿਸਤਾਨ ਦੀਆਂ 2 ਟੀਮਾਂ ਲਗਭਗ 10 ਸਾਲ ਦੇ ਵਕਫੇ ਪਿੱਛੋਂ ਖ਼ਿਤਾਬ ਲਈ ਭਿੜਨਗੀਆਂ । ਸੈਮੀਫਾਈਨਲ ਤੇ ਫਾਈਨਲ ਮੈਚਾਂ ਦਾ ਪ੍ਰਸਾਰਣ ਕੌਮੀ ਤੇ ਕੌਮਾਂਤਰੀ ਚੈਨਲਾਂ ਉੱਪਰ ਲਾਇਵ ਪ੍ਰਸਾਰਿਤ ਹੋਵੇਗਾ । ਇਸ ਤੋਂ ਇਲਾਵਾ ਪ੍ਰਸਿੱਧ ਗਾਇਕ ਬੱਬੂ ਮਾਨ ਫਾਈਨਲ ਮੈਚ ਵਾਲੇ ਦਿਨ ਦਰਸ਼ਕਾਂ ਦਾ ਮਨੋਰੰਜਨ ਕਰਨਗੇ । ਜੇਤੂ ਟੀਮ ਨੂੰ ਪਹਿਲਾ ਇਨਾਮ 5.51 ਲੱਖ ਰੁਪਏ ਮਿਲੇਗਾ ਜਦਕਿ ਉਪ ਜੇਤੂ ਨੂੰ 2.50 ਲੱਖ ਰੁਪਏ ਮਿਲਣਗੇ ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਨੂੰ ਸਵਰਾਜ 855 ਟਰੈਕਟਰ ਭੇਟ

**ਐੱਸ.ਏ.ਐੱਸ. ਨਗਰ (ਗੁਰਜੀਤ ਬਿੱਲਾ)**- ਇੱਥੋਂ ਨੇੜਲੇ ਪਿੰਡ ਸੋਹਾਣਾ ਵਿੱਚ ਸਥਿੱਤ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਕਾਰ ਸੇਵਾ ਲਈ ਗੁਪਤ ਦਾਨੀ ਸੱਜਣ ਵੱਲੋਂ ਸਵਰਾਜ 855 ਟਰੈਕਟਰ ਭੇਟ ਕੀਤਾ ਗਿਆ।

ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਸਵੇਰ ਵੇਲੇ ਕੋਈ ਦਾਨੀ ਸੱਜਣ ਇਹ ਟਰੈਕਟਰ ਨਿਸ਼ਾਨ ਸਾਹਿਬ ਜੀ ਦੇ ਬਿਲਕੁੱਲ ਨੇੜੇ ਖੜ੍ਹਾ ਕਰਕੇ ਪਹਿਰੇਦਾਰ ਵਾਲੇ ਸੇਵਾਦਾਰ ਨੂੰ ਟਰੈਕਟਰ ਦੀ ਚਾਬੀ ਦਫ਼ਤਰ ਵਿੱਚ ਦੇਣ ਲਈ ਕਹਿ ਗਿਆ। ਉਨ੍ਹਾਂ ਦੱਸਿਆ ਕਿ ਪਹਿਰੇਦਾਰ ਵੱਲੋਂ ਜਾਣਕਾਰੀ ਦੇਣ ਤੇ ਜਦੋਂ ਪ੍ਰਬੰਧਕਾਂ ਨੇ ਦੇਖਿਆ ਟਰੈਕਟਰ ਦੇ ਸਾਰੇ ਕਾਗਜ਼ਾਤ, ਬੀਮਾ ਆਦਿ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਨਾਮ ਤੇ ਹੈ। ਕਾਗਜ਼ਾਂ ਦੇ ਮੁਤਾਬਿਕ ਇਸ ਟਰੈਕਟਰ ਦੀ ਕੀਮਤ 8 ਲੱਖ 45 ਹਜ਼ਾਰ ਰੁਪਏ ਹੈ। ਦਾਨੀ ਸੱਜਣ ਵੱਲੋਂ ਟਰੈਕਟਰ 'ਤੇ ਲੱਗਣ ਵਾਲਾ ਸਾਰਾ ਸਮਾਨ ਵੀ ਲਗਵਾ ਕੇ ਦਿੱਤਾ ਗਿਆ ਹੈ । ਉਨ੍ਹਾਂ ਦੱਸਿਆ ਕਿ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵੱਲੋਂ ਇਕੱਠੇ ਹੋ ਕੇ ਕੜਾਹ ਪ੍ਰਸ਼ਾਦ ਦੀ ਦੇਗ ਸਜਾ ਕੇ ਅਰਦਾਸੀਆ ਸਿੰਘ ਤੋਂ ਦਾਨੀ ਸੱਜਣ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਵਾਈ ਗਈ।




# ਸੰਯੁਕਤ ਕਿਸਾਨ ਮੋਰਚੇ ਵੱਲੋਂ ਅਨਮੋਲ ਗਗਨ ਮਾਨ ਦੇ ਦਫਤਰ ਅੱਗੇ ਧਰਨਾ

**ਖਰੜ (ਹਰਨਾਮ ਸਿੰਘ ਡੱਲਾ)** ਖਰੜ-ਹਾਲੀ ਰੋਡ ਸਥਿਤ ਪੰਜਾਬ ਸਰਕਾਰ ਦੇ ਸੈਰ ਸਪਾਟਾ ਮੰਤਰੀ ਅਨਮੋਲ ਗਗਨ ਮਾਨ ਦੇ ਦਫਤਰ ਅੱਗੇ ਸੈਂਕੜੇ ਕਿਸਾਨਾਂ ਨੇ ਤਿੰਨ ਰੋਜ਼ਾ ਧਰਨੇ ਦੀ ਸ਼ੁਰੂਆਤ ਕੀਤੀ। ਕਿਸਾਨ ਗਿਆਰਾਂ ਵਜੇ ਹੀ ਧਰਨਾ ਸਥਾਨ 'ਤੇ ਪਹੁੰਚ ਗਏ ਸਨ। ਧਰਨੇ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ( ਬੁਰਜ ਗਿੱਲ) , ਕੁੱਲ ਹਿੰਦ ਕਿਸਾਨ ਸਭਾ ( ਬਲਕਰਨ ਬਰਾੜ), ਜਮਹੂਰੀ ਕਿਸਾਨ ਸਭਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ( ਮਨਜੀਤ ਧਨੇਰ) ਅਤੇ ਪੁਆਧ ਕਿਸਾਨ ਯੂਨੀਅਨ ਦੇ ਆਗੂ ਅਤੇ ਕਿਸਾਨ ਸ਼ਾਮਲ ਹੋਏ। ਬੁਲਾਰਿਆਂ ਵਿੱਚ ਦਵਿੰਦਰ ਸਿੰਘ ਦੇਹ ਕਲਾਂ, ਜਸਪਾਲ ਨਿਆਮੀਆਂ, ਰਾਮ ਕ੍ਰਿਸ਼ਨ ਧੁਨਕੀਆ, ਮਹਿੰਦਰ ਸਿੰਘ ਮਾਵੀ, ਅੰਗਰੇਜ ਸਿੰਘ ਮੁਹਾਲੀ, ਜਗਜੀਤ ਸਿੰਘ ਕਰਾਲਾ, ਜਸਪਾਲ ਸਿੰਘ ਦੱਪਰ, ਗੁਰਚਰਨ ਸਿੰਘ, ਤਿਰਲੋਚਨ ਸਿੰਘ ਪੁਆਧ, ਰਣਬੀਰ ਸਿੰਘ ਗਰੇਵਾਲ, ਗੁਰਪ੍ਰੀਤ ਸੇਖਨ ਮਾਜਰਾ, ਪ੍ਰਦੀਪ ਮੁਹਾਲੀ, ਦਰਸਨ ਸਿੰਘ ਦੁਰਾਲੀ, ਕਰਮ ਸਿੰਘ ਡੇਰਾਬੱਸੀ, ਮਨਪ੍ਰੀਤ ਸਿੰਘ ਅਮਲਾਲਾ ਅਤੇ ਜਸਪਾਲ ਸਿੰਘ ਲਾਂਡਰਾਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਹੜ੍ਹਾਂ ਨੂੰ ਕੌਮੀ ਆਫਤ ਐਲਾਨ ਕਰ ਕੇ ਦਸ ਹਜਾਰ ਕਰੋੜ ਦਾ ਰਾਹਤ ਪੈਕੇਜ ਦੇਵੇ। ਹੋਏ ਨੁਕਸਾਨ ਦੇ ਮੱਦੇਨਜ਼ਰ ਮੁਆਵਜ਼ਾ ਵੰਡਣ ਦੇ ਨਿਯਮਾਂ ਵਿੱਚ ਢਿੱਲ ਦਿੱਤੀ ਜਾਵੇ ਤਾਂ ਜੋ ਪੀੜਤ ਲੋਕਾਂ ਨੂੰ ਜਾਨ-ਮਾਲ ਦੇ ਹੋਏ ਨੁਕਸਾਨ ਦੇ ਅਨੁਸਾਰ ਢੁੱਕਵਾਂ ਮੁਆਵਜਾ ਮਿਲ ਸਕੇ। ਪੰਜਾਬ ਸਰਕਾਰ ਵਿਸ਼ੇਸ਼ ਗਿਰਦਾਵਰੀ ਦੇ ਕੀਤੇ ਹੁਕਮਾਂ 'ਤੇ ਅਮਲਦਾਰੀ ਯਕੀਨੀ ਬਣਾਵੇ। ਪੱਖਪਾਤ ਅਤੇ ਅਣਗਹਿਲੀ ਕਰਨ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ 'ਤੇ ਫੌਰੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਜਿੰਨ੍ਹਾਂ ਕਿਸਾਨਾਂ ਨੇ ਤਬਾਹ ਹੋਈਆਂ ਫ਼ਸਲਾਂ ਮੁੜ ਬੀਜੀਆਂ ਹਨ, ਉਨ੍ਹਾਂ ਦੇ ਨੁਕਸਾਨ ਨੂੰ ਗਿਰਦਾਵਰੀ ਵਿੱਚ ਗਿਣਿਆ ਜਾਵੇ, ਇਸ ਸਬੰਧੀ ਪਿੰਡ ਦੀ ਪੰਚਾਇਤ, ਕਿਸਾਨ ਜਥੇਬੰਦੀਆਂ ਅਤੇ ਲੋਕਾਂ ਦੀ ਗਵਾਹੀ ਨੂੰ ਸਬੂਤ ਮੰਨਿਆ ਜਾਵੇ।



# ਸਕੂਲ ਦੀ ਬਿਲਡਿੰਗ ਦੀ ਉਸਾਰੀ ਵਾਸਤੇ ਅਣਮਿੱਥੇ ਸਮੇਂ ਲਈ ਰੋਸ ਧਰਨਾ



**ਨੂਰਮਹਿਲ ( ਪੱਤਰ ਪ੍ਰੇਰਕ )**-ਚਾਹੇ ਇੱਥੇ ਪ੍ਰਵਾਸੀ ਲੋਕਾਂ ਨੂੰ ਬਿਠਾ ਦਿਓ,ਚਾਹੇ ਇੱਥੇ ਗੰਦੇ ਪਾਣੀ ਨਾਲ ਛੱਪੜਾਂ ਦੇ ਛੱਪੜ ਬਣਾ ਲਵੋ ਅਸੀਂ ਕੋਝੀਆਂ ਚਾਲਾਂ ਚੱਲਣ ਨਹੀਂ ਦੇਵਾਂਗੇ। ਇਹਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਉੱਘੇ ਸਮਾਜ ਸੇਵਕ ਕਾਮਰੇਡ ਪੱਤਰਕਾਰ ਬਾਲ ਕ੍ਰਿਸ਼ਨ ਬਾਲੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਦੀ ਅੱਧੀ ਅਧੂਰੀ ਬਿਲਡਿੰਗ ਨੂੰ ਪੂਰੀ ਬਿਲਡਿੰਗ ਬਣਾਉਣ ਦੇ ਸਬੰਧ ਵਿੱਚ ਮੌਜੂਦਾ ਸਰਕਾਰ ਤੇ ਆਮ ਆਦਮੀ ਪਾਰਟੀ ਦੇ ਹਲਕਾ ਨਕੋਦਰ ਦੀ ਵਿਧਾਇਕਾ ਬੀਬੀ ਇੰਦਰਜੀਤ ਕੌਰ ਮਾਨ ਦੇ ਖਿਲਾਫ ਅਣ-ਮਿੱਥੇ ਸਮੇਂ ਲਈ ਲਗਾਤਾਰ ਰੋਸ ਧਰਨਾ ਸ਼ੁਰੂ ਕੀਤਾ। ਹਲਕੇ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਮਨ ਨੂੰ ਇਸ ਸਬੰਧੀ ਮੰਗ ਪੱਤਰ ਵੀ ਦਿੱਤਾ ਗਿਆ ਸੀ ਅਤੇ ਕਈ ਵਾਰ ਉਨ੍ਹਾਂ ਨੂੰ ਮਿਲ ਕੇ ਕਿਹਾ ਵੀ ਸੀ, ਪਰ ਬੀਬੀ ਦਾ ਕਹਿਣਾ ਸਿਰ ਮੱਥੇ ,ਪਰ ਪਰਨਾਲਾ ਉਥੇ ਦਾ ਉਥੇ, ਉਨ੍ਹਾਂ ਕਿਹਾ ਕਿ ਇਥੋਂ ਦੇ ਪ੍ਰਸ਼ਾਸਨ ਨੇ ਇਸ ਬਿਲਡਿੰਗ ਦੀ ਸਾਂਭ ਸੰਭਾਲ ਤਾਂ ਕੀ ਕਰਨੀ ਸੀ ਪਰ ਇਸ ਬਿਲਡਿੰਗ ਨੂੰ ਡੇਗਣ ਦੀ ਮਨਸਾ ਨਾਲ ਇਸ ਦੀਆਂ ਨੀਹਾਂ ਵਿੱਚ ਗੰਦਾ ਪਾਣੀ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਰਕਾਰੀ ਸਕੂਲ ਵਿੱਚ ਗਰੀਬਾਂ, ਮਜਦੂਰਾਂ ਦੇ ਬੱਚਿਆਂ ਨੇ ਪੜ੍ਹਨਾ ਹੈ। ਅਮੀਰ ਆਦਮੀ ਤਾਂ ਪ੍ਰਾਈਵੇਟ ਸਕੂਲਾਂ ਵਿੱਚ ਵੀ ਆਪਣੇ ਬੱਚਿਆਂ ਨੂੰ ਪੜ੍ਹਾ ਲਵੇਗਾ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਸੋਂ ਮੰਗ ਕੀਤੀ ਹੈ ਕਿ ਇਸ ਅੱਧੀ ਅਧੂਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਦੀ ਬਿਲਡਿੰਗ ਪੂਰੀ ਬਣਾਈ ਜਾਵੇ।

# ਸੋਸ਼ਲਿਸਟ ਪਾਰਟੀ ਨੇ ਮੋਦੀ ਖਿਲਾਫ਼ ਕਾਰਵਾਈ ਸੰਬੰਧੀ ਸੰਧਵਾਂ ਨੂੰ ਦਿੱਤਾ ਯਾਦ ਪੱਤਰ



**ਹੁਸ਼ਿਆਰਪੁਰ, (ਓ ਪੀ ਰਾਣਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਇੰਡੀਆ ਗਠਜੋੜ ਦੇ ਸਮਰਥਕ ਸੋਸ਼ਲਿਸਟ ਪਾਰਟੀ ਇੰਡੀਆ ਦੇ ਸਾਬਕਾ ਕੌਮੀ ਮੀਤ ਪ੍ਰਧਾਨ ਬਲਵੰਤ ਸਿੰਘ ਖੇੜਾ ਦੀ ਮਿਜਾਜ਼ਪੁਰਸ਼ੀ ਲਈ ਉਨ੍ਹਾਂ ਦੇ ਗ੍ਰਹਿ ਸੈਂਟਰਲ ਟਾਊਨ ਹੁਸ਼ਿਆਰਪੁਰ ਵਿਖੇ ਪੁੱਜੇ ਜਿੱਥੇ ਪਾਰਟੀ ਦੇ ਅਹੁਦੇਦਾਰਾਂ ਨੇ ਪੰਜਾਬ ਪ੍ਰਧਾਨ ਓਮ ਸਿੰਘ ਸਟਿਆਣਾ ਅਤੇ ਜ਼ਿਲਾ ਪ੍ਰਧਾਨ ਸੱਤਪਾਲ ਸਿੰਘ ਡੱਡਿਆਣਾ ਦੀ ਅਗਵਾਈ ਹੇਠ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਦਰਜ ਕਰਵਾਈ ਸ਼ਿਕਾਇਤ ਦੀ ਕਾਪੀ ਅਤੇ ਕਾਨੂੰਨੀ ਕਾਰਵਾਈ ਕਰਵਾਉਣ ਲਈ ਪੰਜਾਬ ਸਰਕਾਰ ਦੇ ਨਾਮ ਯਾਦ ਪੱਤਰ ਸੌਂਪਿਆ । ਇਸ ਯਾਦ ਪੱਤਰ ਵਿੱਚ ਭਾਰਤੀ ਸੰਵਿਧਾਨ ਅਤੇ ਚੋਣ ਕਮਿਸ਼ਨ ਦੇ ਜ਼ਾਬਤੇ ਦੀ ਉਲੰਘਣਾ ਕਰਨ ਦੇ ਮਾਮਲੇ ਵਿੱਚ ਮੁਕੱਦਮਾ ਦਰਜ ਕਰਨ ਦੀ ਬੇਨਤੀ ਕਰਦਿਆਂ ਬਲਵੰਤ ਸਿੰਘ ਖੇੜਾ ਨੇ ਕਿਹਾ ਕਿ ਮੋਦੀ ਵਲੋਂ ਵਿਚਾਰਾ ਦੇ ਪ੍ਰਗਟਾਵੇ ਦੀ ਆਜ਼ਾਦੀ ਅਤੇ ਨੈਤਿਕ ਕਦਰਾਂ ਕੀਮਤਾਂ ਦੀ ਉਲੰਘਣਾ ਕੀਤੀ ਗਈ ਹੈ। ਉਨ੍ਹਾਂ ਵਲੋਂ ਧਰਮ ਨੂੰ ਸਿਆਸਤ ਨਾਲ ਮਿਲਾਂ ਕੇ ਕਰਨਾਟਕ ਦੀਆਂ ਚੋਣਾਂ ਵਿੱਚ ਵੱਡੀਆਂ ਰੈਲੀਆਂ ਵਿੱਚ ਵੋਟਰਾਂ ਨੂੰ ਈ ਵੀ ਐਮ ਮਸ਼ੀਨ ਦਾ ਬਟਨ ਦਬਾਉਣ ਸਮੇਂ ਜੈ ਬਜਰੰਗ ਬਲੀ ਦਾ ਨਾਹਰਾ ਲਗਾਉਣ ਦੀ ਅਪੀਲ ਕੀਤੀ ਸੀ। ਇਸ ਮੌਕੇ ਕਮਲਜੀਤ ਸਿੰਘ ਮੰਨਣ,ਨੌਜਵਾਨ ਨੇਤਾ ਪੰਜਾਬ ਪ੍ਰਧਾਨ ਗੁਰਵਿੰਦਰ ਬਰਾੜ, ਹਰਜਿੰਦਰ ਸਿੰਘ ਅਤੇ ਪਿੰਡ ਬਚਾਓ ਪੰਜਾਬ ਬਚਾਓ ਲਹਿਰ ਦੇ ਆਗੂ ਰਛਪਾਲ ਸਿੰਘ ਬੂਰੇ ਜੱਟਾਂ ਆਦਿ ਸ਼ਾਮਿਲ ਹੋਏ। ਇਸ ਮੌਕੇ ਸਪੀਕਰ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਬਣਦੀ ਕਾਨੂੰਨੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ।

# ਡਾ. ਹਰਬੰਸ ਸਿੰਘ ਚਾਹਲ ਨੂੰ ਸੇਜਲ ਅੱਖਾਂ ਨਾਲ ਅੰਤਮ ਵਿਦਾਇਗੀ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**- ਨਵਾਬ ਜੱਸਾ ਸਿੰਘ ਆਹਲੂਵਾਲੀਆ ਸਰਕਾਰੀ ਕਾਲਜ ਕਪੂਰਥਲਾ ਵਿਖੇ ਅੰਗਰੇਜੀ ਦੇ ਪ੍ਰੋਫੈਸਰ ਰਹੇ ਅਤੇ ਸੰਤ ਅਵਤਾਰ ਸਿੰਘ ਯਾਦਗਾਰੀ ਕਾਲਜ ਸੀਚੇਵਾਲ ਦੇ ਪ੍ਰਿੰਸੀਪਲ ਰਹੇ ਡਾ. ਹਰਬੰਸ ਸਿੰਘ ਚਾਹਲ ਨੂੰ ਅੱਜ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਗਈ। ਜਿਕਰਯੋਗ ਹੈ ਕਿ ਡਾ. ਚਾਹਲ ਦਾ ਬੀਤੇ 9 ਸਤੰਬਰ ਨੂੰ ਅਚਾਨਕ ਦਿਹਾਂਤ ਹੋ ਗਿਆ ਸੀ। ਉਹ 70 ਵਰ੍ਹਿਆਂ ਦੇ ਸਨ। ਉਨ੍ਹਾਂ ਦਾ ਅੱਜ ਪਿੰਡ ਝੱਲ ਲਈ ਵਾਲਾ ਦੇ ਸਮਸਾਨਘਾਟ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਪੁੱਤਰ ਗੁਰਿੰਦਰ ਸਿੰਘ ਨੇ ਦਿਖਾਈ। ਇਸ ਮੌਕੇ ਰਾਜ ਸਭਾ ਮੈਂਬਰ ਸੰਤ ਬਲਬੀਰ ਸੀਚੇਵਾਲ ਦੀ ਤਰਫੋਂ ਸੰਤ ਸੁਖਜੀਤ ਸਿੰਘ ਸੀਚੇਵਾਲ ਵੱਲੋਂ ਅਤੇ ਸਾਹਿਤ ਸਭਾ ਸੁਲਤਾਨਪੁਰ ਲੋਧੀ ਦੀ ਤਰਫੋਂ ਸਭਾ ਦੇ ਪ੍ਰਧਾਨ ਡਾ. ਸਵਰਨ ਸਿੰਘ, ਪੱਤਰਕਾਰ ਨਰਿੰਦਰ ਸਿੰਘ ਸੋਨੀਆ ਅਤੇ ਸਕੱਤਰ ਮੁਖਤਾਰ ਸਿੰਘ ਚੰਦੀ ਵੱਲੋਂ ਡਾ. ਚਾਹਲ ਨੂੰ ਦੁਸਾਲੇ ਭੇਂਟ ਕੀਤੇ ਗਏ। ਡਾ. ਚਾਹਲ ਦੀ ਧਰਮਪਤਨੀ ਕੁਲਬੀਰ ਕੌਰ ਅਤੇ ਵੱਡੇ ਭਰਾ ਗੁਰਪਾਲ ਸਿੰਘ ਚਾਹਲ ਨੇ ਦੱਸਿਆ ਕਿ ਉਨ੍ਹਾਂ ਨਮਿੱਤ ਸ੍ਰੀ ਸਹਿਜ ਪਾਠ ਸਾਹਿਬ ਜੀ ਦਾ ਭੋਗ 18 ਸਤੰਬਰ ਦਿਨ ਸੋਮਵਾਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਝੱਲ ਲੇਈ ਵਾਲਾ ਵਿਖੇ ਪਾਇਆ ਜਾਵੇਗਾ ਅਤੇ ਅੰਤਿਮ ਅਰਦਾਸ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ। ਡਾ. ਚਾਹਲ ਦੇ ਅੰਤਿਮ ਸੰਸਕਾਰ ਮੌਕੇ ਸੰਤ ਸੁਖਜੀਤ ਸਿੰਘ ਸੀਚੇਵਾਲ, ਬਾਬਾ ਸੁਰਜੀਤ ਸਿੰਘ ਸੰਟੀ, ਦਿਲਬਾਗ ਸਿੰਘ ਗਿੱਲ ਆਟੋਮੋਬਾਈਲਜ, ਨੰਬਰਦਾਰ ਸਤਨਾਮ ਸਿੰਘ ਗਿੱਲ, ਦਵਿੰਦਰ ਸਿੰਘ ਮੋਠਾਂਵਾਲਾ, ਸਤਨਾਮ ਚਾਨਾ, ਐਡਵੋਕੇਟ ਰਜਿੰਦਰ ਸਿੰਘ ਰਾਣਾ, ਪੱਤਰਕਾਰ ਨਰਿੰਦਰ ਸਿੰਘ ਸੋਨੀਆ, ਸਾਹਿਤ ਸਭਾ ਸੁਲਤਾਨਪੁਰ ਲੋਧੀ ਦੇ ਪ੍ਰਧਾਨ ਡਾ. ਸਵਰਨ ਸਿੰਘ, ਮੁਖਤਾਰ ਸਿੰਘ ਚੰਦੀ, ਪਰਮਿੰਦਰ ਸਿੰਘ ਗੁਗ, ਪ੍ਰੋ. ਦਲਬੀਰ ਸਿੰਘ ਮੱਲ੍ਹੀ, ਪ੍ਰੋ. ਪ੍ਰਭਜੋਤ ਸਿੰਘ, ਪ੍ਰੋ. ਨਿਰਮਲ ਸਿੰਘ ਕਪੂਰਥਲਾ, ਮਾਸਟਰ ਦੇਸ ਰਾਜ, ਜਸਵੰਤ ਸਿੰਘ ਕਰਮਜੀਤਪੁਰ, ਪੈਨਸਨ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਮਾਸਟਰ ਸੁੱਚਾ ਸਿੰਘ ਮਿਰਜਾਪੁਰ, ਕਿਸਾਨ ਮੋਰਚੇ ਦੇ ਆਗੂ ਮਾਸਟਰ ਚਰਨ ਸਿੰਘ ਹੈਬਤਪੁਰ, ਸਰਵਣ ਸਿੰਘ ਕਰਮਜੀਤਪੁਰ, ਸਹਾਇਕ ਪ੍ਰੋ. ਕੁਲਵਿੰਦਰ ਸਿੰਘ ਸੀਚੇਵਾਲ, ਪ੍ਰਿੰਸੀਪਲ ਸਤਪਾਲ ਸਿੰਘ ਗਿੱਲ, ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਦੇ ਪੀ ਏ ਲਵਪ੍ਰੀਤ ਸਿੰਘ ਡਡਵਿੰਡੀ, ਗੁਰਦਰਸਨ ਸਿੰਘ ਭਿੰਡਰ, ਸਾਬਕਾ ਸਰਪੰਚ ਬਚਨ ਸਿੰਘ ਝੰਡ, ਅਮਰੀਕ ਸਿੰਘ ਸੰਧੂ ਅਤੇ ਗੁਰਦੀਪ ਸਿੰਘ ਆਦਿ ਹਾਜਰ ਸਨ। ਡਾ. ਚਾਹਲ ਦੀ ਹੋਈ ਅਚਨਚੇਤੀ ਮੌਤ 'ਤੇ ਟਕਸਾਲੀ ਕਾਂਗਰਸੀ ਆਗੂ ਪ੍ਰੋ. ਚਰਨ ਸਿੰਘ, ਡਾ. ਦਲਜੀਤ ਕੌਰ ਡੀਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਸਿਰਜਣਾ ਕੇਂਦਰ ਕਪੂਰਥਲਾ ਦੇ ਪ੍ਰਧਾਨ ਡਾ. ਆਸਾ ਸਿੰਘ ਘੁੰਮਣ ਅਤੇ ਅੱਖਰ ਮੰਚ ਕਪੂਰਥਲਾ ਦੇ ਪ੍ਰਧਾਨ ਪ੍ਰੋ. ਕੁਲਵੰਤ ਸਿੰਘ ਔਜਲਾ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

## ਜਨਮ ਦਿਨ ਮੁਬਾਰਕ



ਡੈਨਿਸ



ਨਿਕੇਤ ਭੰਡਾਰੀ, ਮੱਖੂ



ਮਨਦੀਪ ਸਿੰਘ, ਗੁਰਦਾਸਪੁਰ

## ਵਰ੍ਹੇਗੰਢ ਮੁਬਾਰਕ



ਭੀਮ ਸੈਨ ਗੋਇਲ ਤੇ ਮੋਨਿਕਾ ਗੋਇਲ ਨੂੰ ਵਿਆਹ ਦੀ 25ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ

# ਹਾਕੀ ਚੈਂਪੀਅਨਸ਼ਿਪ (ਲੜਕੀਆਂ) ਸੰਪੰਨ




**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਫਾਰ ਵਿਮੈਨ ਜਲੰਧਰ ਨੇ ਕੇ ਸੀ ਐਲ ਸਕੂਲ ਜਲੰਧਰ ਨੂੰ 2-1 ਨਾਲ ਹਰਾ ਕੇ ਜ਼ਿਲ੍ਹਾ ਜਲੰਧਰ ਹਾਕੀ ਚੈਂਪੀਅਨਸ਼ਿਪ (ਲੜਕੀਆਂ) ਦੇ ਸੀਨੀਅਰ ਵਰਗ ਦਾ ਖਿਤਾਬ ਜਿੱਤ ਲਿਆ। ਜਦਕਿ ਐਚ ਐਮ ਵੀ ਕਾਲਜ ਜਲੰਧਰ ਦੀ ਟੀਮ ਤੀਜੇ ਸਥਾਨ 'ਤੇ ਰਹੀ। ਲਾਇਲਪੁਰ ਖਾਲਸਾ ਕਾਲਜ ਫਾਰ ਵਿਮੈਨ ਦੇ ਹਾਕੀ ਮੈਦਾਨ ਵਿਖੇ ਜਲੰਧਰ ਹਾਕੀ ਐਸੋਸੀਏਸ਼ਨ ਵਲੋਂ ਕਰਵਾਈ ਗਈ ਉਕਤ ਚੈਂਪੀਅਨਸ਼ਿਪ ਵਿੱਚ ਜੂਨੀਅਰ ਵਰਗ ਦਾ ਖਿਤਾਬ ਦੋਆਬਾ ਖਾਲਸਾ ਸਕੂਲ ਨੇ ਧੰਨੋਵਾਲੀ ਨੂੰ 2-1 ਦੇ ਫਰਕ ਨਾਲ ਹਰਾ ਕੇ ਜਿੱਤਿਆ। ਲਾਇਲਪੁਰ ਖਾਲਸਾ ਕਾਲਜ ਫਾਰ ਵਿਮੈਨ ਵਲੋਂ ਦਲਜੀਤ ਕੌਰ ਅਤੇ ਨੇਹਾ ਕੁਮਾਰੀ ਨੇ ਗੋਲ ਕੀਤੇ ਜਦਕਿ ਕੇ ਸੀ ਐਲ ਸਕੂਲ ਵਲੋਂ ਹਰਲੀਨ ਕੌਰ ਨੇ ਇਕੋ ਇਕ ਗੋਲ ਕੀਤਾ। ਜੇਤੂ ਟੀਮਾਂ ਜੇਤੂ ਟਰਾਫੀ ਅਤੇ ਮੈਰਿਟ ਸਰਟੀਫਿਕੇਟਾਂ ਨਾਲ ਸਨਮਾਨਿਆ ਗਿਆ।

# ਪੈਨਸ਼ਨਰਾਂ ਨੇ ਮੀਟਿੰਗ 'ਚ ਮਸਲਿਆਂ 'ਤੇ ਕੀਤੀ ਵਿਚਾਰ-ਚਰਚਾ



**ਬਹਿਰਾਮ (ਅਵਤਾਰ ਕਲੇਰ)** ਪੰਜਾਬ ਪੈਨਸ਼ਨਰਜ ਯੂਨੀਅਨ ਰੂਪ ਨਗਰ ਦੀ ਮਹੀਨਾਵਾਰ ਮੀਟਿੰਗ ਨਸੀਬ ਸਿੰਘ ਜੜੌਤ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਪੈਨਸ਼ਨਰਾਂ ਦੇ ਮਸਲਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਇਸ ਵਿਚਾਰ ਚਰਚਾ ਵਿੱਚ ਸੂਬਾ ਕਮੇਟੀ ਮੈਂਬਰ ਕਾਮਰੇਡ ਮੁਕੰਦ ਲਾਲ, ਜਨਰਲ ਸਕੱਤਰ ਹਰਬੰਸ ਸਿੰਘ,ਬਲਵਿੰਦਰ ਸਿੰਘ ਸੰਧੂ, ਮਹਿੰਦਰ ਸਿੰਘ ਸਰਸੀਣੀ ,ਅਮਰ ਸਿੰਘ ,ਮੋਹਣ ਸਿੰਘ ਪਪਰਾਲਾ,ਦੀਦਾਰ ਸਿੰਘ, ਸੁਰਿੰਦਰ ਸਿੰਘ, ਬਲਵਿੰਦਰ ਸਿੰਘ ਨੰਬਰਦਾਰ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ। ਕਾਮਰੇਡ ਮੁਕੰਦ ਲਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੁਰੱਪਸ਼ਨ ਸਬੰਧੀ ਦ੍ਰਿੜ ਇਰਾਦੇ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਭ੍ਰਿਸ਼ਟਾਚਾਰ ਜਿਨ੍ਹਾਂ ਦੇ ਹੱਡੀ ਰਚਿਆ ਹੋਇਆ ਹੈ ਉਹ ਬੇਸ਼ਰਮੀ ਨਾਲ ਇਸ ਨੂੰ ਅੰਜਾਮ ਦੇ ਰਹੇ ਹਨ। ਕੋਈ ਦਿਨ ਅਜਿਹਾ ਨਹੀਂ ਲੰਘਦਾ ਜਿਸ ਦਿਨ ਕੋਈ ਰਿਸ਼ਵਤ ਖੋਰ ਮੁਲਾਜਮ ਫੜਿਆ ਨਾ ਜਾਵੇ। ਉਨ੍ਹਾਂ ਕਿਹਾ ਕਿ ਇਹ ਆਮ ਤੌਰ 'ਤੇ ਉੱਚ ਅਧਿਕਾਰੀਆਂ ਦੀ ਛਤਰ ਛਾਇਆ ਥੱਲੇ ਹੀ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਦੇ ਦੋਸ਼ੀ ਪਟਵਾਰੀ ਬਲਕਾਰ ਸਿੰਘ ਦੀ ਹਮਾਇਤ ਵਿੱਚ ਹੜਤਾਲ ਕਰਕੇ ਪਟਵਾਰੀਆਂ ਨੇ ਆਮ ਲੋਕਾਂ ਵਿੱਚ ਨਮੋਸ਼ੀ ਖੱਟੀ ਹੈ। ਉਨ੍ਹਾਂ ਸਾਰੇ ਮੁਲਾਜਮਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸੇ ਵੀ ਭ੍ਰਿਸ਼ਟ ਮੁਲਾਜਮ ਦੀ ਹਮਾਇਤ ਨਾ ਕਰਨ ਆਪਣੀਆਂ ਜਾਇਜ ਤੇ ਹੱਕੀ ਮੰਗਾਂ ਲਈ ਜਾਇਜ ਤਰੀਕੇ ਨਾਲ ਆਵਾਜ ਬੁਲੰਦ ਕਰਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੀਤ ਸਿੰਘ, ਸੁਰਿੰਦਰ ਸਿੰਘ, ਕੇਹਰ ਸਿੰਘ,ਹਰਵੀਰ ਸਿੰਘ,ਪਾਲ ਸਿੰਘ,ਲਾਲੀ ਮਕੈਨਿਕ,ਜੋਗਾ ਸਿੰਘ ਮਕੈਨਿਕ, ਸ਼ਿੰਗਾਰਾ ਸਿੰਘ,ਨਸੀਬ ਸਿੰਘ ਬਦਨ ਪੁਰ, ਹਰਜਿੰਦਰ ਸਿੰਘ, ਤਰਨਜੀਤ ਸਿੰਘ ਇੰਨ, ਸੁਪਿੰਦਰ ਸਿੰਘ, ਸਤਨਾਮ ਸਿੰਘ ਇੰਨ ਅਮਰੀਕ ਸਿੰਘ, ਭਗਵਾਨ ਦਾਸ,ਅਵਤਾਰ ਸਿੰਘ, ਬਿਸ਼ਨ ਦਾਸ, ਦਿਲਬਾਗ ਸਿੰਘ, ਬਲਵੀਰ ਸਿੰਘ, ਬਲਵਿੰਦਰ ਸਿੰਘ, ਲਖਵਿੰਦਰ ਸਿੰਘ,ਬਲਜੀਤ ਸਿੰਘ , ਰਾਮ ਨਰੰਜਣ,ਮੋਹਣ ਲਾਲ ਪਾਸਟਾਂ,ਰਮੇਸ਼ ਕੁਮਾਰ ਆਦਿ ਵੱਡੀ ਗਿਣਤੀ ਵਿੱਚ ਪੈਨਸ਼ਨਰਜ ਹਾਜਰ ਸਨ।

## ਕਿਸਾਨ ਜਥੇਬੰਦੀਆਂ ਵੱਲੋਂ ਵਿਧਾਇਕ ਦੇ ਦਫਤਰ ਅੱਗੇ ਧਰਨਾ



**ਸ਼ਾਹਕੋਟ (ਗਿਆਨ ਸੈਦਪੁਰੀ)** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਵੱਖ ਵੱਖ ਕਿਸਾਨ ਜਥੇਬੰਦੀਆਂ ਵੱਲੋ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰ ਸਿੰਘ ਲਾਡੀ ਢੋਸ ਦੇ ਦਫਤਰ ਅੱਗੇ ਧਰਨਾ ਦਿੱਤਾ ਗਿਆ। ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਸੂਰਤ ਸਿੰਘ ਧਰਮਕੋਟ, ਇਸਤਰੀ ਸਭਾ ਦੀ ਸੂਬਾਈ ਆਗੂ ਨਰਿੰਦਰ ਸੋਹਲ, ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਗੁਰਚਰਨ ਸਿੰਘ ਦਾਤੇਵਾਲ, ਗੁਰਮੀਤ ਸਿੰਘ ਵਾਂਦਰ, ਸੁਬੇਗ ਸਿੰਘ ਜਲਾਲਾਬਾਦ ਆਦਿ ਨੇ ਧਰਨੇ ਨੂੰ ਸੰਬੋਧਨ ਕੀਤਾ।

## ਦਾਤਾ ਗੁਲਾਮ ਸ਼ਾਹ ਦਾ ਸਾਲਾਨਾ ਜੋੜ ਮੇਲਾ ਅੱਜ



**ਮੇਹਲੀ ( ਗੁਰਨਾਮ)**—ਇਥੋਂ ਥੋੜੀ ਦੂਰ ਵਿਖੇ ਰੋਜਾ ਹਜਰਤ ਦਾਤਾ ਗੁਲਾਮ ਮੁਹੰਮਦ ਸ਼ਾਹ ਕਾਦਰੀ ਮੁੱਹਲਾ ਮੁਕਤਪੁਰਾ ਬੰਗਾ ਵਿਖੇ ਸਾਲਾਨਾ ਜੋੜ ਮੇਲਾ 12 ਸਤੰਬਰ ਤੋਂ 14 ਸਤੰਬਰ ਤੱਕ ਚੱਲੇਗਾ। ਰੋਜਾ ਸ਼ਰੀਫ ਮੰਢਾਲੀ ਦੇ ਗੱਦੀਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਨੇ ਦੱਸਿਆ ਕਿ 12 ਸਤੰਬਰ ਝੰਡੇ ਦੀ ਰਸਮ ਉਪਰੰਤ ਚਿਰਾਗ ਰੌਸ਼ਨ ਕੀਤੇ ਜਾਣਗੇ। ਇਸ ਮੌਕੇ ਮੁਹੰਮਦ ਆਸਿਕ ਨੀਲਾ, ਪੱਪੀ ਅਨੀਹਰ, ਗੋਰਾ ਚੱਕ ਪ੍ਰੇਮਾ, ਹਨੀ, ਸਨੀ, ਸੋਨੂੰ ਡਰਾਇਵਰ, ਸਰਬਣ ਸਿੰਘ, ਜੀਤਾ ਚੱਕ ਮਾਈ ਦਾਸ, ਚਰਨਜੀਤ ਰਾਏ ਆਦਿ ਹਾਜਰ ਸਨ।

## ਸਨਾਤਨ ਧਰਮ ਦੀ ਸਿੱਖਿਆ ਹਰ ਐਤਵਾਰ ਨੂੰ



**ਫਿਲੌਰ (ਕੈਨੇਡੀ)** ਬਾਬਾ ਲਾਲ ਦਿਆਲ ਮੰਦਿਰ ਵਿਖੇ ਬੱਚਿਆ ਨੂੰ ਸਨਾਤਨ ਧਰਮ ਦੀ ਸਿੱਖਿਆ ਪੜ੍ਹਾਉਂਣ ਵਾਲੇ ਰਾਕੇਸ਼ ਵਸ਼ਿਸ਼ਟ ਪੰਡਿਤ ਨੇ ਦਸਿਆ ਕਿ ਹਰ ਐਤਵਾਰ ਨੂੰ ਸ਼ਾਮ 5 ਤੋਂ 6 ਵਜੇ ਤੱਕ ਬੱਚਿਆ ਨੂੰ ਸਨਾਤਨ ਧਰਮ ਦੀ ਸਿੱਖਿਆ ਪੜ੍ਹਾਈ ਜਾਂਦੀ ਹੈ, ਜੋ ਵੀ ਬੱਚੇ ਪੜ੍ਹਨਾ ਚਾਹੁੰਉਂਦੇ ਹਨ ਉਹ ਆ ਸਕਦੇ ਹਨ।

## ਸਮਾਰਟ ਸਕੂਲ ਕਾਹਨਪੁਰ ਖੂਹੀ ਦੇ ਵਿਦਿਆਰਥੀਆਂ ਨੇ ਪ੍ਰਾਪਤ ਕੀਤਾ ਦੂਜਾ ਸਥਾਨ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**-ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਾਹਨਪੁਰ ਖੂਹੀ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਅੰਡਰ 17 ਮੁੰਡਿਆਂ ਦੇ ਵਾਲੀਬਾਲ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕੀਤਾ। ਇਹ ਮੁਕਾਬਲੇ ਜ਼ਿਲ੍ਹੇ ਦੇ ਦੱਸ ਜੋਨਾਂ ਵਿਚਕਾਰ ਮਧੁਵਨ ਵਾਟਿਕਾ ਪਬਲਿਕ ਸਕੂਲ ਨੂਰਪੁਰ ਬੇਦੀ ਵਿਖੇ ਕਰਵਾਏ ਗਏ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਅਨਿਲ ਕੁਮਾਰ ਜੋਸ਼ੀ ਵੱਲੋਂ ਇਨ੍ਹਾਂ ਵਿਦਿਆਰਥੀਆਂ ਦਾ ਮੈਡਲ ਪਾ ਕੇ ਸਨਮਾਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਟੀਮ ਦੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸਮੂਹ ਸਟਾਫ ਹਾਜਰ ਸੀ।

## ਲਾਲੀ ਬਾਜਵਾ ਨੂੰ ਸੰਭਾਲੀ ਹਲਕੇ ਦੀ ਕਮਾਨ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਲੀਮਾਨੀ ਚੋਣਾਂ ਲਈ ਪਾਰਟੀ ਦੀ ਪ੍ਰਚਾਰ ਮੁਹਿੰਮ ਨੂੰ ਲੀਹ 'ਤੇ ਪਾਉਂਦਿਆਂ ਵੱਖ-ਵੱਖ ਪਾਰਲੀਮਾਨੀ ਸੀਟਾਂ ਲਈ ਇੰਚਾਰਜਾਂ ਦਾ ਐਲਾਨ ਕਰਦਿਆਂ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਜ਼ਿਲਾ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦਾ ਇੰਚਾਰਜ ਨਿਯੁਕਤ ਕੀਤਾ ਹੈ। ਇਹ ਖ਼ਬਰ ਮਿਲਦਿਆਂ ਹੀ ਲਾਲੀ ਬਾਜਵਾ ਦੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਜ਼ਿਕਰਯੋਗ ਹੈ ਕਿ ਕੁੱਝ ਹੀ ਦਿਨ ਪਹਿਲਾਂ ਬਸਪਾ ਦੀ ਟਿਕਟ ਤੋਂ ਚੋਣ ਲੜ ਚੁੱਕੇ ਟਾਂਡਾ ਦੇ ਅਕਾਲੀ ਆਗੂ ਲਖਵਿੰਦਰ ਸਿੰਘ ਲੱਖੀ ਨੂੰ ਜ਼ਿਲਾ ਪ੍ਰਧਾਨ ਬਣਾਉਣ ਦੀ ਖ਼ਬਰ ਫੈਲਦਿਆਂ ਸਾਰ ਹੀ ਲਾਲੀ ਬਾਜਵਾ ਸਮਰਥਕ ਮਾਯੂਸ ਹੋ ਗਏ ਸਨ।

# ਮਾਤਾ ਗੁਜਰੀ ਖ਼ਾਲਸਾ ਕਾਲਜਰ ਵਿਖੇ ਰੁਜ਼ਗਾਰ ਤੇ ਜੀਵਨ ਕੌਸ਼ਲ ਸਿਖਲਾਈ ਪ੍ਰੋਗਰਾਮ ਦੀ ਸ਼ੁਰੂਆਤ




**ਕਰਤਾਰਪੁਰ (ਹਰਮੇਸ਼ ਦੱਤ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖ਼ਾਲਸਾ ਕਾਲਜ ,ਕਰਤਾਰਪੁਰ ਵਿਖੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ(ਬਹਾਦਰਗੜ੍ਹ) ਸੁਖਮਿੰਦਰ ਸਿੰਘ ਵਿੱਦਿਆ ਸਕੱਤਰਦੇ ਦਿਸ਼ਾ-ਨਿਰਦੇਸ਼ ਅਨੁਸਾਰ ਅਤੇ ਪਲੇਸਮੈਂਟ ਇੰਚਾਰਜ ਬੀ.ਐਸ. ਭੁੱਲਰ ਦੇ ਸਹਿਯੋਗ ਨਾਲ ਕਾਲਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਦੀ ਦੇਖ-ਰੇਖ ਹੇਠ ਮਹਿੰਦਰਾ ਐਂਡ ਮਹਿੰਦਰਾ ਕੰਪਨੀ ਵੱਲੋਂ ਲੜਕੀਆਂ ਲਈ ਰੁਜ਼ਗਾਰ ਤੇ ਜੀਵਨ ਕੌਸ਼ਲ ਸਿਖਲਾਈ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਇਹ ਪ੍ਰੋਗਰਾਮ 11 ਤੋਂ 16 ਸਤੰਬਰ ਤੱਕ ਸਵੇਰੇ 9 ਵਜੇ ਤੋਂ 3 ਵਜੇ ਤੱਕ ਰਹੇਗਾ। ਇਸ ਪ੍ਰੋਗਰਾਮ ਦਾ ਆਗਾਜ਼ ਕਾਲਜ ਸ਼ਬਦ ਦੁਆਰਾ ਕੀਤਾ ਗਿਆ। ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਦਾ ਆਪਣੇ ਪੈਰਾਂ ਤੇ ਖੜੇ ਹੋਣਾ ਬਹੁਤ ਜਰੂਰੀ ਹੈ ਅਤੇ ਇਹ ਆਧੁਨਿਕ ਸਮੇਂ ਦੀ ਮੁੱਖ ਲੋੜ ਵੀ ਹੈ ਅਤੇ ਅਜਿਹੇ ਪ੍ਰੋਜਰਾਮ ਵਿਦਿਆਰਥੀਆਂ ਨੂੰ ਸੁਨਹਿਰੀ ਮੌਕਾ ਪ੍ਰਦਾਨ ਕਰਦੇ ਹਨ, ਅਜਿਹੇ ਮੌਕਿਆਂ ਦਾ ਜਿੰਨਾ ਹੋ ਸਕੇ ਲਾਭ ਚੁੱਕਣਾ ਚਾਹੀਦਾ ਹੈ। ਇਸ ਪ੍ਰੋਗਰਾਮ ਦਾ ਮੁੱਖ ਮਕਸਦ ਵਿਦਿਆਰਥੀਆਂ ਦੀ ਸਖਸ਼ੀਅਤ ਦਾ ਸੰਪੂਰਨ ਵਿਕਾਸ ਕਰਨ ਦੇ ਨਾਲ ਉਹਨਾਂ ਨੂੰ ਆਪਣੀ ਪ੍ਰੋਫ਼ੈਸ਼ਨਲ ਲਾਈਫ਼ ਵਿੱਚ ਪੂਰੀ ਤਰਾਂ ਤਿਆਰ ਕਰਨਾ ਹੈ ਕਿਉਂਕਿ ਸਾਨੂੰ ਆਪਣੇ ਜੀਵਨ ਵਿੱਚ ਸਫ਼ਲ ਇਨਸਾਨ ਬਣਨ ਲਈ ਲਿਡਿਏ ਸਕਲਿਲਸ ਦੀ ਬਹੁਤ ਲੋੜ ਹੈ ਜੋ ਸਾਨੂੰ ਆਪਣੇ ਜੀਵਨ ਵਿੱਚ ਸੁਤੰਤਰ ਤੇ ਸਮਰੱਥ ਵਿਅਕਤੀ ਬਣਨ ਲਈ ਮਜਬੂਤ ਮਾਨਸਿਕਤਾ ਨਾਲ ਲੈਸ ਕਰਦੇ ਹਨ। ਇਸ ਪ੍ਰੋਗਰਾਮ ਵਿਚ ਮਹਿੰਦਰਾ ਐਂਡ ਮਹਿੰਦਰਾ ਕੰਪਨੀ ਵੱਲੋਂ ਮੈਡਮ ਭਾਰਤੀ ਚੱਡਾ ਨੇ ਮੁੱਖ ਬੁਲਾਰੇ ਅਤੇ ਟਰੇਨਰ ਵੱਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾ. ਸੁਚੇਤਾ ਰਾਣੀ, ਡਾ. ਕਮਲਜੀਤ ਸਿੰਘ ,ਪ੍ਰੋ. ਰਾਜਬੀਰ ਸਿੰਘ,ਪ੍ਰੋ. ਜਗਦੀਪ ਕੌਰ,ਪ੍ਰੋ. ਗੁਰਇਕਬਾਲ ਸਿੰਘ ਆਦਿ ਹਾਜ਼ਰ ਸਨ।

# ਸੀ ਆਈ ਐੱਸ ਐੱਫ ਇੰਟਰ ਸੈਕਟਰ ਹਾਕੀ ਚੈਂਪੀਅਨਸ਼ਿਪ ਸ਼ੁਰੂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਸਕੱਤਰ ਸੰਜੀਵ ਕੌਸ਼ਲ ਨੇ ਪੰਜ ਦਿਨਾਂ ਦੇ ਸੀਆਈਐਸਐਫ ਇੰਟਰ-ਸੈਕਟਰ ਹਾਕੀ ਚੈਪੀਅਨਸ਼ਿਪ 2023 ਦਾ ਚੰਡੀਗੜ੍ਹ ਦੇ ਸੈਕਟਰ 42 ਵਿਚ ਹਾਕੀ ਸਪੋਰਟਸ ਸਟੇਡੀਅਮ ਵਿਚ ਉਦਘਾਟਨ ਕੀਤਾ। ਇਹ ਚੈਪੀਅਨਸ਼ਿਪ 14 ਸਤੰਬਰ ਤਕ ਚੱਲੇਗੀ ਅਤੇ ਇਸ ਵਿਚ ਪੂਰੇ ਭਾਰਤ ਤੋਂ ਅੱਠ ਟੀਮਾਂ ਹਿੱਸਾ ਲੈ ਰਹੀਆਂ ਹਨ। ਕੌਸ਼ਲ ਨੇ ਹਾਕੀ ਦੇ ਪ੍ਰਤੀ ਆਪਣੇ ਨਿੱਜੀ ਸੁਭਾਅ 'ਤੇ ਵੀ ਜੋਰ ਦਿੱਤਾ, ਕਿਉਂਕਿ ਉਨ੍ਹਾਂ ਦੇ ਪਿਤਾ ਛੇ ਵਾਰ ਰਾਜਪੂਤਾਨਸ ਹਾਕੀ ਟੀਮ ਦੇ ਕਪਤਾਨ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਮੁਕਾਬਲੇ ਵਿਚ ਮਹਿਲਾ ਟੀਮ ਦਾ ਸ਼ਾਮਿਲ ਹੋਣਾ ਮਹਿਲਾ ਮਜਬੂਤੀਕਰਣ ਲਈ ਇਕ ਮਜਬੂਤ ਸੰਕੇਤ ਹੈ। ਉਨ੍ਹਾਂ ਦੇ ਮਹਿਲਾ ਹਾਕੀ ਟੀਮ ਦੀ ਵੀ ਸ਼ਲਾਘਾ ਕੀਤੀ, ਜੋ ਚੈਪੀਅਨਸ਼ਿਪ ਵਿਚ ਹਿੱਸਾ ਲੈਣ ਵਾਲੀ ਅੱਠ ਟੀਮਾਂ ਵਿੱਚੋਂ ਇਕ ਸੀ। ਉਨ੍ਹਾਂ ਨੇ ਖੇਡ ਸਮੱਗਰੀਆਂ ਵਿਚ ਵਰਨਣਯੋਗ ਬਦਲਾਅ ਦਾ ਵਰਨਣ ਕਰਦੇ ਹੋਏ ਹਾਕੀ ਦੇ ਵਿਕਾਸ ਦਾ ਵੀ ਆਪਣਾ ਦ੍ਰਿਸ਼ਟੀਕੋਣ ਵਿਅਕਤ ਕੀਤਾ। ਉਨ੍ਹਾਂ ਨੇ ਕਿਹਾ ਕਿ ਪਹਿਲਾਂ ਜਿੱਥੇ ਹਾਕੀ ਖਿਡਾਰੀ ਲੱਕੜੀ ਦੇ ਸ਼ਿਨ ਗਾਰਡ ਜਾਂ ਹੋਰ ਕਿੱਟ ਦਾ ਇਸਤੇਮਾਲ ਕਰਦੇ ਸਨ ਪਰ ਹੁਣ ਉੱਨਤ , ਹਲਕੇ ਅਤੇ ਸੁਰੱਖਿਆਤਮਕ ਕਿੱਟ ਉਪਲਬਧ ਹੋ ਗਈ ਹੈ। ਚੈਪੀਅਨਸ਼ਿਪ ਦੇ ਉਦਘਾਟਨ ਮੌਕੇ ਵਿਚ ਸੀਆਈਐਸਐਫ ਦੇ ਡੀਆਈਜੀ (ਏਨਜੇਡ-ਦੂਜੀ) ਸੁਦੀਪ ਕੁਮਾਰ ਸਿੰਨ੍ਹਾ, ਬੀਬੀਏਮਬੀ ਦੇ ਸਿੰਚਾਈ ਮੈਂਬਰ ਸੰਜੀਵ ਦੱਤ ਸ਼ਰਮਾ, ਜੀਪੀ ਹੈਡਕੁਆਟਰ ਦੀ ਸੀਨੀਅਰ ਕਮਾਂਡੇਂਟ ਆਰਾਧਨਾ, ਕਮਾਂਡੇਂਟ ਐਚਐਸਜੀ ਚੰਡੀਗੜ੍ਹ ਪ੍ਰਭਾਤ ਰੰਜਨ ਮਿਸ਼ਰਾ ਹਰਿਆਣਾ ਸਿਵਲ ਸਕੱਤਰੇਤ ਦੇ ਸੀਆਈਐਸਐਫ ਯੂਨਿਟ ਦੇ ਸੀਨੀਅਰ ਕਮਾਂਡੇਂਟ ਯੋਗੇਸ਼ ਪ੍ਰਕਾਸ਼ ਸਿੰਘ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।

# ਮਜੀਠੀਆ ਨੇ ਬਰਖਾਸਤ ਇੰਸਪੈਕਟਰ ਨਵਦੀਪ ਸਿੰਘ 'ਤੇ ਸਬੂਤ ਮਿਟਾਉਣ ਦਾ ਲਾਇਆ ਦੋਸ਼

**ਜਲੰਧਰ ( ਸ਼ੈਲੀ ਐਲਬਰਟ)** ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਬਰਖਾਸਤ ਇੰਸਪੈਕਟਰ ਨਵਦੀਪ ਸਿੰਘ 'ਤੇ ਦੋਸ਼ ਲਾਇਆ ਕਿ ਉਸਨੇ ਏ ਸੀ ਪੀ (ਕੇਂਦਰੀ) ਨਿਰਮਲ ਸਿੰਘ ਤੇ ਆਮ ਆਦਮੀ ਪਾਰਟੀ ਦੇ ਵਿਧਾਇਕ ਰਮਨ ਅਰੋੜਾ ਨਾਲ ਰਲ ਕੇ ਮਾਨਵਜੀਤ ਸਿੰਘ ਢਿੱਲੋਂ ਦੀ ਲਾਸ਼ ਦਾ ਨਿਪਟਾਰਾ ਕਰਨ ਸਮੇਤ ਸਬੂਤ ਤਬਾਹ ਕਰ ਦਿੱਤੇ ਹਨ। ਦੋਵੇਂ ਢਿੱਲੋਂ ਭਰਾਵਾਂ ਮਾਨਵ ਤੇ ਜਸ਼ਨ ਦੇ ਪਿਤਾ ਜਤਿੰਦਰਪਾਲ ਸਿੰਘ ਢਿੱਲੋਂ ਦੇ ਨਾਲ ਮਿਲ ਕੇ ਇੱਥੇ ਪ੍ਰੈਸ ਕਲੱਬ ਵਿੱਖੇ ਸੰਬੋਧਨ ਕਰਦਿਆਂ ਮਜੀਠੀਆ ਨੇ ਕਿਹਾ ਕਿ ਨਵਦੀਪ ਗੋਇੰਦਵਾਲ ਸਾਹਿਬ ਵਿਚ ਬਿਆਸ ਦਰਿਆ ਦੇ ਕੰਢੇ ਗਏ ਗਿਆ ਸੀ ਜਿਥੇ ਮਾਨਵ ਦੀ ਮ੍ਰਿਤਕ ਦੇਹ ਕੱਢੀ ਗਈ ਤੇ ਫਿਰ ਕੇਸ ਦੇ ਸਬੂਤ ਮਿਟਾਉਣ ਵਾਸਤੇ ਉਸ ਨੂੰ ਠਿਕਾਣੇ ਲਗਾ ਦਿੱਤਾ ਗਿਆ। ਉਹਨਾਂ ਕਿਹਾ ਕਿ ਇਸ ਦੌਰਾਨ ਮਾਨਵ ਦਾ ਮੋਬਾਈਲ ਫੋਨ 6 ਤੋਂ 9 ਸੈਕਿੰਡ ਤੱਕ ਆਨ ਹੋਇਆ ਤੇ ਫਿਰ ਉਸਨੂੰ ਵੀ ਪੱਕੇ ਤੌਰ 'ਤੇ ਤਬਾਹ ਕਰ ਦਿੱਤਾ ਗਿਆ। ਇਹ ਸਭ ਕੁਝ ਏ ਸੀ ਪੀ ਨਿਰਮਲ ਸਿੰਘ ਜੋ ਅਪਰਾਧ ਵਿਚ ਨਵਦੀਪ ਦਾ ਭਾਈਵਾਲ ਸੀ ਤੇ ਜਿਸਨੂੰ ਉਸਦੀ ਸਿਫਾਰਸ਼ 'ਤੇ ਏ ਸੀ ਪੀ ਕੇਂਦਰੀ ਨਿਯੁਕਤ ਕੀਤਾ ਗਿਆ, ਨਾਲ ਰਲ ਕੇ ਕੀਤਾ ਗਿਆ। ਉਹਨਾਂ ਕਿਹਾ ਕਿ ਆਪ ਵਿਧਾਇਕ ਰਮਨ ਅਰੋੜਾ ਤੇ ਉਹਨਾਂ ਦਾ ਪੀ ਏ ਰੋਹਿਤ ਕਪੂਰ ਕੇਸ ਵਿਚ ਡੂੰਘਾਈ ਨਾਲ ਸ਼ਾਮਲ ਹਨ ਕਿਉਂਕਿ ਉਹ ਬਰਖਾਸਤ ਇੰਸਪੈਕਟਰ ਦੇ ਬਿਜਨਸ ਪਾਰਟਨਰ ਹਨ ਤੇ ਉਸਦੀਆਂ ਸਾਰੀਆਂ ਗੈਰ ਕਾਨੂੰਨੀ ਗਤੀਵਿਧੀਆਂ ਤੋਂ ਲਾਭ ਲੈਂਦੇ ਹਨ। ਜਲੰਧਰ ਦੇ ਪੁਲਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਤਿੰਨ ਦੋਸ਼ੀਆਂ ਖਿਲਾਫ ਕਾਰਵਾਈ ਨਹੀਂ ਕਰ ਰਹੇ। ਪੀੜਤਾਂ ਦੇ ਪਿਤਾ ਜਤਿੰਦਰਪਾਲ ਸਿੰਘ ਢਿੱਲੋਂ ਨੇ ਮੁੱਖ ਮੰਤਰੀ ਨੂੰ ਆਖਿਆ ਕਿ ਉਹਨਾਂ ਨੂੰ ਢਿੱਲੋਂ ਪਰਵਾਰ ਦੀ ਤਕਲੀਫ ਮਹਿਸੂਸ ਕਿਉਂ ਨਹੀਂ ਹੁੰਦੀ ਤੇ ਉਹ ਦੁੱਖ ਸਾਂਝਾ ਕਰਨ ਵੀ ਨਹੀਂ ਪੁੱਜੇ।

# ਡਿਪਟੀ ਕਮਿਸ਼ਨਰ ਵੱਲੋਂ 14 ਨੂੰ ਕਰਵਾਈ ਜਾ ਰਹੀ 'ਸਰਕਾਰ-ਸਨਅਤਕਾਰ' ਮਿਲਣੀ ਦੀਆਂ ਤਿਆਰੀਆਂ ਦਾ ਜਾਇਜ਼ਾ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵਲੋਂ 14 ਸਤੰਬਰ ਨੂੰ ਬਾਠ ਕੈਸਲ ਵਿਖੇ ਕਰਵਾਈ ਜਾ ਰਹੀ 'ਸਰਕਾਰ-ਸਨਅਤਕਾਰ' ਮਿਲਣੀ ਸਬੰਧੀ ਵੱਖ-ਵੱਖ ਵਿਭਾਗਾਂ ਵਲੋਂ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਇਸ ਸਮਾਗਮ ਦੀ ਪ੍ਰਧਾਨਗੀ ਕਰਨਗੇ। ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਕਤ ਅਹਿਮ ਪ੍ਰੋਗਰਾਮ ਸਬੰਧੀ ਸੁਚੱਜੇ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾਵੇ ਕਿਉਂਕਿ ਇਸ ਵਿੱਚ ਦੋਆਬਾ ਖੇਤਰ ਤੋਂ ਉਦਯੋਗਿਕ ਖੇਤਰ ਨਾਲ ਜੁੜੀਆਂ ਅਹਿਮ ਸਖਸ਼ੀਅਤਾਂ ਸ਼ਿਰਕਤ ਕਰ ਰਹੀਆਂ ਹਨ। ਸਾਰੰਗਲ ਨੇ ਕਿਹਾ ਕਿ ਜਲੰਧਰ ਵਿਚ 55000 ਤੋਂ ਜ਼ਿਆਦਾ ਉਦਯੋਗਿਕ ਯੂਨਿਟ ਹਨ ਜੋ ਕਿ ਮਸ਼ੀਨ ਅਤੇ ਹੈਂਡ ਟੂਲਜ਼ ਉਤਪਾਦਨ ਦੇ ਖੇਤਰ ਵਿੱਚ ਭਾਰਤ ਵਿੱਚ ਪਹਿਲੇ ਸਥਾਨ 'ਤੇ ਹਨ ਅਤੇ 1200 ਕਰੋੜ ਤੋਂ ਜ਼ਿਆਦਾ ਦਾ ਨਿਰਯਾਤ ਕਰਕੇ ਇੰਡੀਅਨ ਐਕਸਪੋਰਟ ਮਾਰਕਿਟ ਵਿੱਚ 50 ਫੀਸਦੀ ਹਿੱਸਾ ਪਾ ਰਹੇ ਹਨ। ਇਸ ਤੋਂ ਇਲਾਵਾ ਜਲੰਧਰ ਖੇਡਾਂ ਦਾ ਸਮਾਨ ਵਿਸ਼ਵ ਭਰ ਦੀਆਂ ਮਲਟੀ ਨੈਸ਼ਨਲ ਕੰਪਨੀਆਂ ਵਿੱਚ ਸਪਲਾਈ ਕਰਨ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਲੰਧਰ ਵਿੱਚ ਆਟੋ ਐਂਡ ਆਟੋ ਕੰਪੋਨੈਂਟ ਇੰਡਸਟਰੀ ਬਹੁਤ ਮਜ਼ਬੂਤ ਹੈ ਅਤੇ 150 ਤੋਂ ਜ਼ਿਆਦਾ ਆਟੋ ਕੰਪੋਨੈਂਟ ਮੈਨੂਫੈਕਚਰਿੰਗ ਯੂਨਿਟ ਅਤੇ 15 ਓਰਿਜਨਲ ਇਕੁਐਪਮੈਂਟ ਮੈਨੂਫੈਕਚਰਿੰਗ ਸਪਲਾਇਅਰ ਹਨ। ਉਨ੍ਹਾਂ ਇਹ ਵੀ ਕਿਹਾ ਕਿ ਜਲੰਧਰ ਵਿੱਚ ਸਰਜੀਕਲ ਗੁਡਜ਼ ਅਤੇ ਫੂਡ ਪ੍ਰੋਸੈਸਿੰਗ ਉਦਯੋਗ ਵਿੱਚ ਹੁਨਰਮੰਦ ਸਕਿੱਲ ਲੇਬਰ ਵੀ ਮੌਜੂਦ ਹੈ। ਡਿਪਟੀ ਕਮਿਸ਼ਨਰ ਨੇ ਉਦਯੋਗਪਤੀਆਂ ਨੂੰ ਸੱਦਾ ਦਿੱਤਾ ਕਿ ਇਸ ਪ੍ਰੋਗਰਾਮ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਉਦਯੋਗਪਤੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਹਰ ਵਕਤ ਉਪਲੱਬਧ ਹੈ। ਉਨ੍ਹਾਂ ਸੂਬੇ ਨੂੰ ਦੇਸ਼ ਦਾ ਮੋਹਰੀ ਉਦਯੋਗਿਕ ਰਾਜ ਬਣਾਉਣ ਲਈ ਪੂਰਨ ਸਹਿਯੋਗ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ 'ਸਰਕਾਰ-ਸਨਅਤਕਾਰ' ਮਿਲਣੀ ਪ੍ਰੋਗਰਾਮ ਸੂਬੇ ਵਿੱਚ ਉਦਯੋਗਿਕ ਖੇਤਰ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਏਗੀ।

# ਸ੍ਰੀ ਹਨੂਮਤ ਇੰਸਟੀਚਿਊਟ ਵਿਖੇ ਡਾਇਬਟੀਜ਼ ਤੇ ਮੈਟਾਬੋਲਿਕ ਸਿੰਡਰੋਮ ਵਿਸ਼ੇ 'ਤੇ ਸੈਮੀਨਾਰ




**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਵਿਖੇ ਸ਼ੂਗਰ ਵਰਗੀ ਘਾਤਕ ਬਿਮਾਰੀ ਪ੍ਰਤੀ ਵਿਦਿਆਰਥੀਆਂ ਦੇ ਬੌਧਿਕ ਗਿਆਨ ਵਿੱਚ ਵਾਧਾ ਕਰਨ ਦੇ ਮੰਤਵ ਨਾਲ ਡਾਇਬਟੀਜ਼ ਐਂਡ ਮੈਟਾਬੋਲਿਜ਼ਮ ਸਿੰਡਰੋਮ ਸਿਰਨਾਵੇਂ ਹੇਠ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਕਾਲਜ ਡਾਇਰੈਕਟਰ ਡਾ: ਸ਼ੈਲੀ ਰੇਖੀ ਸ਼ਰਮਾ ਦੀ ਅਗਵਾਈ 'ਚ ਕਰਵਾਏ ਗਏ ਇਸ ਸੈਮੀਨਾਰ 'ਚ ਫੋਰਟਿਸ ਹਸਪਤਾਲ ਲੁਧਿਆਣਾ ਤੋਂ ਡਾਇਬਟੀਜ਼ ਅਤੇ ਹਾਰਮੋਨਲ ਡਿਸਆਰਡਰਜ਼ ਦੇ ਮਾਹਿਰ ਡਾ: ਜਸਪ੍ਰੀਤ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਡਾਇਬਟੀਜ਼ ਤੋਂ ਬਚਣ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਅਤੇ ਮਰੀਜਾਂ ਨੂੰ ਖੁਰਾਕ ਬਾਰੇ ਬਹੁਤ ਹੀ ਗਿਆਨ ਭਰਪੂਰ ਜਾਣਕਾਰੀ ਦਿੱਤੀ। ਸੰਬੋਧਨ ਕਰਦਿਆਂ ਡਾ: ਜਸਪ੍ਰੀਤ ਸਿੰਘ ਨੇ ਦੱਸਿਆ ਕਿ ਕਿਸ ਉਮਰ ਵਿਚ ਇਸ ਬਿਮਾਰੀ ਦਾ ਖਤਰਾ ਵੱਧ ਜਾਂਦਾ ਹੈ ਅਤੇ ਇਸ ਬਿਮਾਰੀ ਨੂੰ ਕਿਵੇਂ ਕਾਬੂ ਕੀਤਾ ਜਾ ਸਕਦਾ ਹੈ। ਉਨ੍ਹਾਂ ਟਾਈਪ-1 ਅਤੇ ਟਾਈਪ-2 ਸ਼ੂਗਰ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਸ਼ੂਗਰ ਦਾ ਸਹੀ ਢੰਗ ਨਾਲ ਪ੍ਰਬੰਧਨ ਕਰਨ ਨਾਲ ਇਸ ਬਿਮਾਰੀ ਦੀਆਂ ਜਟਿਲਤਾਵਾਂ ਨੂੰ ਦੂਰ ਕੀਤਾ ਜਾ ਸਕਦਾ ਹੈ। ਇਸ ਲਈ ਮਾੜੀ ਜੀਵਨ ਸ਼ੈਲੀ ਤੋਂ ਬਚਾਅ, ਸਿਹਤਮੰਦ ਖਾਣਾ, ਨਿਯਮਿਤ ਤੌਰ 'ਤੇ ਕਸਰਤ ਜਰੂਰ ਕਰਨੀ ਚਾਹੀਦੀ ਹੈ। ਇਸ ਬਿਮਾਰੀ ਤੋਂ ਬਚਣ ਲਈ ਉਨ੍ਹਾਂ ਨੇ ਸਰੀਰਕ ਤੌਰ 'ਤੇ ਸਰਗਰਮ ਰਹਿਣ, ਸਿਗਰਟਨੋਸ਼ੀ ਅਤੇ ਸ਼ਰਾਬ ਸਮੇਤ ਨਸ਼ੀਲੇ ਪਦਾਰਥਾਂ ਦਾ ਸੇਵਨ ਨਾ ਕਰਨ ਲਈ ਵੀ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਇਸ ਬਿਮਾਰੀ ਤੋਂ ਪੀੜਤ ਲੋਕਾਂ ਨੂੰ ਸਮੇਂ ਸਿਰ ਦਵਾਈ ਲੈਣੀ ਚਾਹੀਦੀ ਹੈ।

CMYK